ਵੀਰਵਾਰ, 19 ਸਤੰਬਰ, 2024
4 ਅੱਸੂ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 109

# ਨਵਾਂ ਜ਼ਮਾਨਾ

DAILY NAWAN ZAMANA • THURSDAY, 19 SEPTEMBER, 2024 ਜਲੰਧਰ

ਕੀਮਤ/PRICE : 5.00 ਰੁਪਏ | Regd. No : L-4/Pb-JL-0023/2024-26, (R.N.I.)-00068/57 | ਸਫ਼ੇ : 12

‘ਨਵਾਂ ਜ਼ਮਾਨਾ’ ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

E-mail : nawanzamana@gmail.com
www.nawanzamana.in

# ਕਸ਼ਮੀਰ ’ਚ ਭਾਰੀ ਵੋਟਰਬਾਜ਼ੀ

**ਸ੍ਰੀਨਗਰ** : ਜੰਮੂ-ਕਸ਼ਮੀਰ ਅਸੰਬਲੀ ਚੋਣਾਂ ਦੇ ਪਹਿਲੇ ਗੇੜ ਵਿਚ ਵੋਟਰਾਂ ਨੇ ਬੁੱਧਵਾਰ ਅਮਨ-ਅਮਾਨ ਵਾਲੇ ਮਾਹੌਲ ’ਚ ਹੁੰਮ-ਹੁਮਾ ਕੇ ਵੋਟਾਂ ਪਾਈਆਂ। 24 ਸੀਟਾਂ ਲਈ ਸ਼ਾਮ ਪੰਜ ਵਜੇ ਤੱਕ 58.19 ਫੀਸਦੀ ਪੋਲਿੰਗ ਹੋ ਗਈ ਸੀ ਤੇ ਚੋਣ ਅਧਿਕਾਰੀਆਂ ਨੂੰ ਓਵਰਆਲ ਪੋਲਿੰਗ 60 ਫੀਸਦੀ ਤੋਂ ਟੱਪ ਜਾਣ ਦੀ ਉਮੀਦ ਸੀ, ਕਿਉਂਕਿ ਬੂਥਾਂ ਦੇ ਅਹਾਤਿਆਂ ਵਿਚ ਦਾਖਲ ਹੋ ਚੁੱਕੇ ਵੋਟਰਾਂ ਨੇ ਬਟਨ ਅਜੇ ਦੱਬਣੇ ਸਨ। ਉਂਜ ਇੰਦਰਬਲ ਵਿਚ 80.06 ਫੀਸਦੀ, ਪੱਦਰ-ਨਾਗਸੇਨੀ ਵਿਚ 76.80 ਫੀਸਦੀ, ਕਿਸ਼ਤਵਾੜ ਵਿਚ 75.04 ਫੀਸਦੀ, ਡੋਡਾ ਪੱਛਮੀ ਵਿਚ 74.14 ਫੀਸਦੀ, ਪਹਿਲਗਾਮ ਵਿਚ 67.86 ਫੀਸਦੀ ਤੇ ਕੁਲਗਾਮ ਵਿਚ 59.58 ਫੀਸਦੀ ਪੋਲਿੰਗ ਸ਼ਾਮ ਤੱਕ ਹੋ ਗਈ ਸੀ। ਸਭ ਤੋਂ ਘੱਟ 40.58 ਫੀਸਦੀ ਤਰਾਲ ਵਿਚ ਹੋਈ। ਪੁਲਵਾਮਾ ਜ਼ਿਲ੍ਹੇ ਦੇ ਚਾਰ ਹਲਕਿਆਂ ਵਿਚ ਪੋਲਿੰਗ 50 ਫੀਸਦੀ ਤੋਂ ਨਹੀਂ ਟੱਪੀ ਸੀ। 2014 ਵਿੱਚ 60.03 ਫੀਸਦੀ ਪੋਲਿੰਗ ਹੋਈ ਸੀ।

ਅਗਸਤ 2019 ਵਿਚ ਧਾਰਾ 370 ਖਤਮ ਕਰਨ ਅਤੇ ਸੂਬੇ ਨੂੰ ਜੰਮੂ-ਕਸ਼ਮੀਰ ਤੇ ਲੱਦਾਖ ਨਾਂਅ ਦੇ ਦੋ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿਚ ਵੰਡਣ ਤੋਂ ਬਾਅਦ ਪਹਿਲੀ ਵਾਰ ਅਸੰਬਲੀ ਚੋਣਾਂ ਹੋ ਰਹੀਆਂ ਹਨ।

ਜਿਨ੍ਹਾਂ ਹਲਕਿਆਂ ਵਿਚ ਪੋਲਿੰਗ ਹੋਈ, ਉਨ੍ਹਾਂ ਵਿਚ ਕੁਲਗਾਮ ਵੀ ਹੈ, ਜਿੱਥੋਂ ਮਾਰਕਸੀ ਪਾਰਟੀ ਦੇ ਆਗੂ ਮੁਹੰਮਦ ਯੂਸਫ ਤਾਰੀਗਾਮੀ ਲਗਾਤਾਰ ਪੰਜਵੀਂ ਜਿੱਤ ਦਰਜ ਕਰਨ ਲਈ ਨਿੱਤਰੇ ਹਨ। ਉਨ੍ਹਾ ਤੋਂ ਇਲਾਵਾ ਖਾਸ ਉਮੀਦਵਾਰਾਂ ਵਿਚ ਆਲ ਇੰਡੀਆ ਕਾਂਗਰਸ ਦੇ ਜਨਰਲ ਸਕੱਤਰ ਗੁਲਾਮ ਅਹਿਮਦ ਮੀਰ (ਦੋਰੂ), ਨੈਸ਼ਨਲ ਕਾਨਫਰੰਸ ਦੀ ਸਕੀਨਾ ਈਟੂ (ਦਮਹਾਲ ਹਾਜੀਪੋਰਾ) ਅਤੇ ਸਾਬਕਾ ਮੁੱਖ ਮੰਤਰੀ ਮਹਿਬੂਬਾ ਮੁਫਤੀ ਦੀ ਬੇਟੀ ਇਲਤਜਾ ਮੁਫਤੀ (ਬਿਜਬੇਹਾੜਾ) ਸ਼ਾਮਲ ਹਨ।

ਇਸ ਗੇੜ ਵਿਚ 23 ਲੱਖ ਤੋਂ ਵੱਧ ਵੋਟਰਾਂ ਨੇ 219 ਉਮੀਦਵਾਰਾਂ ਵਿੱਚੋਂ 24 ਚੁਣਨੇ ਸਨ। ਮੁੱਖ ਮੁਕਾਬਲਾ ਕਾਂਗਰਸ-ਨੈਸ਼ਨਲ ਕਾਨਫਰੰਸ ਗੱਠਜੋੜ, ਪੀ ਡੀ ਪੀ ਤੇ ਭਾਜਪਾ ਵਿਚਾਲੇ ਦੱਸਿਆ ਜਾ ਰਿਹਾ ਹੈ, ਹਾਲਾਂਕਿ ਗਰਮਖਿਆਲੀਆਂ ਨੇ ਵੀ ਪੂਰਾ ਟਿੱਲ ਲਾਇਆ ਹੋਇਆ ਹੈ। ਇਸ ਗੇੜ ਵਿਚ ਕਾਂਗਰਸ ਨੇ ਕਸ਼ਮੀਰ ਤੇ ਜੰਮੂ ਵਿਚ ਚਾਰ-ਚਾਰ ਸੀਟਾਂ ਲੜੀਆਂ ਹਨ, ਜਦਕਿ ਨੈਸ਼ਨਲ ਕਾਨਫਰੰਸ ਨੇ ਕ੍ਰਮਵਾਰ 12 ਤੇ ਛੇ ਸੀਟਾਂ। ਅਵਾਮੀ ਇਤਿਹਾਦ ਪਾਰਟੀ ’ਤੇ ਸਭ ਦੀਆਂ ਨਜ਼ਰਾਂ ਹਨ, ਜਿਸ ਦੇ ਆਗੂ ਇੰਜੀਨੀਅਰ ਰਾਸ਼ਿਦ ਨੇ ਲੋਕ ਸਭਾ ਚੋਣਾਂ ਵਿਚ ਬਾਰਾਮੂਲਾ ਤੋਂ ਨੈਸ਼ਨਲ ਕਾਨਫਰੰਸ ਦੇ ਆਗੂ ਤੇ ਸਾਬਕਾ ਮੁੱਖ ਮੰਤਰੀ ਉਮਰ ਅਬਦੁੱਲਾ ਨੂੰ ਹਰਾਇਆ ਸੀ। ਰਾਸ਼ਿਦ ਵੱਲੋਂ ਇਕ ਇੰਟਰਵਿਊ ਵਿਚ ਇਹ ਕਹਿਣ ਕਿ ਲੋੜ ਪੈਣ ’ਤੇ ਉਹ ਭਾਜਪਾ ਨਾਲ ਵੀ ਗੱਠਜੋੜ ਕਰ ਸਕਦਾ ਹੈ, ਉਮਰ ਨੇ ਲੋਕਾਂ ਨੂੰ ਖਬਰਦਾਰ ਕੀਤਾ ਕਿ ਉਹ ਸੋਚ-ਸਮਝ ਕੇ ਵੋਟ ਪਾਉਣ।

2014 ਵਿਚ ਪਹਿਲੇ ਗੇੜ ’ਚ 22 ਸੀਟਾਂ ਲਈ ਪੋਲਿੰਗ ਹੋਈ ਸੀ ਅਤੇ ਪੀ ਡੀ ਪੀ ਏ ਨੇ 11, ਭਾਜਪਾ ਤੇ ਕਾਂਗਰਸ ਨੇ 4-4, ਮਾਰਕਸੀ ਪਾਰਟੀ ਨੇ ਇੱਕ ਤੇ ਨੈਸ਼ਨਲ ਕਾਨਫਰੰਸ ਨੇ 2 ਸੀਟਾਂ ਜਿੱਤੀਆਂ ਸਨ। 2024 ਦੀਆਂ ਲੋਕ ਸਭਾ ਚੋਣਾਂ ਵਿਚ ਨੈਸ਼ਨਲ ਕਾਨਫਰੰਸ 11, ਪੀ ਡੀ ਪੀ 5, ਕਾਂਗਰਸ 4 ਤੇ ਭਾਜਪਾ 3 ਸੀਟਾਂ ’ਤੇ ਅੱਗੇ ਰਹੀ ਸੀ।



ਕਿਸ਼ਤਵਾੜ ’ਚ ਸਿਰਫ ਔਰਤਾਂ ਲਈ ਬਣੇ ਪੋਲਿੰਗ ਸਟੇਸ਼ਨ ਉਤੇ ਵੋਟਾਂ ਪਾਉਣ ਪੁੱਜੀਆਂ ਮੁਟਿਆਰਾਂ ਵੋਟਰ ਪਰਚੀਆਂ ਦਿਖਾਉਂਦੀਆਂ ਹੋਈਆਂ।

## ਸਿੱਖ ਭਾਈਚਾਰਾ ਵੀ ਚੋਣ ਮੈਦਾਨ ’ਚ

**ਸ੍ਰੀਨਗਰ** : ਪਿਛਲੀਆਂ ਸਰਕਾਰਾਂ ਵੱਲੋਂ ਨਜ਼ਰਅੰਦਾਜ਼ ਕਰਨ ਕਰਕੇ ਸਿੱਖ ਭਾਈਚਾਰੇ ਨੇ ਵੀ ਇਨ੍ਹਾਂ ਚੋਣਾਂ ਵਿਚ ਉਮੀਦਵਾਰ ਉਤਾਰੇ ਹਨ। ਕਸ਼ਮੀਰ ਦੀਆਂ 47 ਵਿੱਚੋਂ ਤਿੰਨ ਸੀਟਾਂ ’ਤੇ ਪੰਜ ਸਿੱਖ ਉਮੀਦਵਾਰ ਹਨ।

ਦੱਖਣੀ ਕਸ਼ਮੀਰ ਦੀ ਤਰਾਲ ਸੀਟ ਤੋਂ ਤਿੰਨ ਸਿੱਖ ਉਮੀਦਵਾਰ ਹਨ, ਜਦਕਿ ਉੱਤਰੀ ਕਸ਼ਮੀਰ ਦੇ ਬਾਰਾਮੂਲਾ ਤੇ ਸ੍ਰੀਨਗਰ ਦੇ ਸ਼ਾਲਤੇਂਗ ਹਲਕੇ ਤੋਂ ਵੀ ਇੱਕ-ਇੱਕ ਉਮੀਦਵਾਰ ਚੋਣ ਲੜ ਰਿਹਾ ਹੈ। ਤਰਾਲ ਵਿਚ ਕਾਂਗਰਸ ਤੇ ਇੰਜੀਨੀਅਰ ਰਾਸ਼ਿਦ ਦੀ ਅਵਾਮੀ ਇਤਿਹਾਦ ਪਾਰਟੀ ਦੇ ਉਮੀਦਵਾਰ ਵੀ ਸਿੱਖ ਹਨ ਪਰ ਜੰਮੂ-ਕਸ਼ਮੀਰ ਵਿਚ ਸਿੱਖ ਸੰਸਥਾਵਾਂ ਦੀ ਆਲ ਪਾਰਟੀਜ਼ ਸਿੱਖ ਕੋਆਰਡੀਨੇਸ਼ਨ ਕਮੇਟੀ ਨੇ ਵੀ ਆਪਣਾ ਉਮੀਦਵਾਰ ਉਤਾਰਿਆ ਹੈ।



ਪ੍ਰੇਮ ਨਾਥ ਡੋਡਾ ਜ਼ਿਲ੍ਹੇ ਦੇ ਪਿੰਡ ਪਰਯੋਟੇ ਵਿਚ ਵੋਟ ਪਾਉਣ ਵਾਲੇ ਪਹਿਲੇ ਵੋਟਰਾਂ ਵਿਚ ਸਨ। ਉਹ ਛੇ ਕੁ ਮਹੀਨਿਆਂ ਤੱਕ 100 ਸਾਲ ਦੇ ਹੋ ਜਾਣਗੇ। ਉਨ੍ਹਾਂ 1951 ਵਿਚ ਦੇਸ਼ ਦੀਆਂ ਪਹਿਲੀਆਂ ਲੋਕ ਸਭਾ ਚੋਣਾਂ ਤੋਂ ਲੈ ਕੇ ਹੁਣ ਤੱਕ ਹਰ ਚੋਣ ਵਿਚ ਵੋਟ ਪਾਈ ਹੈ।

# ਗੱਦਾ ਫੈਕਟਰੀ ’ਚ ਅੱਗ ਨਾਲ ਤਿੰਨ ਨੌਜਵਾਨ ਮਜ਼ਦੂਰਾਂ ਦੀ ਮੌਤ



ਨਰਿੰਦਰ ਸਿੰਘ



ਵਿਜੈ ਕੁਮਾਰ



ਲਖਵੀਰ ਸਿੰਘ

**ਬਠਿੰਡਾ** : ਡੱਬਵਾਲੀ ਰੋਡ ’ਤੇ ਸਥਿਤ ਪਿੰਡ ਗਹਿਰੀ ਬੁੱਟਰ ਨੇੜੇ ਗੱਦਾ ਫੈਕਟਰੀ (ਹੈਰੀਟੇਜ ਇੰਡਸਟਰੀ) ਵਿਚ ਮੰਗਲਵਾਰ ਰਾਤ ਅਚਾਨਕ ਹੋਏ ਧਮਾਕੇ ਕਾਰਨ ਲੱਗੀ ਭਿਆਨਕ ਅੱਗ ’ਚ ਬੁਰੀ ਤਰ੍ਹਾਂ ਝੁਲਸਣ ਕਾਰਨ ਪਿੰਡ ਸ਼ੇਰਗੜ੍ਹ ਦੇ ਤਿੰਨ ਨੌਜਵਾਨ ਮਜ਼ਦੂਰਾਂ ਦੀ ਮੌਤ ਹੋ ਗਈ। ਦਰਜਨ ਦੇ ਕਰੀਬ ਹੋਰਨਾਂ ਮਜ਼ਦੂਰਾਂ ਨੇ ਭੱਜ ਕੇ ਜਾਨ ਬਚਾਈ। ਮਰਨ ਵਾਲਿਆਂ ਵਿਚ ਨਰਿੰਦਰ ਸਿੰਘ (19), ਵਿਜੈ ਕੁਮਾਰ (20) ਅਤੇ ਲਖਵੀਰ ਸਿੰਘ (20) ਹਨ। ਚਸ਼ਮਦੀਦਾਂ ਮੁਤਾਬਕ ਅੱਗ ਨੇ ਸਾਰੀ ਫੈਕਟਰੀ ਨੂੰ ਜਲਦ ਹੀ ਲਪੇਟ ਵਿਚ ਲੈ ਲਿਆ। ਫਾਇਰ ਵਿਭਾਗ ਦੀਆਂ ਦਰਜਨ ਦੇ ਕਰੀਬ ਗੱਡੀਆਂ ਨੇ ਕਾਫੀ ਮੁਸ਼ੱਕਤ ਤੋਂ ਬਾਅਦ ਅੱਗ ’ਤੇ ਕਾਬੂ ਪਾਇਆ।ਪੀੜਤ ਪਰਵਾਰਾਂ ਨੂੰ ਢੁਕਵਾਂ ਮੁਆਵਜ਼ਾ ਦਿਵਾਉਣ ਲਈ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ, ਬੀ ਕੇ ਯੂ ਏਕਤਾ ਉਗਰਾਹਾਂ, ਪੰਜਾਬ ਖੇਤ ਮਜ਼ਦੂਰ ਸਭਾ ਅਤੇ ਨੌਜਵਾਨ ਭਾਰਤ ਸਭਾ ਵੱਲੋਂ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਫੈਕਟਰੀ ਦੇ ਗੇਟ ਮੂਹਰੇ ਟੈਂਟ ਲਗਾ ਕੇ ਪੱਕਾ ਧਰਨਾ ਸ਼ੁਰੂ ਕਰ ਦਿੱਤਾ ਗਿਆ ਹੈ।



ਫੈਕਟਰੀ ਦੇ ਗੇਟ ’ਤੇ ਧਰਨਾ ਦਿੰਦੇ ਹੋਏ ਪਰਵਾਰਕ ਮੈਂਬਰ ਤੇ ਵੱਖ-ਵੱਖ ਜਥੇਬੰਦੀਆਂ ਦੇ ਆਗੂ ਤੇ ਕਾਰਕੁਨ।

## ਰਾਹੁਲ ਦੀ ਜੀਭ ਵੱਢਣੀ ਨਹੀਂ, ਸਾੜਨੀ ਚਾਹੀਦੀ : ਭਾਜਪਾ ਸਾਂਸਦ

**ਨਵੀਂ ਦਿੱਲੀ** : ਸ਼ਿਵ ਸੈਨਾ ਵਿਧਾਇਕ ਸੰਜੇ ਗਾਇਕਵਾੜ ਵੱਲੋਂ ਰਾਹੁਲ ਗਾਂਧੀ ਦੀ ਜੀਭ ਵੱਢਣ ’ਤੇ 11 ਲੱਖ ਦਾ ਇਨਾਮ ਐਲਾਨਣ ਤੋਂ ਬਾਅਦ ਮਹਾਰਾਸ਼ਟਰ ਤੋਂ ਹੀ ਭਾਜਪਾ ਦੇ ਰਾਜ ਸਭਾ ਮੈਂਬਰ ਅਨਿਲ ਬੋਂਡੇ ਨੇ ਕਿਹਾ ਹੈ ਕਿ ਜੀਭ ਵੱਢਣੀ ਠੀਕ ਨਹੀਂ ਬਲਕਿ ਜੀਭ ਸਾੜ ਦੇਣੀ ਚਾਹੀਦੀ ਹੈ।



ਇਸੇ ਦੌਰਾਨ ਕਾਂਗਰਸ ਪਾਰਟੀ ਨੇ ਰਾਹੁਲ ਗਾਂਧੀ ਖਿਲਾਫ ਵਿਵਾਦਤ ਟਿੱਪਣੀ ਕਰਨ ਅਤੇ ਧਮਕੀ ਭਰਿਆ ਬਿਆਨ ਦੇਣ ’ਤੇ ਬੁੱਧਵਾਰ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਬਿੱਟੂ ਸਮੇਤ ਭਾਰਤੀ ਜਨਤਾ ਪਾਰਟੀ ਤੇ ਸ਼ਿਵ ਸੈਨਾ ਦੇ ਚਾਰ ਆਗੂਆਂ ਵਿਰੁੱਧ ਦਿੱਲੀ ਪੁਲਸ ਕੋਲ ਸ਼ਿਕਾਇਤ ਦਰਜ ਕਰਵਾ ਕੇ ਐੱਫ ਆਈ ਆਰ ਦਰਜ ਕਰਨ ਦੀ ਮੰਗ ਕੀਤੀ।

ਪਾਰਟੀ ਦੇ ਖਜ਼ਾਨਚੀ ਅਜੇ ਮਾਕਨ ਵੱਲੋਂ ਤੁਗਲਕ ਰੋਡ ਥਾਣੇ ਵਿਚ ਸ਼ਿਕਾਇਤ ਦਰਜ ਕਰਵਾਈ ਗਈ। ਉਨ੍ਹਾ ਕਿਹਾ ਕਿ ਰਾਹੁਲ ਗਾਂਧੀ ਨੂੰ ਜਾਨੋਂ ਮਾਰਨ ਦੀ ਧਮਕੀ ਦਿੱਤੀ ਜਾ ਰਹੀ ਹੈ ਕਿਉਂਕਿ ਉਹ ਦਲਿਤਾਂ, ਪੱਛੜੇ ਵਰਗਾਂ, ਘੱਟਗਿਣਤੀਆਂ ਅਤੇ ਸੰਵਿਧਾਨ ਨੂੰ ਬਚਾਉਣ ਦੀ ਗੱਲ ਕਰਦੇ ਹਨ। ਬਿੱਟੂ ਤੋਂ ਇਲਾਵਾ ਭਾਜਪਾ ਆਗੂ ਤਰਵਿੰਦਰ ਮਰਵਾਹਾ, ਯੂ ਪੀ ਸਰਕਾਰ ਦੇ ਮੰਤਰੀ ਰਘੁਰਾਜ ਸਿੰਘ, ਸ਼ਿਵ ਸੈਨਾ ਦੇ ਵਿਧਾਇਕ ਸੰਜੈ ਗਾਇਕਵਾੜ ਵਿਰੁੱਧ 351, 352, 353, 61 ਤਹਿਤ ਐੱਫ ਆਈ ਆਰ ਦਰਜ ਕਰਨ ਦੀ ਮੰਗ ਕੀਤੀ ਗਈ ਹੈ।

ਬਿੱਟੂ ਨੇ ਹਾਲ ਹੀ ਵਿਚ ਅਮਰੀਕਾ ਯਾਤਰਾ ਦੌਰਾਨ ਰਾਹੁਲ ਗਾਂਧੀ ਦੀ ਸਿੱਖਾਂ ਪ੍ਰਤੀ ਕੀਤੀ ਟਿੱਪਣੀ ਨੂੰ ਲੈ ਕੇ ਆਲੋਚਨਾ ਕਰਦਿਆਂ ਉਨ੍ਹਾ ਨੂੰ ਦੇਸ਼ ਦਾ ਸਭ ਤੋਂ ਵੱਡਾ ਦੁਸ਼ਮਣ ਅਤੇ ਦਹਿਸ਼ਤਗਰਦ ਕਿਹਾ ਸੀ। ਗਾਇਕਵਾੜ ਨੇ ਰਾਹੁਲ ਦੀ ਜੀਭ ਕੱਟਣ ਵਾਲੇ ਨੂੰ 11 ਲੱਖ ਰੁਪਏ ਇਨਾਮ ਦੇਣ ਦਾ ਐਲਾਨ ਕੀਤਾ ਸੀ।

### ਲਾਲੂ ਤੇ ਦੋਨੋਂ ਪੁੱਤਰ ਤਲਬ

**ਨਵੀਂ ਦਿੱਲੀ** : ਵਿਸ਼ੇਸ਼ ਜੱਜ ਵਿਸ਼ਾਲ ਗੋਗਨ ਨੇ ਨੌਕਰੀ ਬਦਲੇ ਜ਼ਮੀਨ ਘਪਲੇ ਨਾਲ ਜੁੜੇ ਮਨੀ ਲਾਂਡਰਿੰਗ ਕੇਸ ਵਿਚ ਸਾਬਕਾ ਰੇਲ ਮੰਤਰੀ ਲਾਲੂ ਪ੍ਰਸਾਦ ਯਾਦਵ, ਉਨ੍ਹਾ ਦੇ ਪੁੱਤਰਾਂ ਤੇਜਸਵੀ ਯਾਦਵ ਤੇ ਤੇਜ ਪ੍ਰਤਾਪ ਯਾਦਵ ਅਤੇ ਹੋਰਨਾਂ ਨੂੰ 7 ਅਕਤੂਬਰ ਨੂੰ ਪੇਸ਼ ਹੋਣ ਲਈ ਸੰਮਨ ਜਾਰੀ ਕੀਤੇ ਹਨ। ਉਨ੍ਹਾ ਇਹ ਹੁਕਮ ਈ ਡੀ ਵੱਲੋਂ ਦਾਖਲ ਸਪਲੀਮੈਂਟਰੀ ਚਾਰਜਸ਼ੀਟ ਉਤੇ ਗੌਰ ਕਰਦਿਆਂ ਸੁਣਾਏ।

### ਮਨੀਪੁਰ ਦੇ ਪਿੰਡ ’ਤੇ ਗੋਲੀਬਾਰੀ

**ਇੰਫਾਲ** : ਕੁਝ ਦਿਨਾਂ ਦੀ ਸ਼ਾਂਤੀ ਤੋਂ ਬਾਅਦ ਮਨੀਪੁਰ ਦੇ ਜਿਰੀਬਾਮ ਦੇ ਮੋਂਗਬੁੰਗ ਮੇਤੇਈ ਪਿੰਡ ’ਚ ਸ਼ੱਕੀ ਖਾੜਕੂਆਂ ਨੇ ਮੰਗਲਵਾਰ ਅਧੁਨਿਕ ਹਥਿਆਰਾਂ ਨਾਲ ਗੋਲੀਬਾਰੀ ਕੀਤੀ। ਪਿੰਡ ਦੇ ਹਥਿਆਰਬੰਦ ਵਾਲੰਟੀਅਰਾਂ ਦੀ ਜਵਾਬੀ ਕਾਰਵਾਈ ਤੋਂ ਬਾਅਦ ਉਹ ਭੱਜ ਗਏ। ਅੱਧੇ ਘੰਟੇ ਦੀ ਗੋਲੀਬਾਰੀ ’ਚ ਜਾਨੀ ਨੁਕਸਾਨ ਤੋਂ ਬਚਾਅ ਰਿਹਾ। ਇਸ ਦੌਰਾਨ ਸੰਯੁਕਤ ਸੁਰੱਖਿਆ ਬਲ ਇਲਾਕੇ ’ਚ ਪਹੁੰਚ ਕੇ ਖਾੜਕੂਆਂ ਦੀ ਭਾਲ ਕਰ ਰਹੇ ਹਨ।

### ਬੱਚੀ ਨਾਲ ਜਬਰ-ਜ਼ਨਾਹ ਦੇ ਦੋਸ਼ ’ਚ ਟੀਚਰ ਗ੍ਰਿਫ਼ਤਾਰ

**ਭੋਪਾਲ** : ਇੱਥੋਂ ਦੀ ਪੁਲਸ ਨੇ 3 ਸਾਲ 7 ਮਹੀਨੇ ਦੀ ਵਿਦਿਆਰਥਣ ਨਾਲ ਕਥਿਤ ਤੌਰ ’ਤੇ ਜਬਰ-ਜ਼ਨਾਹ ਦੇ ਦੋਸ਼ ’ਚ ਪੋਕਸੋ ਐਕਟ ਤਹਿਤ ਪ੍ਰਾਈਵੇਟ ਸਕੂਲ ਦੇ 28 ਸਾਲਾ ਕੰਪਿਊਟਰ ਅਧਿਆਪਕ ਕਾਸਿਮ ਰੇਹਾਨ ਨੂੰ ਗ੍ਰਿਫ਼ਤਾਰ ਕੀਤਾ ਹੈ। ਡਿਪਟੀ ਕਮਿਸ਼ਨਰ ਪੁਲਸ ਪ੍ਰਿਅੰਕਾ ਸ਼ੁਕਲਾ ਨੇ ਦੱਸਿਆ ਕਿ ਬੱਚੀ ਦੀ ਮਾਂ ਨੇ ਧੀ ਦੇ ਗੁਪਤ ਅੰਗ ’ਚ ਜ਼ਖਮ ਦੇਖ ਕੇ ਸਕੂਲ ਪ੍ਰਬੰਧਨ ਕੋਲ ਸ਼ਿਕਾਇਤ ਕੀਤੀ, ਪਰ ਉਸ ਨੇ ਪਰਵਾਹ ਨਹੀਂ ਕੀਤੀ। ਫਿਰ ਉਸ ਨੇ ਸੋਮਵਾਰ ਪੁਲਸ ਕੋਲ ਪਹੁੰਚ ਕੀਤੀ।

### 10 ਕਿੱਲੋ ਹੈਰੋਇਨ ਤੇ ਡਰੋਨ ਬਰਾਮਦ, ਇੱਕ ਗ੍ਰਿਫ਼ਤਾਰ

**ਅੰਮ੍ਰਿਤਸਰ** : ਪੰਜਾਬ ਪੁਲਸ ਨੇ 10 ਕਿੱਲੋਗ੍ਰਾਮ ਬਰਾਮਦ ਕਰਕੇ ਲੋਪੋਕੇ ਸਬ-ਡਵੀਜ਼ਨ ਤੋਂ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਤੇ ਇੱਕ ਡਰੋਨ ਕਬਜ਼ੇ ਵਿਚ ਲਿਆ ਹੈ। ਲੋਪੋਕੇ ਪੁਲਸ ਨੇ ਪਿੰਡ ਡੱਲਾ ਦੇ ਜਗਰੂਪ ਸਿੰਘ ਨੂੰ 5 ਕਿੱਲੋ ਹੈਰੋਇਨ, ਦੋ ਮੋਬਾਇਲ ਫੋਨਾਂ ਅਤੇ ਮੋਟਰਸਾਈਕਲ ਸਮੇਤ ਪਿੰਡ ਵਣੀਏਕੇ ਤੋਂ ਗ੍ਰਿਫ਼ਤਾਰ ਕੀਤਾ। ਅੰਮ੍ਰਿਤਸਰ ਦਿਹਾਤੀ ਪੁਲਸ ਦੇ ਐੱਸ ਐੱਸ ਪੀ ਚਰਨਜੀਤ ਸਿੰਘ ਨੇ ਦੱਸਿਆ ਕਿ ਮੁਖਬਰ ਤੋਂ ਸੂਚਨਾ ਮਿਲੀ ਸੀ ਕਿ ਜਗਰੂਪ ਨਸ਼ੀਲਾ ਪਦਾਰਥ ਦੇਣ ਲਈ ਪਿੰਡ ਕਮਾਸਕੇ ਤੋਂ ਪਿੰਡ ਵਣੀਏਕੇ ਜਾ ਰਿਹਾ ਸੀ। ਮੰਝ ਪਿੰਡ ’ਚ ਝੋਨੇ ਦੇ ਖੇਤ ’ਚ ਵੱਡਾ ਡਰੋਨ ਡਿੱਗਣ ਦੀ ਸੂਚਨਾ ਮਿਲੀ ਹੈ। ਤਲਾਸ਼ੀ ਲੈਣ ’ਤੇ 5 ਕਿੱਲੋ ਨਸ਼ੀਲੇ ਪਦਾਰਥ ਦੇ ਨਾਲ ਹੈਕਸਾਕਾਪਟਰ ਬਰਾਮਦ ਹੋਇਆ।

## 49800 ਰੁਪਏ ਰਿਸ਼ਵਤ ਲੈਣ ਦੇ ਦੋਸ਼ ’ਚ ਹੌਲਦਾਰ ਕਾਬੂ

**ਜਲੰਧਰ, (ਸ਼ੈਲੀ ਐਲਬਰਟ)**- ਪੁਲਸ ਥਾਣਾ ਨਕੋਦਰ ਦਿਹਾਤੀ, ਜ਼ਿਲ੍ਹਾ ਜਲੰਧਰ ਵਿਖੇ ਤਾਇਨਾਤ ਹੌਲਦਾਰ ਕੰਵਰਪਾਲ ਸਿੰਘ ਨੂੰ 49800 ਰੁਪਏ ਰਿਸ਼ਵਤ ਲੈਣ ਦੇ ਦੋਸ਼ ਵਿੱਚ ਗ੍ਰਿਫਤਾਰ ਕੀਤਾ ਹੈ। ਉਸ ਨੂੰ ਜਲੰਧਰ ਦੀ ਅਦਾਲਤ ਨੇ ਇੱਕ ਦਿਨ ਦੇ ਪੁਲਸ ਰਿਮਾਂਡ ’ਤੇ ਭੇਜ ਦਿੱਤਾ ਹੈ।ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਸ ਨੂੰ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੇ ਪਿੰਡ ਮਦਰੱਸਾ ਦੇ ਵਸਨੀਕ ਲਖਵਿੰਦਰ ਸਿੰਘ ਵੱਲੋਂ ਮੁੱਖ ਮੰਤਰੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਵਿਖੇ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ’ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਹੈ ਕਿ ਉਹ ਇੱਕ ਪ੍ਰਾਈਵੇਟ ਕੰਪਨੀ ਵਿੱਚ ਸਕਿਉਰਿਟੀ ਗਾਰਡ ਹੈ ਅਤੇ ਉਸ ਨੇ ਪੀ ਐੱਚ ਜੀ ਵਿੱਚ ਸੇਵਾ ਨਿਭਾਉਂਦੇ ਆਪਣੇ ਚਾਚੇ ਦੀ ਮੌਤ ਉਪਰੰਤ 2017 ਵਿੱਚ ਜ਼ਿਲ੍ਹਾ ਕਮਾਂਡਰ, ਪੰਜਾਬ ਹੋਮ ਗਾਰਡਜ਼ (ਪੀ ਐੱਚ ਜੀ) ਦਫਤਰ ਫਰੀਦਕੋਟ ਵਿਖੇ ਤਰਸ ਦੇ ਆਧਾਰ ’ਤੇ ਨੌਕਰੀ ਲੈਣ ਲਈ ਅਰਜ਼ੀ ਦਿੱਤੀ ਸੀ। ਹੌਲਦਾਰ ਨੇ ਨੌਕਰੀ ਦਿਵਾਉਣ ਬਦਲੇ 6,50,000 ਰੁਪਏ ਦੀ ਰਿਸ਼ਵਤ ਦੀ ਮੰਗ ਕੀਤੀ ਸੀ। ਹੌਲਦਾਰ ਨੇ ਉਸ ਨੂੰ ਪਹਿਲੀ ਕਿਸ਼ਤ ਵਜੋਂ 50,000 ਰੁਪਏ ਦੇਣ ਲਈ ਕਿਹਾ। ਇਸ ਤੋਂ ਬਾਅਦ ਹੌਲਦਾਰ ਉਸ ਨੂੰ ਫੋਨ-ਪੇਅ ਰਾਹੀਂ ਰਕਮ ਉਸ ਦੇ ਐੱਚ ਡੀ ਐੱਫ ਸੀ ਖਾਤੇ ਵਿੱਚ ਟਰਾਂਸਫਰ ਕਰਨ ਲਈ ਵਾਰ-ਵਾਰ ਜ਼ੋਰ ਪਾਉਣ ਲੱਗਾ। ਉਸ ਨੇ ਚਾਰ ਟਰਾਂਜੈਕਸ਼ਨਾਂ ਵਿੱਚ 10,000 ਰੁਪਏ (ਪ੍ਰਤੀ ਟਰਾਂਜੈਕਸ਼ਨ) ਟਰਾਂਸਫਰ ਕੀਤੇ ਅਤੇ ਬਾਅਦ ਵਿੱਚ 9800 ਹੋਰ ਰੁਪਏ ਟਰਾਂਸਫਰ ਕਰਵਾਏ। ਇਸ ਤਰ੍ਹਾਂ ਐੱਚ ਡੀ ਐੱਫ ਸੀ ਖਾਤੇ ਵਿੱਚ ਕੁੱਲ 49,800 ਰੁਪਏ ਭੇਜੇ।



ਬੁਲਾਰੇ ਨੇ ਦੱਸਿਆ ਕਿ ਜਾਂਚ ਦੌਰਾਨ ਇਹ ਸਾਬਤ ਹੋ ਗਿਆ ਕਿ ਉਕਤ ਹੌਲਦਾਰ ਨੇ ਸ਼ਿਕਾਇਤਕਰਤਾ ਤੋਂ ਰਿਸ਼ਵਤ ਲਈ ਸੀ। ਤਫ਼ਤੀਸ਼ ਦੇ ਆਧਾਰ ’ਤੇ ਮੁਲਜ਼ਮ ਖ਼ਿਲਾਫ਼ ਵਿਜੀਲੈਂਸ ਬਿਊਰੋ ਦੇ ਥਾਣਾ ਜਲੰਧਰ ਰੇਂਜ ਵਿੱਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ।

## ‘ਇੱਕ ਦੇਸ਼-ਇੱਕ ਚੋਣ’ ਬਿੱਲ ਅਗਲੇ ਅਜਲਾਸ ’ਚ

**ਨਵੀਂ ਦਿੱਲੀ** : ਮੋਦੀ ਸਰਕਾਰ ਨੇ ਬੁੱਧਵਾਰ ‘ਇੱਕ ਦੇਸ਼-ਇੱਕ-ਚੋਣ’ ਬਾਰੇ ਸਾਬਕਾ ਰਾਸ਼ਟਰਪਤੀ ਰਾਮ ਨਾਥ ਕੋਵਿੰਦ ਦੀ ਅਗਵਾਈ ਵਾਲੇ ਪੈਨਲ ਦੀ ਰਿਪੋਰਟ ਨੂੰ ਮਨਜ਼ੂਰੀ ਦੇ ਦਿੱਤੀ। ਸੰਸਦ ਦੇ ਸਰਦ ਰੁੱਤ ਅਜਲਾਸ ’ਚ ਇਸ ਸੰਬੰਧੀ ਬਿੱਲ (ਇੱਕੋ ਸਮੇਂ ਚੋਣਾਂ ਕਰਵਾਉਣ ਲਈ) ਪੇਸ਼ ਕੀਤੇ ਜਾਣ ਦੀ ਸੰਭਾਵਨਾ ਹੈ। ‘ਇੱਕ ਦੇਸ਼-ਇੱਕ ਚੋਣ’ ਤਹਿਤ ਸੰਸਦੀ ਅਤੇ ਵਿਧਾਨ ਸਭਾ ਚੋਣਾਂ ਇੱਕੋ ਵੇਲੇ ਕਰਾਈਆਂ ਜਾਣਗੀਆਂ।

ਪ੍ਰਧਾਨ ਮੰਤਰੀ ਮੋਦੀ ਦਲੀਲ ਦਿੰਦੇ ਆ ਰਹੇ ਹਨ ਕਿ ਦੇਸ਼ ਨੂੰ ਸਾਲ ਭਰ ਚੋਣਾਂ ਦੇ ਮਾਹੌਲ ’ਚ ਰਹਿਣ ਕਰਕੇ ਕਾਫੀ ਕੀਮਤ ਅਦਾ ਕਰਨੀ ਪੈਂਦੀ ਹੈ। ਕੋਵਿੰਦ ਪੈਨਲ ਨੇ ਮਾਰਚ ’ਚ ਰਿਪੋਰਟ ਸੌਂਪੀ ਸੀ ਅਤੇ ਰਾਜ ਚੋਣ ਅਧਿਕਾਰੀਆਂ ਨਾਲ ਸਲਾਹ-ਮਸ਼ਵਰਾ ਕਰਕੇ ਚੋਣ ਕਮਿਸ਼ਨ ਨੂੰ ਸਾਂਝੀ ਵੋਟਰ ਸੂਚੀ ਅਤੇ ਵੋਟਰ ਪਛਾਣ ਪੱਤਰ ਤਿਆਰ ਕਰਨ ਦੀ ਸਿਫਾਰਸ਼ ਕੀਤੀ ਸੀ। ਪੈਨਲ ਨੇ ਕਿਹਾ ਸੀ ਕਿ ਇੱਕੋ ਸਮੇਂ ਚੋਣਾਂ ਹੋਣ ਨਾਲ ਖਰਚਾ ਵੀ ਕਾਫੀ ਬਚੇਗਾ। ਹਾਲਾਂਕਿ ਵਿਰੋਧੀ ਧਿਰ ‘ਇੱਕ ਦੇਸ਼-ਇੱਕ ਚੋਣ’ ਦੇ ਵਿਚਾਰ ਤੋਂ ਪ੍ਰਭਾਵਤ ਨਹੀਂ ਹੈ। ਕਾਂਗਰਸ, ਆਪ ਸਮੇਤ ਕਈ ਵਿਰੋਧੀ ਪਾਰਟੀਆਂ ਨੇ ਅਜਿਹੇ ਚੋਣ ਅਮਲ ਦੇ ਖਿਲਾਫ ਆਪਣੀ ਨਾਰਾਜ਼ਗੀ ਅਤੇ ਅਸੰਤੁਸ਼ਟੀ ਜ਼ਾਹਰ ਕੀਤੀ ਹੈ। ਉਨ੍ਹਾਂ ਭਾਜਪਾ ’ਤੇ ਮੌਜੂਦਾ ਚੋਣ ਨੂੰ ਖਤਮ ਕਰਕੇ ਦੇਸ਼ ’ਚ ਰਾਸ਼ਟਰਪਤੀ ਸ਼ਾਸਨ ਲਈ ਮਜਬੂਰ ਕਰਨ ਦਾ ਦੋਸ਼ ਲਗਾਇਆ ਹੈ। ਇਸ ਤੋਂ ਪਹਿਲਾਂ 1951-52, 1962 ਅਤੇ 1967 ’ਚ ਲੋਕ ਸਭਾ ਅਤੇ ਵਿਧਾਨ ਸਭਾਵਾਂ ਲਈ ਇੱਕੋ ਸਮੇਂ ਚੋਣਾਂ ਹੋਈਆਂ ਸਨ।

ਇਸੇ ਦੌਰਾਨ ਕਾਂਗਰਸ ਦੇ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਕਿਹਾ ਹੈ ਕਿ ਮੋਦੀ ਸਰਕਾਰ ਲੋਕਾਂ ਦਾ ਧਿਆਨ ਅਸਲ ਮੁੱਦਿਆਂ ਤੋਂ ਭਟਕਾਉਣ ਲਈ ਅਜਿਹੀਆਂ ਗੱਲਾਂ ਕਰ ਰਹੀ ਹੈ।

### ਫਾਸਫੇਟ ਤੇ ਪੋਟਾਸ਼ ਵਾਲੀਆਂ ਖਾਦਾਂ ’ਤੇ ਸਬਸਿਡੀ ਮਨਜ਼ੂਰ

ਕੇਂਦਰੀ ਕੈਬਨਿਟ ਨੇ ਫਾਸਫੇਟ ਅਤੇ ਪੋਟਾਸ਼ (ਪੀ ਐਂਡ ਕੇ) ਆਧਾਰਤ ਖਾਦਾਂ ਲਈ 2024-25 ਦੇ ਹਾੜ੍ਹੀ ਦੇ ਸੀਜ਼ਨ ਵਾਸਤੇ 24475.53 ਕਰੋੜ ਰੁਪਏ ਦੀ ਸਬਸਿਡੀ ਦੇਣ ਲਈ ਮਨਜ਼ੂਰੀ ਦਿੱਤੀ ਹੈ ਤਾਂ ਕਿ ਫਸਲਾਂ ਲਈ ਇਹ ਜ਼ਰੂਰੀ ਤੱਤ ਕਿਸਾਨਾਂ ਨੂੰ ਕਿਫਾਇਤੀ ਦਰਾਂ ਉਤੇ ਮਿਲਦੇ ਰਹਿਣ। ਹਾੜ੍ਹੀ ਸੀਜ਼ਨ ਲਈ ਸੰਭਾਵਤ ਬਜਟ ਲੋੜ ਅੰਦਾਜ਼ਨ 24475.53 ਕਰੋੜ ਰੁਪਏ ਰਹੇਗੀ। ਪੀ ਐਂਡ ਕੇ ਖਾਦਾਂ ਲਈ ਸਬਸਿਡੀ 1 ਅਪਰੈਲ, 2010 ਤੋਂ ਲਾਗੂ ਐੱਨ ਬੀ ਐੱਸ ਸਕੀਮ ਤਹਿਤ ਦਿੱਤੀ ਜਾਂਦੀ ਹੈ।

ਖਾਦਾਂ ਅਤੇ ਹੋਰ ਵਸਤਾਂ ਜਿਵੇਂ ਯੂਰੀਆ, ਡੀ ਏ ਪੀ, ਐੱਮ ਓ ਪੀ ਅਤੇ ਸਲਫਰ ਦੀਆਂ ਕੌਮਾਂਤਰੀ ਕੀਮਤਾਂ ਦੇ ਹਾਲੀਆ ਰੁਝਾਨਾਂ ਨੂੰ ਦੇਖਦਿਆਂ ਸਰਕਾਰ ਨੇ ਪੀ ਐਂਡ ਕੇ ਖਾਦਾਂ ਉਤੇ 2024 ਦੇ ਹਾੜ੍ਹੀ ਸੀਜ਼ਨ ਲਈ ਐੱਨ ਬੀ ਐੱਸ ਨੂੰ ਮਨਜ਼ੂਰੀ ਦੇਣ ਦਾ ਫੈਸਲਾ ਕੀਤਾ ਹੈ।

## ਸਿੰਧ ਜਲ ਸੰਧੀ ਸੋਧਣ ਲਈ ਪਾਕਿਸਤਾਨ ’ਤੇ ਦਬਾਅ

**ਨਵੀਂ ਦਿੱਲੀ** : ਭਾਰਤ ਵੱਲੋਂ ਛੇ ਦਹਾਕੇ ਪੁਰਾਣੀ ਸਿੰਧ ਜਲ ਸੰਧੀ ਵਿਚ ਤਰਮੀਮਾਂ ਕਰਨ ਲਈ ਪਾਕਿਸਤਾਨ ਉਤੇ ਜ਼ੋਰ ਪਾਇਆ ਜਾ ਰਿਹਾ ਹੈ ਅਤੇ ਜਾਣਕਾਰੀ ਮੁਤਾਬਕ ਭਾਰਤ ਨੇ ਇਸ ਸੰਬੰਧੀ ਪਾਕਿਸਤਾਨ ਨੂੰ ਰਸਮੀ ਨੋਟਿਸ ਜਾਰੀ ਕਰ ਦਿੱਤਾ ਹੈ। ਸਮਝਿਆ ਜਾਂਦਾ ਹੈ ਕਿ ਕਿਸ਼ਨਗੰਗਾ ਅਤੇ ਰਤਲੇ ਪਣ-ਬਿਜਲੀ ਪ੍ਰੋਜੈਕਟਾਂ ਸੰਬੰਧੀ ਲੰਮੇ ਸਮੇਂ ਤੋਂ ਜਾਰੀ ਵਿਵਾਦ ਨੇ ਭਾਰਤ ਨੂੰ ਅਜਿਹਾ ਕਰਨ ਦੇ ਰਾਹ ਪਾਇਆ ਹੈ। ਸੂਤਰਾਂ ਨੇ ਕਿਹਾ—ਭਾਰਤ ਨੇ ਸਿੰਧ ਜਲ ਸੰਧੀ ਦੀ ਧਾਰਾ (3) ਤਹਿਤ ਸਿੰਧ ਜਲ ਸੰਧੀ ਦੀ ਸਮੀਖਿਆ ਅਤੇ ਇਸ ਵਿਚ ਸੋਧਾਂ ਕਰਨ ਲਈ ਪਾਕਿਸਤਾਨ ਨੂੰ 30 ਅਗਸਤ ਨੂੰ ਰਸਮੀ ਨੋਟਿਸ ਜਾਰੀ ਕੀਤਾ। ਸਿੰਧ ਜਲ ਸੰਧੀ ਦੀ ਧਾਰਾ (3) ਕਹਿੰਦੀ ਹੈ ਕਿ ਇਸ ਸਮਝੌਤੇ ਦੀਆਂ ਵਿਵਸਥਾਵਾਂ ਨੂੰ ਇਸ ਸੰਬੰਧ ਵਿਚ ਦੋਵਾਂ ਸਰਕਾਰਾਂ ਦਰਮਿਆਨ ਹੋਣ ਵਾਲੇ ਅਤੇ ਬਾਕਾਇਦਾ ਤਸਦੀਕਸ਼ੁਦਾ ਸਮਝੌਤੇ ਰਾਹੀਂ ਸਮੇਂ-ਸਮੇਂ ਉਤੇ ਸੋਧਿਆ ਜਾ ਸਕਦਾ ਹੈ।



ਇਸ ਇਕਰਾਰਨਾਮੇ ਤਹਿਤ ਸਿੰਧ, ਜੇਹਲਮ ਅਤੇ ਝਨਾਂ ਦਰਿਆਵਾਂ ਦਾ ਪਾਣੀ ਪਾਕਿਸਤਾਨ ਅਤੇ ਦੂਜੇ ਪਾਸੇ ਸਤਲੁਜ, ਬਿਆਸ ਅਤੇ ਰਾਵੀ ਦਰਿਆਵਾਂ ਦਾ ਪਾਣੀ ਭਾਰਤ ਦੇ ਹਿੱਸੇ ਵਿਚ ਆਇਆ ਸੀ।

## ਸੁਪਰੀਮ ਕੋਰਟ ਪੰਜਾਬ ਦੀ ਸੁਣਵਾਈ ਕਰੇਗੀ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਬੁੱਧਵਾਰ ਕਿਹਾ ਕਿ ਉਹ ਪੰਜਾਬ ਸਰਕਾਰ ਦੀ ਉਸ ਅੰਤਰਿਮ ਪਟੀਸ਼ਨ ਨੂੰ ਸੁਣਵਾਈ ਲਈ ਸੂਚੀਬੱਧ ਕਰੇਗੀ, ਜਿਸ ਵਿਚ ਪੇਂਡੂ ਵਿਕਾਸ ਫੰਡ ਦੇ ਬਕਾਏ ਦੇ ਰੂਪ ਵਿਚ ਕੇਂਦਰ ਤੋਂ 1000 ਕਰੋੜ ਰੁਪਏ ਜਾਰੀ ਕਰਨ ਦੀ ਬੇਨਤੀ ਕੀਤੀ ਗਈ ਹੈ। ਚੀਫ ਜਸਟਿਸ ਡੀ ਵਾਈ ਚੰਦਰਚੂੜ, ਜਸਟਿਸ ਜੇ ਬੀ ਪਾਰਦੀਵਾਲਾ ਅਤੇ ਜਸਟਿਸ ਮਨੋਜ ਮਿਸ਼ਰਾ ਦੀ ਬੈਂਚ ਦੇ ਸੁਣਵਾਈ ਲਈ ਬੈਠਣ ਦੌਰਾਨ ਪੰਜਾਬ ਸਰਕਾਰ ਦੇ ਵਕੀਲ ਨੇ ਕਿਹਾ ਕਿ ਅੰਤਰਿਮ ਪਟੀਸ਼ਨ 2 ਸਤੰਬਰ ਨੂੰ ਸੁਣਵਾਈ ਲਈ ਸੂਚੀਬੱਧ ਸੀ, ਪਰ ਇਸ ’ਤੇ ਸੁਣਵਾਈ ਨਹੀਂ ਹੋ ਸਕੀ। ਤੁਰੰਤ ਸੁਣਵਾਈ ਦੀ ਮੰਗ ਕਰਦਿਆਂ ਵਕੀਲ ਨੇ ਕਿਹਾ ਕਿ ਪਟੀਸ਼ਨ ’ਤੇ ਕੇਂਦਰ ਸਰਕਾਰ ਨੂੰ ਨੋਟਿਸ ਜਾਰੀ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਮਾਮਲੇ ਦੀ ਸੁਣਵਾਈ ਸ਼ੁਰੂ ਹੋਣ ਤੋਂ ਪਹਿਲਾਂ ਜਵਾਬ ਦਾਖਲ ਕੀਤਾ ਜਾ ਸਕੇ। ਚੀਫ ਜਸਟਿਸ ਨੇ ਕਿਹਾ ਕਿ ਪਟੀਸ਼ਨ ਨੂੰ ਸੁਣਵਾਈ ਲਈ ਸੂਚੀਬੱਧ ਕੀਤਾ ਜਾਵੇਗਾ, ਪਰ ਕੇਂਦਰ ਸਰਕਾਰ ਨੂੰ ਨੋਟਿਸ ਜਾਰੀ ਨਹੀਂ ਕੀਤਾ।

ਸੁਪਰੀਮ ਕੋਰਟ ਨੇ 30 ਅਗਸਤ ਨੂੰ ਪੰਜਾਬ ਸਰਕਾਰ ਨੂੰ ਭਰੋਸਾ ਦਿੱਤਾ ਸੀ ਕਿ ਪਟੀਸ਼ਨ ’ਤੇ 2 ਸਤੰਬਰ ਨੂੰ ਸੁਣਵਾਈ ਕੀਤੀ ਜਾਵੇਗੀ।

ਸੂਬਾ ਸਰਕਾਰ ਨੇ ਕੇਂਦਰ ਦੇ ਖਿਲਾਫ ਅੰਤਰਿਮ ਅਰਜ਼ੀ ਦਾਇਰ ਕੀਤੀ ਹੈ, ਜਿਸ ਵਿਚ ਅੰਤਰਿਮ ਉਪਾਅ ਵਜੋਂ 1,000 ਕਰੋੜ ਰੁਪਏ ਤੋਂ ਵੱਧ ਦੀ ਰਕਮ ਤੁਰੰਤ ਜਾਰੀ ਕਰਨ ਦੀ ਮੰਗ ਕੀਤੀ ਗਈ ਹੈ। ਪੰਜਾਬ ਸਰਕਾਰ ਨੇ 2023 ’ਚ ਕੇਂਦਰ ਉੱਤੇ ਪੇਂਡੂ ਵਿਕਾਸ ਫੰਡ (ਆਰ ਡੀ ਐੱਫ) ਜਾਰੀ ਨਾ ਕਰਨ ਅਤੇ ਮਾਰਕੀਟ ਫੀਸ ਦਾ ਇੱਕ ਹਿੱਸਾ ਰੋਕਣ ਦਾ ਦੋਸ਼ ਲਾਉਂਦਿਆਂ ਸੁਪਰੀਮ ਕੋਰਟ ਦਾ ਰੁਖ ਕੀਤਾ ਸੀ।

### ਅੱਜ-ਨਾਮਾ

ਮੁੱਦਾ ਭੁੱਖ, ਗਰੀਬੀ, ਰੁਜ਼ਗਾਰ ਕੋਈ ਨਾ,
ਮੁੱਦਾ ਰਾਹੁਲ ਹੀ ਬਣ ਗਿਆ ਖਾਸ ਬੇਲੀ।
ਭਾਜਪਾ ਟੀਮ ਆ ਰਾਹੁਲ ਦੇ ਮਗਰ ਲੱਗੀ,
ਹਰ ਕੋਈ ਰਿਹਾ ਕੱਢ ਭੜਾਸ ਬੇਲੀ।
ਮੁੱਦਾ ਏਦਾਂ ਦਾ ਭਾਲ ਕੋਈ ਖੱਪ ਪਾਉਣੀ,
ਨੀਤੀ ਉਨ੍ਹਾਂ ਨੂੰ ਆਉਂਦੀ ਆ ਰਾਸ ਬੇਲੀ।
ਗੱਲਾਂ ਇਨ੍ਹਾਂ ਨੇ ਕੀਤਾ ਪਿਆ ਗਰਕ ਬੇੜਾ,
ਦੱਸਣ ਵਾਲਾ ਕੋਈ ਜਾਂਦਾ ਨਾ ਪਾਸ ਬੇਲੀ।
ਧਮੱਚੜ-ਖੌਰੂ ਫਿਰ ਬਣ ਗਿਆ ਰਾਜਨੀਤੀ,
ਵਿਗੜਦੀ ਭਾਰਤ ਦੀ ਦੇਖਦੇ ਦਿੱਖ ਨਹੀਉਂ।
ਇਹ ਹੀ ਚੱਕਰ ਜਦ ਚੱਲਿਆ ਦੇਸ਼ ਅੰਦਰ,
ਸੁਧਰਨਾ ਭਾਰਤ ਦਾ ਕਦੀ ਭਵਿੱਖ ਨਹੀਉਂ।

-ਤੀਸ ਮਾਰ ਖਾਂ

## ਪ੍ਰਧਾਨ ਮੰਤਰੀ ਦੇ ਸਮਾਰਟ ਸਿਟੀ ਵਾਰਾਨਸੀ ’ਚ ਡੁੱਬਿਆ ਨਮੋ ਘਾਟ

**ਵਾਰਾਨਸੀ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਹਲਕੇ ਵਾਰਾਨਸੀ, ਜਿਸ ਨੂੰ ਉਹ ਸਮਾਰਟ ਸਿਟੀ ਵਿਚ ਬਦਲਣ ਦਾ ਦਾਅਵਾ ਕਰਦੇ ਹਨ, ਦੇ ਕਈ ਮੰਦਰਾਂ ਨੂੰ ਗੰਗਾ ਵਿਚ ਬੀਤੇ ਦਿਨ ਆਏ ਹੜ੍ਹ ਨੇ ਡੁਬੋ ਦਿੱਤਾ। ਨਤੀਜੇ ਵਜੋਂ ਮੰਦਰਾਂ ਨੂੰ ਸ਼ਰਧਾਲੂਆਂ ਲਈ ਦਰਵਾਜ਼ੇ ਬੰਦ ਕਰਨੇ ਪੈ ਗਏ ਪ੍ਰਸਿੱਧ ਘਾਟਾਂ ਦੇ ਨਾਲ ਰਹਿੰਦੇ ਲੋਕਾਂ ਨੂੰ ਟਿਕਾਣੇ ਬਦਲਣੇ ਪੈ ਗਏ।

ਹਾਲਾਤ ਏਦਾਂ ਦੇ ਬਣ ਗਏ ਕਿ ਮਣੀਕਰਨਿਕਾ ਤੇ ਹਰੀਸ਼ਚੰਦਰ ਘਾਟਾਂ ’ਤੇ ਲਿਆਂਦੀਆਂ ਲਾਸ਼ਾਂ ਦਾ ਅੰਤਮ ਸੰਸਕਾਰ ਪਲੇਟਫਾਰਮਾਂ, ਜਿਹੜੇ ਮੋਦੀ ਦੇ ਵਾਰਾਨਸੀ ਦੇ ਸੁੰਦਰੀਕਰਨ ਪ੍ਰੋਜੈਕਟ ਦਾ ਹਿੱਸਾ ਹਨ, ਦੀਆਂ ਪੌੜੀਆਂ ’ਤੇ ਹੀ ਕਰਨਾ ਪਿਆ। ਇਹ ਸਭ ਇਸ ਦੇ ਬਾਵਜੂਦ ਹੋਇਆ ਕਿ ਮੰਗਲਵਾਰ ਗੰਗਾ ਵਿਚ ਪਾਣੀ ਦਾ ਵਹਾਅ ਖਤਰੇ ਦੇ ਨਿਸ਼ਾਨ ਤੋਂ 48 ਸੈਂਟੀਮੀਟਰ ਹੇਠਾਂ (70.78 ਮੀਟਰ) ਸੀ। ਹੜ੍ਹ ਦੇ ਪਾਣੀ ਵਿਚ ਮਣਿਕਰਨਿਕਾ ਘਾਟ, ਹਰੀਸ਼ਚੰਦਰ ਘਾਟ ਤੇ ਹੋਰ ਘਾਟ ਤਾਂ ਡੁੱਬੇ ਹੀ, ਰਾਮ ਨਗਰ ਕਿਲਾ, ਸੁਜਾਬਾਦ ਤੇ ਡੋਮਰੀ ਇਲਾਕਿਆਂ ਵਿਚ ਵੀ ਪਾਣੀ ਵੜ ਗਿਆ। ਵੇਦ ਵਿਆਸ ਮੰਦਰ ਸਣੇ ਕਈ ਹੋਰ ਮੰਦਰ ਬੰਦ ਕਰਨੇ ਪਏ ਅਤੇ ਉਨ੍ਹਾਂ ਵੱਲ ਜਾਂਦੇ ਰਾਹਾਂ ’ਤੇ ਬੈਰੀਅਰ ਲਾਉਣੇ ਪਏ।



ਸਥਾਨਕ ਮਿਊਂਸਪਲ ਅਧਿਕਾਰੀ ਨੇ ਦੱਸਿਆ ਕਿ ਇਲਾਕੇ ਤਾਂ ਪਹਿਲਾਂ ਵੀ ਡੁੱਬਦੇ ਰਹੇ ਹਨ, ਪਰ ਵਾਰਾਨਸੀ ਨੂੰ ਸੁੰਦਰ ਬਣਾਉਣ ਲਈ ਕੀਤੀਆਂ ਜਾ ਰਹੀਆਂ ਉਸਾਰੀਆਂ ਦਾ ਮਲਬਾ ਗੰਗਾ ਕੰਢੇ ਹੀ ਸੁੱਟੀ ਜਾਣ ਕਾਰਨ ਸਥਿਤੀ ਖਰਾਬ ਹੋ ਰਹੀ ਹੈ। ਪਹਿਲਾਂ ਖਿੜਕੀਆ ਘਾਟ ਵਜੋਂ ਜਾਣੇ ਜਾਂਦੇ ਘਾਟ ਨੂੰ ਹੁਣ ਨਮੋਘਾਟ ਦਾ ਨਾਂਅ ਦੇ ਕੇ ਪੱਕਾ ਕਰ ਦਿੱਤਾ ਗਿਆ ਹੈ। ਨਮੋ ਭਗਵਾਨ ਸ਼ਿਵ ਨੂੰ ਕਹਿੰਦੇ ਹਨ ਪਰ ਆਮ ਧਾਰਨਾ ਹੈ ਕਿ ਇਹ ਪ੍ਰਧਾਨ ਮੰਤਰੀ ਦੇ ਨਾਂਅ ਦੇ ਸ਼ੁਰੂਆਤੀ ਅੱਖਰਾਂ (ਨਰਿੰਦਰ ਮੋਦੀ) ਨਾਲ ਬਣਿਆ ਹੈ। ਦਰਿਆ ਵਿਗਿਆਨੀ ਸੌਰਭ ਸਿੰਘ ਦਾ ਕਹਿਣਾ ਹੈ ਕਿ ਪੁਰਾਣੀਆਂ ਸੀਵਰ ਲਾਈਨਾਂ ਨੂੰ ਬਚਾਉਣ ਤੋਂ ਬਿਨਾਂ ਉਸਾਰੀ ਕਰਨ ਕਰਕੇ ਹੜ੍ਹ ਵਰਗੀ ਸਥਿਤੀ ਬਣ ਰਹੀ ਹੈ। ਸਰਕਾਰੀ ਤੇ ਪ੍ਰਾਈਵੇਟ ਏਜੰਸੀਆਂ ਨੇ ਪੱਕੀ ਉਸਾਰੀ ਕਰਦਿਆਂ ਪਿਛਲੇ ਤਿੰਨ ਸਾਲਾਂ ’ਚ ਸੈਂਕੜੇ ਟਨ ਮਲਬਾ ਗੰਗਾ ਵਿਚ ਸੁੱਟ ਦਿੱਤਾ ਹੈ। ਨਤੀਜੇ ਵਜੋਂ ਗੰਗਾ ਛੇਤੀ ਚੜ੍ਹ ਜਾਂਦੀ ਹੈ। ਗੰਗਾ ਕੰਢੇ ਕਬਜ਼ੇ ਏਨੇ ਹੋ ਚੁੱਕੇ ਹਨ ਕਿ ਹੈਰਾਨੀ ਨਹੀਂ ਹੋਵੇਗੀ ਕਿ ਕੁਝ ਦਹਾਕਿਆਂ ਤੱਕ ਮਾਮੂਲੀ ਮੀਂਹ ਨਾਲ ਹੀ ਸਾਰਾ ਵਾਰਾਨਸੀ ਸ਼ਹਿਰ ਡੁੱਬ ਜਾਇਆ ਕਰੇਗਾ।

## ਹਿਮਾਚਲ ’ਚ ਬਾਰਸ਼ ਕਾਰਨ 50 ਸੜਕਾਂ ਬੰਦ



**ਸ਼ਿਮਲਾ** : ਹਿਮਾਚਲ ਪ੍ਰਦੇਸ਼ ’ਚ ਬਾਰਸ਼ ਕਾਰਨ 50 ਸੜਕਾਂ ਬੰਦ ਹੋ ਗਈਆਂ ਅਤੇ 63 ਥਾਵਾਂ ’ਤੇ ਬਿਜਲੀ ਸਪਲਾਈ ’ਚ ਵਿਘਨ ਪਿਆ। ਸ਼ਿਮਲਾ ਦੇ ਜੁਬਰਹੱਟੀ ’ਚ ਮੰਗਲਵਾਰ ਸ਼ਾਮ ਤੋਂ 46 ਮਿਲੀਮੀਟਰ ਬਾਰਸ਼ ਹੋਈ, ਇਸ ਤੋਂ ਬਾਅਦ ਮੰਡੀ (38.6 ਮਿਲੀਮੀਟਰ), ਕਸੌਲੀ (35 ਮਿਲੀਮੀਟਰ), ਸਰਹਾਨ (26 ਮਿਲੀਮੀਟਰ), ਕੰਡਾਘਾਟ (26 ਮਿਲੀਮੀਟਰ) ਅਤੇ ਧਰਮਸ਼ਾਲਾ (11.4 ਮਿਲੀਮੀਟਰ) ਬਾਰਸ਼ ਹੋਈ। ਬੁੱਧਵਾਰ ਸਵੇਰ ਤੱਕ ਸ਼ਿਮਲਾ ਜ਼ਿਲ੍ਹੇ ’ਚ 21, ਮੰਡੀ ’ਚ 13, ਕਾਂਗੜਾ ’ਚ 10, ਕੁੱਲੂ ’ਚ ਪੰਜ ਅਤੇ ਸਿਰਮੌਰ ਜ਼ਿਲ੍ਹੇ ’ਚ ਇੱਕ ਸੜਕ ਬੰਦ ਰਹੀ। ਸੂਬੇ ’ਚ 27 ਜੂਨ ਨੂੰ ਮੌਨਸੂਨ ਸ਼ੁਰੂ ਹੋਣ ਤੋਂ ਲੈ ਕੇ ਸੋਮਵਾਰ ਸ਼ਾਮ ਤੱਕ 172 ਲੋਕਾਂ ਦੀ ਮੌਤ ਹੋ ਚੁੱਕੀ ਹੈ, ਜਦਕਿ 30 ਲੋਕ ਅਜੇ ਵੀ ਲਾਪਤਾ ਹਨ। ਸੂਬੇ ਨੂੰ 1,327 ਕਰੋੜ ਰੁਪਏ ਦਾ ਨੁਕਸਾਨ ਹੋਇਆ ਹੈ।

19-SEP-PAGE-3.qxd 9/18/2024 10:44 PM Page 1



# ਆਰ ਐੱਮ ਪੀ ਡਾਕਟਰ 22 ਨੂੰ ਸਿਹਤ ਮੰਤਰੀ ਪੰਜਾਬ ਦੀ ਰਿਹਾਇਸ਼ ਅੱਗੇ ਦੇਣਗੇ ਰੋਸ ਧਰਨਾ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ (ਰਜਿ) ਜ਼ਿਲਾ ਗੁਰਦਾਸਪੁਰ ਦੇ ਪ੍ਰਧਾਨ ਡਾ. ਚਮਨ ਲਾਲ ਬਟਾਲਾ, ਜ਼ਿਲਾ ਜਨਰਲ ਸਕੱਤਰ ਡਾ. ਅਸ਼ੋਕ ਕੁਮਾਰ ਬਟਾਲਾ, ਸੂਬਾ ਕਮੇਟੀ ਮੈਂਬਰ ਡਾ. ਸੁਖਵਿੰਦਰ ਸਿੰਘ ਦਰਦੀ, ਜ਼ਿਲਾ ਪ੍ਰੈੱਸ ਸਕੱਤਰ ਡਾ. ਲਖਵਿੰਦਰ ਸਿੰਘ ਸੰਧੂ ਔਲਖ ਅਤੇ ਜ਼ਿਲ੍ਹਾ ਖਜ਼ਾਨਚੀ ਡਾ. ਜੋਗਿੰਦਰ ਸਿੰਘ ਸੰਧੂ ਬਟਾਲਾ ਨੇ ਕਿਹਾ ਕਿ ਬੁਢਲਾਡਾ ਦੇ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਵੱਲੋਂ ਵਿਧਾਨ ਸਭਾ ਦੇ ਸੈਸ਼ਨ ਵਿੱਚ ਪੰਜਾਬ ਦੇ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਕਾਨੂੰਨੀ ਮਾਨਤਾ ਦੇਣ ਦਾ ਮੁੱਦਾ ਤਕਰੀਰਾਂ ਸਹਿਤ ਵਿਸਥਾਰਤ ਤਰੀਕੇ ਨਾਲ ਉਠਾਇਆ ਤਾਂ ਮਾਨਯੋਗ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਇਸ ਮੰਗ ਦੀ ਸਿਫਾਰਸ਼ ਕਰਦੇ ਹੋਏ ਸਿਹਤ ਮੰਤਰੀ ਡਾ. ਬਲਵੀਰ ਸਿੰਘ ਨੂੰ ਹੱਲ ਕਰਨ ਲਈ ਕਿਹਾ ਤਾਂ ਸਿਹਤ ਮੰਤਰੀ ਨੇ ਮਸਲਾ ਹੱਲ ਕਰਨ ਦੀ ਬਜਾਏ ਨਾਂਹ ਨੁੱਕਰ ਕਰਕੇ ਟਾਲ ਮਟੋਲ ਕਰ ਦਿੱਤਾ ਜਿਸ ਕਰਕੇ ਪੰਜਾਬ ਦੇ ਡੇਢ ਲੱਖ ਮੈਡੀਕਲ ਪ੍ਰੈਕਟੀਸ਼ਨਰਾਂ ਅਤੇ ਉਨ੍ਹਾਂ ਦੇ ਪਰਿਵਾਰ ਵਿੱਚ ਸਿਹਤ ਮੰਤਰੀ ਦੇ ਖਿਲਾਫ ਰੋਸ ਪਾਇਆ ਜਾ ਰਿਹਾ ਹੈ। ਆਗੂਆਂ ਨੇ ਕਿਹਾ ਕਿ ਸੂਬਾ ਕਮੇਟੀ ਦੇ ਸੱਦੇ ਤੇ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਦੇ ਚੇਅਰਮੈਨ ਡਾ. ਰਮੇਸ਼ ਕੁਮਾਰ ਬਾਲੀ ਅਤੇ ਸੂਬਾ ਪ੍ਰਧਾਨ ਡਾ. ਜਸਵਿੰਦਰ ਸਿੰਘ ਕਾਲਖ ਦੀ ਅਗਵਾਈ ਹੇਠ ਪੰਜਾਬ ਭਰ ਦੇ ਮੈਡੀਕਲ ਪ੍ਰੈਕਟੀਸ਼ਨਰਾਂ ਵੱਲੋਂ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਜਾਇਜ਼ ਤੇ ਹੱਕੀ ਮੰਗਾਂ ਸਬੰਧੀ ਡਾ. ਬਲਵੀਰ ਸਿੰਘ ਸਿਹਤ ਮੰਤਰੀ ਪੰਜਾਬ ਦੀ ਕੋਠੀ ਪਟਿਆਲਾ ਵਿਖੇ 22 ਸਤੰਬਰ ਦਿਨ ਐਤਵਾਰ ਨੂੰ ਸਿਹਤ ਮੰਤਰੀ ਦੀ ਰਿਹਾਇਸ਼ ਦਾ ਘਿਰਾਓ ਕਰਕੇ ਵੱਡੇ ਪੱਧਰ 'ਤੇ ਰੋਸ ਧਰਨਾ ਦਿੱਤਾ ਜਾਵੇਗਾ।ਉਕਤ ਆਗੂਆਂ ਨੇ ਜੁਝਾਰੂ ਸਾਥੀਆਂ ਨੂੰ ਅਪੀਲ ਕੀਤੀ ਕਿ ਜ਼ਿਲਾ ਗੁਰਦਾਸਪੁਰ ਦੇ ਸਮੂਹ ਆਰਐੱਮਪੀ ਡਾਕਟਰ ਪਟਿਆਲਾ ਜਾਣ ਦੇ ਮਿਸ਼ਨ ਨਾਲ ਹੁੰਮ-ਹੁਮਾ ਕੇ ਘੋਲ ਵਿੱਚ ਯੋਗਦਾਨ ਪਾਉਣ ਲਈ 22 ਸਤੰਬਰ ਦਿਨ ਐਤਵਾਰ ਨੂੰ ਸਵੇਰੇ 5 ਵਜੇ ਡਾ. ਬੀ. ਆਰ. ਅੰਬੇਡਕਰ ਸੀਨੀਅਰ ਸੈਕੰਡਰੀ ਸਕੂਲ ਠਠਿਆਰੀ ਗੇਟ ਬਟਾਲਾ ਵਿਖੇ ਪਹੁੰਚਣ ਦੀ ਕਿਰਪਾਲਤਾ ਕਰਨ।

# ਦੇਸ਼ ਦੀ ਰਾਜਨੀਤੀ 'ਚ ਆਏ ਨਿਘਾਰ ਨੂੰ ਅਰਵਿੰਦ ਕੇਜਰੀਵਾਲ ਹੀ ਠੱਲ੍ਹ ਪਾਉਣਗੇ : ਰਮਨ ਬਹਿਲ

**ਗੁਰਦਾਸਪੁਰ (ਦਿਨੇਸ਼ ਕੁਮਾਰ)**-ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਵੱਲੋਂ ਦਿੱਲੀ ਦੇ ਮੁੱਖ ਮੰਤਰੀ ਦੀ ਕੁਰਸੀ ਛੱਡਣ ਲਈ ਅਸਤੀਫਾ ਦੇਣ ਦਾ ਕੀਤਾ ਇਤਿਹਾਸਕ ਫੈਸਲਾ ਦੇਸ਼ ਦੀ ਰਾਜਨੀਤੀ ਲਈ ਇੱਕ ਨਵੀਂ ਮਿਸਾਲ ਹੈ। ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਅਜਿਹਾ ਵੱਡਾ ਫੈਸਲਾ ਸਿਰਫ ਉਹੀ ਆਗੂ ਲੈ ਸਕਦਾ ਹੈ ਜਿਸ ਦੇ ਦਿਲ ਵਿੱਚ ਨਿੱਜੀ ਹਿੱਤਾਂ ਦੀ ਬਜਾਏ ਦੇਸ਼ ਸੇਵਾ ਦਾ ਜਜ਼ਬਾ ਭਰਿਆ ਹੋਵੇ।ਉਨ੍ਹਾਂ ਕਿਹਾ ਕਿ ਇਸ ਅਸਤੀਫੇ ਨੇ ਸਿੱਧ ਕਰ ਦਿੱਤਾ ਹੈ ਕਿ ਅਰਵਿੰਦ ਕੇਜਰੀਵਾਲ ਦੀ ਰਾਜਨੀਤੀ ਸੱਤਾ ਨਾਲ ਚਿੰਬੜਨ ਵਾਲੀ ਨਹੀਂ ਹੈ।ਅਰਵਿੰਦ ਕੇਜਰੀਵਾਲ ਇੱਕ ਬਦਲਾਅ ਦੀ ਸੋਚ ਲੈ ਕੇ ਰਾਜਨੀਤੀ ਵਿੱਚ ਆਏ ਸਨ ਅਤੇ ਉਸੇ ਦਿਸ਼ਾ ਵਿੱਚ ਹੀ ਕੰਮ ਕਰਦਿਆਂ ਉਨ੍ਹਾਂ ਨੇ ਅੱਜ ਇਹ ਵੱਡਾ ਫੈਸਲਾ ਲਿਆ ਹੈ।ਉਨ੍ਹਾਂ ਕਿਹਾ ਕਿ ਅੱਜ ਦੇ ਦੌਰ ਵਿੱਚ ਰਾਜਨੀਤੀ ਵਿੱਚ ਜਿਸ ਤਰ੍ਹਾਂ ਦਾ ਨਿਘਾਰ ਆਇਆ ਹੈ, ਅਜਿਹਾ ਨਿਘਾਰ ਪਹਿਲਾਂ ਕਦੇ ਵੀ ਨਹੀਂ ਦੇਖਿਆ ਸੀ ਅਤੇ ਅਰਵਿੰਦ ਕੇਜਰੀਵਾਲ ਵਰਗੇ ਆਗੂ ਹੀ ਇਸ ਨਿਘਾਰ ਨੂੰ ਠੱਲ੍ਹ ਪਾ ਕੇ ਦੇਸ਼ ਦੀ ਰਾਜਨੀਤੀ ਨੂੰ ਨਵੀਂ ਦਿਸ਼ਾ ਦੇ ਸਕਦੇ ਹਨ। ਉਨਾਂ ਕਿਹਾ ਕਿ ਅੱਜ ਕੇਂਦਰ ਸਰਕਾਰ ਲੋਕਤੰਤਰ ਨੂੰ ਖਤਮ ਕਰਨ ਵਾਲੇ ਪਾਸੇ ਤੁਰੀ ਹੋਈ ਹੈ।ਜਦੋਂ ਕਿ ਬੀਜੇਪੀ ਨੂੰ ਇਹ ਗੱਲ ਸਮਝ ਲੈਣੀ ਚਾਹੀਦੀ ਹੈ ਕਿ ਲੋਕਤੰਤਰ ਵਿੱਚ ਸੱਤਾ ਦਾ ਹੋਣਾ ਹੀ ਜ਼ਰੂਰੀ ਨਹੀਂ ਸਗੋਂ ਵਿਰੋਧੀ ਧਿਰਾਂ ਅਤੇ ਆਮ ਲੋਕਾਂ ਦੀ ਭਾਵਨਾ ਤੇ ਵਿਰੋਧ ਦਾ ਸਤਿਕਾਰ ਕਰਨਾ ਵੀ ਲੋਕਤੰਤਰ ਵਿੱਚ ਸੱਤਾਧਾਰੀ ਪਾਰਟੀ ਲਈ ਜ਼ਰੂਰੀ ਹੈ।ਪਰ ਦੁੱਖ ਦੀ ਗੱਲ ਹੈ ਕਿ ਭਾਰਤੀ ਜਨਤਾ ਪਾਰਟੀ ਆਪਣੇ ਸਿਆਸੀ ਵਿਰੋਧੀਆਂ ਅਤੇ ਆਲੋਚਕਾਂ ਦੀ ਆਵਾਜ਼ ਨੂੰ ਦਬਾਉਣ ਲਈ ਕੇਂਦਰੀ ਏਜੰਸੀਆਂ ਦੀ ਦੁਰਵਰਤੋਂ ਕਰ ਰਹੀ ਹੈ ਜਿਸ ਦੀ ਨਾ ਸਿਰਫ ਆਮ ਆਦਮੀ ਪਾਰਟੀ ਵੱਲੋਂ ਸਗੋਂ ਦੇਸ਼ ਦੇ ਅਮਨਪਸੰਦ ਅਤੇ ਇਨਸਾਫ ਪਸੰਦ ਲੋਕਾਂ ਵੱਲੋਂ ਇਸ ਦੀ ਭਰਪੂਰ ਨਿੰਦਾ ਕੀਤੀ ਜਾ ਰਹੀ ਹੈ।

# ਕਾਂਗਰਸੀਆਂ ਵੱਲੋਂ ਪੰਜਾਬ ਸਰਕਾਰ ਖ਼ਿਲਾਫ਼ ਡੀ ਐੱਸ ਪੀ ਦਫ਼ਤਰ ਅੱਗੇ ਧਰਨਾ

## * ਬੇਰੋਕ ਲੁੱਟਾਂ-ਖੋਹਾਂ, ਕਤਲੋਗਾਰਤ, ਫਿਰੌਤੀਆਂ ਵਰਗੇ ਅਪਰਾਧ ਰੋਕਣ ਲਈ ਦਿੱਤਾ ਮੰਗ ਪੱਤਰ



**ਤਰਨਤਾਰਨ, ਝਬਾਲ (ਪ੍ਰਿਤਪਾਲ ਸਿੰਘ, ਹਰਜਿੰਦਰ ਸਿੰਘ ਸੋਨੀ)**-ਕਾਂਗਰਸ ਹਾਈ ਕਮਾਂਡ ਦੇ ਆਦੇਸ਼ਾਂ 'ਤੇ ਹਲਕਾ ਕਾਂਗਰਸ ਤਰਨ ਤਾਰਨ ਵੱਲੋਂ ਬੇਰੋਕ ਲੁੱਟਾਂ ਖੋਹਾਂ, ਕਤਲੋਗਾਰਤ ਅਤੇ ਫਿਰੌਤੀਆਂ ਖਿਲਾਫ ਬਲਾਕ ਪ੍ਰਧਾਨ ਗੰਡੀਵਿੰਡ, ਐਡਵੋਕੇਟ ਜਗਮੀਤ ਸਿੰਘ ਢਿੱਲੋਂ ਗੰਡੀਵਿੰਡ (ਸਪੋਕਸਮੈਨ ਕਾਂਗਰਸ ਪਾਰਟੀ) ਅਤੇ ਬਲਾਕ ਪ੍ਰਧਾਨ ਤਰਨ ਤਾਰਨ ਸੋਨੂੰ ਦੋਦੇ ਦੀ ਅਗਵਾਈ ਹੇਠ ਕਾਂਗਰਸੀ ਆਗੂਆਂ ਤੇ ਵਰਕਰਾਂ ਵੱਲੋਂ ਡੀਐੱਸਪੀ ਤਰਨ ਤਾਰਨ ਦੇ ਦਫਤਰ ਬਾਹਰ ਵਿਸ਼ਾਲ ਧਰਨਾ ਦਿੱਤਾ ਗਿਆ ਜਿਸ 'ਚ ਹਲਕਾ ਤਰਨ ਤਾਰਨ ਤੋਂ ਸੀਨੀਅਰ ਕਾਂਗਰਸੀ ਆਗੂ ਚੇਅਰਮੈਨ ਰਣਜੀਤ ਸਿੰਘ ਰਾਣਾ ਗੰਡੀਵਿੰਡ, ਚੇਅਰਮੈਨ ਰਮਨ ਕੁਮਾਰ ਝਬਾਲ, ਅਵਤਾਰ ਸਿੰਘ ਤਨੇਜਾ ਵਾਇਸ ਚੇਅਰਮੈਨ (ਪ੍ਰਧਾਨ ਰਾਈਸ ਮਿੱਲਰਜ਼ ਐਸੋਸੀਏਸ਼ਨ ਤਰਨ ਤਾਰਨ), ਮਨਿੰਦਰਪਾਲ ਸਿੰਘ ਪਲਾਸੌਰ, ਦਵਿੰਦਰ ਸਿੰਘ ਸੰਧੂ ਲਾਲੀ ਢਾਲਾ, ਵਿਕਰਮ ਸਿੰਘ ਢਿੱਲੋਂ ਝਬਾਲ, ਚੇਅਰਮੈਨ ਬਲਵਿੰਦਰ ਸਿੰਘ ਗੱਗੋਬੂਹਾ, ਕਾਂਗਰਸ ਦੇ ਸਪੋਕਸਮੈਨ ਐਡਵੋਕੇਟ ਜਗਮੀਤ ਸਿੰਘ ਢਿੱਲੋਂ ਗੰਡੀਵਿੰਡ, ਬਲਾਕ ਪ੍ਰਧਾਨ ਸੋਨੂੰ ਦੋਦੇ, ਰਾਜਬੀਰ ਸਿੰਘ ਸੰਧੂ, ਸਾਬਕਾ ਯੂਥ ਪ੍ਰਧਾਨ ਅਗਨੀਹੋਤਰੀ, ਬੀਬੀ ਸਰਬਜੀਤ ਕੌਰ ਮਾਹਣੇ ਮੱਲੀਆਂ ਬਲਾਕ ਪ੍ਰਧਾਨ ਗੰਡੀਵਿੰਡ ਇਸਤਰੀ ਵਿੰਗ ਆਦਿ ਨੇ ਧਰਨੇ ਵਿੱਚ ਬੈਠੇ ਵੱਡੀ ਗਿਣਤੀ ਵਿੱਚ ਕਾਂਗਰਸੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਪੰਜਾਬ ਸਰਕਾਰ ਵੱਲੋਂ ਆਏ ਦਿਨ ਲੁੱਟਾਂ-ਖੋਹਾਂ, ਡਕੈਤੀਆਂ, ਕਤਲੋਗਾਰਤ, ਗੁੰਡਾਗਰਦੀ, ਫਿਰੌਤੀਆਂ ਅਤੇ ਨਸ਼ਿਆਂ ਨੂੰ ਰੋਕਣ ਵਿੱਚ ਨਕਾਮ ਰਹਿਣ ਤੇ ਸਰਕਾਰ ਨੂੰ ਗੂੜ੍ਹੀ ਨੀਂਦ ਤੋਂ ਜਗਾ ਕੇ ਉਸ ਦੀਆਂ ਅੱਖਾਂ ਖੋਲ ਣ ਲਈ ਜੰਮ ਕੇ ਭੜਾਸ ਕੱਢੀ ਅਤੇ ਸਰਕਾਰ ਨੂੰ ਪੁੱਜਦਾ ਕਰਨ ਅਤੇ ਅਪਰਾਧਾਂ ਨੂੰ ਰੋਕਣ ਲਈ ਡੀਐੱਸਪੀ ਸਬ ਡਵੀਜ਼ਨ ਤਰਨ ਤਾਰਨ ਕਮਲਮੀਤ ਸਿੰਘ ਨੂੰ ਮੰਗ ਪੱਤਰ ਦਿੱਤਾ ਗਿਆ।ਇਸ ਮੌਕੇ ਤਰਨ ਤਾਰਨ ਦੇ ਸਮੂਹ ਕਾਂਗਰਸੀ ਆਗੂ ਤੇ ਵਰਕਰਾਂ ਤੋਂ ਇਲਾਵਾ ਸਰਪੰਚ ਗੁਰਪਾਲ ਸਿੰਘ ਜਗਤਪੁਰਾ, ਸਰਪੰਚ ਪ੍ਰਗਟ ਸਿੰਘ ਮਲਵਈ ਬਾਬਾ ਲੰਗਾਹ, ਸਰਪੰਚ ਅਮਰਜੀਤ ਸਿੰਘ ਬਘੇਲ ਸਿੰਘ ਵਾਲਾ, ਸਰਪੰਚ ਸੋਨੂੰ ਦੋਦੇ ਬਰਾੜ, ਬੀਬੀ ਹਰਜੀਤ ਕੌਰ ਗੰਡੀਵਿੰਡ, ਸਰਪੰਚ ਪ੍ਰਦੀਪ ਉੱਪਲ ਸਰਾਏ ਅਮਾਨਤ ਖਾਂ, ਸਰਪੰਚ ਕੇਹਰ ਸਿੰਘ ਨੌਸ਼ਹਿਰਾ ਢਾਲਾ, ਨਿੱਪੀ ਸੂਦ, ਜੈਦੀਪ ਸਿੰਘ ਤਨੇਜਾ, ਰਾਣਾ ਮੱਜੂਪੁਰ, ਰਾਣਾ ਆਧੀ ਨੌਸ਼ਹਿਰਾ ਢਾਲਾ, ਪ੍ਰਧਾਨ ਅਸ਼ੋਕ ਕੁਮਾਰ, ਸੁਰਜੀਤ ਕੁਮਾਰ ਬੌਬੀ, ਡਾ. ਚਰਨਜੀਤ ਸਿੰਘ ਸੋਢੀ, ਉਪਕਾਰ ਸਿੰਘ ਭੁੱਚਰ, ਪ੍ਰੋ: ਇੰਦਰਜੀਤ ਸਿੰਘ ਕਸੇਲ, ਨਿਸ਼ਾਨ ਸਿੰਘ ਆਦਿ ਸਮੇਤ ਵੱਡੀ ਗਿਣਤੀ 'ਚ ਕਾਂਗਰਸੀ ਵਰਕਰ ਵੀ ਹਾਜ਼ਰ ਸਨ।

# ਕੱਚੇ ਕੋਠਿਆਂ ਲਈ ਪਹਿਲੀ ਕਿਸ਼ਤ ਜਾਰੀ



**ਬਟਾਲਾ (ਡਾ. ਮਲਵਿੰਦਰ ਸਿੰਘ)**-ਪੰਜਾਬ ਸਰਕਾਰ ਹਰੇਕ ਵਰਗ ਦੀ ਭਲਾਈ ਲਈ ਵਚਨਬੱਧ ਅਤੇ ਲੋਕਾਂ ਨਾਲ ਕੀਤੀਆਂ ਵਾਅਦਿਆਂ ਨੂੰ ਅਮਲੀ ਜਾਮਾ ਪਹਿਨਾਇਆ ਜਾ ਰਿਹਾ ਹੈ।ਅੱਜ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੀ ਅਗਵਾਈ ਹੇਠ ਉਨ੍ਹਾਂ ਦੀ ਧਰਮਪਤਨੀ ਰਾਜਬੀਰ ਕੌਰ ਕਲਸੀ ਵੱਲੋਂ ਕੱਚੇ ਕੋਠਿਆਂ ਲਈ ਆਈ ਪਹਿਲੀ ਕਿਸ਼ਤ ਦੇ ਲਾਭਪਾਤਰੀਆਂ ਨੂੰ ਸਰਟੀਫਿਕੇਟ ਦਿੱਤੇ।ਇਸ ਮੌਕੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਪਿੰਡ ਮਲਕਪੁਰ, ਰਸੂਲਪੁਰ, ਕੋਟਲਾ ਮੂਸਾ, ਕਿਲਾ ਟੇਕ ਸਿੰਘ, ਲੇਹਚੱਪ, ਸੁਚੇਤਗੜ ਅਤੇ ਤਾਰਾਗੜ ਦੇ ਲਾਭਪਾਤਰੀਆਂ ਨੂੰ ਕੱਚੇ ਕੋਠਿਆਂ ਦੇ ਲਈ ਪਹਿਲੀ ਕਿਸ਼ਤ ਜਾਰੀ ਕੀਤੀ ਗਈ ਹੈ।ਉਨ੍ਹਾਂ ਅੱਗੇ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਵਲੋਂ ਹਲਕੇ ਅੰਦਰ ਪਾਰਦਰਸ਼ੀ ਢੰਗ ਨਾਲ ਵਿਕਾਸ ਕੰਮ ਕਰਵਾਉਣ ਦੇ ਨਾਲ ਲੋਕ ਭਲਾਈ ਸਕੀਮਾਂ ਨੂੰ ਹੇਠਲੇ ਪੱਧਰ ਤੇ ਪਹੁੰਚਾਇਆ ਜਾ ਰਿਹਾ ਹੈ।ਇਸ ਮੌਕੇ ਲਾਭਪਾਤਰੀਆਂ ਨੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਨੇ ਲੋੜਵੰਦ ਲੋਕਾਂ ਦੀ ਬਾਂਹ ਫੜੀ ਹੈ ਅਤੇ ਹਮੇਸ਼ਾ ਲੋਕ ਹਿੱਤ ਵਿੱਚ ਕੰਮਾਂ ਨੂੰ ਤਰਜੀਹ ਦਿੱਤੀ ਹੈ।

# 'ਸਰਕਾਰ ਤੁਹਾਡੇ ਦੁਆਰ' ਪ੍ਰੋਗਰਾਮ ਤਹਿਤ ਵਡਾਲਾ ਗ੍ਰੰਥੀਆਂ 'ਚ ਲੱਗਾ ਵਿਸ਼ੇਸ਼ ਕੈਂਪ



**ਬਟਾਲਾ, ਸਤੰਬਰ (ਡਾ. ਮਲਵਿੰਦਰ ਸਿੰਘ)**-ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਲੋਕਾਂ ਦੀਆਂ ਮੁਸ਼ਕਿਲਾਂ ਹੱਲ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 'ਸਰਕਾਰ ਤੁਹਾਡੇ ਦੁਆਰ' ਪ੍ਰੋਗਰਾਮ ਤਹਿਤ ਸੀਨੀਅਰ ਸੈਕੰਡਰੀ ਸਕੂਲ ਵਡਾਲਾ ਗ੍ਰੰਥੀਆਂ ਵਿਖੇ ਵਿਸ਼ੇਸ਼ ਕੈਂਪ ਲਗਾਇਆ ਗਿਆ।ਇਸ ਮੌਕੇ ਬੀਡੀਪੀਓ ਗੁਰਮੀਤ ਸਿੰਘ ਚਾਹਲ, ਡਾ. ਹਰਮਨਦੀਪ ਸਿੰਘ ਘੁੰਮਣ, ਖੇਤੀਬਾੜੀ ਵਿਭਾਗ ਸੈਕਟਰੀ ਸੁਖਜਿੰਦਰ ਕੌਰ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।ਇਸ ਵਿਸ਼ੇਸ ਕੈਂਪ ਵਿੱਚ ਵਡਾਲਾ ਗ੍ਰੰਥੀਆ ਦੇ ਵਸਨੀਕਾਂ ਦੇ ਨਾਲ ਪਿੰਡ ਖੁਸ਼ਹਾਲਪੁਰ, ਅਬਦਾਲ ਪੱਤੀ, ਅਬਦਾਲ, ਮੁਗਲ ਨੰਗਲ, ਰੱਤਾ ਦੇ ਵਸਨੀਕਾਂ ਨੇ ਭਾਗ ਲਿਆ।ਕੈਂਪ ਦੌਰਾਨ ਵੱਖ-ਵੱਖ ਵਿਭਾਗਾਂ ਵੱਲੋਂ ਵਿਸ਼ੇਸ਼ ਸਟਾਲ ਲਗਾ ਕੇ ਪੰਜਾਬ ਸਰਕਾਰ ਦੀਆਂ ਭਲਾਈ ਯੋਜਨਾਵਾਂ ਦਾ ਲਾਭ ਦਿੱਤਾ ਗਿਆ।ਡਾ. ਸ਼ਾਇਰੀ ਭੰਡਾਰੀ ਨੇ ਜਾਣਕਾਰੀ ਦਿੰਦਿਆ ਕਿਹਾ ਕਿ 'ਸਰਕਾਰ ਤੁਹਾਡੇ ਦੁਆਰ' ਮੁਹਿੰਮ ਤਹਿਤ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ/ਵਾਰਡਾਂ ਵਿੱਚ ਵਿਸ਼ੇਸ ਕੈਂਪ ਲਗਾਏ ਜਾ ਰਹੇ ਹਨ।ਇਨ੍ਹਾਂ ਵਿਸ਼ੇਸ ਕੈਂਪਾਂ ਦਾ ਮੁੱਖ ਮਕਸਦ ਇਹੀ ਹੈ ਕਿ ਲੋਕ ਆਪਣੇ ਘਰਾਂ ਦੇ ਨੇੜੇ ਹੀ ਵੱਖ-ਵੱਖ ਸਰਕਾਰੀ ਸੇਵਾਵਾਂ ਦਾ ਲਾਭ ਹਾਸਲ ਕਰ ਸਕਣ।

ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿਸ਼ੇਸ ਕੈਂਪਾਂ ਵਿੱਚ ਮਾਲ ਵਿਭਾਗ, ਸਿਹਤ ਵਿਭਾਗ, ਪੰਚਾਇਤ ਵਿਭਾਗ, ਮਗਨਰੇਗਾ, ਸਮਾਜਿਕ ਸੁਰੱਖਿਆ ਵਿਭਾਗ, ਸਿੱਖਿਆ ਵਿਭਾਗ ਅਤੇ ਖੇਤੀਬਾੜੀ ਆਦਿ ਨਾਲ ਸਬੰਧਤ ਸੇਵਾਵਾਂ ਦਾ ਲਾਭ ਪੁੱਜਦਾ ਕੀਤਾ ਗਿਆ ਹੈ।

# 450 ਸਾਲਾ ਜੋਤੀ-ਜੋਤਿ ਦਿਵਸ ਨੂੰ ਸਮਰਪਿਤ ਸੈਮੀਨਾਰ ਆਯੋਜਿਤ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਮਹਿਤਾ ਵਿਖੇ ਸ੍ਰੀ ਗੁਰੂ ਅਮਰਦਾਸ ਜੀ ਦੇ 450 ਸਾਲਾ ਜੋਤੀ ਜੋਤਿ ਦਿਵਸ ਨੂੰ ਸਮਰਪਿਤ ਅਤੇ ਸ਼ਤਾਬਦੀ ਜੋੜ ਮੇਲਾ ਗੁਰਦੁਆਰਾ ਬਾਉਲੀ ਸਾਹਿਬ ਜੀ ਸ੍ਰੀ ਗੋਇੰਦਵਾਲ ਸਾਹਿਬ ਨੂੰ ਸਮਰਪਿਤ ਸੈਮੀਨਾਰ ਕਰਵਾਇਆ।ਇਸ ਮੌਕੇ ਅਦਾਰੇ ਦੇ ਹੋਣਹਾਰ ਵਿਦਿਆਰਥੀਆਂ ਕੋਮਲਪ੍ਰੀਤ ਕੌਰ, ਦਮਨਪ੍ਰੀਤ ਕੌਰ, ਦਿਲਰਾਜ ਸਿੰਘ ਨੇ ਸ਼ਬਦ ਗਾਇਨ, ਸਹਿਜਪ੍ਰੀਤ ਸਿੰਘ, ਆਕਾਸ਼ਦੀਪ ਸਿੰਘ ਨੇ ਕਵੀਸ਼ਰੀ ਅਤੇ ਰਮਨਪ੍ਰੀਤ ਕੌਰ ਨੇ ਭਾਸ਼ਣ ਰਾਹੀਂ ਗੁਰੂ ਸਾਹਿਬ ਜੀ ਦੇ ਮਹਾਨ ਜੀਵਨ ਨੂੰ ਬਿਆਨ ਕੀਤਾ। ਅੰਤ ਵਿੱਚ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਕਾਲਜ ਦੇ ਪ੍ਰਿੰ. ਗੁਰਦੀਪ ਸਿੰਘ ਜਲਾਲ ਉਸਮਾ ਨੇ ਸ੍ਰੀ ਗੁਰੂ ਅਮਰਦਾਸ ਜੀ ਦੇ ਸਹਿਜ, ਸੇਵਾ, ਸਮਰਪਣ ਅਤੇ ਦ੍ਰਿੜਤਾ ਵਾਲੇ ਜੀਵਨ ਦੀ ਵਡਿਆਈ ਕਰਦਿਆਂ ਆਖਿਆ ਕਿ ਤੀਸਰੇ ਪਾਤਸ਼ਾਹ ਨੇ ਗੁਰਤਾਗੱਦੀ ਤੇ ਬਿਰਾਜਮਾਨ ਹੋਣ ਤੋਂ ਪਹਿਲਾਂ ਕਈ ਸਾਲ ਸ੍ਰੀ ਗੁਰੂ ਅੰਗਦ ਦੇਵ ਜੀ ਦੀ ਨਿਰੰਤਰ ਸੇਵਾ ਕੀਤੀ ਅਤੇ ਰੋਜ਼ਾਨਾ ਖਡੂਰ ਸਾਹਿਬ ਤੋਂ ਗੋਇੰਦਵਾਲ ਸਾਹਿਬ ਜਾ ਕੇ ਬਿਆਸ ਦਰਿਆ ਤੋਂ ਪਾਣੀ ਦੀ ਗਾਗਰ ਲਿਆ ਕੇ ਇਸ਼ਨਾਨ ਦੀ ਸੇਵਾ ਕਰਦੇ ਰਹੇ। ਗੁਰੂ ਸਾਹਿਬ ਦੀ ਇਹ ਸੇਵਾ ਘਾਲਣਾ ਸਿੱਖ ਜਗਤ ਲਈ ਸਦੀਵੀਂ ਪ੍ਰੇਰਨਾ ਦਾ ਅੱਤ ਅਹਿਮ ਸੋਮਾ ਹੈ।ਨੌਜਵਾਨ ਪੀੜ੍ਹੀ ਨੂੰ ਅਪੀਲ ਕਰਦਿਆਂ ਉਨ੍ਹਾਂ ਕਿਹਾ ਕਿ ਇਸ ਘੋਰ ਕਲਯੁੱਗ ਵਿੱਚ ਗੁਰਬਾਣੀ ਅਤੇ ਸਿੱਖੀ ਸਿਦਕ ਹੀ ਆਦਮੀ ਨੂੰ ਪਾਪਾਂ ਤੋਂ ਰਹਿਤ ਅਤੇ ਨਿਵੇਕਲਾ ਬਣਾ ਸਕਦੇ ਹਨ।ਇਸ ਲਈ ਹਰੇਕ ਮਨੁੱਖ ਨੂੰ ਰੋਜ਼ਾਨਾ ਨਾਮ ਸਿਮਰਨ ਕਰਨਾ, ਪੂਰਨ ਸਿੱਖੀ ਸਰੂਪ ਵਿੱਚ ਰਹਿਣਾ, ਸਿੱਖ ਇਤਿਹਾਸ ਨੂੰ ਯਾਦ ਰੱਖਣਾ ਅਤੇ ਗੁਰੂ ਦੇ ਹੁਕਮਨਾਮਿਆਂ ਅਨੁਸਾਰ ਆਪਣਾ ਜੀਵਨ ਬਤੀਤ ਕਰਨਾ ਚਾਹੀਦਾ ਹੈ।ਇਸ ਮੌਕੇ ਕਾਲਜ ਦੇ ਪ੍ਰਿੰ. ਗੁਰਦੀਪ ਸਿੰਘ ਜਲਾਲ ਉਸਮਾ, ਕਾਲਜ ਸੁਪਰਡੈਂਟ ਕੁਲਦੀਪ ਕੌਰ, ਸਮੂਹ ਅਧਿਆਪਕ ਸਾਹਿਬਾਨ ਅਤੇ ਵਿਦਿਆਰਥੀ ਸ਼ਾਮਿਲ ਸਨ।

# ਸੜਕ ਹਾਦਸੇ 'ਚ ਅਣਪਛਾਤੇ ਮੋਟਰਸਾਈਕਲ ਸਵਾਰ ਦੀ ਮੌਤ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਪੁਲਸ ਥਾਣਾ ਸੇਖਵਾਂ ਅਧੀਨ ਪੈਂਦੇ ਅੱਡਾ ਡੇਹਰੀਵਾਲ ਵਿਖੇ ਸੜਕ ਹਾਦਸੇ 'ਚ ਇੱਕ ਅਣਪਛਾਤੇ ਮੋਟਰਸਾਈਕਲ ਚਾਲਕ ਦੀ ਮੌਤ ਹੋਣ ਦਾ ਦੁਖਦਾਈ ਸਮਾਚਾਰ ਮਿਲਿਆ ਹੈ।ਇਸ ਸਬੰਧੀ ਜਾਣਕਾਰੀ ਸਾਂਝੀ ਕਰਦੇ ਹੋਏ ਥਾਣਾ ਸੇਖਵਾਂ ਦੇ ਐੱਸਐੱਚਓ ਗੁਰਮਿੰਦਰ ਸਿੰਘ ਨੇ ਦੱਸਿਆ ਕਿ ਬੀਤੇ ਦਿਨ ਅੱਡਾ ਡੇਹਰੀਵਾਲ ਵਿਖੇ ਵਾਪਰੇ ਸੜਕ ਹਾਦਸੇ ਵਿੱਚ ਇੱਕ ਬਿਨਾਂ ਨੰਬਰੀ ਮੋਟਰਸਾਈਕਲ ਸਵਾਰ ਅਣਪਛਾਤਾ ਵਿਅਕਤੀ ਗੰਭੀਰ ਜ਼ਖਮੀ ਹੋ ਗਿਆ, ਜਿਸ ਨੂੰ ਇਲਾਜ ਦੇ ਲਈ ਬਟਾਲਾ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ, ਜਿੱਥੇ ਉਸ ਨੂੰ ਇਲਾਜ ਦੇ ਲਈ ਅੰਮ੍ਰਿਤਸਰ ਦੇ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਜਿੱਥੇ ਅੱਜ ਉਸ ਦੀ ਇਲਾਜ ਦੌਰਾਨ ਮੌਤ ਹੋ ਗਈ ਹੈ।ਪੁਲਸ ਅਧਿਕਾਰੀ ਨੇ ਅੱਗੇ ਦੱਸਿਆ ਕਿ ਅਣਪਛਾਤੇ ਵਿਅਕਤੀ ਦੀ ਲਾਸ਼ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਪਹਿਚਾਣ ਲਈ ਸਿਵਿਲ ਹਸਪਤਾਲ ਬਟਾਲਾ ਦੇ ਡੈੱਡ ਹਾਊਸ ਵਿੱਚ ਰਖਵਾ ਦਿੱਤਾ ਗਿਆ। ਵਿਅਕਤੀ ਦੀ ਪਹਿਚਾਣ ਹੋਣ ਤੋਂ ਬਾਅਦ ਹੀ ਅਗਲੀ ਕਾਰਵਾਈ ਨੂੰ ਅਮਲ ਵਿੱਚ ਲਿਆਂਦਾ ਜਾਵੇਗਾ।

# ਬਾਬਾ ਪ੍ਰੀਤਮ ਸਿੰਘ ਤਰਸਿੱਕਾ ਦੀ ਬਰਸੀ ਅੱਜ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਸੱਚਖੰਡ ਵਾਸੀ ਸੰਤ ਬਾਬਾ ਪ੍ਰੀਤਮ ਸਿੰਘ ਤਰਸਿੱਕਾ ਦੀ ਚੌਥੀ ਸਾਲਾਨਾ ਬਰਸੀ ਸੱਚਖੰਡ ਵਾਸੀ ਸੰਤ ਬਾਬਾ ਗੁਰਬਚਨ ਸਿੰਘ ਤੇ ਉਨ੍ਹਾਂ ਦੇ ਤਪ ਅਸਥਾਨ ਗੁਰਦੁਆਰਾ ਭਗਤਾਂ ਦਾ ਡੇਰਾ ਤਰਸਿੱਕਾ ਵਿਖੇ 19 ਸਤੰਬਰ ਨੂੰ ਇਲਾਕੇ ਦੀ ਸਾਧ ਸੰਗਤ ਦੇ ਸਹਿਯੋਗ ਨਾਲ ਸ਼ਰਧਾ ਨਾਲ ਮਨਾਈ ਜਾ ਰਹੀ ਹੈ । ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਗੁਰਦੇਵ ਸਿੰਘ ਨੇ ਦੱਸਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ 19 ਸਤੰਬਰ ਨੂੰ ਪਾਏ ਜਾਣਗੇ। ਭੋਗ ਉਪਰੰਤ ਸਾਰਾ ਦਿਨ ਕੀਰਤਨ ਤੇ ਕਥਾ ਦਾ ਪ੍ਰਵਾਹ ਚਲੇਗਾ, ਜਿਸ ਵਿੱਚ ਭਾਈ ਰਣਜੀਤ ਸਿੰਘ ਮਾਂਗਾ ਸਰਾਏ, ਭਾਈ ਬਲਦੇਵ ਸਿੰਘ ਤੇ ਭਾਈ ਤੀਰਥ ਸਿੰਘ ਤਰਸਿੱਕਾ ਦਾ ਜਥਾ, ਭਾਈ ਜਗਤਾਰ ਸਿੰਘ ਹਜ਼ੂਰੀ ਰਾਗੀ ਸ੍ਰੀ ਹਰਿਮੰਦਰ ਸਾਹਿਬ, ਭਾਈ ਮੱਖਣ ਸਿੰਘ ਦਸਮੇਸ਼ ਨਗਰ ਦਾ ਕਵੀਸ਼ਰੀ ਜਥਾ ਤੇ ਇਲਾਕੇ ਦੇ ਵਿਸ਼ੇਸ਼ ਤੌਰ 'ਤੇ ਪਹੁੰਚੇ ਮਹਾਂਪੁਰਸ਼ ਸੰਗਤਾਂ ਨੂੰ ਕੀਰਤਨ, ਕਵੀਸ਼ਰੀ, ਕਥਾ ਤੇ ਗੁਰਮਤਿ ਵਿਚਾਰਾਂ ਨਾਲ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨਗੇ।ਗੁਰੂ ਕਾ ਲੰਗਰ ਅਤੁੱਟ ਵਰਤੇਗਾ।

# ਸਾਇੰਸ ਸੈਮੀਨਾਰ ਦੌਰਾਨ ਵੱਖ-ਵੱਖ ਸਕੂਲਾਂ ਤੋਂ ਆਏ ਅਧਿਆਪਕਾਂ ਦਾ ਮਾਣ-ਸਨਮਾਨ




**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)** ਜ਼ਿਲ੍ਹਾ ਸਿੱਖਿਆ ਅਫ਼ਸਰ (ਸ ਸ) ਦੇ ਦਿਸ਼ਾ ਨਿਰਦੇਸ਼ਾਂ ਅਤੇ ਡੀ. ਆਰ. ਸੀ. ਅਮਰਜੀਤ ਸਿੰਘ ਪੁਰੇਵਾਲ ਦੀ ਯੋਗ ਅਗਵਾਈ ਹੇਠ ਬਲਾਕ ਕਾਦੀਆਂ-1 ਵਿੱਚ ਸਾਇੰਸ ਵਿਸ਼ੇ ਦਾ ਸੈਮੀਨਾਰ ਲਗਾਇਆ ਗਿਆ।ਸੈਮੀਨਾਰ ਦਾ ਵਿਸ਼ਾ ਆਰਟੀਫੀਸ਼ੀਅਲ ਇੰਟੈਲੀਜੈਂਸ ਪੁਟੈਂਸ਼ੀਅਲ ਐਂਡ ਕੰਸਰਨਜ਼ ਸੀ ਜਿਸ ਵਿੱਚ ਬਲਾਕ ਕਾਦੀਆਂ-1 ਦੇ 20 ਸਕੂਲਾਂ ਨੇ ਆਪਣੇ ਗਾਈਡ ਅਧਿਆਪਕ ਸਮੇਤ ਭਾਗ ਲਿਆ।ਸੁਪਰੀਤ ਕੌਰ ਸ ਸ ਸ ਸ ਭਰਥ ਨੇ ਪਹਿਲਾ ਸਥਾਨ, ਅਮਿਤ ਸ ਹ ਸ ਬਸਰਾਏ ਨੇ ਦੂਸਰਾ ਸਥਾਨ, ਏਂਜਲ ਬਸਰਾਏ ਨੇ ਤੀਸਰਾ ਸਥਾਨ ਹਾਸਲ ਕੀਤਾ।ਇਸ ਸਮੇਂ ਪਹਿਲਾ ਸਥਾਨ ਹਾਸਲ ਕਰਨ ਵਾਲ਼ੇ ਸਕੂਲ ਦੇ ਗਾਈਡ ਅਧਿਆਪਕ ਰੇਖਾ ਰਾਜਪੂਤ ਅਤੇ ਦੂਸਰਾ ਅਤੇ ਤੀਸਰਾ ਸਥਾਨ ਹਾਸਲ ਕਰਨ ਵਾਲੇ ਸਕੂਲ ਦੇ ਗਾਈਡ ਅਧਿਆਪਕ ਮਨਦੀਪ ਕੌਰ ਨੂੰ ਸਨਮਾਨਿਤ ਕੀਤਾ ਗਿਆ।ਸੈਮੀਨਾਰ ਵਿੱਚ ਹਿੱਸਾ ਲੈਣ ਵਾਲ਼ੇ ਸਭ ਵਿਦਿਆਰਥੀਆਂ ਨੂੰ ਗਿਫ਼ਟ ਅਤੇ ਸਰਟੀਫਿਕੇਟ ਦਿੱਤੇ ਗਏ।ਜੱਜ ਦੀ ਭੂਮਿਕਾ ਪ੍ਰਦੀਪ ਕੁਮਾਰ ਲੈਕਚਰਾਰ ਫਿਜ਼ਿਕਸ ਸ ਸ ਸ ਸ ਕਾਦੀਆਂ, ਮੈਡਮ ਨਵਦੀਪ ਨੀਤੂ ਸਾਇੰਸ ਮਿਸਟਰੈਸ ਸ ਸ ਸ ਸ ਡੱਲਾ ਅਤੇ ਜਸਵਿੰਦਰ ਕੌਰ ਕੰਪਿਊਟਰ ਫੈਕਲਟੀ ਸ ਸ ਸ ਸ ਡੱਲਾ ਨੇ ਨਿਭਾਈ। ਸਟੇਜ ਸਕੱਤਰ ਦੀ ਭੂਮਿਕਾ ਗੁਰਮੁੱਖ ਸਿੰਘ ਬੀ ਆਰ ਸੀ ਕਾਦੀਆਂ-1 ਨੇ ਨਿਭਾਈ।ਇਸ ਮੌਕੇ ਬੋਲਦਿਆਂ ਬੀ ਐੱਨ ਓ ਵਿਜੈ ਕੁਮਾਰ ਨੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਹੋ ਜਿਹੇ ਮੁਕਾਬਲੇ ਬੱਚਿਆਂ ਨੂੰ ਸਮੇਂ ਦਾ ਹਾਣੀ ਬਣਾਉਂਦੇ ਹਨ ਅਤੇ ਭਵਿੱਖ ਸੰਵਾਰਨ ਵਿੱਚ ਮਦਦਗਾਰ ਸਿੱਧ ਹੁੰਦੇ ਹਨ।ਬੱਚਿਆਂ ਨੂੰ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਤਾਂ ਕਿ ਉਹ ਆਉਣ ਵਾਲ਼ੀ ਜ਼ਿੰਦਗੀ ਵਿੱਚ ਸਫ਼ਲਤਾ ਦੀਆਂ ਬੁਲੰਦੀਆਂ ਨੂੰ ਛੂਹ ਸਕਣ। ਪ੍ਰੋਗਰਾਮ ਦੇ ਅਖੀਰ ਵਿੱਚ ਬੀਐੱਨਓ ਵਿਜੈ ਕੁਮਾਰ ਵੱਲੋਂ ਵੱਖ-ਵੱਖ ਸਕੂਲਾਂ ਤੋਂ ਆਏ ਹੋਏ ਗਾਈਡ ਅਧਿਆਪਕ ਸਹਿਬਾਨ ਨੂੰ ਸਨਮਾਨਿਤ ਕੀਤਾ ਗਿਆ ।

# ਦਾਣਾ ਮੰਡੀ ਧਾਰੀਵਾਲ 'ਚ ਅਗੇਤੀ ਕਿਸਮ ਦੇ ਝੋਨੇ ਦੀ ਪ੍ਰਾਈਵੇਟ ਖਰੀਦ ਸ਼ੁਰੂ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਸਥਾਨਕ ਦਾਣਾ ਮੰਡੀ ਧਾਰੀਵਾਲ ਵਿਖੇ ਅਗੇਤੀ ਕਿਸਮ ਦੇ ਝੋਨੇ ਦੀ ਆਮਦ ਸ਼ੁਰੂ ਹੋ ਗਈ ਹੈ। ਦਾਣਾ ਮੰਡੀ ਧਾਰੀਵਾਲ ਵਿੱਚ ਸੂਬੇਦਾਰ ਟ੍ਰੇਡਿੰਗ ਕੰਪਨੀ ਕੋਲ ਆਏ ਅਗੇਤੀ ਕਿਸਮ ਦੇ ਝੋਨੇ ਦੀ ਪ੍ਰਾਈਵੇਟ ਖਰੀਦ ਦੀ ਸ਼ੁਰੂਆਤ ਕਰਨ ਮੌਕੇ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਸਿੰਘ ਨੂੰ ਬੁਲਾ ਕੇ ਸ੍ਰੀ ਅਕਾਲ ਪੁਰਖ ਅੱਗੇ ਸ਼ੁਕਰਾਨਾ ਅਰਦਾਸ ਕੀਤੀ ਗਈ। ਇਸ ਮੌਕੇ ਝੋਨੇ ਲੈ ਕੇ ਆਏ ਪਿੰਡ ਮਸਾਣੇ ਦੇ ਅਗਾਂਹਵਧੂ ਕਿਸਾਨ ਬਿਕਰਮਜੀਤ ਸਿੰਘ ਨੇ ਮੰਡੀ ਵਿੱਚ ਆੜ੍ਹਤੀਆਂ ਦੇ ਪ੍ਰਬੰਧਾਂ ਦੀ ਸ਼ਲਾਘਾ ਕਰਦਿਆਂ ਦੱਸਿਆ ਉਸ ਨੇ 1509 ਕਿਸਮ ਦੇ ਝੋਨੇ ਦੀ ਕਾਸ਼ਤ ਕੀਤੀ ਸੀ ਜੋ ਅੱਜ ਦਾਣਾ ਮੰਡੀ ਧਾਰੀਵਾਲ ਵਿਖੇ ਲੈ ਕੇ ਆਉਣ 'ਤੇ ਇਸ ਦਾ ਵਧੀਆਂ ਮੁੱਲ ਮਿਲ ਗਿਆ ਹੈ। ਇਸ ਮੌਕੇ ਆੜ੍ਹਤੀ ਐਸੋਸੀਏਸ਼ਨ ਧਾਰੀਵਾਲ ਦੇ ਪ੍ਰਧਾਨ ਮੰਗਲ ਸਿੰਘ ਜਫਰਵਾਲ, ਸਕੱਤਰ ਰੂਪ ਸਿੰਘ ਜਫਰਵਾਲ, ਕੈਸ਼ੀਅਰ ਕਰਤਾਰ ਸਿੰਘ ਭੰਗੂ, ਐਡੀਟਰ ਜਸਪਾਲ ਸਿੰਘ, ਰੋਬਨ ਵੋਹਰਾ, ਗੁਰਿੰਦਰ ਸਿੰਘ ਖਹਿਰਾ, ਐੱਲ. ਜੀ. ਲਵਲੀ, ਸਰਪੰਚ ਜਸਵੰਤ ਸਿੰਘ ਚਾਹਲ, ਰਵੀ ਮਹਾਜਨ, ਗੁਰਸ਼ਰਨ ਸਿੰਘ ਮਿੰਟਾ, ਬਲਵਿੰਦਰ ਸਿੰਘ ਸੁਚੈਨੀਆਂ, ਕੰਵਲਜੀਤ ਸਿੰਘ ਆਦਿ ਆੜ੍ਹਤੀਆਂ ਨੇ ਕਿਸਾਨ ਭਰਾਵਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਝੋਨੇ ਦੀ ਫਸਲ ਪੱਕਣ 'ਤੇ ਚੰਗੀ ਤਰ੍ਹਾਂ ਸੁਕਾ ਕੇ ਮੰਡੀਆਂ ਵਿੱਚ ਲੈ ਕੇ ਆਉਣ ਤਾਂ ਉਨ੍ਹਾਂ ਦੇ ਝੋਨੇ ਦੀ ਖਰੀਦ ਸਮੇਂ ਸਿਰ ਹੋ ਕੇ 48 ਘੰਟਿਆਂ ਵਿੱਚ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਪੈਸੇ ਪੈ ਸਕਣ। ਆੜ੍ਹਤੀਆਂ ਨੇ ਦੱਸਿਆ ਮਾਰਕੀਟ ਕਮੇਟੀ ਧਾਰੀਵਾਲ ਦੇ ਸਮੁੱਚੇ ਸਟਾਫ ਵੱਲੋਂ ਮੰਡੀ ਵਿੱਚ ਖਰੀਦ ਦੇ ਸਾਰੇ ਪ੍ਰਬੰਧ ਮੁਕੰਮਲ ਕੀਤੇ ਗਏ ਹਨ ਅਤੇ ਮੰਡੀਆਂ ਵਿੱਚ ਜਿਣਸ ਲੈ ਕੇ ਆਉਣ ਵਾਲੇ ਕਿਸਾਨਾਂ ਨੂੰ ਕੋਈ ਮੁਸ਼ਕਲ ਨਹੀਂ ਆਵੇਗੀ।

# ਸਰਕਾਰੀ ਸੀ. ਸੈ. ਸਕੂਲ ਬਨਿਲੋਧੀ ਦੇ ਵਿਦਿਆਰਥੀਆਂ ਦੀ ਬਿਰਧ ਆਸ਼ਰਮ 'ਚ ਫੇਰੀ




**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਨਿਲੋਧੀ ਦੇ ਵਿਦਿਆਰਥੀਆਂ ਨੇ ਬਜ਼ੁਰਗਾਂ ਦਾ ਵਿਹੜਾ ਆਦਰਸ਼ ਬਿਰਧ ਆਸ਼ਰਮ ਝਾਖੋਲਾੜੀ ਦਾ ਦੌਰਾ ਕੀਤਾ।ਬਜ਼ੁਰਗਾਂ ਦੇ ਨਾਲ ਦੁੱਖ ਸਾਂਝੇ ਕੀਤੇ ਅਤੇ ਬਜ਼ੁਰਗਾਂ ਦਾ ਹਾਲ ਚਾਲ ਪੁੱਛਿਆ ।ਇਨ੍ਹਾਂ ਦੇ ਨਾਲ ਆਏ ਅਧਿਆਪਕ ਨਰਿੰਦਰ ਲਾਲ ਸੈਣੀ ਤੇ ਪ੍ਰਿੰ. ਸੁਧੀਰ ਸਿੰਘ ਸਲਾਰੀਆ ਨੇ ਵੀ ਬਿਰਧ ਘਰ ਵਿੱਚ ਰਹਿ ਰਹੇ ਬਜ਼ੁਰਗਾਂ ਨੂੰ ਸਹਾਰਾ ਦਿੰਦੇ ਹੋਏ ਕਿਹਾ ਕਿ ਜੋ ਕੁੱਝ ਵੀ ਤੁਹਾਡੇ ਨਾਲ ਪਿੱਛੇ ਹੋ ਚੁੱਕਿਆ ਹੈ ਤੁਸੀਂ ਉਸਨੂੰ ਭੁੱਲ ਜਾਓ। ਉਨ੍ਹਾਂ ਨੇ ਆਸ਼ਰਮ ਪ੍ਰਬੰਧਕਾਂ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਤੁਸੀਂ ਜੋ ਇਹ ਮਾਨਵਤਾ ਦੀ ਸੇਵਾ ਕਰ ਰਹੇ ਹੋ ਇਹ ਸੇਵਾ ਨੂੰ ਦੇਖ ਕੇ ਬਹੁਤ ਖੁਸ਼ੀ ਹੋਈ ਹੈ।ਅਸੀਂ ਆਪਣੀ ਖੁਸ਼ੀ ਸ਼ਬਦਾਂ ਰਾਹੀਂ ਬਿਆਨ ਨਹੀਂ ਕਰ ਸਕਦੇ।ਅੰਤ ਵਿੱਚ ਆਸ਼ਰਮ ਪ੍ਰਧਾਨ ਸਤਨਾਮ ਸਿੰਘ ਅਤੇ ਸੁਪਰਡੈਂਟ ਮੈਡਮ ਅੰਜਲੀ ਸ਼ਰਮਾ ਨੇ ਆਏ ਹੋਏ ਸਾਰੇ ਹੀ ਵਿਦਿਆਰਥੀਆਂ ਨੂੰ ਦੱਸਿਆ ਕਿ ਸਾਨੂੰ ਬਜ਼ੁਰਗਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ। ਉਨ੍ਹਾਂ ਨੂੰ ਘਰੋਂ ਬੇਘਰ ਨਹੀਂ ਕਰਨਾ ਚਾਹੀਦਾ ।ਸਮਾਂ ਬਹੁਤ ਬਲਵਾਨ ਹੁੰਦਾ ਹੈ।ਸਾਨੂੰ ਸਾਰਿਆਂ ਦਾ ਬਜ਼ੁਰਗਾਂ ਦਾ ਆਦਰ ਸਨਮਾਨ ਕਰਨਾ ਚਾਹੀਦਾ ।ਬਜ਼ੁਰਗਾਂ ਤੋਂ ਆਸ਼ੀਰਵਾਦ ਪ੍ਰਾਪਤ ਕਰਨਾ ਚਾਹੀਦਾ।ਇਸ ਮੌਕੇ ਆਸਰਮ ਸਮੂਹ ਸਟਾਫ ਸਵਿਤਾ, ਅੰਜੂ ਬਾਲਾ, ਰਾਜ ਰਾਣੀ, ਰਾਣੀ ਦੇਵੀ, ਪੂਜਾ ਦੇਵੀ, ਪ੍ਰੀਆ ਚੰਦ ਦੇਵ, ਤਰਸੇਮ ਲਾਲ, ਰਮੇਸ਼ ਚੰਦਰ ਆਦਿ ਮੌਜੂਦ ਸਨ।

# ਮਹਾਤਮਾ ਬੁੱਧ, ਸਤਿਗੁਰੂ ਕਬੀਰ ਤੇ ਜੋਤੀਰਾਏ ਫੂਲੇ 'ਤੇ ਅਧਾਰਤ ਕੈਲੰਡਰ ਰਿਲੀਜ਼



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਤਿੰਨ ਗੁਰੂਆਂ ਤਥਾਗਤ, ਸਤਿਗੁਰ ਕਬੀਰ ਅਤੇ ਮਹਾਤਮਾ ਜੋਤੀਰਾਏ ਫੂਲੇ 'ਤੇ ਅਧਾਰਿਤ ਕੈਲੰਡਰ ਰਿਲੀਜ਼ ਅਤੇ ਸੈਮੀਨਾਰ ਇਥੇ ਸਤਿਗੁਰੂ ਕਬੀਰ ਮੰਦਰ ਫੱਜੂਪੁਰ ਵਿਖੇ ਕਰਵਾਇਆ ਗਿਆ। ਇਸ ਸੈਮੀਨਾਰ ਵਿੱਚ ਭਗਤ ਮਹਾਂਸਭਾ ਭਾਰਤ ਦੇ ਅਹੁਦੇਦਾਰਾਂ ਤੋਂ ਇਲਾਵਾ ਪੰਜਾਬ ਦੇ ਵੱਖ-ਵੱਖ ਜ਼ਿਲਿ ਆਂ ਵਿੱਚੋਂ ਸਤਿਗੁਰ ਕਬੀਰ ਮੰਦਰ ਕਮੇਟੀਆਂ ਦੇ ਅਹੁਦੇਦਾਰ ਸਾਮਿਲ ਹੋਏ। ਇਸ ਮੌਕੇ ਭਗਤ ਮਹਾਂਸਭਾ ਦੇ ਰਾਸ਼ਟਰੀ ਪ੍ਰਧਾਨ ਪ੍ਰੋਫੈਸਰ ਰਾਜ ਕੁਮਾਰ, ਰੋਸ਼ਨ ਲਾਲ ਕੋਆਰਡੀਨੇਟਰ ਪੰਜਾਬ, ਡਾਕਟਰ ਅੰਬੇਡਕਰ ਮਿਸ਼ਨ ਗੁਰਦਾਸਪੁਰ ਦੇ ਪ੍ਰਧਾਨ ਕੇਵਲ ਕ੍ਰਿਸ਼ਨ ਲਾਡੀ, ਬਸਪਾ ਜ਼ਿਲ੍ਹਾ ਪ੍ਰਧਾਨ ਪ੍ਰਧਾਨ ਜੇ. ਪੀ. ਭਗਤ, ਲੈਕ. ਕੰਸ ਰਾਜ ਬਟਾਲਾ, ਦੁਰਗਾ ਦਾਸ ਪਠਾਨਕੋਟ, ਸਤਿਗੁਰ ਕਬੀਰ ਮੰਦਰ ਫੱਜੂਪੁਰ ਦੇ ਪ੍ਰਧਾਨ ਅਸ਼ਵਨੀ ਫੱਜੂਪੁਰ, ਡਾਕਟਰ ਅੰਬੇਡਕਰ ਮਿਸ਼ਨ ਦੇ ਆਗੂ ਨੰਦਲਾਲ ਕਲਿਆਣਪੁਰੀ, ਡਾ. ਰਤਨ ਲੇਹਲ, ਡਾ. ਸੰਤੋਖ ਰਾਜ ਬਿੱਧੀਪੁਰ, ਐੱਸਡੀਓ ਕਸਤੂਰੀ ਲਾਲ, ਵਿਜੇ ਕੁਮਾਰ ਪਠਾਨਕੋਟ ਆਦਿ ਬੁਲਾਰਿਆਂ ਵੱਲੋਂ ਤਥਾਗਤ ਬੁੱਧ, ਸਤਿਗੁਰ ਕਬੀਰ, ਮਹਾਤਮਾ ਜੋਤੀਰਾਏ ਫੂਲੇ ਅਤੇ ਬਾਬਾ ਸਾਹਿਬ ਡਾਕਟਰ ਅੰਬੇਡਕਰ ਜੀ ਦੇ ਸੰਘਰਸ਼ਮਈ ਇਤਿਹਾਸ ਤੇ ਚਾਨਣਾ ਪਾਇਆ ਗਿਆ ਅਤੇ ਉਨ੍ਹਾਂ ਦੇ ਸੰਘਰਸ਼ ਕਰਕੇ ਪ੍ਰਾਪਤ ਕੀਤੇ ਹੱਕਾਂ ਨੂੰ ਸਮਾਜ ਦੇ ਦੱਬੇ ਕੁਚਲੇ ਲੋਕਾਂ ਤੱਕ ਪਹੁੰਚਾਉਣ ਦਾ ਪ੍ਰਣ ਲਿਆ। ਇਸ ਮੌਕੇ ਬਾਬਾ ਸਾਹਿਬ ਡਾ..ਅੰਬੇਡਕਰ ਦੇ ਗੁਰੂਆਂ ਨਾਲ ਸਬੰਧਤ ਕੈਲੰਡਰ ਨੂੰ ਵੀ ਜਾਰੀ ਕੀਤਾ ਗਿਆ। ਇਸ ਮੌਕੇ ਪ੍ਰਬੰਧਕ ਕਮੇਟੀ ਸਤਿਗੁਰ ਕਬੀਰ ਮੰਦਰ ਫੱਜੂਪੁਰ ਦੇ ਜਨਰਲ ਸਕੱਤਰ ਗੁਰਬਚਨ ਸਿੰਘ ਜ਼ਿਲੇ ਦਾਰ ਵੱਲੋਂ ਆਏ ਹੋਏ ਵੱਖ-ਵੱਖ ਕਮੇਟੀਆਂ ਦੇ ਆਗੂਆਂ ਦਾ ਧੰਨਵਾਦ ਕੀਤਾ ਗਿਆ। ਸੈਮੀਨਾਰ ਵਿੱਚ ਪ੍ਰੇਮਪਾਲ ਪੰਮਾ, ਸੇਵਾਦਾਰ ਕੁੰਦਨ ਲਾਲ, ਪ੍ਰਚਾਰਕ ਭਗਤ ਦੀਨਾ ਨਾਥ, ਕੈਸ਼ੀਅਰ ਪ੍ਰੇਮ ਭਗਤ ਅਹਿਮਦਾਬਾਦ, ਸਾਬਕਾ ਸਰਪੰਚ ਸੁਖਦੇਵ ਸਿੰਘ, ਜਤਿੰਦਰ ਭਗਤ ਦੀਨਪੁਰ, ਐਡਵੋਕੇਟ ਲਲਿਤ ਪ੍ਰਸਾਦ, ਰਿਟਾਇਰ ਸਿੱਖਿਆ ਅਫਸਰ ਪਠਾਨਕੋਟ ਬਲਦੇਵ ਰਾਜ, ਲੈਕਚਰਾਰ ਰਵੀ ਕੁਮਾਰ, ਜਤਿੰਦਰ ਕੁਮਾਰ ਫਤਿਹਨੰਗਲ, ਪ੍ਰੇਮ ਸਿੰਘ ਬੇਦੀ ਕਲੋਨੀ, ਤਜਿੰਦਰ ਕਲਿਆਣਪੁਰ, ਹਰਜੀਤ ਸਿੰਘ ਗੌਂਸਪੁਰ, ਹਰੀ ਰਾਮ ਭਗਤ, ਕੀਮਤੀ ਲਾਲ ਭਗਤ, ਸਾਂਈ ਦਾਸ ਭਗਤ, ਤਿਲਕ ਰਾਜ, ਧਰਮਪਾਲ ਭਗਤ ਪਠਾਨਕੋਟ, ਨੰਬਰਦਾਰ ਮਹਿੰਦਰ ਪਾਲ ਨੰਬਰਦਾਰ ਰਤਨ ਲਾਲ ਆਦਿ ਸਮੇਤ ਹੋਰ ਸੰਗਤ ਵੀ ਸਾਮਲ ਸੀ।

# ਕਿਸਾਨ ਧੜਾਧੜ ਲਾ ਰਹੇ ਨੇ ਪਰਾਲੀ ਨੂੰ ਅੱਗ, ਪ੍ਰਸ਼ਾਸਨ ਸੁੱਤਾ ਕੁੰਭਕਰਨੀ ਨੀਂਦ



**ਵੇਰਕਾ (ਰਾਣਾ)**-ਰਾਜ ਅੰਦਰ ਅੱਜਕੱਲ ਝੋਨੇ ਦੀ ਵਢਾਈ ਦਾ ਕੰਮ ਪੂਰੇ ਜੋਰਾਂ 'ਤੇ ਚੱਲ ਰਿਹਾ ਹੈ।ਇਸ ਮੌਕੇ ਹਰ ਕੋਈ ਛੇਤੀ ਨਾਲ ਝੋਨਾ ਵੱਢ ਕੇ ਮਟਰ/ਫਲੀਆਂ ਸਬਜ਼ੀ ਦੀ ਲਵਾਈ ਵਾਸਤੇ ਉਤਾਵਲੇ ਹੋਏ ਹਨ। ਕੁਝ ਇਕ ਕਿਸਾਨਾਂ ਨੇ ਫਲੀਆਂ ਦੀ ਬਿਜਾਈ ਤੱਕ ਵੀ ਕਰ ਲਈ ਹੈ।ਮਸ਼ੀਨਰੀ ਯੁੱਗ ਦਾ ਪੂਰਾ-ਪੂਰਾ ਲਾਹਾ ਲਿਆ ਜਾ ਰਿਹਾ ਹੈ। ਇਸ ਦੌਰਾਨ ਕਿਸਾਨਾਂ ਵੱਲੋਂ ਪੈਲੀਆਂ ਨੂੰ ਸਬਜ਼ੀਆਂ ਦੀ ਬਿਜਾਈ ਲਈ ਯੋਗ ਬਣਾਉਣ ਵਾਸਤੇ ਝੋਨੇ ਦੀ ਪਰਾਲੀ ਨੂੰ ਹਰ ਸਾਲ ਦੀ ਤਰਾਂ ਹੀ ਬੇਖੌਫ ਤੇ ਨਿਡਰ ਹੋਏ ਧੜਾਧੜ ਅੱਗ ਲਗਾਈ ਜਾ ਰਹੀ ਹੈ।ਇਸ ਬਾਬਤ ਸ਼ਾਸਨ-ਪ੍ਰਸਾਸਨ ਅਣਜਾਣ ਬਣਿਆ ਹੋਇਆ ਕੁੰਭਕਰਨੀ ਨੀਂਦ ਸੁੱਤਾ ਪਿਆ ਹੈ। ਪ੍ਰਸ਼ਸਨਿਕ ਅਧਿਕਾਰੀ ਮਹਿਜ਼ ਪਰਾਲੀ ਨੂੰ ਅੱਗ ਨਾ ਲਾਏ ਜਾਣ ਸੰਬੰਧੀ ਇਕ ਪੱਤਰ ਜਾਰੀ ਕਰਕੇ ਆਪਣੀ ਜ਼ਿੰਮੇਵਾਰੀ ਬਾਖੂਬੀ ਨਿਭਾ ਚੁੱਕੇ ਹਨ। ਇਸ ਸੰਬੰਧੀ ਖੇਤੀਬਾੜੀ ਵਿਭਾਗ ਵੀ ਆਪਣੇ ਕਰਤੱਵਾਂ ਨੂੰ/ਬਣਦੇ ਫਰਜ਼ ਲਗਭਗ ਪੂਰਾ ਕਰ ਚੁੱਕਿਆ ਹੈ।ਦੂਜੇ ਪਾਸੇ ਕਿਸਾਨਾਂ ਨੂੰ ਉਕਤ ਮਾਮਲੇ ਬਾਬਤ ਦਰਪੇਸ਼ ਸਮੱਸਿਆਵਾਂ ਦੇ ਹੱਲ ਕੱਢਣ ਲਈ ਸ਼ਾਸਨ-ਪ੍ਰਸ਼ਾਸਨ ਸ਼ਾਇਦ ਬੇਵੱਸੀ ਜ਼ਾਹਰ ਕਰਦਾ ਹੈ ਜਾਂ ਫਿਰ ਉਨ੍ਹਾਂ ਦੀਆਂ ਔਕੜਾਂ ਦਾ ਜਾਣਬੁੱਝ ਕੇ ਕੋਈ ਪੱਕਾ ਹੱਲ ਨਹੀਂ ਕਰਦਾ ਹੈ, ਜਿਸ ਕਾਰਨ ਕਿਸਾਨ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਵਾਸਤੇ ਆਪਣੇ-ਆਪ ਨੂੰ ਮਜਬੂਰ ਦੱਸਦੇ ਹਨ।ਇਸ ਦੌਰਾਨ ਗੱਲ ਭਾਵੇਂ ਕੁਝ ਵੀ ਹੋਵੇ ਪਰ ਵਾਤਾਵਰਣ ਤਾਂ ਨਿਰੰਤਰ ਪ੍ਰਭਾਵਿਤ ਹੋ ਰਿਹਾ ਹੈ।ਹਵਾ ਪਲੀਤ ਹੋ ਰਹੀ ਹੈ।ਦਿਨ ਪ੍ਰਤੀ ਦਿਨ ਵੱਧਦੇ ਪ੍ਰਦੂਸ਼ਣ ਕਾਰਨ ਲੋਕ ਖ਼ਤਰਨਾਕ ਬਿਮਾਰੀਆਂ ਦਾ ਸ਼ਿਕਾਰ ਹੁੰਦੇ ਹਨ। ਜੀਵਨ ਦੇਣ ਵਾਲੀ ਸ਼ੁੱਧ ਹਵਾ ਦੂਸ਼ਿਤ ਹੋ ਗਈ ਹੈ।ਉਪਰੋਕਤ ਸਮੱਸਿਆ ਪ੍ਰਤੀ ਸ਼ਾਸਨ-ਪ੍ਰਸਾਸਨ ਅਤੇ ਕਿਸਾਨ ਜਥੇਬੰਦੀਆਂ ਨੂੰ ਪਹਿਲਕਦਮੀ ਕਰਦੇ ਹੋਏ ਫੌਰੀ ਕੋਈ ਲੋੜੀਂਦਾ ਤੇ ਢੁੱਕਵਾਂ ਹੱਲ ਕੱਢਣਾ ਚਾਹੀਦਾ ਹੈ। ਨਿਕਟ ਭਵਿੱਖ ਨੂੰ ਮੱਦੇਨਜ਼ਰ ਰੱਖਦੇ ਹੋਏ ਸਮੁੱਚੀ ਮਾਨਵਤਾ ਦੇ ਭਲੇ ਲਈ ਕਾਰਜ ਕਰਨਾ ਚਾਹੀਦਾ ਹੈ।

# ਜੱਗਾ ਮਜੀਠਾ ਨੇ ਪੰਜ ਪਰਵਾਰਾਂ ਨੂੰ ਮਕਾਨ ਬਣਾਉਣ ਲਈ ਚੈੱਕ ਵੰਡੇ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਵਿਧਾਨ ਸਭਾ ਹਲਕਾ ਮਜੀਠਾ ਦੇ ਆਮ ਆਦਮੀ ਪਾਰਟੀ ਵੱਲੋਂ ਹਲਕਾ ਇੰਚਾਰਜ ਜਗਵਿੰਦਰ ਪਾਲ ਸਿੰਘ ਜੱਗਾ ਮਜੀਠਾ ਵੱਲੋਂ ਹਲਕਾ ਮਜੀਠਾ ਨਾਲ ਸੰਬੰਧਿਤ ਬਲਾਕ ਤਰਸਿੱਕਾ ਦੇ ਪਿੰਡ ਚਾਟੀਵਿੰਡ ਲੇਹਲ ਵਿੱਚ ਮਕਾਨ ਬਣਾਉਣ ਲਈ 5 ਪਰਿਵਾਰਾਂ ਨੂੰ ਚੈੱਕ ਵੰਡੇ ਗਏ। ਇਸ ਮੌਕੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਜੱਗਾ ਮਜੀਠਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਨੂੰ ਮੁੜ ਤੋਂ ਰੰਗਲਾ ਪੰਜਾਬ ਬਣਾਉਣ ਲਈ ਲਗਾਤਾਰ ਸਾਰਥਕ ਉਪਰਾਲੇ ਕਰ ਰਹੀ ਹੈ।ਜੱਗਾ ਮਜੀਠਾ ਨੇ ਕਿਹਾ ਕਿ ਕੇਂਦਰ ਵੱਲੋਂ ਪੰਜਾਬ ਦੇ ਪਿੰਡਾਂ ਦੇ ਵਿਕਾਸ ਲਈ ਦਿੱਤਾ ਜਾਣ ਵਾਲਾ ਕਰੋੜਾਂ ਰੁਪਇਆ ਰੋਕੇ ਜਾਣ ਦੇ ਬਾਵਜੂਦ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪਿੰਡਾਂ ਦੇ ਵਿਕਾਸ ਲਈ ਲਗਾਤਾਰ ਫੰਡ ਜਾਰੀ ਕੀਤੇ ਜਾ ਰਹੇ ਹਨ ਅਤੇ ਪਿੰਡ ਵਾਸੀਆਂ ਵੱਲੋਂ ਜਿਹੜੇ ਵੀ ਕੰਮ ਦੱਸੇ ਗਏ ਹਨ, ਉਹ ਪਹਿਲ ਦੇ ਆਧਾਰ ਤੇ ਪੂਰੇ ਕੀਤੇ ਜਾਣਗੇ।ਉਨ੍ਹਾਂ ਕਿਹਾ ਕਿ ਪਿੰਡਾਂ ਦੀਆਂ ਬਹੁਤੀਆਂ ਮੁਸ਼ਕਲਾਂ ਇਕ ਸਮਾਨ ਹੀ ਹਨ, ਜਿਸ ਵਿੱਚ ਪਾਣੀ ਦੀ ਨਿਕਾਸੀ ਦੀ ਸਮੱਸਿਆ, ਸੜਕਾਂ ਦੇ ਆਲੇ ਦੁਆਲੇ ਨਜਾਇਜ਼ ਕਬਜ਼ੇ, ਰੂੜੀਆਂ ਦੀ ਸਮੱਸਿਆ ਅਤੇ ਗਲੀਆਂ-ਨਾਲੀਆਂ ਦੀ ਸਮੱਸਿਆ। ਉਨਾਂ ਦੁਹਰਾਇਆ ਕਿ ਉਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਹੇਠ ਵਿਧਾਨ ਸਭਾ ਹਲਕਾ ਮਜੀਠਾ ਦੇ ਬਹੁਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪਰਗਟ ਸਿੰਘ ਬੀਡੀਪੀਓ ਤਰਸਿੱਕਾ, ਆਪ ਆਗੂ ਤਰਵਿੰਦਰ ਸਿੰਘ ਸਾਧਪੁਰ, ਰਵਿੰਦਰ ਸਿੰਘ ਚਾਟੀ ਵਿੰਡ ਲੇਹਲ, ਮਾਸਟਰ ਮੁਖਤਾਰ ਸਿੰਘ ਚਾਟੀਵਿੰਡ ਲੇਹਲ, ਪਵਨਦੀਪ ਸਿੰਘ ਚਾਟੀ ਪਿੰਡ ਲੇਹਲ, ਕੁਲਵਿੰਦਰ ਸਿੰਘ ਫੌਜੀ, ਪੰਚਾਇਤ ਸੈਕਟਰੀ ਬਲਜਿੰਦਰ ਸਿੰਘ ਅਤੇ ਵੱਡੀ ਗਿਣਤੀ ਵਿੱਚ ਵਰਕਰ ਅਤੇ ਅਹੁਦੇਦਾਰ ਹਾਜ਼ਰ ਸਨ।

# ਵਿਧਾਇਕ ਨੇ ਸਵੱਛਤਾ ਹੀ ਸੇਵਾ ਪੰਦਰਵਾੜੇ ਨੂੰ ਮਾਨਵਤਾ ਦੀ ਸੇਵਾ ਵਜੋਂ ਅਪਨਾਉਣ ਦਾ ਸੱਦਾ ਦਿੱਤਾ




**ਐਸ.ਏ.ਐਸ.ਨਗਰ,: (ਗੁਰਜੀਤ ਬਿੱਲਾ)**-ਮੋਹਾਲੀ ਵਿਖੇ 'ਸਵੱਛਤਾ ਹੀ ਸੇਵਾ' ਪੰਦਰਵਾੜੇ ਦੀ ਸ਼ੁਰੂਆਤ ਕਰਦੇ ਹੋਏ ਵਿਧਾਇਕ ਕੁਲਵੰਤ ਸਿੰਘ ਨੇ ਜ਼ਿਲ੍ਹਾ ਵਾਸੀਆਂ ਨੂੰ ਸਿਹਤਮੰਦ ਜੀਵਨ ਪੱਧਰ ਨੂੰ ਉਤਸ਼ਾਹਿਤ ਕਰਨ ਲਈ ਇਸ ਨੂੰ ਜੀਵਨ ਦਾ ਸਥਾਈ ਹਿੱਸਾ ਬਣਾਉਣ ਦਾ ਸੱਦਾ ਦਿੱਤਾ।ਉਨ੍ਹਾਂ ਕਿਹਾ ਕਿ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਵਲੋਂ 17 ਸਤੰਬਰ ਤੋਂ 2 ਅਕਤੂਬਰ ਤੱਕ ਮਨਾਏ ਜਾਣ ਵਾਲੇ ਪੰਦਰਵਾੜੇ ਵਿੱਚ ਸਾਲ ਵਿੱਚ 100 ਘੰਟੇ ਸਵੱਛਤਾ (ਰੋਜ਼ਾਨਾ 2 ਘੰਟੇ) ਦਾ ਹਿੱਸਾ ਬਣਨ ਅਤੇ ਇਸ ਵਿੱਚ 100 ਹੋਰ ਮੈਂਬਰਾਂ ਦਾ ਯੋਗਦਾਨ ਪਾਉਣ ਦਾ ਪ੍ਰਣ ਲਿਆ ਗਿਆ ਹੈ, ਜਿਸ ਦੇ ਅਨੁਸਾਰ ਸਾਨੂੰ ਜ਼ਿੰਮੇਵਾਰ ਨਾਗਰਿਕ ਵਜੋਂ ਆਪਣੇ ਆਲੇ-ਦੁਆਲੇ ਦੀ ਸਫਾਈ ਦਾ ਧਿਆਨ ਰੱਖਣਾ ਚਾਹੀਦਾ ਹੈ। ਵਿਦਿਆਰਥੀਆਂ ਦੇ ਜਾਗਰੂਕਤਾ ਮਾਰਚ ਨੂੰ ਹਰੀ ਝੰਡੀ ਦਿਖਾਉਂਦੇ ਹੋਏ ਉਨ੍ਹਾਂ ਕਿਹਾ ਕਿ ਇਹ ਵਿਦਿਆਰਥੀ ਸਵੱਛਤਾ ਦੇ ਦੂਤ ਵਜੋਂ ਕੰਮ ਕਰਨਗੇ।

ਉਨ੍ਹਾਂ ਨੇ ਇਸ ਮੁਹਿੰਮ ਦੀ ਸ਼ੁਰੂਆਤ ਮੌਕੇ ਇੱਕ ਬੂਟਾ ਵੀ ਲਗਾਇਆ।ਉਨ੍ਹਾਂ ਅੱਗੇ ਦੱਸਿਆ ਕਿ ਇਸ ਮੁਹਿੰਮ ਵਿੱਚ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ 15 ਦਿਨਾਂ ਦੀ ਗਤੀਵਿਧੀ ਦਾ ਚਾਰਟ ਹੈ ਜਿਸ ਵਿੱਚ ਠੋਸ ਰਹਿੰਦ-ਖੂੰਹਦ, ਤਰਲ ਰਹਿੰਦ-ਖੂੰਹਦ ਪ੍ਰਬੰਧਨ, ਗ੍ਰੀਨ ਕਵਰ ਵਧਾਉਣ ਅਤੇ ਜਨਤਕ ਸਥਾਨਾਂ ਜਿਵੇਂ ਕਿ ਕਮਿਊਨਿਟੀ ਸੈਂਟਰਾਂ, ਸਕੂਲਾਂ, ਧਾਰਮਿਕ ਸਥਾਨਾਂ, ਵਾਟਰ ਵਰਕਸ ਆਦਿ ਦੀ ਸਫਾਈ 'ਤੇ ਧਿਆਨ ਕੇਂਦਰਿਤ ਕੀਤਾ ਗਿਆ ਹੈ।ਉਨ੍ਹਾਂ ਆਮ ਲੋਕਾਂ ਨੂੰ ਇਸ ਮੁਹਿੰਮ ਦਾ ਹਿੱਸਾ ਬਣਨ ਦਾ ਸੱਦਾ ਦਿੰਦਿਆਂ ਕਿਹਾ ਕਿ ਸਾਨੂੰ ਇਸ ਮੁਹਿੰਮ ਨੂੰ ਲੋਕ ਲਹਿਰ ਦਾ ਰੂਪ ਦੇਣ ਦੀ ਲੋੜ ਹੈ।

# 'ਸਵੱਛਤਾ ਹੀ ਸੇਵਾ' ਮੁਹਿੰਮ ਤਹਿਤ ਵਿਦਿਆਰਥੀਆਂ ਨੂੰ ਸਹੁੰ ਚੁਕਾਈ



**ਦੋਰਾਹਾ (ਹਰਮਿੰਦਰ ਸੇਠ)**-ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਵੱਲੋਂ ਭਾਰਤ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਸਵੱਛਤਾ ਹੀ ਸੇਵਾ ਮੁਹਿੰਮ ਦਾ ਆਗਾਜ਼ ਕੀਤਾ ਗਿਆ।ਇਹ ਜਾਣਕਾਰੀ ਦਿੰਦਿਆਂ ਕਾਲਜ ਪ੍ਰਿੰ. ਡਾ. ਸਰਵਜੀਤ ਕੌਰ ਬਰਾੜ ਨੇ ਦੱਸਿਆ ਕਿ ਸਮੁੱਚੇ ਦੇਸ਼ ਵਿੱਚ 17 ਸਤੰਬਰ ਤੋਂ 2 ਅਕਤੂਬਰ ਤੱਕ ਸਵੱਛਤਾ ਹੀ ਸੇਵਾ ਮੁਹਿੰਮ ਚਲਾਈ ਜਾ ਰਹੀ ਹੈ।ਇਸ ਸਵੱਛਤਾ ਅਭਿਆਨ ਤਹਿਤ ਕਾਲਜ ਦੇ ਐੱਨ. ਐੱਸ. ਐੱਸ. ਯੂਨਿਟ, ਐੱਨ. ਐੱਨ. ਸੀ. ਯੂਨਿਟ, ਰੈੱਡ ਰਿਬਨ ਕਲੱਬ, ਪ੍ਰੈੱਸ ਕਲੱਬ ਅਤੇ ਯੂਥ ਕਲੱਬ ਵੱਲੋਂ ਸਾਂਝੇ ਤੌਰ 'ਤੇ ਸਵੱਛਤਾ ਹੀ ਸੇਵਾ ਦੀ ਸਹੁੰ ਚੁੱਕੀ ਗਈ।ਇਸ ਮੌਕੇ ਵਲੰਟੀਅਰ ਵਿਦਿਆਰਥੀਆਂ ਨੂੰ ਆਪਣੇ ਆਲ਼ੇ-ਦੁਆਲ਼ੇ ਨੂੰ ਸਾਫ਼-ਸੁਥਰਾ ਰੱਖਣ ਲਈ ਪ੍ਰੇਰਿਆ ਗਿਆ।ਇਸ ਗਤੀਵਿਧੀ ਦੇ ਆਯੋਜਨ ਵਿੱਚ ਡੀਨ ਐਕਸਟੈਨਸ਼ਨ ਸੈੱਲ ਡਾ. ਲਵਲੀਨ ਬੈਂਸ, ਪ੍ਰੋ. ਅਮਨਦੀਪ ਕੌਰ ਚੀਮਾ (ਪ੍ਰੋਗਰਾਮ ਅਫ਼ਸਰ), ਪ੍ਰੋ. ਦੀਪਾਲੀ, ਡਾ. ਗੁਰਪ੍ਰੀਤ ਸਿੰਘ (ਪ੍ਰੋਗਰਾਮ ਅਫ਼ਸਰ), ਪ੍ਰੋ. ਸੰਦੀਪ ਸਿੰਘ ਹੁੰਦਲ (ਏਐੱਨਓ), ਪ੍ਰੋ. ਗੁਰਪ੍ਰੀਤ ਕੌਰ, ਪ੍ਰੋ. ਰੋਹਿਤ ਕੁਮਾਰ ਅਤੇ ਕੁਲਵੰਤ ਸਿੰਘ (ਅਸਿਸਟੈਂਟ ਲਾਇਬ੍ਰੇਰੀਅਨ) ਨੇ ਯੋਗਾਦਨ ਪਾਇਆ ।ਇਸ ਗਤੀਵਿਧੀਦੇ ਸਫ਼ਲਤਾਪੂਰਵਕ ਆਯੋਜਨ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਅਹੁਦੇਦਾਰਾਂ, ਮੈਂਬਰ ਸਾਹਿਬਾਨ ਅਤੇ ਕਾਲਜ ਪ੍ਰਿੰ, ਡਾ. ਸਰਵਜੀਤ ਕੌਰ ਬਰਾੜ ਨੇ ਸਮੁੱਚੀ ਟੀਮ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਮੁਬਾਰਕਬਾਦ ਦਿੱਤੀ।

19-Sep-PAGE-4.qxd 9/18/2024 10:43 PM Page 1

ਨਵਾਂ ਜ਼ਮਾਨਾ
ਵੀਰਵਾਰ, 19 ਸਤੰਬਰ 2024

# ਬੁਲਡੋਜ਼ਰ ਨੂੰ ਬਰੇਕਾਂ

ਸੁਪਰੀਮ ਕੋਰਟ ਨੇ 17 ਸਤੰਬਰ ਨੂੰ ਜਾਰੀ ਆਪਣੇ ਹੁਕਮ ਰਾਹੀਂ ਬੁਲਡੋਜ਼ਰ ਚਲਾ ਕੇ ਘਰਾਂ ਤੇ ਦੁਕਾਨਾਂ ਉੱਤੇ ਕੀਤੀਆਂ ਜਾ ਰਹੀਆਂ ਤੋੜ-ਫੋੜ ਦੀਆਂ ਕਾਰਵਾਈਆਂ ’ਤੇ ਰੋਕ ਲਾ ਦਿੱਤੀ ਹੈ। ਅਗਲੀ ਤਰੀਕ 1 ਅਕਤੂਬਰ ਦੀ ਪਾਈ ਗਈ ਹੈ। ਅਦਾਲਤ ਨੇ ਕਿਹਾ ਹੈ ਕਿ ਇਸ ਤਰ੍ਹਾਂ ਦੀ ਕਿਸੇ ਵੀ ਕਾਰਵਾਈ ਤੋਂ ਪਹਿਲਾਂ ਉਸ ਦੀ ਇਜਾਜ਼ਤ ਸੁਪਰੀਮ ਕੋਰਟ ਤੋਂ ਲੈਣੀ ਪਵੇਗੀ।

ਬੁਲਡੋਜ਼ਰ ਦੀ ਕਾਰਵਾਈ ਦਾ ਸਾਹਮਣੇ ਕਰ ਰਹੇ ਪੀੜਤਾਂ ਦੀ ਪੈਰਵੀ ਕਰ ਰਹੀ ਐਸੋਸੀਏਸ਼ਨ ਫਾਰ ਪ੍ਰੋਟੈਕਸ਼ਨ ਆਫ਼ ਸਿਵਲ ਰਾਈਟਸ ਦੇ ਵਕੀਲ ਸੀ ਯੂ ਸਿੰਘ ਨੇ ਸੁਣਵਾਈ ਦੌਰਾਨ ਅਦਾਲਤ ਦੇ ਪਿਛਲੇ ਆਦੇਸ਼ ਦੇ ਬਾਵਜੂਦ ਹੋਈਆਂ ਬੁਲਡੋਜ਼ਰ ਦੀਆਂ ਕਾਰਵਾਈਆਂ ਦਾ ਬਿਉਰਾ ਪੇਸ਼ ਕੀਤਾ। ਉਨ੍ਹਾ ਰਾਜਸਥਾਨ ਦੇ ਜਹਾਜ਼ਪੁਰ ਵਿੱਚ ਪਥਰਾਅ ਤੋਂ ਤੁਰੰਤ ਬਾਅਦ ਤੋੜ-ਫੋੜ ਦੀਆਂ ਕਾਰਵਾਈਆਂ ਨੂੰ ਅਦਾਲਤੀ ਆਦੇਸ਼ ਦੀ ਉਲੰਘਣਾ ਤੇ ਕਾਰਜਕਾਰੀ ਸ਼ਕਤੀਆਂ ਦਾ ਦੁਰਉਪਯੋਗ ਕਿਹਾ।

ਇਸ ਮਾਮਲੇ ਵਿੱਚ ਰਾਜਸਥਾਨ ਦੇ ਰਾਸ਼ਿਦ ਖਾਨ, ਜਿਨ੍ਹਾ ਦੇ ਘਰ ਨੂੰ ਉਸ ਦੇ ਕਿਰਾਏਦਾਰ ਦੇ ਬੇਟੇ ਉੱਪਰ ਲੱਗੇ ਦੋਸ਼ਾਂ ਕਾਰਨ ਢਾਹ ਦਿੱਤਾ ਗਿਆ ਸੀ ਤੇ ਮੱਧ ਪ੍ਰਦੇਸ਼ ਦੇ ਜਾਵਰਾ ਦੇ ਮੁਹੰਮਦ ਹੁਸੈਨ, ਜਿਸ ਦੇ ਘਰ ਨੂੰ ਉਸ ਦੇ ਬੇਟੇ ’ਤੇ ਦੋਸ਼ਾਂ ਕਾਰਨ ਢਾਹ ਦਿੱਤਾ ਗਿਆ ਸੀ, ਵੱਲੋਂ ਰਿੱਟ ਦਾਖਲ ਕੀਤੀ ਗਈ ਸੀ।

ਇਸ ਤੋਂ ਬਾਅਦ ਜਸਟਿਸ ਗਵਈ ਦੀ ਬੈਂਚ ਨੇ ਬੁਲਡੋਜ਼ਰ ਕਾਰਵਾਈ ਉੱਤੇ ਦੋ ਹਫ਼ਤਿਆਂ ਲਈ ਰੋਕ ਲਾ ਦਿੱਤੀ ਹੈ। ਅਦਾਲਤ ਨੇ ਆਦੇਸ਼ ਦਿੱਤਾ ਹੈ ਕਿ ਪੂਰੇ ਦੇਸ਼ ਵਿੱਚ ਉਸ ਦੀ ਇਜਾਜ਼ਤ ਤੋਂ ਬਿਨਾਂ ਕੋਈ ਤੋੜ-ਫੋੜ ਨਾ ਕੀਤੀ ਜਾਵੇ। ਇਸ ਨਾਲ ਮਨਮਾਨੇ ਢੰਗ ਨਾਲ ਕੀਤੀਆਂ ਜਾਂਦੀਆਂ ਤੋੜ-ਫੋੜ ਦੀਆਂ ਕਾਰਵਾਈਆਂ ਦਾ ਸਾਹਮਣਾ ਕਰ ਰਹੇ ਪੀੜਤਾਂ ਨੂੰ ਅਸਥਾਈ ਰਾਹਤ ਮਿਲੀ ਹੈ। ਇਸ ਸੰਬੰਧੀ ਅਦਾਲਤ ਨੇ ਪਹਿਲਾਂ ਕੀਤੀਆਂ ਤੋੜ-ਫੋੜ ਦੀਆਂ ਕਾਰਵਾਈਆਂ ਬਾਰੇ ਰਾਜਸਥਾਨ ਤੇ ਮੱਧ ਪ੍ਰਦੇਸ਼ ਦੀਆਂ ਸਰਕਾਰਾਂ ਨੂੰ ਵੀ ਨੋਟਿਸ ਜਾਰੀ ਕੀਤੇ ਹਨ।

ਅਦਾਲਤ ਨੇ ਸਜ਼ਾ ਦੇ ਰੂਪ ਵਿੱਚ ਬੁਲਡੋਜ਼ਰ ਕਾਰਵਾਈਆਂ ’ਤੇ ਚਿੰਤਾ ਜ਼ਾਹਰ ਕਰਦਿਆਂ ਸਵਾਲ ਕੀਤਾ ਕਿ ਸਿਰਫ਼ ਦੋਸ਼ਾਂ ਦੇ ਅਧਾਰ ਉੱਤੇ ਕਿਸੇ ਦਾ ਘਰ ਕਿਵੇਂ ਢਾਹਿਆ ਜਾ ਸਕਦਾ ਹੈ।

ਅਦਾਲਤ ਦੇ ਸਾਹਮਣੇ ਐਸੋਸੀਏਸ਼ਨ ਫਾਰ ਪ੍ਰੋਟੈਕਸ਼ਨ ਆਫ਼ ਸਿਵਲ ਰਾਈਟਸ ਨੇ ਨਾਗਰਿਕ ਸਮਾਜ ਨਾਲ ਸਲਾਹ-ਮਸ਼ਵਰੇ ਬਾਅਦ ਬੁਲਡੋਜ਼ਰ ਕਾਰਵਾਈਆਂ ਦੀ ਰੋਕਥਾਮ ਲਈ ਦਿਸ਼ਾ-ਨਿਰਦੇਸ਼ ਰੱਖੇ, ਜਿਨ੍ਹਾਂ ਵਿੱਚ ਠੀਕ ਪ੍ਰਕਿਰਿਆ, ਅਧਿਕਾਰੀਆਂ ਦੀ ਜਵਾਬਦੇਹੀ ਲਈ ਢਾਂਚਾ ਤੇ ਪੀੜਤਾਂ ਲਈ ਮੁਆਵਜ਼ੇ ਦਾ ਪ੍ਰਸਤਾਵ ਹੈ। ਇਸ ਸੁਣਵਾਈ ਦੌਰਾਨ ਇਨ੍ਹਾਂ ਸੁਝਾਵਾਂ ਦੀ ਸਮੀਖਿਆ ਕੀਤੀ ਜਾਣੀ ਸੀ, ਪਰ ਅਦਾਲਤ ਨੇ ਇਸ ਨੂੰ ਅਗਲੀ ਸੁਣਵਾਈ ਲਈ ਸੂਚੀਬੱਧ ਕਰਨ ਦਾ ਆਦੇਸ਼ ਜਾਰੀ ਕੀਤਾ ਹੈ।

## ਪਾਠਕ-ਮੰਚ

### ਹਥਿਆਰਾਂ ਦਾ ਵਧਦਾ ਰੁਝਾਨ ਚਿੰਤਾਜਨਕ

ਇੱਕ ਸਰਵੇ ਤੋਂ ਬਾਅਦ ਜਾਰੀ ਹੋਈ ਰਿਪੋਰਟ ਨੇ ਪੰਜਾਬ ਵਿੱਚ ਵਧ ਰਹੇ ਹਥਿਆਰਾਂ ਦੇ ਰੁਝਾਨ ਨੂੰ ਰੋਕਣ ਲਈ ਬੁੱਧੀਜੀਵੀਆਂ ਨੂੰ ਚਿੰਤਾ ਦੇ ਨਾਲ ਨਾਲ ਚਿੰਤਨ ਕਰਨ ਲਈ ਮਜਬੂਰ ਕਰ ਦਿੱਤਾ ਹੈ। ਪੰਜਾਬ ਜੋ ਕਿ ਸਰਹੱਦੀ ਸੂਬਾ ਹੈ ਇਥੇ ਕੁੱਲ ਤਿੰਨ ਲੱਖ ਅੱਸੀ ਹਜ਼ਾਰ ਹਥਿਆਰਾਂ ਦੇ ਲਾਇਸੰਸ ਹਨ, ਜਿਥੇ ਸਭ ਤੋਂ ਵੱਧ ਬਠਿੰਡੇ ਵਿੱਚ ਸਤਾਈ ਹਜ਼ਾਰ ਇਸ ਤੋਂ ਬਾਅਦ ਮੋਗਾ ਛੱਬੀ ਹਜ਼ਾਰ ਅਤੇ ਤੀਜੇ ਨੰਬਰ ’ਤੇ ਪਟਿਆਲਾ ਜ਼ਿਲ੍ਹਾ ਆਉਂਦਾ ਹੈ। ਹਥਿਆਰ ਅਮਨ ਨਹੀਂ ਜੰਗ ਦਾ ਸੁਨੇਹਾ ਦਿੰਦੇ ਹਨ। ਇਹ ਕਿਸੇ ਮਸਲੇ ਦਾ ਹੱਲ ਨਹੀਂ ਲੱਭਦੇ। ਇਹ ਤਾਂ ਖ਼ੁਦ ਇੱਕ ਮਸਲਾ ਹਨ। ਹਥਿਆਰਾਂ ਦੇ ਸ਼ੌਕ ਨੇ ਸਾਨੂੰ ਸਾਡੀ ਸੱਭਿਅਤਾ ਅਤੇ ਇਤਿਹਾਸ ਤੋਂ ਦੂਰ ਕਰਕੇ ਹਥਿਆਰ ਕਲਚਰ ਵੱਲ ਧੱਕ ਦਿੱਤਾ ਹੈ। ਹਥਿਆਰ ਚਲਾਉਣਾ ਮਜਬੂਰੀ ਹੋ ਸਕਦੀ ਹੈ ਪ੍ਰੰਤੂ ਇਸ ਦਾ ਸ਼ੌਕ ਜ਼ਿੰਦਗੀ ਤਬਾਹ ਵੀ ਕਰ ਸਕਦਾ ਹੈ।ਹਥਿਆਰਾਂ ਦੀ ਵਧ ਰਹੀ ਗਿਣਤੀ ਨੌਜਵਾਨਾਂ ਨੂੰ ਆਪਣੇ ਵੱਲ ਖਿੱਚ ਕੇ ਉਨ੍ਹਾਂ ਨੂੰ ਕੁਰਾਹੇ ਪਾ ਰਹੀ ਹੈ। ਫ਼ਿਲਮਾਂ ਅਤੇ ਗਾਣਿਆਂ ਵਿੱਚ ਬੰਦੂਕਾਂ ਅਤੇ ਹਥਿਆਰਾਂ ਨੂੰ ਨੌਜਵਾਨਾਂ ਦੀ ਸ਼ਾਨ ਦਿਖਾਇਆ ਜਾਂਦਾ ਹੈ। ਇਸ ਤੋਂ ਜਦਕਿ ਹਕੀਕਤ ਇਹ ਹੈ ਕਿ ਹਥਿਆਰ ਜਦੋਂ ਵੀ ਚਲਦਾ ਹੈ ਤਾਂ ਦੋ ਪਰਵਾਰਾਂ ਦੀ ਜ਼ਿੰਦਗੀ ਨੂੰ ਖ਼ਤਮ ਕਰ ਦਿੰਦਾ ਹੈ। ਹਥਿਆਰਾਂ ਦੀ ਵਧ ਰਹੀ ਮੰਗ ਨੇ ਸਮਾਜ ਵਿੱਚ ਸ਼ਾਂਤੀ ਨੂੰ ਖ਼ੋਰਾ ਲਾਉਂਦੇ ਹੋਏ ਸਹਿਮ ਦਾ ਮਾਹੌਲ ਪੈਦਾ ਕਰਕੇ ਆਮ ਆਦਮੀ ਦਾ ਘਰੋਂ ਨਿਕਲਣਾ ਮੁਸ਼ਕਲ ਕਰ ਦਿੱਤਾ ਹੈ। ਅੱਜ ਹਰ ਕੋਈ ਲੁੱਟ-ਖੋਹ ਕਰਨ ਵਾਲਾ ਹਥਿਆਰ ਰੱਖਦਾ ਹੈ, ਇਹੀ ਕਾਰਨ ਹੈ ਕਿ ਤੁਰੇ ਜਾਂਦੇ ਰਾਹਗੀਰਾਂ ਨੂੰ ਇਹ ਆਪਣਾ ਸ਼ਿਕਾਰ ਬਣਾ ਕੇ ਲੁੱਟ ਲੈਂਦੇ ਹਨ।ਹਥਿਆਰਾਂ ਦੇ ਵਧ ਰਹੇ ਕਲਚਰ ਨੂੰ ਠੱਲ੍ਹ ਪਾਉਣ ਲਈ ਪ੍ਰਸ਼ਾਸਨ ਨੂੰ ਲਾਇਸੰਸ ਜਾਰੀ ਕਰਦੇ ਸਮੇਂ ਵਿਅਕਤੀ ਬਾਰੇ ਪੂਰੀ ਜਾਣਕਾਰੀ ਇੱਕਠੀ ਕਰਕੇ ਉਸ ਦੇ ਹਥਿਆਰ ਖ਼ਰੀਦਣ ਦੇ ਮੰਤਵ ਬਾਰੇ ਜਾਂਚ ਕਰ ਲੈਣੀ ਚਾਹੀਦੀ ਹੈ। ਅਪਰਾਧੀ ਵਿਅਕਤੀ ਨੂੰ ਜਾਰੀ ਕੀਤਾ ਅਸਲੇ ਦਾ ਲਾਇਸੰਸ ਸਮਾਜ ਵਿੱਚ ਅਸਥਿਰਤਾ ਪੈਦਾ ਕਰਦਾ ਹੋਇਆਂ ਸ਼ਾਂਤੀ ਨੂੰ ਭੰਗ ਕਰ ਸਕਦਾ ਹੈ। ਪ੍ਰਸ਼ਾਸਨ ਨੂੰ ਲਾਇਸੰਸ ਤੋਂ ਬਿਨਾਂ ਗੈਰ ਕਾਨੂੰਨੀ ਤੌਰ ’ਤੇ ਕੀਤੀ ਜਾਂਦੀ ਹਥਿਆਰਾਂ ਦੀ ਤਸਕਰੀ ਨੂੰ ਰੋਕਣ ਲਈ ਵੀ ਸਖ਼ਤ ਤੋਂ ਸਖ਼ਤ ਕਦਮ ਪੁੱਟਣੇ ਹੋਣਗੇ।

**-ਰਜਵਿੰਦਰ ਪਾਲ ਸ਼ਰਮਾ**, 70873-67969

### ਆਪਣੇ-ਆਪ ਤੋਂ ਦੂਰ ਨਾ ਹੋਈਏ

ਅੱਜਕੱਲ੍ਹ ਮੁੰਡੇ-ਕੁੜੀਆਂ ਦੇਖੋ-ਦੇਖੀ ਕੈਨੇਡਾ, ਅਮਰੀਕਾ, ਇੰਗਲੈਂਡ, ਆਸਟਰੇਲੀਆ, ਨਿਊਜ਼ੀਲੈਂਡ, ਆਦਿ ਦੇਸ਼ਾਂ ਵਿੱਚ ਜਾ ਰਹੇ ਹਨ। ਅਜੋਕਾ ਯੁਗ ਸੂਚਨਾਵਾਂ ਅਤੇ ਜਾਣਕਾਰੀਆਂ ਦਾ ਯੁਗ ਹੈ। ਮਨੁੱਖ ਜਿਉਂ-ਜਿਉਂ ਤਰੱਕੀਆਂ ਤੇ ਬੁਲੰਦੀਆਂ ਛੂੰਹਦਾ ਜਾ ਰਿਹਾ ਹੈ ,ਤਿਉਂ-ਤਿਉਂ ਹੀ ਉਹ ਆਪਣੇ ਆਪ ਤੋਂ ਦੂਰ ਹੁੰਦਾ ਜਾ ਰਿਹਾ ਹੈ। ਇਲੈਕਟ੍ਰਾਨਿਕ ਮੀਡੀਆ, ਪ੍ਰਿੰਟ ਮੀਡੀਆ, ਇੰਟਰਨੈਟ ਆਦਿ ਨਾਲ ਮਨੁੱਖ ਭਾਵੇਂ ਅੱਜ ਸਾਰੇ ਸੰਸਾਰ ਵਿੱਚ ਵਿਚਰ ਰਿਹਾ ਹੈ, ਜਾਣਕਾਰੀਆਂ ਦਾ ਲੈਣ-ਦੇਣ ਕਰ ਰਿਹਾ ਹੈ। ਮੇਲ-ਮਿਲਾਪ ਕਰ ਰਿਹਾ ਹੈ ,ਵਪਾਰ ਕਰ ਰਿਹਾ ਹੈ, ਪਰ ਇੰਜ ਜਾਪਦਾ ਹੈ, ਜਿਵੇਂ ਉਹ ਆਪ ਤੋਂ, ਆਪਣੇ ਪਰਵਾਰ ਤੋਂ ਦੂਰ ਹੁੰਦਾ ਜਾ ਰਿਹਾ ਹੈ ਅਤੇ ਪਰਦੇਸੀ ਬਣ ਗਿਆ ਹੈ। ਜ਼ਿੰਦਗੀ ਵਿੱਚ ਜਿੰਨੀਆਂ ਸਹੂਲਤਾਂ ਉਸ ਨੂੰ ਮਿਲ ਰਹੀਆਂ ਹਨ, ਉਹ ਸਹੂਲਤਾਂ ਉਸ ਨੂੰ ਪਿਛੋਕੜ ਵਿੱਚ ਕਦੇ ਵੀ ਨਹੀਂ ਸਨ ਮਿਲੀਆਂ।

ਪਰ ਫਿਰ ਵੀ ਅੱਜ ਦਾ ਮਨੁੱਖ ਹੋਰ ਜ਼ਿਆਦਾ ਦਾ ਹੀ ਚਾਹਵਾਨ ਹੈ।ਉਹ ਕਦੇ ਵੀ ਖੁਸ਼ ਨਹੀਂ ਦਿਖਾਈ ਦਿੰਦਾ।ਉਹ ਅਜੇ ਹੋਰ ਬੁਲੰਦੀਆਂ ਨੂੰ ਛੂਹਣਾ ਚਾਹੁੰਦਾ ਹੈ।ਅੱਜ ਉਹ ਆਪਣੇ ਮਨ ਦੀ ਖੁਸ਼ੀ ਲਈ ਸੱਤ ਸਮੁੰਦਰੋਂ ਪਾਰ ਜਾਂਦਾ ਹੈ। ਬੇਹੱਦ ਪੈਸਾ ਕਮਾਉਂਦਾ ਹੈ, ਪਰ ਫਿਰ ਵੀ ਉਹ ਦੀ ਭਟਕਣਾ ਖਤਮ ਨਹੀਂ ਹੁੰਦੀ, ਭਾਵ ਉਹ ਖੁਸ਼ ਨਹੀਂ ਹੁੰਦਾ। ਉਸ ਦੇ ਮਨ ਵਿੱਚ ਇੱਕੋ ਸ਼ੱਕ ਰਹਿੰਦਾ ਹੈ ਕਿ ਮੈਂ ਕਿਤੇ ਦੂਸਰਿਆਂ ਤੋਂ ਪਿੱਛੇ ਨਾ ਰਹਿ ਜਾਵਾਂ। ਆਪਣੇ ਆਪ ਤੋਂ ਨਾਖੁਸ਼ ਮਨੁੱਖ ਦਿਨ-ਰਾਤ ਇੱਕ ਅਣਜਾਨ ਖੁਸ਼ੀ ਦੀ ਭਾਲ ਵਿੱਚ ਰਹਿੰਦਾ ਹੈ। ਜੋ ਸ਼ਾਇਦ ਉਸ ਨੂੰ ਖੁਸ਼ ਕਰ ਦੇਵੇਗੀ, ਪਰ ਇਹੋ ਜਿਹਾ ਕਦੋਂ ਹੋਵੇਗਾ, ਇਹ ਖੁਸ਼ੀ ਮਨੁੱਖ ਨੂੰ ਕਦੋਂ ਮਿਲੇਗੀ ,ਇਸ ਬਾਰੇ ਕੋਈ ਵੀ ਪਤਾ ਨਹੀਂ।ਇਸ ਦਾ ਅਰਥ ਨਹੀਂ ਕਿ ਮਨੁੱਖ ਤਰੱਕੀ ਕਰਨਾ ਛੱਡ ਜਾਵੇ ਜਾਂ ਅਗਾਂਹਵਧੂ ਸੋਚ ਨਾ ਰੱਖੇ ਅਤੇ ਮਿਹਨਤ ਨਾ ਕਰੇ, ਧਨ- ਦੌਲਤ ਨਾ ਕਮਾਵੇ।ਇਹ ਸਭ ਬਹੁਤ ਜ਼ਰੂਰੀ ਹਨ। ਇਹਨਾਂ ਤੋਂ ਬਿਨਾਂ ਜੀਵਨ ਅਧੂਰਾ ਹੈ, ਪਰ ਇਹਨਾਂ ਦੇ ਪਿੱਛੇ ਲੱਗ ਕੇ ਇਹ ਵੀ ਨਾ ਹੋਵੇ ਕਿ ਮਨੁੱਖ ਆਪਣੇ ਆਪ ਲਈ, ਪਰਵਾਰ ਲਈ ਤੇ ਸਭ ਤੋਂ ਵੱਡੀ ਗੱਲ ਪਰਮਾਤਮਾ ਲਈ ਵਕਤ ਹੀ ਨਾ ਕੱਢ ਸਕੇ। ਇਹੋ ਜਿਹੀ ਖੁਸ਼ੀ ਅਤੇ ਤਰੱਕੀ ਦਾ ਕੀ ਫਾਇਦਾ, ਜਿਹੜੀ ਸਾਨੂੰ ਸਾਡੇ ਪਰਿਵਾਰ ਤੋਂ ਦੂਰ ਕਰ ਦੇਵੇ। ਸਾਨੂੰ ਆਪਣੇ ਆਪ ਲਈ ਵੀ ਸਮਾਂ ਕੱਢਣਾ ਚਾਹੀਦਾ ਹੈ। ਅਸੀਂ ਕਈ ਵਾਰ ਦੂਰ- ਦੁਰਾਡੇ ਤੱਕ ਤਾਂ ਆਪਣੀ ਪਹਿਚਾਣ ਬਣਾ ਲੈਂਦੇ ਹਾਂ ,ਪਰ ਬਹੁਤ ਵਾਰ ਅਸੀਂ ਆਪਣੇ ਆਪ ਤੋਂ ਅਨਜਾਣ ਰਹਿ ਜਾਂਦੇ ਹਾਂ ਕਿ ਅਸਲ ਵਿੱਚ ਅਸੀਂ ਕੀ ਚਾਹੁੰਦੇ ਹਾਂ? ਮੈਨੂੰ ਕੀ ਚਾਹੀਦਾ ਹੈ? ਮੈਂ ਕਿਸ ਚੀਜ਼ ਲਈ ਭੱਜ-ਦੌੜ ਕਰ ਰਿਹਾ ਹਾਂ, ਭਾਵ ਘਰ ਤੋਂ ਦੂਰ ਜਾ ਰਿਹਾ ਹਾਂ ਕਿ ਮੇਰੇ ਪਰਦੇਸ਼ ਜਾਣ ਨਾਲ ਬਿਨਾਂ ਨਹੀਂ ਸਰਦਾ। ਮੁਕਦੀ ਗੱਲ ਇਹ ਕਿ ਸਾਨੂੰ ਆਪਣੇ ਬਾਰੇ ਤੇ ਪਰਵਾਰ ਬਾਰੇ ਸਮਾਂ ਕੱਢਣਾ ਚਾਹੀਦਾ ਹੈ।ਬੇਸ਼ੱਕ ਅਸੀਂ ਕਿਤੇ ਵੀ ਹੋਈਏ, ਆਖਰ ਸਾਡੇ ਤੇ ਸਾਡੇ ਪਰਿਵਾਰ ਦਾ ਵੀ ਹੱਕ ਹੈ। ਇਸ ਲਈ ਸਾਡਾ ਵੀ ਫਰਜ਼ ਬਣਦਾ ਹੈ ਕਿ ਅਸੀਂ ਆਪਣੇ ਮਨ ਨੂੰ ਪ੍ਰਦੇਸ਼ ’ਚੋਂ ਕੱਢ ਕੇ ਆਪਣੇ ਤੇ ਆਪਣੇ ਪਰਿਵਾਰ ਨਾਲ ਦੋਸਤਾਂ -ਮਿੱਤਰਾਂ ਨਾਲ ਮੇਲ -ਮਿਲਾਪ ਕਰਵਾਈਏ।

**-ਡਾਕਟਰ ਨਰਿੰਦਰ ਭੱਪਰ ਝਬੇਲਵਾਲੀ**, 62841-45349

# ਮਨੀਪੁਰ : ਰੋਮ ਜਲ ਰਿਹਾ ਹੈ



ਗੁਰਮੀਤ ਸਿੰਘ ਪਲਾਹੀ

ਮਨੀਪੁਰ ਦਾ ਸੰਘਰਸ਼ ਹੁਣ ਗ੍ਰਹਿ ਯੁੱਧ ਜਿਹੀ ਸਥਿਤੀ ’ਤੇ ਪੁੱਜ ਚੁੱਕਾ ਹੈ। ਉਥੋਂ ਦੇ ਮੈਤੇਈ ਅਤੇ ਕੁੱਕੀ ਫਿਰਕਿਆਂ ਦੇ ਗਰਮ-ਤੱਤੇ ਹਥਿਆਰਬੰਦ ਸੰਗਠਨ ਨਾ ਕੇਵਲ ਹਿੰਸਾ ਕਰਦੇ ਹਨ, ਬਲਕਿ ਨਵੇਂ ਆਧੁਨਿਕ ਤਕਨੀਕੀ ਉਪਕਰਨਾਂ, ਹਥਿਆਰਾਂ ਦੀ ਵਰਤੋਂ ਕਰਨ ਲੱਗੇ ਹਨ। ਮਨੀਪੁਰ ਦੇ ਮੁੱਖ ਮੰਤਰੀ ਨੇ ਸਖ਼ਤ ਕਦਮ ਚੁੱਕਣ ਦੀ ਚਿਤਾਵਨੀ ਦਿੱਤੀ ਹੈ, ਪਰ ਉਪਰਲੀ-ਹੇਠਲੀ ਭਾਜਪਾ ਸਰਕਾਰ ਹੱਥ ’ਤੇ ਹੱਥ ਧਰ ਕੇ ਬੈਠੀ ਹੈ।

ਸਵਾਲ ਪੈਦਾ ਹੁੰਦਾ ਹੈ ਕਿ ਕੋਈ ਜ਼ਿੰਮੇਵਾਰ ਸਰਕਾਰ ਕਿਸ ਤਰ੍ਹਾਂ ਨਾਗਰਿਕਾਂ ਨੂੰ ਆਪਸ ਵਿੱਚ ਇੱਕ-ਦੂਜੇ ਨਾਲ ਭਿੜਦੇ-ਮਰਦੇ ਵੇਖ ਸਕਦੀ ਹੈ?

ਮਨੀਪੁਰ ਦੀ ਹਿੰਸਾ ਨੂੰ ਲੈ ਕੇ ਦੁਨੀਆ ਭਰ ਵਿੱਚ ਦੇਸ਼ ਦੀ ਕਿਰਕਰੀ ਹੋ ਰਹੀ ਹੈ। ਇਹੋ ਜਿਹੀ ਸਥਿਤੀ ਵਿੱਚ ਵੀ ਕੇਂਦਰ ਸਰਕਾਰ ਚੁੱਪ ਹੈ। ਸਵਾਲ ਪੈਦਾ ਹੁੰਦਾ ਹੈ ਕਿ ਕੇਂਦਰ ਸਰਕਾਰ ਚੁੱਪ ਆਖ਼ਿਰ ਕਿਉਂ ਹੈ? ਜੇਕਰ ਮੁੱਖ ਮੰਤਰੀ ਮਨੀਪੁਰ ’ਚ ਹਿੰਸਾ ਰੋਕਣ ’ਚ ਕਾਮਯਾਬ ਨਹੀਂ ਤਾਂ ਉਸ ਨੂੰ ਬਦਲਨ ’ਚ ਸੰਕੋਚ ਕਿਉਂ ਹੈ? ਚੋਣ ਨੀਤੀ ਤਹਿਤ ਭਾਜਪਾ ਕਈ ਸੂਬਿਆਂ ’ਚ ਮੁੱਖ ਮੰਤਰੀ ਬਦਲ ਚੁੱਕੀ ਹੈ, ਫਿਰ ਮਨੀਪੁਰ ’ਚ ਕਿਉਂ ਨਹੀਂ ਬਦਲਿਆ ਜਾ ਰਿਹਾ? ਸਵਾਲ ਤਾਂ ਇਹ ਵੀ ਪੈਦਾ ਹੁੰਦਾ ਹੈ ਕਿ ਰੂਸ-ਯੂਕਰੇਨ ਯੁੱਧ ਰੁਕਵਾਉਣ ਲਈ ਤਾਂ ਪ੍ਰਧਾਨ ਮੰਤਰੀ ਯਤਨਸ਼ੀਲ ਹਨ, ਪਰ ਮਨੀਪੁਰ ਦੀ ਹਿੰਸਾ ਨੂੰ ਰੋਕਣ ਲਈ ਪਹਿਲ ਕਿਉਂ ਨਹੀਂ ਕਰਦੇ?

ਮਨੀਪੁਰ ਬੇਯਕੀਨੀ, ਛਲ-ਕਪਟ ਅਤੇ ਜਾਤੀ ਸੰਘਰਸ਼ ਦੇ ਜਾਲ ਵਿੱਚ ਫਸਿਆ ਹੋਇਆ ਹੈ। ਭਾਵੇਂ ਮਨੀਪੁਰ ਚ ਸ਼ਾਂਤੀ ਬਣਾਈ ਰੱਖਣਾ ਪਹਿਲੀਆਂ ਸਰਕਾਰਾਂ ਸਮੇਂ ਵੀ ਸੌਖਾ ਨਹੀਂ ਸੀ, ਪਰ ਭਾਜਪਾ ਦੀ ਕੇਂਦਰ ਸਰਕਾਰ ਦੀ ਲਾਪਰਵਾਹੀ ਅਤੇ ਸੂਬਾ ਸਰਕਾਰ ਦੀ ਨਾ- ਕਾਬਲੀਅਤ ਕਾਰਨ ਪਿਛਲੇ ਸਮੇਂ ਤੋਂ ਇਥੇ ਸਥਿਤੀ ਬਦ ਤੋਂ ਬਦਤਰ ਹੋ ਚੱਕੀ ਹੈ।

ਸਰਕਾਰ ਵੱਲੋਂ ਪਿਛਲੇ ਇੱਕ ਹਫਤੇ ’ਚ ਦੋ ਜ਼ਿਲ੍ਹਿਆਂ ਚ ਕਰਫਿਊ ਲਗਾ ਦਿੱਤਾ ਗਿਆ। ਸਕੂਲ, ਕਾਲਜ ਬੰਦ ਕਰ ਦਿੱਤੇ ਗਏ, ਪੰਜ ਜ਼ਿਲ੍ਹਿਆਂ ਚ ਇੰਟਰਨੈੱਟ ਬੰਦ ਕੀਤਾ ਗਿਆ। ਇੰਫਾਲ ਦੀਆਂ ਸੜਕਾਂ ’ਤੇ ਪੁਲਸ ਅਤੇ ਵਿਦਿਆਰਥੀ ਇੱਕ-ਦੂਜੇ ਦੇ ਆਹਮੋ-ਸਾਹਮਣੇ ਹਨ, ਲੜ ਰਹੇ ਹਨ। ਮਨੀਪੁਰ ਚ 26000 ਸੀ ਆਰ ਪੀ ਐਫ ਜਵਾਨ ਤੈਨਾਤ ਹਨ, ਇਨ੍ਹਾਂ ’ਚ 2000 ਹੋਰ ਦਾ ਵਾਧਾ ਕੀਤਾ ਗਿਆ ਹੈ। ਤਦ ਵੀ ਸੂਬੇ ਚ ਅਮਨ-ਕਾਨੂੰਨ ਦੀ ਸਥਿਤੀ ਕਾਬੂ ’ਚ ਨਹੀਂ ਹੈ। ਨਿੱਤ-ਦਿਹਾੜੇ ਵੱਡੀਆਂ ਵਾਰਦਾਤਾਂ ਹੋ ਰਹੀਆਂ ਹਨ।

ਮਨੀਪੁਰ ਅਸਲ ’ਚ ਦੋ ਰਾਜ ਹਨ। ਚੂੜਾਚਾਂਦਪੁਰ, ਫੇਰਜਾਵਲ ਅਤੇ ਕਾਂਗਪੋਕਪੀ ਜ਼ਿਲ੍ਹੇ ਪੂਰੀ ਤਰ੍ਹਾਂ ਕੁੱਕੀ ਲੋਕਾਂ ਦੇ ਕਾਬੂ ਵਿੱਚ ਹਨ ਅਤੇ ਤੇਂਗਨੋਪਾਲ ਜ਼ਿਲ੍ਹਾ (ਜਿਸ ਵਿੱਚ ਸੀਮਾਵਰਤੀ ਸ਼ਹਿਰ ਮੋਰੇਹ ਵੀ ਸ਼ਾਮਲ ਹੈ) ਜਿਸ ਵਿੱਚ ਕੁਕੀ-ਜੋਮੀ ਅਤੇ ਨਾਗਾ ਦੀ ਰਲੀ-ਮਿਲੀ ਆਬਾਦੀ ਹੈ, ਅਸਲੀਅਤ ਵਿੱਚ ਕੁਕੀ ਜੋਮੀ ਦੇ ਨਿਯੰਤਰਣ ਵਿੱਚ ਹਨ। ਇਥੇ ਕੋਈ ਵੀ ਮੈਤੇਈ ਸਰਕਾਰੀ ਕਰਮਚਾਰੀ ਨਹੀਂ ਹੈ। ਇਹ ਘਾਟੀ ਦੇ ਜ਼ਿਲ੍ਹੇ ਵਿੱਚ ਵਸੇ ਹੋਏ ਹਨ। ਰਾਜ ਦਾ ਲਗਭਗ 40 ਫ਼ੀਸਦੀ ਹਿੱਸਾ ਮੈਦਾਨੀ ਅਤੇ ਘਾਟੀ ਵਾਲਾ ਹੈ, ਜਿਥੇ 53 ਫ਼ੀਸਦੀ ਮੈਤੇਈ ਆਬਾਦੀ ਇਥੇ ਰਹਿੰਦੀ ਹੈ। ਬਾਕੀ 60 ਫੀਸਦੀ ਆਬਾਦੀ ਪਹਾੜੀ ਇਲਾਕੇ ’ਚ ਕੁੱਕੀ, ਨਾਗਾ ਅਤੇ ਜਨ-ਜਾਤੀਆਂ ਰਹਿੰਦੀਆਂ ਹਨ।

ਕੁੱਕੀ-ਜੋਮੀ ਇਹੋ ਜਿਹੇ ਰਾਜ ਦਾ ਹਿੱਸਾ ਨਹੀਂ ਬਣਨਾ ਚਾਹੁੰਦੇ, ਜਿਥੇ ਮੈਤੇਈ ਬਹੁਮਤ ’ਚ ਹੋਣ। ਮੈਤੇਈ ਮਨੀਪੁਰ ਚ ਆਪਣੀ ਪਛਾਣ ਅਤੇ ਖੇਤਰੀ ਅਖੰਡਤਾ ਬਣਾਈ ਰੱਖਣਾ ਚਾਹੁੰਦੇ ਹਨ। ਇੰਜ ਫਿਰਕਿਆਂ ਵਿੱਚ ਦੁਸ਼ਮਣੀ ਗਹਿਰੀ ਹੈ। ਕਿਸੇ ਵੀ ਫਿਰਕੇ ਦੀ ਆਪਸ ਵਿੱਚ ਕੋਈ ਗੱਲਬਾਤ ਨਹੀਂ, ਕੋਈ ਸਾਂਝ ਨਹੀਂ। ਸਰਕਾਰ ਅਤੇ ਜਾਤੀ ਸਮੂਹ ਵਿੱਚ ਜਾਂ ਮੈਤੇਈ ਅਤੇ ਕੁੱਕੀ-ਜੋਮੀ ਵਿਚਕਾਰ। ਨਾਗਾ ਲੋਕਾਂ ਦੀਆਂ ਕੇਂਦਰ ਅਤੇ ਰਾਜ ਸਰਕਾਰਾਂ ਖਿਲਾਫ਼ ਆਪਣੀਆਂ ਇਤਿਹਾਸਕ ਸ਼ਿਕਾਇਤਾਂ ਹਨ ਅਤੇ ਉਹ ਮੈਤੇਈ ਬਨਾਮ ਕੁੱਕੀ-ਜੋਮੀ ਸੰਘਰਸ਼ ਵਿੱਚ ਉਲਝਣਾ ਨਹੀਂ ਚਾਹੁੰਦੇ।

ਮੌਜੂਦਾ ਸਮੇਂ ਚ ਮੁੱਖ ਮੰਤਰੀ ਬੀਰੇਨ ਸਿੰਘ ਸਿਰਫ਼ ਨਾਂਅ ਦੇ ਹੀ ਮੁੱਖ ਮੰਤਰੀ ਬਣ ਕੇ ਰਹਿ ਗਏ ਹਨ। ਕੁਕੀ-ਜੋਮੀ ਉਹਨਾਂ ਨੂੰ ਨਫ਼ਰਤ ਕਰਦੇ ਹਨ। ਮੈਤੇਈ ਫਿਰਕਾ ਉਹਨਾ ਦੀ ਪਿੱਠ ਉਤੇ ਹੈ, ਪਰ ਮਨੀਪੁਰ ’ਚ ਸਥਿਤੀ ਇਹੋ ਜਿਹੀ ਬਣ ਚੁੱਕੀ ਹੈ ਕਿ ਪ੍ਰਸ਼ਾਸਨ ਦਾ ਉਥੇ ਕੋਈ ਨਾਮੋ-ਨਿਸ਼ਾਨ ਨਹੀਂ। ਸੱਭੋ ਕੁਝ ਫਿਰਕਿਆਂ ਦੇ ਚੌਧਰੀਆਂ ਹੱਥ ਹੈ।

ਮਨੀਪੁਰ ’ਚ ਦੋ ਫਿਰਕਿਆਂ ਦੇ ਵਿਚਕਾਰ ਲਗਾਤਾਰ ਝੜਪਾਂ ਹੁੰਦੀਆਂ ਹਨ। ਮੈਤੇਈ ਫਿਰਕੇ ਨੂੰ ਅਨੁਸੂਚਿਤ ਜਾਤੀ ਦਾ ਦਰਜਾ ਦੇਣ ਦੀ ਮੰਗ ਨੂੰ ਇਸ ਹਿੰਸਾ ਦਾ ਮੁੱਖ ਕਾਰਨ ਮੰਨਿਆ ਜਾਂਦਾ ਹੈ। ਕੁੱਕੀ ਫਿਰਕਾ ਇਸ ਦਾ ਵਿਰੋਧ ਕਰਦਾ ਹੈ। ਇਸ ਹਿੰਸਾ ’ਚ 221 ਲੋਕ ਮਰੇ ਅਤੇ 60000 ਤੋਂ ਵੱਧ ਬੇਘਰ ਹੋਏ। ਪਿੰਡਾਂ ਦੇ ਪਿੰਡ ਇਸ ਹਿੰਸਾ ’ਚ ਤਬਾਹ ਹੋਏ। ਲੋਕਾਂ ਨੂੰ ਹੋਰ ਥਾਵਾਂ ’ਤੇ ਪਨਾਹ ਲੈਣੀ ਪਈ। ਇੱਕ-ਦੂਜੇ ਦੇ ਚਰਚ, ਮੰਦਰ ਤੋੜ ਦਿੱਤੇ ਗਏ।

ਪਿਛਲੇ ਸਾਲ ਮਨੀਪੁਰ ਹਿੰਸਾ ਦੇ ਦੌਰਾਨ ਭੀੜ ਤੋਂ ਬਚਣ ਲਈ ਮਦਦ ਦੀ ਗੁਹਾਰ ਲਗਾਉਣ ਵਾਲੀਆਂ ਦੋ ਔਰਤਾਂ ਨੂੰ ਪੁਲਸ ਨੇ ਹੀ ਦੰਗਾ ਕਰਨ ਵਾਲਿਆਂ ਦੇ ਹੱਥ ਸੌਂਪ ਦਿੱਤਾ। ਇਸ ਤੋਂ ਬਾਅਦ ਭੀੜ ਨੇ ਇਹਨਾਂ ਦੋ ਔਰਤਾਂ ਨੂੰ ਨਿਰਵਸਤਰ ਕਰ ਦਿੱਤਾ ਅਤੇ ਇਲਾਕੇ ’ਚ ਘੁੰਮਾਇਆ ਅਤੇ ਉਹਨਾਂ ਦਾ ਜੌਨ ਉਤਪੀੜਨ ਵੀ ਕੀਤਾ ਗਿਆ। ਇਸ ਘਟਨਾ ਨੇ ਭਾਰਤ ਦੇਸ਼ ਦਾ ਅਕਸ ਵਿਦੇਸ਼ਾਂ ’ਚ ਬਹੁਤ ਧੁੰਦਲਾ ਕੀਤਾ। ਭਾਰਤੀ ਨੇਤਾਵਾਂ ਨੂੰ ਉਹਨਾਂ ਦੇ ਵਿਦੇਸ਼ ਦੌਰਿਆਂ ਦੌਰਾਨ ਇਸ ਸੰਬੰਧੀ ਸਵਾਲ ਪੁੱਛੇ। ਅਸਲ ’ਚ ਇਸ ਘਟਨਾ ਨੇ ਭਾਰਤੀਆਂ ਨੂੰ ਪੂਰੀ ਦੁਨੀਆ ’ਚ ਸ਼ਰਮਸਾਰ ਕੀਤਾ।

ਮਨੀਪੁਰ ਵਿੱਚ ਸੰਘਰਸ਼ ਦਾ ਮੁੱਖ ਕਾਰਨ ਜ਼ਮੀਨ ਹੈ। ਇਥੇ ਸਮਾਜਿਕ-ਆਰਥਿਕ ਅਤੇ ਸਿਆਸੀ ਵਿਵਸਥਾਵਾਂ ਜ਼ਮੀਨ ਅਤੇ ਇਸ ਨਾਲ ਸੰਬੰਧਤ ਮੁੱਦਿਆ ਤੇ ਹੀ ਕੇਂਦਰਤ ਹਨ। ਖ਼ਾਸ ਕਰਕੇ ਆਦਿਵਾਸੀਆਂ ਲਈ ਜ਼ਮੀਨ, ਇਕੋ-ਇੱਕ ਮਹੱਤਵਪੂਰਨ ਭੌਤਿਕ ਜਾਇਦਾਦ ਹੈ। ਸੰਸਕ੍ਰਿਤਿਕ ਅਤੇ ਜਾਤੀ ਪਛਾਣ ਨੂੰ ਸਹੀ ਆਕਾਰ ਦੇਣ ਲਈ ਕਿਸੇ ਸਥਾਨ ਵਿਸ਼ੇਸ਼ ਦੀ ਜ਼ਮੀਨ ਦੀ ਭੂਮਿਕਾ ਖ਼ਾਸ ਹੁੰਦੀ ਹੈ। ਇਸ ਤੋਂ ਬਿਨ੍ਹਾਂ ਆਦਿਵਾਸੀ ਸੁਮਦਾਏ ਦੀ ਜ਼ਮੀਨ ਅਤੇ ਜੰਗਲ ਦੇ ਸਾਥ ਇੱਕ ਸਹਿਜੀਵੀ ਸਬੰਧ ਹਨ, ਜਿਹਨਾ ਉਤੇ ਉਹਨਾ ਦੀ ਰੋਜੀ ਰੋਟੀ ਨਿਰਭਰ ਹੈ। ਇਸ ਸੰਘਰਸ਼ ਅਤੇ ਹਿੰਸਾ ਦੀ ਵਜਾਹ ਮੀਆਮਾਰ ਦੇਸ਼ ਤੋਂ ਗੈਰਕਾਨੂੰਨੀ ਪ੍ਰਵਾਸ ਦਾ ਵਧਣਾ ਅਤੇ ਬੇਰੁਜ਼ਗਾਰੀ ਨੂੰ ਵੀ ਗਿਣਿਆ ਜਾਂਦਾ ਹੈ। ਜਿਹੜੇ ਨੌਜਵਾਨ ਪੜ੍ਹ ਲਿਖ ਗਏ ਹਨ। ਜਿਹਨਾ ਨੂੰ ਨੌਕਰੀ ਨਹੀਂ ਮਿਲਦੀ, ਉਹ ਅਸੰਤੁਸ਼ਟ ਨਜ਼ਰ ਆਉਂਦੇ ਹਨ। ਰੋਸ ਪ੍ਰਗਟ ਕਰਦੇ ਹਨ। ਸੜਕਾਂ ’ਤੇ ਉਤਰਦੇ ਹਨ। ਘੱਟ-ਪੜ੍ਹੇ ਲਿਖਿਆਂ ਲਈ ਕੋਈ ਕਿੱਤਾ ਸਿਖਲਾਈ ਦਾ ਪ੍ਰਬੰਧ ਨਹੀਂ, ਸਵੈ-ਰੁਜ਼ਗਾਰ ਦੀ ਵੀ ਕਮੀ ਹੈ, ਇਸ ਲਈ ਉਨ੍ਹਾਂ ਦਾ ਪ੍ਰੇਸ਼ਾਨ ਹੋਣਾ ਅਤੇ ਗਰਮ-ਸਰਦ ਧੜਿਆਂ ’ਚ ਸ਼ਾਮਲ ਹੋਣਾ ਅਤੇ ਨਸ਼ਿਆਂ ’ਚ ਗਰਕ ਹੋਣਾ ਸੁਭਾਵਕ ਹੈ।

ਮਨੀਪੁਰ 1949 ’ਚ ਭਾਰਤ ਦਾ ਹਿੱਸਾ ਬਣਿਆ। 1972 ਵਿੱਚ ਇਸ ਨੂੰ ਪੂਰੇ ਰਾਜ ਦਾ ਦਰਜਾ ਮਿਲਿਆ। ਇਥੇ ਰਾਜਸ਼ਾਹੀ ਦੇ ਸ਼ਾਸਨ ਕਾਲ ’ਚ ਆਈ. ਐਲ. ਪੀ. ਜਿਹੀ ਪ੍ਰਣਾਲੀ ਲਾਗੂ ਸੀ, ਜਿਸ ਦੇ ਤਹਿਤ ਕੋਈ ਬਾਹਰਲਾ ਵਿਅਕਤੀ ਰਾਜ ਵਿੱਚ ਨਾ ਤਾਂ ਨਾਗਰਿਕ ਬਣ ਸਕਦਾ ਸੀ ਅਤੇ ਨਾ ਹੀ ਜ਼ਮੀਨ ਜਾਂ ਹੋਰ ਕੋਈ ਜਾਇਦਾਦ ਖ਼ਰੀਦ ਸਕਦਾ ਸੀ, ਪਰੰਤੂ ਕੇਂਦਰ ਨੇ ਇਹ ਪ੍ਰਣਾਲੀ ਖ਼ਤਮ ਕਰ ਦਿੱਤੀ। ਹੁਣ ਸਮੇਂ-ਸਮੇਂ ਇਹ ਪ੍ਰਣਾਲੀ ਲਾਗੂ ਕਾਰਨ ਦੀ ਮੰਗ ਉੱਠਦੀ ਰਹਿੰਦੀ ਹੈ ਅਤੇ ਲੋਕਾਂ ’ਚ ਵਖਰੇਵੇਂ ਦੀ ਭਾਵਨਾ ਵਧ ਰਹੀ ਹੈ।

ਮਨੀਪੁਰ ਦੀ ਸਮੱਸਿਆ ਗੰਭੀਰ ਹੈ, ਇਸ ਉਤੇ ਚੁੱਪੀ ਵੱਟ ਕੇ ਨਹੀਂ ਬੈਠਿਆ ਜਾ ਸਕਦਾ। ਮਨੀਪੁਰ ’ਤੇ ਚੁੱਪੀ ਅਤੇ ਸਥਿਲਤਾ ਨਾ ਕੇਵਲ ਉਸ ਰਾਜ ਦੇ ਤਬਾਹੀ ਲਈ ਜ਼ਿੰਮੇਦਾਰ ਹੋ ਰਹੀ ਹੈ, ਬਲਕਿ ਭਵਿੱਖ ਵਿੱਚ ਇਸ ਤੋਂ ਵੀ ਵੱਡੇ ਖਤਰੇ ਪੈਦਾ ਹੋਣ ਦੀ ਅਸ਼ੰਕਾ ਗਹਿਰੀ ਹੁੰਦੀ ਜਾ ਰਹੀ ਹੈ। ਇਸ ਮਹੱਤਵਪੂਰਨ ਸੂਬੇ ਦੇ ਹਾਲਾਤ ਇਹੋ ਜਿਹੇ ਬਣ ਚੁੱਕੇ ਹਨ ਕਿ ਕੇਂਦਰ ਸਰਕਾਰ ਦੀ ਪਹਿਲਕਦਮੀ ਲੋੜੀਂਦੀ ਹੈ, ਉਥੇ ਅਮਨ-ਸ਼ਾਂਤੀ ਲਈ ਫਿਰਕਿਆਂ ’ਚ ਇੱਕਸੁਰਤਾ ਦੀ ਲੋੜ ਹੈ। ਉਥੇ ਬੁਨਿਆਦੀ ਢਾਂਚਾ ਲੋੜੀਂਦਾ ਹੈ। ਨਰੇਂਦਰ ਮੋਦੀ ਦਾ ਦੌਰਾ ਉਥੇ ਭਾਰਤ ਸਰਕਾਰ ਦੀ ਹੋਂਦ ਤਾਂ ਦਰਸਾਏਗਾ ਹੀ, ਸੂਬਾ ਸਰਕਾਰ ਖ਼ਾਸ ਕਰਕੇ ਮੁੱਖ ਮੰਤਰੀ ਦੇ ਵਿਗੜ ਚੁੱਕੇ ਅਕਸ ’ਚ ਕੁਝ ਸੁਧਾਰ ਵੀ ਲਿਆਏਗਾ, ਪਰ 9 ਜੂਨ ਦੇ ਤੀਜੇ ਕਾਰਜਕਾਲ ਤੋਂ ਬਾਅਦ ਵੀ ਮੋਦੀ ਮਨੀਪੁਰ ਨਹੀਂ ਗਏ, ਹਾਲਾਂਕਿ ਉਹ ਕਈ ਦੇਸ਼ਾਂ ਇਟਲੀ, ਰੂਸ, ਆਸਟਰੀਆ, ਪੋਲੈਂਡ, ਸਿੰਗਾਪੁਰ ਦਾ ਦੌਰਾ ਕਰ ਚੁੱਕੇ ਹਨ ਅਤੇ ਉਹ ਅਮਰੀਕਾ, ਰੂਸ, ਬਰਾਜ਼ੀਲ ਆਦਿ ਦੇਸ਼ਾਂ ’ਚ ਜਾਣ ਦਾ ਪ੍ਰੋਗਰਾਮ ਬਣਾਈ ਬੈਠੇ ਹਨ।

ਇਸ ਵੇਲੇ ਤਾਂ ਕੇਂਦਰੀ ਸਿੰਘਾਸਨ ਦਾ ਮਹਾਂਮੰਤਰੀ ਨਰੇਂਦਰ ਮੋਦੀ ਸਾਬਕਾ ਕੇਂਦਰੀ ਮੰਤਰੀ ਪੀ ਚਿੰਦਬਰਮ ਦੇ ਸ਼ਬਦਾਂ ’ਚ : ‘ਮਨੀਪੁਰ ਕੋ ਜਲਨੇ ਦੋ, ਮੈਂ ਮਨੀਪੁਰ ਕੀ ਧਰਤੀ ਪਰ ਕਦਮ ਨਹੀਂ ਰਖੂੰਗਾ’ ਦੀ ਜ਼ਿੱਦ ਬਿਲਕੁਲ ਉਵੇਂ ਕਰੀ ਬੈਠਾ ਹੈ, ਜਿਵੇਂ ਦੀ ਉਸ ਦੀ ਜ਼ਿੱਦ ਗੁਜਰਾਤ ਦੰਗਿਆਂ, ਸੀ ਏ ਏ ਵਿਰੋਧੀ ਪ੍ਰਦਰਸ਼ਨਾਂ ਅਤੇ ਤਿੰਨ ਖੇਤੀ ਕਾਨੂੰਨਾਂ ਖਿਲਾਫ਼ ਕਿਸਾਨਾਂ ਦੇ ਵਿਰੋਧ ਪ੍ਰਦਰਸ਼ਨਾਂ ਦੇ ਦੌਰਾਨ ਵੇਖੀ ਸੀ।

ਮਨੀਪੁਰ ਜਲ ਰਿਹਾ ਹੈ, ਮਨੀਪੁਰ ਦੀ ਜਨਤਾ ਪ੍ਰੇਸ਼ਾਨ ਹੈ। ਦੇਸ਼ ਦਾ ਰਾਜਾ (ਨੀਰੋ) ਬੰਸਰੀ ਵਜਾ ਰਹਾ ਹੈ, ਰੋਮ ਜਲ ਰਿਹਾ ਹੈ।

**# ਸੰਪਰਕ : 98158-02070**

# ਹਾਦਸਿਆਂ ਤੋਂ ਬਚਣ ਲਈ ਸਹਿਜਤਾ ਅਤੇ ਸਮਝਦਾਰੀ ਜ਼ਰੂਰੀ



ਤੇਜਿੰਦਰ ਚੰਡਿਹੋਕ

ਅਸੀਂ ਅਕਸਰ ਜੀਵਨ ਅਮੁੱਲਾ ਹੈ, ਇਸ ਦੀ ਸੰਭਾਲ ਕਰੋ, ਜ਼ਿੰਦਗੀ ਕੀਮਤੀ ਹੈ, ਇਸ ਦਾ ਮੁੱਲ ਪਛਾਣੋ, ਜੀਵਨ ਦੁਬਾਰਾ ਨਹੀਂ ਮਿਲਦਾ ਆਦਿ ਦੇ ਸੰਦੇਸ਼ ਦੂਜਿਆਂ ਨੂੰ ਤਾਂ ਦਿੰਦੇ ਰਹਿੰਦੇ ਹਾਂ, ਪਰ ਇਹਨਾਂ ਨੂੰ ਆਪਣੀ ਜ਼ਿੰਦਗੀ ਦੇ ਅਮਲ ਵਿੱਚ ਕਿੰਨਾ ਕੁ ਲਿਆਉਂਦੇ ਹਾਂ? ਇਹ ਸੋਚਣ ਵਾਲੀ ਗੱਲ ਹੈ। ਹਾਦਸਿਆਂ ਵਿੱਚ ਹੋਈਆਂ ਆਪਣੀਆਂ ਗਲਤੀਆਂ ਨੂੰ ਸਵੀਕਾਰ ਕਰਨ ਦੀ ਥਾਂ ਰੱਬ ਨੂੰ ਜ਼ਿੰਮੇਵਾਰ ਠਹਿਰਾਉਂਦੇ ਹਾਂ ਕਿ ਇਹ ਹਾਦਸਾ ਵੀ ਉਸ ਦੀ ਮਰਜ਼ੀ ਨਾਲ ਹੋਇਆ ਹੈ, ਜਿਵੇਂ ਉਹਨੇ ਲਿਖਿਆ ਸੀ, ਹੋ ਗਿਆ। ਨਿੱਤ ਵਾਪਰ ਰਹੇ ਹਾਦਸਿਆਂ ’ਤੇ ਦੁੱਖ ਪ੍ਰਗਟ ਕਰਦੇ ਹਾਂ। ਅਫਸੋਸ ਜਿਤਾਉਂਦੇ ਹਾਂ। ਸਾਡੇ ਅਖ਼ਬਾਰ, ਸੋਸ਼ਲ ਮੀਡੀਆ ਉੱਪਰ ਜ਼ਿਆਦਾਤਰ ਇਹੀ ਖ਼ਬਰਾਂ ਮਿਲਦੀਆਂ ਹਨ ਕਿ ਫਲਾਣੀ ਥਾਂ ਇਹ ਹਾਦਸਾ ਹੋ ਗਿਆ ਹੈ। ਬਹੁਤੇ ਲੋਕ ਸੋਸ਼ਲ ਮੀਡੀਆ ਦੇ ਗਰੁੱਪਾਂ, ਫੇਸਬੁੱਕਾਂ ’ਤੇ ਪਾਉਂਦੇ ਹਨ, ਸੈਲਫੀਆਂ ਲੈਂਦੇ ਹਨ ਅਤੇ ਹਾਦਸਾਗ੍ਰਸਤ ਵਿਅਕਤੀ ਨੂੰ ਬਚਾਉਣ ਦਾ ਹੀਲਾ ਕਰਨ ਦੀ ਥਾਂ ਉਹਨਾਂ ਦੀਆਂ ਫੋਟੋਆਂ ਖਿੱਚਦੇ ਹਨ ਕਿ ਇਹ ਖ਼ਬਰ ਸਭ ਤੋਂ ਪਹਿਲਾਂ ਮੈਂ ਸੋਸ਼ਲ ਮੀਡੀਆ ’ਤੇ ਪਾਵਾਂ ਅਤੇ ਆਪਣੇ ਚੰਗੇ ਹੋਣ ਦਾ ਸਬੂਤ ਦਿਆਂ।

ਕੀ ਅਸੀਂ ਸੋਚਿਆ ਹੈ ਕਿ ਇਹ ਹਾਦਸੇ ਕਿਉਂ ਵਾਪਰਦੇ ਹਨ ਅਤੇ ਇਸ ਲਈ ਜ਼ਿੰਮੇਵਾਰ ਕੌਣ ਹੈ? ਅੱਜ ਹਜ਼ਾਰਾਂ ਨਵੀਆਂ ਗੱਡੀਆਂ ਕਾਰਾਂ, ਮੋਟਰ-ਸਾਈਕਲ, ਸਕੂਟਰ-ਸਕੂਟਰੀਆਂ ਸੜਕ ’ਤੇ ਉਤਰ ਰਹੀਆਂ ਹਨ। ਹਰ ਬੱਚਾ ਬਿਨਾਂ ਵਹੀਕਲ ਤੋਂ ਦੋ ਕਦਮ ਵੀ ਚੱਲਣ ਲਈ ਤਿਆਰ ਨਹੀਂ, ਉਸ ਨੂੰ ਕਿਤੇ ਵੀ ਜਾਣ-ਆਉਣ ਲਈ ਵਹੀਕਲ ਦੀ ਜ਼ਰੂਰਤ ਹੈ। ਹਰ ਘਰ ਵਿੱਚ ਕਈ-ਕਈ ਵਾਹਨ ਹਨ। ਇਸ ਸਭ ਕੁਝ ਤੋਂ ਕੋਈ ਦਿਕਤ ਨਹੀਂ ਹੈ, ਪਰ ਸਵਾਲ ਇਹ ਪੈਦਾ ਹੁੰਦਾ ਹੈ ਕਿ ਅਸੀਂ ਆਪਣੇ ਵਾਹਨ ਚਲਾਉਣ ਸਮੇਂ ਕਿੰਨੇ ਕੁ ਸੁਚੇਤ ਰਹਿੰਦੇ ਹਾਂ। ਭਾਵੇਂ ਸਰਕਾਰ ਵੱਲੋਂ ਵਾਹਨ ਐਕਟ ਅਧੀਨ ਨਵਾਂ ਕਾਨੂੰਨ ਲਿਆਂਦਾ ਹੈ, ਪਰ ਉਸ ਉੱਪਰ ਅਸੀਂ ਕਿੰਨਾਂ ਕੁ ਚੱਲ ਰਹੇ ਹਾਂ? ਟ੍ਰੈਫਿਕ ਪੁਲਸ ਵੀ ਕਿੰਨਾ ਕੁ ਕੰਮ ਕਰ ਸਕਦੀ ਹੈ। ਉਹਨਾਂ ਪਾਸ ਹੋਰ ਵੀ ਅਨੇਕਾਂ ਕੰਮ ਹਨ। ਇਹਨਾਂ ਹਾਦਸਿਆਂ ਦੇ 95 ਪ੍ਰਤੀਸ਼ਤ ਅਸੀਂ ਆਪ ਜ਼ਿੰਮੇਵਾਰ ਬਣਦੇ ਹਾਂ।

ਅਕਸਰ ਦੇਖਣ ਵਿੱਚ ਆਉਂਦਾ ਹੈ ਕਿ ਅਸੀਂ ਆਪਣੇ ਜੀਵਨ ਵਿੱਚ ਇੰਨੀ ਕਾਹਲ ਅਪਣਾ ਰੱਖੀ ਹੈ ਕਿ ਵਾਹਨ ਇੰਨੀ ਤੇਜ਼ੀ ਨਾਲ਼ ਚਲਾਉਂਦੇ ਹਾਂ, ਜਿਵੇਂ ਸਾਡੇ ਪਾਸ ਸਮਾਂ ਹੀ ਨਹੀਂ ਹੁੰਦਾ। ਸਾਨੂੰ ਹਰ ਵਾਹਨ ਚਾਲਕ ਤੋਂ ਅੱਗੇ ਲੰਘਣ ਦੀ ਤਾਂਘ ਰਹਿੰਦੀ ਹੈ ਕਿ ਉਹ ਮੇਰੇ ਤੋਂ ਅੱਗੇ ਨਾ ਲੰਘ ਜਾਵੇ, ਹਾਲਾਂਕਿ ਜਿੱਥੇ ਤੁਸੀਂ ਜਾਣਾ ਹੈ, ਉੱਥੇ ਕੋਈ ਕੰਮ ਨਾ ਹੋਵੇ ਅਤੇ ਤੁਹਾਡੇ ਪਾਸ ਵਾਧੂ ਸਮਾਂ ਪਿਆ ਹੋਵੇ, ਪਰ ਵਾਹਨ ਅੱਗ ਲੱਗੀ ਵਾਂਗ ਚਲਾਉਂਦੇ ਹਾਂ, ਜਿਵੇਂ ਅੱਗ ਬੁਝਾਉਣੀ ਹੋਵੇ। ਅਕਸਰ ਦੇਖਣ ਵਿੱਚ ਆਉਂਦਾ ਹੈ ਕਿ ਕਿਸੇ ਵੀ ਮੋੜ ਤੋਂ ਵਾਹਨ ਮੋੜਨ ਲੱਗਿਆਂ ਅਸੀਂ ਆਪਣਾ ਖੱਬਾ ਹੱਥ ਛੱਡ ਕੇ ਸੱਜੇ ਵੱਲ ਨੂੰ ਹੋ ਜਾਂਦੇ ਹਾਂ, ਜਿੱਧਰੋਂ ਦੂਜੇ ਵਾਹਨ ਨੇ ਮੁੜਨਾ ਹੁੰਦਾ ਹੈ। ਵਾਹਨਾਂ ’ਤੇ ਲੱਗੇ ਦਿਸ਼ਾ ਸੂਚਕ (ਇੰਡੀਕੇਟਰ) ਵੀ ਦੇਣ ਦੀ ਅਸੀਂ ਖੇਚਲ ਨਹੀਂ ਕਰਦੇ। ਕਈ ਵਾਹਨ ਚਾਲਕ ਵਾਹਨ ਦਾ ਹਾਰਨ ਵੀ ਨਹੀਂ ਮਾਰਦੇ ਤਾਂ ਕਿ ਹਾਰਨ ਦੀ ਆਵਾਜ਼ ਸੁਣ ਕੇ ਦੂਜਾ ਵਿਅਕਤੀ ਆਸੇ-ਪਾਸੇ ਹੋ ਸਕੇ।

ਬਾਜ਼ਾਰਾਂ ਵਿੱਚ ਦੁਕਾਨਾਂ ਅੱਗੇ ਅਸੀਂ ਸਕੂਟਰ, ਮੋਟਰ-ਸਾਈਕਲ, ਬੱਸ ਲੱਤ ਲਗਾ ਕੇ ਖੜ੍ਹਾ ਕਰ ਦਿੰਦੇ ਹਾਂ, ਕਦੇ ਉਸ ਨੂੰ ਠੀਕ ਢੰਗ ਨਾਲ਼ ਇਕ ਪਾਸੇ ਖੜਾ ਕਰਨ ਦੀ ਕੋਸ਼ਿਸ਼ ਵੀ ਨਹੀਂ ਕਰਦੇ। ਕਦੇ ਇਹ ਵੀ ਨਹੀਂ ਸੋਚਦੇ ਕਿ ਜਿੱਥੇ ਅਸੀਂ ਆਪਣਾ ਵਾਹਨ ਖੜ੍ਹਾ ਕਰ ਰਹੇ ਹਾਂ ਉੱਥੇ ਪਹਿਲਾਂ ਖੜ੍ਹੇ ਵਾਹਨ ਮਾਲਕ ਨੇ ਉਸ ਨੂੰ ਬਾਹਰ ਵੀ ਕੱਢਣਾ ਹੈ। ਬਸ ਅਸੀਂ ਤਾਂ ਸਿਰਫ ਆਪਣੇ ਬਾਰੇ ਸੋਚਦੇ ਹਾਂ, ਦੂਜੇ ਬਾਰੇ ਕਦੇ ਵੀ ਨਹੀਂ। ਇਹਨਾਂ ਹਾਦਸਿਆਂ ਵਿੱਚ ਵਾਹਨ ਸਿੱਖਿਆ ਦੀ ਘਾਟ ਵੀ ਮਹਿਸੂਸ ਹੁੰਦੀ ਹੈ। ਕਈ ਵਾਹਨ ਤਾਂ ਬਿਨਾਂ ਟ੍ਰੇਨਿੰਗ ਲਿਆਂ ਹੀ ਸੜਕਾਂ ’ਤੇ ਲੋਕੀਂ ਲਈ ਫਿਰਦੇ ਹਨ।

ਬਾਜ਼ਾਰਾਂ ਵਿੱਚ ਅੱਜ-ਕੱਲ੍ਹ ਚੱਲ ਰਹੇ ਈ-ਰਿਕਸ਼ਾ ਵਾਲੇ ਤਾਂ ਸਵਾਰੀ ਲੈਣ ਲਈ ਆਪਣਾ ਈ-ਰਿਕਸ਼ਾ ਸਾਈਡ ’ਤੇ ਵੀ ਨਹੀਂ ਕਰਦੇ ਅਤੇ ਨਾ ਹੀ ਅੱਗੇ-ਪਿੱਛੇ ਦੇਖਦੇ ਹਨ, ਸਗੋਂ ਤੁਰੇ ਜਾਂਦੇ, ਉੱਥੇ ਹੀ ਬਰੇਕ ਲਗਾ ਦਿੰਦੇ ਹਨ, ਜਿਸ ਨਾਲ ਪਿੱਛੋਂ ਆ ਰਹੇ ਵਾਹਨ ਹਾਦਸਾ ਗ੍ਰਸਤ ਹੋ ਜਾਂਦੇ ਹਨ। ਕਈ ਦੋਸਤ ਦੀ ਆਪਣੀ ਗਲਤੀ ਹੋਣ ਦੇ ਬਾਵਜੂਦ ਦੂਜੇ ਵਾਹਨ ਵਾਲੇ ਦਾ ਹੀ ਕਸੂਰ ਕੱਢਦੇ ਹਨ। ਪੈਦਲ ਚੱਲਣ ਵਾਲੇ ਵੀ ਸੜਕਾਂ ਦੇ ਵਿਚਕਾਰ ਤੁਰੇ ਜਾਂਦੇ ਹਨ।

ਇਹਨਾਂ ਤੋਂ ਇਲਾਵਾ ਚੱਲਦੇ ਵਾਹਨ ਸਮੇਂ ਅਸੀਂ ਮੋਬਾਇਲ ਸੁਣਨ ਲੱਗ ਪੈਂਦੇ ਹਾਂ। ਇੰਨੀ ਕੋਸ਼ਿਸ਼ ਨਹੀਂ ਕਰਦੇ ਕਿ ਦੋ ਮਿੰਟ ਰੁਕ ਕੇ ਗੱਲ ਕਰ ਲਈ ਜਾਵੇ। ਦੂਜਾ ਅੱਜ ਦੇ ਯੁੱਗ ਵਿੱਚ ਨਵੇਂ ਵਾਹਨਾਂ ਦੇ ਹਾਰਨ ਏਨੇ ਭਿਆਨਕ ਆ ਗਏ ਹਨ ਕਿ ਕਈ ਤਾਂ ਨੇੜੇ ਆ ਕੇ ਇੰਨੀ ਜ਼ੋਰ ਦੀ ਹਾਰਨ ਵਜਾਉਂਦੇ ਹਨ ਕਿ ਦੂਜੇ ਵਾਹਨ ਵਾਲਾ ਵਿਅਕਤੀ ਡਰ ਨਾਲ਼ ਆਪਣਾ ਸੰਤੁਲਨ ਗੁਆ ਲੈਂਦਾ ਹੈ। ਸਭ ਤੋਂ ਵੱਡੀ ਗੱਲ ਇਹ ਹੈ ਕਿ ਹਰ ਮਨੁੱਖ ਨੂੰ ਕਾਹਲ ਹੀ ਮਾਰਦੀ ਹੈ। ਕਾਹਲ ਵਿੱਚ ਜ਼ਿਆਦਾ ਹਾਦਸੇ ਵਾਪਰਦੇ ਹਨ।

ਇਨ੍ਹਾਂ ਹਾਦਸਿਆਂ ਦਾ ਇਹ ਕਾਰਨ ਵੀ ਨਜ਼ਰੀਂ ਆਉਂਦਾ ਹੈ ਕਿ ਮੰਨ ਲਓ ਤੁਸੀਂ ਆਪਣਾ ਵਾਹਨ ਬੜੇ ਆਰਾਮ ਨਾਲ਼ ਚਲਾ ਰਹੇ ਹੋ। ਜੇਕਰ ਦੂਜਾ ਵਿਅਕਤੀ ਆ ਕੇ ਤੁਹਾਡੇ ਵਿੱਚ ਵੱਜੇ, ਫਿਰ ਕੀ ਕਰੋਗੇ। ਹਰ ਕਿਸੇ ਨੂੰ ਸਿਰਫ ਕਾਹਲ ਨੇ ਹੀ ਮਾਰਿਆ ਹੈ। ਜੇਕਰ ਅਸੀਂ ਆਪਣੇ ਜੀਵਨ ਨੂੰ ਹਾਦਸਿਆਂ ਤੋਂ ਬਚਾਉਣਾ ਹੈ ਤਾਂ ਸਾਨੂੰ ਕਾਹਲ ਛੱਡ ਕੇ ਸਹਿਜਤਾ ਅਤੇ ਸਮਝਦਾਰੀ ਤੋਂ ਕੰਮ ਲੈਣਾ ਪਵੇਗਾ।

**# ਸੰਪਰਕ : 095010-00224**

# ਬਲਾਤਕਾਰ ਦਾ ਆਰਥਿਕ ਤੇ ਸਮਾਜਿਕ ਸ਼ਾਸਤਰ ਹੈ ਕੀ ?

**ਪੇਸ਼ਕਸ਼ : ਡਾ. ਅਜੀਤਪਾਲ ਸਿੰਘ ਐੱਮ ਡੀ**

ਬਲਾਤਕਾਰ ਅਤੇ ਹੱਤਿਆ ਦੀ ਬੇਕਿਰਕੀ ਜਿਸ ਕਿਸਮ ਦੀਆਂ ਪ੍ਰਤੀਕ੍ਰਿਆਵਾਂ ਨੂੰ ਜਨਮ ਦਿੰਦੀ ਹੈ, ਉਹ ਸਿਰਫ ਨੈਤਿਕ ਅਤੇ ਰਾਜਨੀਤਕ ਹੀ ਨਹੀਂ ਹੁੰਦੀਆਂ, ਅੱਤਿਆਚਾਰ ਦੀ ਭਿਅੰਕਰਤਾ ਦੀਆਂ ਉਸ ਵੇਲੇ ਦੀਆਂ ਛਵੀਆਂ ਨਾਲ ਜੋ ਦੇਹਿਕ ਤੇ ਮਾਨਸਿਕ ਅਹਿਸਾਸ ਪੈਦਾ ਹੁੰਦੇ ਹਨ, ਉਹ ਵੀ ਪ੍ਰਤੀਕਿਰਿਆ ਹੀ ਹੈ, ਜਿਵੇਂ ਫਰਸ਼ ’ਤੇ ਪਈ ਦੇਹ ਦੇ ਇਰਦ-ਗਿਰਦ ਪੱਸਰੇ ਹਿੰਸਾ ਦੇ ਸੁਰਾਗ, ਅੱਖਾਂ ਦੇ ਇਰਦ-ਗਿਰਦ ਜੰਮੇ ਖ਼ੂਨ ਤੇ ਥੱਕੇ ਜਾਂ ਅੰਗ ਭੰਗ ਦੇ ਦ੍ਰਿਸ਼ ਜਿੱਥੇ ਸਭ ਕੁਝ ਸ਼ਰੇਆਮ ਨੰਗਾ ਚਿੱਟਾ ਮੌਜੂਦ ਹੁੰਦਾ ਹੈ, ਜਦ ਕਿ ਕੱਪੜੇ ਇੱਕ ਕੋਨੇ ਵਿੱਚ ਕਿਤੇ ਸਿੱਟੇ ਪਏ ਹੋਣ, ਅਜਿਹੇ ਦ੍ਰਿਸ਼ ਸਾਡੀ ਸੱਭਿਅਤਾ ਦੀ ਉਸ ਆਦਮ ਤੇ ਸਿਆਹ ਕਾਲੀ ਸਿਮਰਤੀ ਨੂੰ ਜਗਾ ਦਿੰਦੇ ਹਨ, ਜਿਸ ਵਿੱਚ ਮਰਦ ਪ੍ਰਧਾਨ ਸੱਤਾ ਲਗਾਤਾਰ ਆਪਣੇ ਨਹੁੰਆਂ ਨਾਲ ਔਰਤਾਂ ਦੇ ਜਿਸਮ ਅਤੇ ਰੂਹ ’ਤੇ ਜ਼ਖਮਾਂ ਦੀ ਇਬਾਰਤ ਉੱਕਰਦੀ ਰਹੀ ਹੈ। ਸਿਮਰਤੀ ਤੋਂ ਲੈ ਕੇ ਵਰਤਮਾਨ ਤੱਕ ਪੱਸਰੇ ਅਜਿਹੇ ਦ੍ਰਿਸ਼ਾਂ ਵਿੱਚ ਸਿਰਫ ਇੱਕ ਚੀਜ਼ ਹੀ ਸਥਾਈ ਰੂਪ ਵਿੱਚ ਮੌਜੂਦ ਰਹਿੰਦੀ ਹੈ, ਉਹ ਹੈ ਇੱਕ ਔਰਤ ਦੀ ਬਲਾਤਕਾਰ ਕਰਕੇ ਸੁੱਟੀ ਦੇਹ। ਇਹ ਨੰਗੀ ਚਿੱਟੀ ਹਕੀਕਤ ਇੰਨੀ ਤਕੜੀ ਹੁੰਦੀ ਹੈ ਕਿ ਆਪਣੇ ਇਰਦ-ਗਿਰਦੇ ਸਾਰੇ ਅਫਸਾਨੇ ’ਤੇ ਭਾਰੀ ਪੈ ਜਾਂਦੀ ਹੈ, ਇਸ ਲਈ ਇੱਕ ਔਰਤ ਦੇ ਨਾਲ ਕੀਤੀ ਗਈ ਹਿੰਸਾ ਤੇ ਬਤੌਰ ਇੱਕ ਰਾਸ਼ਟਰ ਦੇ, ਜੇ ਅਸੀਂ ਹੈਰਾਨ-ਪ੍ਰੇਸ਼ਾਨ ਨਹੀਂ ਰਹਿ ਜਾਂਦੇ, ਝੰਜੋੜੇ ਨਹੀਂ ਜਾਂਦੇ ਤੇ ਰੋਸ ਵਿੱਚ ਨਹੀਂ ਆਉਂਦੇ ਤਾਂ ਸੁਆਲ ਸਾਡੀ ਸਮੁੱਚੀ ਮਨੁੱਖਤਾ ’ਤੇ ਹੀ ਖੜਾ ਹੋ ਜਾਂਦਾ ਹੈ। ਦੂਜੇ ਪਾਸੇ ਇਹੀ ਰੋਸ ਕੁਝ ਅਜਿਹੀਆਂ ਸਚਾਈਆਂ ਤੋਂ ਧਿਆਨ ਭੜਕਾਉਣ ਦਾ ਕੰਮ ਕਰ ਸਕਦਾ ਹੈ, ਜੋ ਉਸ ਵੇਲੇ ਘਟਨਾ ਦੇ ਨਾਲ ਬਹੁਤ ਵਿਆਪਕ ਰੂਪ ’ਚ ਦਿਸ ਰਹੀਆਂ ਹੁੰਦੀਆਂ ਹਨ। ਅਜਿਹੀਆਂ ਸਚਾਈਆਂ ਦਾ ਇੱਕ ਚੁੱਪ ਇਤਿਹਾਸ ਤੇ ਤਹਿਸ਼ੁਦਾ ਭੂਗੋਲ ਹੁੰਦਾ ਹੈ, ਜਿਸ ਤੋਂ ਬਚ ਸਕਣਾ ਮੁਸ਼ਕਲ ਹੈ।

ਮੌਜੂਦਾ ਪ੍ਰਸੰਗ ਵਿਚ ਇਹ ਦੂਸਰੀ ਸਚਾਈ ਪੱਛਮੀ ਬੰਗਾਲ ਵਿੱਚ ਮੈਡੀਕਲ ਸਿੱਖਿਆ ਦੇ ਖੇਤਰ ਵਿੱਚ ਵਿਆਪਕ ਭ੍ਰਿਸ਼ਟਾਚਾਰ ਦੀ ਹੈ। ਹੋ ਸਕਦਾ ਹੈ ਕਿ ਅਸੀਂ ਇਸ ਬਹਾਨੇ ਪੂਰੇ ਸੂਬੇ ਵਿੱਚ ਚੌਤਰਫਾ ਫੈਲੇ ਭ੍ਰਿਸ਼ਟਾਚਾਰ ਦੀ ਗੱਲ ਕਰ ਰਹੇ ਹੋਈਏ, ਇਹ ਵੀ ਹੋ ਸਕਦਾ ਹੈ ਕਿ ਗੱਲ ਪੂਰੇ ਦੇਸ਼ ਵਿੱਚ ਮੈਡੀਕਲ ਸਿੱਖਿਆ ਦੇ ਭ੍ਰਿਸ਼ਟਾਚਾਰ ਨਾਲ ਜਾ ਕੇ ਜੁੜਦੀ ਹੋਵੇ, ਪਰ ਇਸ ਸਮੱਸਿਆ ਨੂੰ ਕਿਸੇ ਦਿਉਕੱਦ ਅੰਨ੍ਹੀ ਖੱਡ ਵਾਂਗੂ ਦੇਖਣਾ ਸਾਨੂੰ ਕਿਸੇ ਸਿੱਟੇ ’ਤੇ ਨਹੀਂ ਪਹੁੰਚਾ ਸਕੇਗਾ, ਫਿਰ ਤਾਂ ਇਹ ਸਾਨੂੰ ਨਿਗਲ ਹੀ ਜਾਵੇਗਾ ਅਤੇ ਚੂਸ ਕੇ ਸੁੱਟ ਦੇਵੇਗਾ। ਇਸ ਲਈ ਇਸ ਮਾਮਲੇ ’ਤੇ ਗੱਲ ਕਰਨ ਲਈ ਬਹੁਤ ਖਾਸ ਕਿਸਮ ਦੇ ਭ੍ਰਿਸ਼ਟਾਚਾਰ ’ਤੇ ਫੋਕਸ ਕਰਨਾ ਹੋਵੇਗਾ, ਜਿਸ ਦੀ ਸੱਚਾਈ ’ਤੇ ਉਸ ਵੇਲੇ ਘਟਨਾ ਦੀ ਬੇਰਹਿਮੀ ਨੇ ਪੜ੍ਹਦਾ ਪਾ ਰੱਖਿਆ ਹੈ। ਨਾਲ ਹੀ ਇਹ ਵੀ ਜ਼ਰੂਰੀ ਹੈ ਕਿ ਬਲਾਤਕਾਰ ਅਤੇ ਉਸ ਦੀ ਭਿਆਨਕਤਾ ਤੇ ਆਪਣੇ ਅੰਦਰ ਫੁੱਟਦੇ ਗੁੱਸੇ ਵਿੱਚ ਅਸੀਂ ਆਪਣੀ ਨਜ਼ਰ ਤੋਂ ਥੋੜ੍ਹਾ ਜਿੰਨਾ ਵੀ ਕੁਝ ਵਿਸ਼ਾਲ ਤੰਤਰ ਨੂੰ ਓਝਲ ਨਾ ਹੋਣ ਦਈਏ, ਜਿਸ ਨੇ ਪੂਰੇ ਰਾਜ ਨੂੰ ਆਪਣੇ ਕਲਾਵੇ ਵਿੱਚ ਲੈ ਰੱਖਿਆ ਹੈ। ਪੱਛਮੀ ਬੰਗਾਲ ਇੱਕ ਅਜਿਹਾ ਹੀ ਰਾਜ ਹੈ, ਜਿੱਥੇ ਹੁਣ ਕੁਝ ਵੀ ਲੁੱਟਣ ਲਈ ਨਹੀਂ ਬਚਿਆ ਹੈ, ਜਿਸ ਕਰਕੇ ਜਿਸਮ ਦੀ ਲੁੱਟ ਹੋ ਰਹੀ ਹੈ। ਕਾਰੋਬਾਰ ਜਾ ਚੁੱਕੇ ਹਨ। ਰਾਜ ਦੀ ਕਮਾਈ ਡੁੱਬ ਚੁੱਕੀ ਹੈ। ਸਫੈਦਪੋਸ਼ ਜ਼ਰਾਈਮ ਦੇ ਲਈ ਥਾਂ ਹੀ ਨਹੀਂ ਹੈ, ਕਿਉਂਕਿ ਉਹਨਾਂ ਲਈ ਇੱਥੇ ਏਨਾ ਪੈਸਾ ਹੀ ਨਹੀਂ ਅਤੇ ਜਦ ਜਿਸਮ ਦੀ ਲੁੱਟ ਹੁੰਦੀ ਹੈ ਤਾਂ ਉਸ ਦਾ ਸ਼ਿਕਾਰ ਸਭ ਤੋਂ ਜ਼ਿਆਦਾ ਗਰੀਬ ਅਤੇ ਕਮਜ਼ੋਰ ਵਿਅਕਤੀ ਬਣਦਾ ਹੈ, ਫਿਰ ਵੇਸਵਾਗਮਨੀ, ਇਨਸਾਨਾਂ ਦੀ ਤਸਕਰੀ, ਸਰੀਰ ਦੇ ਅੰਗਾਂ ਦਾ ਨਜਾਇਜ਼ ਕਾਰੋਬਾਰ ਜਨਮ ਲੈਂਦਾ ਹੈ। ਮੈਡੀਕਲ ਖੇਤਰ ਦਾ ਭ੍ਰਿਸ਼ਟਾਚਾਰ ਇਹਨਾਂ ’ਤੇ ਚਲਦਾ ਹੈ, ਕਿਉਂਕਿ ਇੱਥੋਂ ਹੁਣ ਕੋਈ ਨਹੀਂ ਬਚ ਰਿਹਾ। ਇਨਸਾਨ ਦੀ ਦੇਹ ਅਤੇ ਇਸ ਦੇ ਦੇਹਿਕ ਦੁੱਖ ਮੈਡੀਕਲ ਖੇਤਰ ਦਾ ਚਾਰਾ/ਭੋਜਨ ਬਣ ਚੁੱਕਿਆ ਹੈ ਅਤੇ ਇਸ ਭ੍ਰਿਸ਼ਟਾਚਾਰ ਦੀ ਫਸਲ ਮਹਾਂਮਾਰੀ ਦੀ ਤਰ੍ਹਾਂ ਲਹਿਰਾ ਰਹੀ ਹੈ। ਮੈਡੀਕਲ ਬਰਾਦਰੀ ਦੇ ਲਈ ਇਹ ਇੱਕ ਖੁੱਲ੍ਹਾ ਭੇਦ ਹੈ। ਆਰ ਜੀ ਕਰ ਨਾਂਅ ਦੇ ਮੈਡੀਕਲ ਕਾਲਜ ਅਤੇ ਹਸਪਤਾਲ ਵਿੱਚ ਜੋ ਬਲਾਤਕਾਰ ਕਾਂਡ ਹੋਇਆ, ਉਸ ਦੇ ਪ੍ਰਸ਼ਾਸਕ ਯਾਨੀ ਪ੍ਰਿੰਸੀਪਲ ਸੰਦੀਪ ਘੋਸ਼ ਦੇ ਖਿਲਾਫ ਦੋਸ਼ਾਂ ਦੀ ਲਿਸਟ ਬਹੁਤ ਗੰਭੀਰ ਹੈ। ਪ੍ਰੀਖਿਆਵਾਂ ਤੇ ਮੈਡੀਕਲ ਦੀਆਂ ਸੀਟਾਂ ਵਿੱਚ ਰਿਸ਼ਵਤਖੋਰੀ ਅਤੇ ਭ੍ਰਿਸ਼ਟਾਚਾਰ ਪ੍ਰਸ਼ਾਸਨਿਕ ਤਬਾਦਲਿਆਂ ਨੂੰ ਕੰਟਰੋਲ ਕਰਨਾ, ਦਵਾਈਆਂ ਦਾ ਨਜਾਇਜ਼ ਕਾਰੋਬਾਰ/ ਨੈੱਟਵਰਕ ਚਲਾਉਣਾ ਇੱਥੋਂ ਤੱਕ ਕਿ ਟੀ ਵੀ ’ਤੇ ਰਿਸ਼ਵਤ ਦੀ ਰਕਮ ਪ੍ਰਸ਼ਾਸਨਿਕ ਅਧਿਕਾਰੀਆਂ ਦੁਆਰਾ ਦੱਸੇ ਜਾਣ ਦੇ ਬਾਵਜੂਦ ਹੁਣ ਤੱਕ ਇਸ ਵਿੱਚ ਕੁਝ ਵੀ ਸਾਬਿਤ ਨਹੀਂ ਹੋਇਆ ਹੈ, ਯਾਨੀ ਕਾਨੂੰਨ ਦੇ ਤੌਰ ’ਤੇ ਕਹੀਏ ਤੇ ਇਹ ਸਭ ਅਟਕਲਬਾਜ਼ੀਆਂ ਹਨ। ਘੋਸ਼ ਦੇ ਹਾਕਮ ਪਾਰਟੀ ਦੇ ਨਾਲ ਰਿਸ਼ਤੇ ਅਜਿਹੇ ਹਨ ਕਿ ਆਰ ਜੀ ਕਰ ਹਸਪਤਾਲ ’ਚੋਂ ਕੱਢੇ ਜਾਣ ਦੇ ਬਾਵਜੂਦ ਉਹ ਸ਼ਹਿਰ ਦੇ ਇੱਕ ਹੋਰ ਮੈਡੀਕਲ ਕਾਲਜ ਦੇ ਸਿਰ ’ਤੇ ਜਾ ਕੇ ਬਿਠਾ ਦਿੱਤੇ ਗਏ ਸਨ, ਜਦ ਉੱਥੋਂ ਦੇ ਵਿਦਿਆਰਥੀਆਂ ਨੇ ਆਪਣੇ ਉਥੇ ਇਸ ਕਚਰੇ ਨੂੰ ਸਵੀਕਾਰ ਕਰਨ ਤੋਂ ਇਨਕਾਰ ਕਰ ਦਿੱਤਾ, ਤਾਂ ਹੀ ਉਹਨਾਂ ਦੀ ਨਿਯੁਕਤੀ ਰੋਕੀ ਗਈ। ਰੋਸ ਮੁਜ਼ਾਹਰਿਆਂ ਬਾਰੇ ਸੋਸ਼ਲ ਮੀਡੀਆ ’ਤੇ ਖਬਰਾਂ ਖੂਬ ਚੱਲ ਰਹੀਆਂ ਹਨ। ਇਸ ਕਾਂਡ ਬਾਰੇ ਲੋਕ ਖੁੱਲ੍ਹ ਕੇ ਗੱਲਾਂ ਕਰ ਰਹੇ ਹਨ ਤੇ ਕੋਈ ਛੁਪੀ ਹੋਈ ਗੱਲ ਨਹੀਂ ਹੈ ਕਿ ਆਰ ਜੀ ਕਰ ਵਿੱਚ ਜੋ ਹੋਇਆ, ਉਹ ਸਭ ਮੈਡੀਕਲ ਕਾਲਜਾਂ ਵਿੱਚ ਹੁੰਦਾ ਰਿਹਾ ਹੈ। ਨਾ ਸਿਰਫ ਸ਼ਹਿਰ ਵਿੱਚ, ਬਲਕਿ ਪੂਰੇ ਰਾਜ ਵਿੱਚ ਮੈਡੀਕਲ ਟ੍ਰੇਨਿੰਗ ਦੀਆਂ ਪ੍ਰੀਖਿਆਵਾਂ, ਇੰਟਰਸ਼ਿਪ, ਸਿਖਲਾਈ ਆਦਿ ਤੋਂ ਪਹਿਲਾਂ ਲੱਖਾਂ ਰੁਪਏ ਰਿਸ਼ਵਤ ਵਜੋਂ ਲੈਣ-ਦੇਣ ਦੇ ਰੂਪ ਵਿੱਚ ਠੱਗੇ ਜਾਂਦੇ ਹਨ। ਦਵਾਈਆਂ ਦੇ ਨਜਾਇਜ਼ ਕਾਰੋਬਾਰ ਤੇ ਰੈਕਟ ਚੱਲ ਰਹੇ ਹਨ, ਜਿੱਥੇ ਬਾਜ਼ਾਰ ਤੋਂ ਪੰਜ ਗੁਣਾ ਭਾਅ ’ਤੇ ਉਹਨਾਂ ਨੂੰ ਵੇਚਿਆ ਅਤੇ ਫਿਰ ਤੋਂ ਵੇਚਿਆ ਜਾ ਰਿਹਾ ਹੈ। ਇਹ ਦਵਾਈ ਕੰਪਨੀਆਂ ਅਤੇ ਡਾਕਟਰਾਂ ਦੀ ਮਿਲੀ-ਭੁਗਤ ਨਾਲ ਹੋ ਰਿਹਾ ਹੈ ਇਹਨਾਂ ਦੇ ਵਿੱਚੋਂ ਵਿੱਚ ਮਰੀਜ ਪਿਸ ਰਹੇ ਹਨ।

ਇਸ ਦੌਰਾਨ ਇੱਕ ਹਿੰਮਤੀ ਤੇ ਇਮਾਨਦਾਰ ਔਰਤ ਆਉਂਦੀ ਹੈ, ਉਹ ਭ੍ਰਿਸ਼ਟਾਚਾਰ ਅਤੇ ਧਮਕੀਆਂ ਦੀ ਸੱਤਾ ਦੇ ਸਾਹਮਣੇ ਗੋਡੇ ਟੇਕਣ ਤੋਂ ਇਨਕਾਰ ਕਰ ਦਿੰਦੀ ਹੈ। ਇਹ ਕਿਹੜੀ ਦੁਨੀਆ ਹੈ, ਜਿੱਥੇ ਤੁਹਾਨੂੰ ਆਪਣੀ ਥੀਸਿਸ ਜਮਾਂ ਕਰਵਾਉਣ ਲਈ ਵੀ ਭਾਰੀ ਰਕਮ ਦੇਣੀ ਪੈਂਦੀ ਹੈ, ਤਾਂ ਕਿ ਤੁਸੀਂ ਪ੍ਰੀਖਿਆ ਪਾਸ ਕਰ ਸਕੋ। ਉਹਨਾਂ ਨੇ ਅਜਿਹਾ ਕਰਨ ਤੋਂ ਇਨਕਾਰ ਕਰ ਦਿੱਤਾ ਉਹਨਾਂ ਦਾ ਇਨਕਾਰ ਜਵਾਬੀ ਹਮਲਾ ਬਣ ਕੇ ਉਹਨਾਂ ਦੇ ਹੀ ਉੱਪਰ ਡਿੱਗ ਪਿਆ। ਉਸ ਦੇ ਕੰਮ ਕਰਦੇ ਘੰਟਿਆਂ ਵਿੱਚ ਤਬਦੀਲੀ ਕੀਤੀ ਜਾਣ ਲੱਗੀ, ਧਮਕੀਆਂ ਦਿੱਤੀਆਂ ਗਈਆਂ, ਉਸ ਦੇ ਮਾਤਾ-ਪਿਤਾ ਨੂੰ ਸੁਨੇਹੇ ਭੇਜੇ ਗਏ ਅਤੇ ਨਾ ਜਾਣੇ ਕੀ-ਕੀ ਕੀਤਾ ਗਿਆ। ਇਹ ਸਭ ਬੇਕਾਰ ਚਲਾ ਗਿਆ, ਤਦ ਇੱਕ ਰਾਤ ਉਸ ਉੱਪਰ ਜ਼ੁਲਮ ਦੀ ਤਲਵਾਰ ਚੁਪਕੇ ਜੇ ਅਚਾਨਕ ਡਿੱਗ ਪਈ। ਇਸ ਦੀ ਤਿਆਰੀ ਬਹੁਤ ਪਹਿਲਾਂ ਤੋਂ ਕੀਤੀ ਗਈ ਸੀ। ਹਸਪਤਾਲ ਦੇ ਲੋਕਾਂ ਨੂੰ, ਗਲਤੀ ਨਾਲ ਉੱਥੇ ਚਲੇ ਜਾਣ ਵਾਲਿਆਂ ਨੂੰ ਤੇ ਰਾਹਗੀਰਾਂ ਨੂੰ ਪਹਿਲਾਂ ਹੀ ਉਥੋਂ ਹਟਾ ਦਿੱਤਾ ਗਿਆ ਸੀ ਤਾਂ ਕਿ ਉਹ ਗਲਤੀ ਨਾਲ ਗਵਾਹ ਨਾ ਬਣ ਜਾਣ। ਜ਼ਾਹਿਰ ਹੈ ਇਹ ਸਭ ਹਸਪਤਾਲ ਦੇ ਪ੍ਰਸ਼ਾਸਨ ਤੋਂ ਬਗੈਰ ਕੀਤਾ ਜਾਣਾ ਮੁਮਕਿਨ ਨਹੀਂ ਹੋ ਸਕਦਾ ਅਤੇ ਉੱਪਰੋਂ ਵੀ ਇਸ ਦੇ ਵਿੱਚ ਕਿਸੇ ਨਾ ਕਿਸੇ ਉੱਘੇ ਵਿਅਕਤੀ ਦਾ ਹੱਥ ਰਿਹਾ ਹੋਏਗਾ। ਖੈਰ, ਅਗਲੀ ਸਵੇਰ ਉਸ ਦੀ ਲਾਸ਼ ਬਰਾਮਦ ਹੋਈ। ਉਸ ਦੀ ਮੌਤ ਨੂੰ ਖੁਦਕੁਸ਼ੀ ਦੱਸਿਆ ਗਿਆ। ਇਸ ਪਿੱਛੋਂ ਪੁਲਸ ਦਾ ਅਜੀਬੋ-ਗਰੀਬ ਵਰਤਾਅ, ਲਾਸ਼ ਦਾ ਪਰਵਾਰ ਤੋਂ ਦੂਰ ਰੱਖੇ ਜਾਣਾ, ਤਾਬੜਤੋੜ ਪੰਚਨਾਮਾ ਅਤੇ ਬਿਜਲੀ ਦੀ ਰਫਤਾਰ ਨਾਲ ਕੀਤਾ ਗਿਆ ਪੋਸਟ ਮਾਰਟਮ ਤੇ ਅੰਤਿਮ ਕਿਰਿਆ ਕਰਮ ਸਭ ਕੁਝ ਇਸ ਅਪਰਾਧ ਵਿੱਚ ਆਲ੍ਹਾ ਦਰਜੇ ਦੇ ਅਧਿਕਾਰੀਆਂ ਦੀ ਸਮੂਲੀਅਤ ਦੀ ਗਵਾਹੀ ਦੇ ਰਿਹਾ ਸੀ। ਓ ਟੀ ਟੀ ਚੈਨਲਾਂ ’ਤੇ ਅਪਰਾਧ ਕਥਾ ਦੇਖਣ ਵਾਲੇ ਜਾਣਦੇ ਹਨ ਕਿ ਜੁਰਮ ਤੇ ਸਿਆਸਤ ਵਿੱਚ ਚੋਲੀ-ਦਾਮਨ (ਭਾਵ ਨਹੁੰ-ਮਾਸ ਦਾ ਸਾਥ) ਤਾਂ ਹੀ ਸੰਭਵ ਹੈ, ਜੇ ਸਾਰੇ ਖਿਡਾਰੀ ਇੱਕ ਹੀ ਪਾਲੇ ਵਿੱਚ ਹੋਣ। ਵਰਨਾ ਤਾਸ਼ ਦਾ ਮਹਿਲ ਢਹਿ ਜਾਣ ’ਚ ਵਕਤ ਨਹੀਂ ਲੱਗਦਾ। ਬੰਗਾਲ ਵਿੱਚ ਪੁਰਾਣੀ ਪੀੜ੍ਹੀ ਦੇ ਡਾਕਟਰ ਮੰਨਦੇ ਹਨ ਕਿ ਅੱਜ ਦੇ ਡਾਕਟਰਾਂ ਨੂੰ ਆਪਸ ਵਿੱਚ ਜੋੜਨ ਵਾਲੀ ਕੇਵਲ ਇੱਕ ਚੀਜ਼ ਹੈ-ਲਾਲਚ। ਕਦੀ-ਕਦੀ ਉਹ ਅਜਿਹਾ ਕਹਿੰਦੇ ਹਨ ਕਿ ਸਿਹਤ ਸਨਅਤ ਅਤੇ ਸਿੱਖਿਆ ਦੇ ਨਿੱਜੀਕਰਨ ਨੇ ਇਹ ਲਾਲਚ ਵਧਾਇਆ ਹੈ। ਜੇ ਇੱਕ ਨਿੱਜੀ ਮੈਡੀਕਲ ਕਾਲਜ ਵਿੱਚ ਦਾਖਲਾ ਲੈਣਾ ਹੋਵੇ ਤਾਂ ਕਰੋੜਾਂ ਰੁਪਏ ਲੱਗਦੇ ਹਨ ਤਾਂ ਉਥੋਂ ਪੜ੍ਹ ਕੇ ਨਿਕਲੇ ਡਾਕਟਰ ਇਲਾਜ ਦਾ ਲਾਇਸੰਸ ਹਾਸਲ ਕਰਨ ਤੋਂ ਬਾਅਦ ਆਪਣੇ ਮੁਨਾਫਿਆਂ ਨੂੰ ਹਰ ਚੀਜ਼ ਦੇ ਉੱਪਰ ਕਿਉਂ ਨਾ ਰੱਖਣ ? ਅਜਿਹੇ ਮੁਨਾਫੇ ਦੀ ਚਿੰਤਾ ਵਿੱਚ ਦਵਾਈਆਂ ਦਾ ਨਜਾਇਜ਼ ਕਾਰੋਬਾਰ, ਜਲਦੀ ਪੈਸਾ ਬਣਾਉਣ ਦਾ ਆਸਾਨ ਅਤੇ ਜ਼ਰੂਰੀ ਨੁਸਖਾ ਉੱਭਰ ਕੇ ਸਾਹਮਣੇ ਆਉਂਦਾ ਹੈ। ਅਸੀਂ ਦੇਸ਼ ਦੀਆਂ ਸਰਕਾਰੀ ਯੂਨੀਵਰਸਿਟੀਆਂ ਦੀ ਤਬਾਹੀ ਤਾਂ ਦੇਖ ਲਈ ਹੈ, ਚਾਹੇ ਸਰਕਾਰਾਂ ਕਿਸੇ ਵੀ ਰੰਗ ਦੀਆਂ ਹੋਣ, ਜਦ ਤੱਕ ਮੁਰਦੇ ਵਿੱਚ ਇੱਕ ਬੂੰਦ ਵੀ ਖੂਨ ਦੀ ਬਚੀ ਰਹੇਗੀ, ਗਿਰਝਾਂ ਝਪਟਦੀਆਂ ਰਹਿਣਗੀਆਂ। ਕਦੀ ਇਹ ਗਿਰਝਾਂ ਡਾਕਟਰਾਂ ਦੀਆਂ ਸ਼ਕਲਾਂ ਵਿੱਚ ਆਉਣਗੀਆਂ ਅਤੇ ਕਦੇ ਪ੍ਰਸ਼ਾਸਨ ਦੀਆਂ ਸ਼ਕਲਾਂ ਵਿੱਚ ਹੋਣਗੀਆਂ। ਕਦੀ ਪੁਲਸ ਤੇ ਕਦੀ ਸੱਤਾਧਾਰੀ ਪਾਰਟੀ ਬਣ ਕੇ ਲਾਸ਼ਾਂ ’ਤੇ ਛਾ ਜਾਣਗੀਆਂ। ਇਸ ਦੌਰਾਨ ਜੇ ਕੋਈ ਹਿੰਮਤੀ ਲੜਕੀ ਇਸ ਹਕੀਕਤ ਤੋਂ ਇਨਕਾਰ ਕਰੇਗੀ ਤਾਂ ਮਾਰ ਦਿੱਤੀ ਜਾਵੇਗੀ। ਆਜ਼ਾਦੀ ਦੇ 78 ਸਾਲ ਬਾਅਦ ਆਇਆ ਅਗਸਤ ਸਾਨੂੰ ਯਾਦ ਦਿਲਾ ਰਿਹਾ ਹੈ ਕਿ ਇਸ ਦੇਸ਼ ਵਿੱਚ ਹਿੰਮਤੀ ਤੇ ਇਮਾਨਦਾਰ ਲੋਕਾਂ ਦਾ ਕੀ ਹਸ਼ਰ ਹੁੰਦਾ ਹੈ

**# ਸੰਪਰਕ : 98156-29301**

19-SEP-PAGE-5.qxd 9/18/2024 10:42 PM Page 1



# ਕਸਬਾ ਮਮਦੋਟ 'ਚ 15 ਦਿਨ ਤੋਂ ਪਾਣੀ ਦੀ ਸਪਲਾਈ ਤੇ ਇੱਕ ਹਫਤੇ ਤੋਂ ਸਿਹਤ ਸੇਵਾਵਾਂ ਠੱਪ



**ਮਮਦੋਟ (ਜਸਬੀਰ ਸਿੰਘ ਕੰਬੋਜ)** ਕਸਬਾ ਮਮਦੋਟ ਦੇ ਵਾਸੀ ਜਿੱਥੇ ਪਿਛਲੇ ਲਗਪਗ ਪੰਦਰਾਂ ਦਿਨਾਂ ਤੋਂ ਬਿਨਾਂ ਪਾਣੀ ਤੋਂ ਬਦ ਤੋਂ ਬਦਤਰ ਨਰਕ ਵਰਗੀ ਜ਼ਿੰਦਗੀ ਜਿਊਣ ਵਾਸਤੇ ਮਜਬੂਰ ਹਨ, ਉਥੇ ਹੁਣ ਨਾਲ ਲੱਗਦੇ ਪਿੰਡਾਂ ਦੇ ਲੋਕਾਂ ਨੂੰ ਦਿੱਤੀਆਂ ਜਾਣ ਵਾਲੀਆਂ ਸਿਹਤ ਸਹੂਲਤਾਂ ਵੀ ਲਗਪਗ ਇੱਕ ਹਫਤੇ ਤੋਂ ਬੰਦ ਪਈਆਂ ਹਨ।

ਪੰਜ ਤੇ ਛੇ ਨੰਬਰ ਵਾਰਡ ਦੇ ਵਸਨੀਕਾਂ ਨੇ ਦੱਸਿਆ ਕਿ ਪਿਛਲੇ ਪੰਦਰਾਂ ਦਿਨਾਂ ਤੋਂ ਉਹ ਉਨ੍ਹਾਂ ਲੋਕਾਂ ਦੇ ਘਰੋਂ ਬਾਲਟੀਆਂ ਰਾਹੀਂ ਪਾਣੀ ਢੋਅ ਕੇ ਗੁਜ਼ਾਰਾ ਕਰ ਰਹੇ ਹਨ, ਜਿਨ੍ਹਾਂ ਦੇ ਘਰ ਆਪਣੀਆਂ ਮੋਟਰਾਂ ਲੱਗੀਆਂ ਹੋਈਆਂ ਹਨ। ਪਰ ਮੋਟਰਾਂ ਦੀ ਗਿਣਤੀ ਘੱਟ ਹੋਣ ਕਾਰਨ ਉਹ ਲੋਕ ਵੀਂ ਹੁਣ ਕੰਨੀ ਕਤਰਾਉਣ ਲੱਗੇ ਹਨ, ਜਿਸ ਕਾਰਨ ਉਨ੍ਹਾਂ ਨੂੰ ਪਾਣੀ ਦੀ ਕਿੱਲਤ ਨਾਲ ਜੂਝਣਾ ਪੈ ਰਿਹਾ ਹੈ।

ਬੀਤੀ ਸ਼ਾਮ ਕੰਮ ਦੀ ਨਿਗਰਾਨੀ ਕਰਨ ਆਏ ਠੇਕੇਦਾਰ ਨਾਲ ਪ੍ਰਿੰਸ ਪੇਂਟ ਸਟੋਰ ਤੇ ਕੁੱਝ ਲੋਕਾਂ ਦੀ ਇਸ ਸਬੰਧੀ ਬਹਿਸ ਵੀਂ ਹੋਈ ਤੇ ਠੇਕੇਦਾਰ, ਜਿਸਨੇ ਆਪਣਾ ਨਾਂਅ ਬਬਲਾ ਦੱਸਿਆ ਦਾ ਸਪੱਸ਼ਟ ਜਵਾਬ ਸੀ ਕਿ ਇਸ ਕੰਮ ਨਾਲ ਉਸਦਾ ਕੋਈ ਵਾਹ ਵਾਸਤਾ ਨਹੀਂ ਹੈ। ਅਗਰ ਪਾਣੀ ਸੰਬੰਧੀ ਲੋਕਾਂ ਨੂੰ ਕੋਈ ਮੁਸ਼ਕਲ ਹੈ ਤਾ ਉਹ ਸਬੰਧਤ ਐੱਸ ਡੀ ਓ ਵਾਟਰ ਸਪਲਾਈ ਨਾਲ ਗੱਲ ਕਰਨ, ਮੇਰੇ ਨਾਲ ਨਹੀਂ, ਜਿਸ 'ਤੇ ਲੋਕ ਭੜਕ ਗਏ। ਹੈਰਾਨੀ ਦੀ ਗੱਲ ਇਹ ਰਹੀ ਕਿ ਉਕਤ ਪੇਂਟ ਸਟੋਰ ਦੇ ਮਾਲਕ ਪਾਣੀ ਦੀ ਕਿੱਲਤ ਨਾਲ ਜੂਝ ਰਹੇ ਲੋਕਾਂ ਨਾਲ ਖੜ੍ਹਨ ਦੀ ਬਜਾਏ ਠੇਕੇਦਾਰ ਦਾ ਪੱਖ ਪੂਰਦੇ ਨਜ਼ਰ ਆਏ। ਜ਼ਿਕਰਯੋਗ ਹੈ ਕਿ ਠੇਕੇਦਾਰ ਵੱਲੋਂ ਗੈਰ ਜ਼ਿੰਮੇਵਾਰਾਨਾ ਢੰਗ ਨਾਲ ਸੀਵਰੇਜ ਦੇ ਕੀਤੇ ਜਾਂ ਰਹੇ ਕੰਮ ਕਾਰਨ ਜਿਥੇ ਵਾਟਰ ਵਰਕਸ ਦੀਆਂ ਪਾਈਪਾਂ ਨੁਕਸਾਨੀਆਂ ਗਈਆਂ ਹਨ, ਉਥੇ 14 ਸਤੰਬਰ ਨੂੰ ਬੀ ਐੱਸ ਐੱਫ ਕੈਂਪ ਦੇ ਨਜ਼ਦੀਕ ਇੱਕ ਗਿਆਰਾਂ ਕੇ ਵੀਂ ਦਾ ਪੋਲ ਵੀ ਡਿੱਗ ਪਿਆ ਸੀ, ਜਿਸ ਕਾਰਨ ਸ਼ਾਮੀ ਕਰੀਬ ਤਿੰਨ ਚਾਰ ਵਜੇ ਤੋਂ ਰਾਤ ਕਰੀਬ ਬਾਰਾਂ ਵਜੇ ਤੱਕ ਸਾਰੇ ਕਸਬੇ ਦੀ ਬਿਜਲੀ ਸਪਲਾਈ ਬੰਦ ਰਹੀ ਸੀ ਤੇ ਉਹ ਬਿਜਲੀ ਵਾਲਾ ਪੋਲ ਜੋ ਹੁਣ ਤੱਕ ਆਰਜ਼ੀ ਤੌਰ 'ਤੇ ਇੱਕ ਰੱਸੇ ਨਾਲ ਬੰਨ ਕੇ ਖੜਾ ਕੀਤਾ ਗਿਆ ਹੈ, ਜਿਸ ਕਾਰਨ ਕਿਸੇ ਵੇਲੇ ਵੀਂ ਵੱਡਾ ਹਾਦਸਾ ਵਾਪਰ ਸਕਦਾ ਹੈ। ਇਸ ਸਬੰਧੀ ਜਦ ਐਕਸੀਅਨ ਪਾਵਰਕਾਮ ਨਾਲ ਗੱਲ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਇਹ ਨੁਕਸਾਨਿਆ ਗਿਆ ਬਿਜਲੀ ਵਾਲਾ ਪੋਲ ਉਕਤ ਠੇਕੇਦਾਰ ਵੱਲੋ ਮਹਿਕਮੇ ਨੂੰ ਬਣਦੀ ਜੁਰਮਾਨੇ ਦੀ ਰਾਸ਼ੀ ਜਮਾ ਕਰਾਉਣ ਤੋਂ ਬਾਅਦ ਹੀ ਠੀਕ ਕੀਤਾ ਜਾ ਸਕੇਗਾ। ਠੇਕੇਦਾਰ ਵੱਲੋਂ ਬਗੈਰ ਕੋਈ ਬਦਲਵਾਂ ਪ੍ਰਬੰਧ ਕੀਤੇ ਕਸਬਾ ਮਮਦੋਟ ਸਮੇਤ ਵੱਡੀ ਗਿਣਤੀ ਵਿੱਚ ਸਰਹੱਦੀ ਪਿੰਡਾਂ ਨੂੰ ਸਿਹਤ ਸਹੂਲਤਾਂ ਪ੍ਰਦਾਨ ਕਰ ਰਹੇ ਕਮਿਊਨਟੀ ਹੈਲਥ ਸੈਂਟਰ (ਸਰਕਾਰੀ ਹਸਪਤਾਲ) ਦੇ ਮੁੱਖ ਗੇਟ ਅੱਗਿਉ ਕਰੀਬ ਪੰਦਰਾਂ ਵੀਹ ਫੁੱਟ ਡੂੰਘੀ ਪੁਟਾਈ ਕਰ ਦੇਣ ਕਾਰਨ ਲੋਕਾਂ ਨੂੰ ਮਿਲਣ ਵਾਲੀਆਂ ਸਿਹਤ ਸਹੂਲਤਾਂ ਪਿਛਲੇ ਕਰੀਬ ਇੱਕ ਹਫਤੇ ਤੋਂ ਲਗਪਗ ਠੱਪ ਹੋ ਕੇ ਰਹਿ ਗਈਆਂ ਹਨ ਤੇ ਸੁਰੱਖਿਅਤ ਜਣੇਪੇ ਦਾ ਰਾਗ ਅਲਾਪ ਕਰ ਰਹੇ ਮਹਿਕਮੇ ਤੇ ਉਸ ਵੇਲੇ ਵੱਡਾ ਪ੍ਰਸ਼ਨ ਚਿੰਨ੍ਹ ਲੱਗਦਾ ਹੈ, ਜਦ ਪਿਛਲੇ ਹਫਤੇ ਤੋਂ ਉਸ ਹਸਪਤਾਲ ਵਿੱਚ ਡਲਿਵਰੀ ਜਿਹੀਆਂ ਬੇਹੱਦ ਜ਼ਰੂਰੀ ਸੇਵਾਵਾਂ ਵੀਂ ਹਸਪਤਾਲ ਨੂੰ ਕੋਈ ਰਸਤਾ ਨਾ ਹੋਣ ਕਾਰਨ ਲਗਪਗ ਬੰਦ ਹੀ ਪਈਆ ਹਨ।

## ਸਿਹਤ ਮੰਤਰੀ ਵਿਰੁੱਧ ਮੁਲਾਜ਼ਮ ਕਰਨਗੇ ਰੈਲੀ ਤੇ ਮੁਜ਼ਾਹਰਾ



**ਪਟਿਆਲਾ (ਪੱਤਰ ਪ੍ਰੇਰਕ)** ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (1680) ਨਾਲ ਸਬੰਧਤ ਸਿਹਤ ਵਿਭਾਗ ਵਿਚਲਿਆ ਜਥੇਬੰਦੀਆਂ ਵੱਲੋਂ ਸਿਹਤ ਮੰਤਰੀ ਵੱਲੋਂ ਮੰਗਾਂ ਦੀ ਅਣਦੇਖੀ ਕਰਨ ਤੇ ਸਿਆਸੀ ਅਧਾਰ 'ਤੇ ਬਦਲੀਆਂ ਕਰਨ ਵਿਰੁੱਧ 26 ਸਤੰਬਰ ਨੂੰ ਪਟਿਆਲਾ ਵਿਖੇ ਸ੍ਰੀ ਗੁਰਦੁਆਰਾ ਦੁੱਖ ਨਿਵਾਰਨ ਸਾਹਿਬ ਸਾਹਮਣੇ ਪੁੱਡਾ ਗਰਾਊਂਡ ਵਿੱਚ ਇਕੱਤਰ ਹੋ ਕੇ ਜ਼ੋਨਲ ਰੈਲੀ ਕਰਨ ਉਪਰੰਤ ਸਿਹਤ ਮੰਤਰੀ ਦੀ ਨਿੱਜੀ ਰਿਹਾਇਸ਼ ਵਿਖੇ ਪਹੁੰਚ ਕੇ ਰੋਸ ਮੁਜ਼ਾਹਰਾ ਕਰਨਗੇ।

ਮੁਜਾਹਰਾ ਆਗੂ ਦਰਸ਼ਨ ਸਿੰਘ ਲੁਬਾਣਾ, ਬਲਜਿੰਦਰ ਸਿੰਘ, ਰਾਮ ਕਿਸ਼ਨ ਤੇ ਰਾਮ ਲਾਲ ਰਾਮਾ, ਜਗਮੋਹਨ ਨੋਲੱਖ, ਸਵਰਨ ਸਿੰਘ ਬੰਗਾ ਨੇ ਭਰਵੀਂ ਮੀਟਿੰਗ ਕਰਨ ਉਪਰੰਤ ਕਿਹਾ ਕਿ ਉਹ ਸਿਹਤ ਵਿਭਾਗ ਪਰਵਾਰ ਭਲਾਈ, ਖੋਜ ਮੈਡੀਕਲ ਤੇ ਸਿੱਖਿਆ ਵਿਭਾਗ, ਆਯੁਰਵੈਦਿਕ ਵਿਭਾਗ ਨਾਲ ਸਬੰਧਤ ਮੁਲਾਜ਼ਮਾਂ ਸਬੰਧੀ ਆਪਣੇ ਮੰਗ ਪੱਤਰ ਸਿਹਤ ਮੰਤਰੀ ਨੂੰ ਮਿਲ ਕੇ ਦਿੰਦੇ ਆ ਰਹੇ ਹਨ, ਪ੍ਰੰਤੂ ਇਨ੍ਹਾਂ ਵੱਲੋਂ ਮੰਗਾਂ 'ਤੇ ਕੋਈ ਗੱਲਬਾਤ ਕਰਕੇ ਇਨ੍ਹਾਂ ਦਾ ਨਿਪਟਾਰਾ ਨਹੀਂ ਕੀਤਾ ਗਿਆ, ਉਲਟਾ ਸਿਆਸੀ ਅਧਾਰਤ ਤੇ ਮੁਲਾਜਮ ਆਗੂਆਂ ਦੀਆਂ ਬਦਲੀਆਂ ਕਰਕੇ ਉਨ੍ਹਾਂ ਨੂੰ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ।

ਫੈਡਰੇਸ਼ਨ ਦੇ ਸੂਬਾ ਚੇਅਰਮੈਨ ਦਰਸ਼ਨ ਸਿੰਘ ਲੁਬਾਣਾ ਨੇ ਕਿਹਾ ਕਿ ਸਿਹਤ ਵਿਭਾਗ ਵਿਚਲੇ ਕੱਚੇ ਮੁਲਾਜ਼ਮਾਂ ਦੇ ਠੇਕੇਦਾਰਾਂ ਦੁਆਰਾ ਆਰਥਿਕ ਸੋਸ਼ਣ ਕੀਤਾ ਜਾ ਰਿਹਾ ਹੈ।ਕਦੇ ਮੁਲਾਜ਼ਮਾਂ ਨੂੰ ਪੱਕਾ ਨਹੀਂ ਕੀਤਾ ਜਾ ਰਿਹਾ, ਵਿਭਾਗ ਦੇ ਤਿੰਨ ਵਿੰਗਾਂ ਵਿੱਚ ਵੱਖ-ਵੱਖ ਕੈਟਾਗਰੀਜ਼ ਦੀਆਂ ਹਜ਼ਾਰਾਂ ਅਸਾਮੀਆਂ ਨੂੰ ਭਰਿਆ ਨਹੀਂ ਜਾ ਰਿਹਾ।ਪੰਜਾਬ ਵਿਚਲੇ ਹਸਪਤਾਲਾਂ, ਵਾਰਡਾਂ, ਇਮਾਰਤਾਂ, ਸੜਕਾਂ, ਸਾਜੋ ਸਮਾਨ ਦੀ ਹਾਲਤ ਬਹੁਤ ਹੀ ਖਸਤਾ ਹੋਈ ਪਈ ਹੈ।ਇਨ੍ਹਾਂ ਕਿਹਾ ਕਿ ਕੋਵਿਡ ਸਮੇਂ ਹਜ਼ਾਰਾਂ ਕਰੋੜਾਂ ਰੁਪਏ ਦੀਆਂ ਹੈਲਥ ਸਿਸਟਮ ਵੱਲੋਂ ਖਰੀਦੀਆਂ ਦਵਾਈਆਂ ਤੇ ਹੋਰ ਸਾਜੋ ਸਮਾਨ ਪੰਜਾਬ ਮੰਡੀ ਬੋਰਡ ਦੇ ਮੋਹਾਲੀ ਵਿਖੇ ਗੁਦਾਮਾਂ ਵਿੱਚ ਪਿਛਲੇ ਚਾਰ ਸਾਲਾਂ ਤੋਂ ਸੜ ਕੇ ਗੱਲ ਰਿਹਾ ਹੈ।ਇਹ ਮਾਮਲਾ ਮੰਤਰੀ ਦੇ ਧਿਆਨ ਵਿੱਚ ਹੋਣ ਦੇ ਬਾਵਜੂਦ ਵੀ ਇਸ ਪਾਸੇ ਵੱਲ ਧਿਆਨ ਨਹੀਂ ਦਿੱਤਾ ਜਾ ਰਿਹਾ।ਵਿਭਾਗੀ ਤਰੱਕੀਆਂ ਖੜੋਤ ਵਿੱਚ ਚੱਲ ਰਹੀਆਂ ਹਨ।ਆਸ਼ਾ ਵਰਕਰ ਨੂੰ ਉਨ੍ਹਾਂ ਦੀ ਬਣਦੀ ਉਜਰਤ ਨਹੀਂ ਦਿੱਤੀ ਜਾ ਰਹੀ। ਇਨ੍ਹਾਂ ਦਾ ਵੀ ਆਰਥਿਕ ਸੋਸ਼ਣ ਹੋ ਰਿਹਾ ਹੈ।ਆਯੁਰਵੈਦਿਕ ਵਿਭਾਗ ਨੂੰ ਨਿੱਜੀ ਹੱਥਾਂ ਵਿੱਚ ਦਿੱਤਾ ਗਿਆ ਹੈ।ਇਸ ਤਰ੍ਹਾਂ ਮੁਲਾਜ਼ਮਾਂ ਦੀ ਵਿਭਾਗ ਵਿੱਚ ਕੋਈ ਸੁਣਵਾਈ ਨਹੀਂ ਹੈ।

### ਭੋਗ 'ਤੇ ਵਿਸ਼ੇਸ਼

## ਕਿਸਾਨ ਹਿੱਤਾਂ ਨੂੰ ਪ੍ਰਣਾਏ ਸਨ ਗੁਰਭਗਤ ਸਿੰਘ ਸ਼ਾਹਪੁਰ



**ਚੀਮਾ ਮੰਡੀ :** ਇਸ ਸੰਸਾਰ ਅੰਦਰ ਆਪਣੇ ਤੇ ਆਪਣੇ ਪਰਵਾਰ ਲਈ ਤਾਂ ਹਰ ਵਿਅਕਤੀ ਹੀ ਜਿਊਂਦਾ ਹੈ, ਪਰ ਵਿਰਲੇ ਇਨਸਾਨ ਹੁੰਦੇ ਹਨ ਜਿਹੜੇ ਇਨਸਾਨ ਆਪਣੀ ਜ਼ਿੰਦਗੀ ਦਾ ਕੀਮਤੀ ਸਮਾਂ ਲੋਕ ਹਿੱਤਾਂ ਦੇ ਲੇਖੇ ਲਾ ਜਾਂਦੇ ਹਨ। ਅਜਿਹੇ ਹੀ ਕਿਸਾਨ ਆਗੂ ਸਨ ਗੁਰਭਗਤ ਸਿੰਘ ਸ਼ਾਹਪੁਰ, ਜਿਨ੍ਹਾਂ ਨੇ ਕਿਸਾਨ-ਮਜ਼ਦੂਰਾਂ ਦੇ ਹਿੱਤਾਂ ਦੀ ਲੜਾਈ ਲੜਦਿਆਂ ਕਿਸਾਨ ਜਥੇਬੰਦੀ ਦੇ ਹਰ ਘੋਲ 'ਚ ਬਤੌਰ ਆਗੂ ਆਪਣੀ ਬਣਦੀ ਜ਼ਿੰਮੇਵਾਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਈ।

ਗੁਰਭਗਤ ਸਿੰਘ ਦਾ ਜਨਮ ਸ਼ਾਹਪੁਰ ਕਲਾਂ ਦੇ ਨਾਮਵਰ ਪਰਵਾਰ 'ਚ ਜਥੇਦਾਰ ਗੁਰਦੇਵ ਸਿੰਘ ਦੇ ਘਰ ਮਾਤਾ ਦਲੀਪ ਕੌਰ ਦੀ ਕੁੱਖੋਂ ਹੋਇਆ।ਗੁਰਭਗਤ ਸਿੰਘ ਦਾ ਵਿਆਹ ਕਰਤਾਰ ਸਿੰਘ ਵਾਸ਼ੀ ਭਾਦੜਾ ਦੀ ਸਪੁੱਤਰੀ ਗੁਰਮੇਲ ਕੌਰ ਨਾਲ ਹੋਇਆ ਤੇ ਆਪ ਜੀ ਦੇ ਘਰ ਦੋ ਪੁੱਤਰ ਜਗਸੀਰ ਸਿੰਘ ਤੇ ਜਗਤਾਰ ਸਿੰਘ ਨੇ ਜਨਮ ਲਿਆ ।

ਗੁਰਭਗਤ ਸਿੰਘ ਸਹਿਜਤਾ, ਹਲੀਮੀ, ਨਿੱਘੇ ਤੇ ਮਿਲਾਪੜੇ ਸੁਭਾਅ ਦੇ ਮਾਲਕ ਸਨ ਜਿਸ ਕਰਕੇ ਉਹਨਾਂ ਦੇ ਇਲਾਕੇ ਵਿੱਚ ਵੱਖਰੀ ਪਛਾਣ ਸੀ। ਉਪਰੋਕਤ ਗੁਣਾਂ ਕਰਕੇ ਗੁਰਭਗਤ ਸਿੰਘ ਬਹੁ ਮੰਤਵੀ ਸਹਿਕਾਰੀ ਸੁਸਾਇਟੀ ਸੇਰੋਂ ਦੇ ਲਗਾਤਾਰ ਦਸ ਸਾਲ ਪ੍ਰਧਾਨ ਰਹੇ ਹਨ ।

ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਮੁੱਢਲੇ ਮੈਂਬਰ ਵਜੋਂ ਜਥੇਬੰਦੀ ਖੜੀ ਕਰਨ ਵਿੱਚ ਵੀ ਗੁਰਭਗਤ ਸਿੰਘ ਦਾ ਅਹਿਮ ਰੋਲ ਰਿਹਾ ।

ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵਿੱਚ ਲਗਾਤਾਰ ਪਿਛਲੇ ਵੀਹ ਸਾਲ ਤੋਂ ਬਤੌਰ ਸੀਨੀਅਰ ਆਗੂ ਵਜੋਂ ਜ਼ਿੰਮੇਵਾਰੀ ਨਿਭਾਉਂਦਿਆਂ ਗੁਰਭਗਤ ਸਿੰਘ ਨੇ ਜਥੇਬੰਦੀ ਦੇ ਹਰ ਧਰਨੇ ਪ੍ਰਦਰਸ਼ਨ ਤੇ ਵੱਡੇ ਸੰਘਰਸ਼ੀ ਘੋਲਾਂ 'ਚ ਮੋਹਰਲੀ ਕਤਾਰ ਚ ਡਟ ਕੇ ਜ਼ਿੰਮੇਵਾਰੀ ਨਿਭਾਉਣ ਤੋਂ ਇਲਾਵਾ ਕਿਸਾਨ ਮਜ਼ਦੂਰਾਂ ਦੇ ਹਿੱਤਾਂ ਦੀ ਲੜਾਈ ਲੜਦਿਆਂ ਉਨ੍ਹਾਂ ਕਈ ਵਾਰ ਜੇਲ੍ਹ ਯਾਤਰਾ ਵੀ ਕੀਤੀ ।

ਗੁਰਭਗਤ ਸਿੰਘ ਸ਼ਾਹਪੁਰ ਏਨੇ ਸਿਰੜੀ ਤੇ ਜੁਝਾਰੂ ਕਿਸਾਨ ਆਗੂ ਸਨ ਕਿ ਬਿਮਾਰ ਹੋਣ ਦੇ ਬਾਵਜੂਦ ਵੀ ਕਾਲੇ ਕਾਨੂੰਨਾਂ ਦੇ ਖਿਲਾਫ ਦਿੱਲੀ ਕਿਸਾਨ ਅੰਦੋਲਨ ਵਿੱਚ ਆਪਣੀ ਜ਼ਿੰਦਗੀ ਦੀ ਪ੍ਰਵਾਹ ਨਾ ਕਰਦਿਆਂ ਲਗਾਤਾਰ ਦਿੱਲੀ ਕਿਸਾਨ ਅੰਦੋਲਨ 'ਚ ਸ਼ਮੂਲੀਅਤ ਕੀਤੀ ਅਤੇ ਉਨ੍ਹਾਂ ਨੇ ਆਪਣਾ ਜੀਵਨ ਸਾਦਗੀ, ਹਲੀਮੀ, ਮਿਹਨਤ ਤੇ ਸਬਰ ਸੰਤੋਖ ਨਾਲ ਬੇਦਾਗ਼ ਬਿਤਾਇਆ।

ਗੁਰਭਗਤ ਸਿੰਘ 10 ਸਤੰਬਰ ਨੂੰ ਆਪਣੀ ਸੰਸਾਰਕ ਯਾਤਰਾ ਸੰਪੂਰਨ ਕਰਕੇ ਗੁਰੂ ਮਹਾਰਾਜ ਦੇ ਚਰਨਾਂ ਵਿੱਚ ਜਾ ਬਿਰਾਜੇ ਹਨ।ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਸ੍ਰੀ ਸਹਿਜ ਪਾਠ ਦੇ ਭੋਗ ਤੇ ਅੰਤਮ ਅਰਦਾਸ 19 ਸਤੰਬਰ ਨੂੰ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਮੰਜੀ ਸਾਹਿਬ ਸ਼ਾਹਪੁਰ ਕਲਾਂ ਵਿਖੇ ਹੋਵੇਗੀ।

**-ਰਵਿੰਦਰ ਚੀਮਾ**

### ਕਾਤਰਾਂ

## ਜਵਾਹਰ ਨਵੋਦਿਆ ਵਿਦਿਆਲਿਆ ਕਿੱਕਰ ਵਾਲਾ ਰੂਪਾ ਵੱਲੋਂ ਅਰਜ਼ੀਆਂ ਦੀ ਮੰਗ

**ਫ਼ਾਜ਼ਿਲਕਾ, (ਨਿਸ਼ਾ ਸ਼ਰਮਾ)** ਜਵਾਹਰ ਨਵੋਦਿਆ ਵਿਦਿਆਲਿਆ, ਕਿੱਕਰ ਵਾਲਾ ਰੂਪਾ ਵਿੱਚ ਸਾਲ 2025-26 ਲਈ ਛੇਵੀਂ ਜਮਾਤ ਵਿਚ ਦਾਖਲੇ ਲਈ ਯੋਗ ਵਿਦਿਆਰਥੀ ਤੇ ਵਿਦਿਆਰਥਣਾਂ ਆਨ ਲਾਈਨ ਵੈੱਬਸਾਈਟ 'ਤੇ ਮੁਫ਼ਤ ਅਪਲਾਈ ਕਰ ਸਕਦੇ ਹਨ।ਛੇਵੀਂ ਜਮਾਤ ਦਾਖਲੇ ਲਈ ਪ੍ਰੀਖਿਆ 18 ਜਨਵਰੀ 2025 ਨੂੰ ਦਿਨ ਸ਼ਨੀਵਾਰ ਨੂੰ ਜਵਾਹਰ ਨਵੋਦਿਆ ਵਿਦਿਆਲਿਆ ਚੋਣ ਪ੍ਰੀਖਿਆ 2025 ਆਯੋਜਤ ਕੀਤਾ ਜਾਵੇਗੀ।ਉਨ੍ਹਾਂ ਕਿਹਾ ਕਿ 23 ਸਤੰਬਰ ਨੂੰ ਆਨਲਾਈਨ ਦਾਖਲਾ ਅਪਲਾਈ ਕਰਨ ਦੀ ਆਖਰੀ ਮਿਤੀ ਹੈ।ਪ੍ਰਿੰਸੀਪਲ ਜਵਾਹਰ ਨਵੋਦਿਆ ਵਿਦਿਆਲਿਆ ਫ਼ਾਜ਼ਿਲਕਾ ਨੇ ਦੱਸਿਆ ਕਿ ਫ਼ਾਜ਼ਿਲਕਾ ਦੇ ਸਾਰੇ 5ਵੀਂ ਜਮਾਤ ਦੇ ਵਿਦਿਆਰਥੀ, ਜਿਨ੍ਹਾਂ ਦੀ ਉਮਰ 1-5-2013 ਤੋਂ 31-7-2015 (ਦੋਨੋਂ ਮਿਤੀ ਸਮੇਤ) ਦੇ ਵਿਚਕਾਰ ਹੋਏ ਪ੍ਰੀਖਿਆ ਵਿੱਚ ਆਵੇਦਨ ਅਪਲਾਈ ਲਈ ਯੋਗ ਮੰਗੇ ਜਾਣਗੇ।

## ਹਸਨਪੁਰੀ ਤੇ ਰਾਜਵਿੰਦਰ ਪਟਿਆਲਾ ਦਾ ਗੀਤ 'ਸਰਪੰਚੀ' ਰਿਲੀਜ਼

**ਚੌਂਕੀਮਾਨ (ਬਲਬੀਰ ਮਾਨ)** ਗੀਤਕਾਰ ਤੇਜਾ ਤਲਵੰਡੀ ਦਾ ਲਿਖਿਆ ਗੀਤ 'ਕੀ ਕਰਨੀ ਸਰਪੰਚੀ ਵੇ', ਜਿਸ ਨੂੰ ਗਾਇਕ ਮਹਿੰਦਰ ਹਸਨਪੁਰੀ ਤੇ ਗਾਇਕਾ ਰਾਜਵਿੰਦਰ ਕੌਰ ਪਟਿਆਲਾ ਨੇ ਬੜੇ ਸੁਰੀਲੇ ਬੋਲਾਂ ਨਾਲ ਗਾਇਆ ਹੈ।ਗੀਤ ਦਾ ਸੰਗੀਤ ਸੁਖਬੀਰ ਨੇ ਬੜੀ ਰੀਝ ਨਾਲ਼ ਤਿਆਰ ਕੀਤਾ ਹੈ।ਜਸ਼ਨ ਇੰਟਰਟੇਨਮੈਂਟ ਦੀ ਪ੍ਰਾਪਤੀ ਨੂੰ ਦਰਸ਼ਨ ਤਲਵੰਡੀ ਨੇ ਪੇਸ਼ ਕੀਤਾ ਹੈ। ਇਸ ਗੀਤ ਨੂੰ ਪ੍ਰਧਾਨ ਪ੍ਰੇਮ ਇੰਦਰ ਕੁਮਾਰ ਗੋਗਾ ਮੁੱਲਾਂਪੁਰ ਦਾਖਾ ਅਤੇ ਸਮੁੱਚੀ ਟੀਮ ਨੇ ਲੋਕ ਅਰਪਿਤ ਕੀਤਾ। ਹਾਜ਼ਰ ਸਤਨਾਮ ਸਿੰਘ, ਪ੍ਰਿਤਪਾਲ ਸਿੰਘ ਬੱਦੋਵਾਲ, ਤਨਵੀਰ ਸਿੰਘ ਬਾਸੀਆਂ, ਪ੍ਰਭਜੋਤ ਧਾਲੀਵਾਲ ਰਮੇਸ਼ ਮੋਹੀ ਨੇ ਸਮੁੱਚੀ ਟੀਮ ਨੂੰ ਵਧਾਈਆ ਦਿੰਦਿਆਂ ਦੱਸਿਆ ਕਿ ਇਹ ਗੀਤ ਜਲੰਧਰ ਦੂਰਦਰਸ਼ਨ ਦੇ ਪ੍ਰੋਗਰਾਮ 'ਛਣਕਾਰ' ਵਿੱਚ 21 ਸਤੰਬਰ ਨੂੰ ਰਾਤ ਅੱਠ ਵਜੇ ਸੁਣਿਆ ਜਾਵੇਗਾ।

## 117 ਪੈਨਸ਼ਨ ਤੇ 4 ਮੈਡੀਕਲ ਚੈੱਕ ਵੰਡੇ



**ਸੰਗਰੂਰ (ਪ੍ਰਵੀਨ ਸਿੰਘ)** ਪਰਵੀਨ ਸਿੰਘ, ਡਾ. (ਪ੍ਰੋ) ਐਸ.ਪੀ. ਸਿੰਘ ਓਬਰਾਏ ਮੈਨੇਜਿੰਗ ਟਰੱਸਟ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਲੋੜਵੰਦਾਂ ਨੂੰ ਪੈਨਸ਼ਨ ਤੇ ਹੋਰ ਭਲਾਈ ਸਕੀਮਾਂ ਲਈ ਸਮਾਗਮ ਦਾ ਆਯੋਜਨ ਕੀਤਾ ਗਿਆ।ਇਸ ਦੌਰਾਨ 117 ਲੋੜਵੰਦਾਂ ਨੂੰ ਮਹੀਨਾਵਾਰ ਪੈਨਸ਼ਨ ਦੇ ਚੈੱਕ ਦਿੱਤੇ ਗਏ।ਇਸ ਸਮੇਂ ਟਰੱਸਟ ਵੱਲੋਂ 4 ਮੈਡੀਕਲ ਸਹਾਇਤਾ ਦੇ ਚੈਕ ਵੀ ਲੋੜਵੰਦਾਂ ਨੂੰ ਦਿੱਤੇ ਗਏ। ਜ਼ਿਲ੍ਹਾ ਸੰਗਰੂਰ ਦੇ ਪਿੰਡ ਖੇੜੀ-ਜੱਟਾਂ ਵਿਖੇ ਬੱਚਿਆਂ ਨੂੰ ਸਮੇਂ ਦੇ ਹਾਣੀ ਬਨਾਉਣ ਲਈ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ 1 ਸਤੰਬਰ 2015 ਤੋਂ ਕੰਪਿਊਟਰ ਸੈਂਟਰ ਚੱਲ ਰਿਹਾ।ਵਰਣਨਯੋਗ ਹੈ ਕਿ ਪਿੰਡ ਖੇੜੀ ਜੱਟਾਂ ਵਿਖੇ ਨੇੜੇ ਦੇ 7-8 ਪਿੰਡਾਂ ਦੇ ਮੁੰਡੇ ਤੇ ਕੁੜੀਆਂ ਇਸ ਕੰਪਿਊਟਰ ਸੈਂਟਰ ਦਾ ਲਗਾਤਾਰ ਲਾਹਾ ਲੈ ਕੇ ਰੁਜ਼ਗਾਰ ਦੇ ਯੋਗ ਹੋ ਰਹੇ ਹਨ। ਇਸ ਸਮੇਂ ਟਰੱਸਟ ਦੇ ਜ਼ਿਲ੍ਹਾ ਪ੍ਰਧਾਨ ਸੁਖਮਿੰਦਰ ਸਿੰਘ ਹਰਮਨ ਨੇ ਦੱਸਿਆ ਕਿ ਡਾ. (ਪ੍ਰੋ) ਐਸ.ਪੀ. ਸਿੰਘ ਓਬਰਾਏ ਕਿਸੇ ਤੋਂ ਆਰਥਿਕ ਮਦਦ ਲਏ ਬਿਨਾਂ ਆਪਣੇ ਸੋਮੇ ਸਾਧਨਾਂ ਵਿੱਚੋਂ 98 ਪ੍ਰਤੀਸ਼ਤ ਲੋਕ ਭਲਾਈ ਦੇ ਕੰਮਾਂ ਲਈ ਖਰਚ ਕਰਦੇ ਆ ਰਹੇ ਹਨ।

## ਵਿਕਾਸ ਮਿਸ਼ਨ ਨੇ ਡੀ ਈ ਓ ਜਸਪਾਲ ਮੋਂਗਾ ਨਾਲ ਮੁਲਾਕਾਤ ਕੀਤੀ



**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ/ਪਰਮਜੀਤ ਸਿੰਘ/ਚਾਵਲਾ)** ਸਮਾਜ ਦੇ ਭਲੇ ਅਤੇ ਵਿਕਾਸ ਨੂੰ ਸਮਰਪਤ ਪ੍ਰਮੁੱਖ ਗੈਰ ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਦੇ ਉੱਚ ਪੱਧਰੀ ਵਫ਼ਦ ਨੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਤੇ ਪ੍ਰਾਇਮਰੀ) ਜਸਪਾਲ ਮੋਂਗਾ ਨਾਲ ਮੁਲਾਕਾਤ ਕੀਤੀ।

ਮਿਸ਼ਨ ਮੁਖੀ ਪ੍ਰਸਿਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਦੀ ਪ੍ਰਧਾਨਗੀ ਹੇਠਲੇ ਇਸ ਵਫ਼ਦ ਵਿੱਚ ਸੰਸਥਾ ਦੇ ਚੇਅਰਮੈਨ ਨਿਰੰਜਣ ਸਿੰਘ ਰੱਖਰਾ, ਉਪ ਪ੍ਰਧਾਨ ਓ.ਪੀ. ਖਿੱਚੀ ਅਤੇ ਨਰਿੰਦਰ ਕਾਕਾ ਮਿਸ਼ਨ ਫੋਟੋਗ੍ਰਾਫ਼ਰ ਵੀ ਮੌਜੂਦ ਸਨ।

ਵਫ਼ਦ ਵੱਲੋਂ ਡੀ.ਈ.ਓ. ਸ੍ਰੀ ਮੋਂਗਾ ਵੱਲੋਂ ਜ਼ਿਲ੍ਹੇ ਅੰਦਰ ਕੀਤੇ ਜਾ ਰਹੇ ਵਧੀਆ ਵਿਦਿਅਕ ਕਾਰਜਾਂ ਲਈ ਵਧਾਈ ਦਿੱਤੀ।ਜ਼ਿਕਰਯੋਗ ਹੈ ਕਿ ਸ੍ਰੀ ਮੋਂਗਾ ਨੇ ਜ਼ਿਲ੍ਹੇ ਅੰਦਰ ਪ੍ਰਾਈਵੇਟ ਸਕੂਲਾਂ ਦੇ ਆਰਥਿਕ ਤੌਰ 'ਤੇ ਕਮਜ਼ੋਰ ਵਿਦਿਆਰਥੀਆਂ ਦੇ ਭਲੇ ਲਈ ਉਨ੍ਹਾਂ ਦੇ ਫੀਸ ਆਦਿ ਦੇ ਰਹਿੰਦੇ ਬਕਾਏ ਮਾਫ਼ ਕਰਾ ਦਿਤੇ ਹਨ।ਇਸੇ ਤਰ੍ਹਾਂ ਕਸਤੂਰਬ ਬਾਈ ਬਾਲਿਕਾ ਵਿਦਿਆਲਾ ਸਕੀਮ ਅਧੀਨ ਇਥੋਂ ਨੇੜਲੇ ਪਿੰਡ ਰੁਪਾਣਾ ਵਿਖੇ ਚਲਾਏ ਜਾ ਰਹੇ ਗਰਲਜ਼ ਹੋਟਲ ਦੀ ਖਸਤਾ ਹਾਲ ਇਮਾਰਤ ਦਾ ਜਾਇਜ਼ਾ ਲੈਣ ਉਪਰੰਤ ਲੜਕੀਆਂ ਦੀ ਸੁਰੱਖਿਆ ਨੂੰ ਮੱਦੇ ਨਜ਼ਰ ਰੱਖਦੇ ਹੋਏ ਉਨ੍ਹਾਂ ਦਾ ਬਦਲਵਾਂ ਪ੍ਰਬੰਧ ਕਰ ਦਿੱਤਾ ਹੈ।ਡੀ.ਈ.ਓ. ਮੋਂਗਾ ਨੇ ਮੁਲਾਕਾਤ ਦੌਰਾਨ ਵਫ਼ਦ ਨੂੰ ਜਾਣਕਾਰੀ ਦਿੱਤੀ ਕਿ ਉਹ ਆਪਣੇ ਜਿਲ੍ਹੇ ਅੰਦਰ ਸਾਰੇ ਸਕੂਲਾਂ ਵਿੱਚ ਵਧੀਆ ਸਹੂਲਤਾਂ ਅਤੇ ਵਿਦਿਆ ਦੇਣ ਲਈ ਵਚਨਬੱਧ ਹਨ।ਪ੍ਰਧਾਨ ਢੋਸੀਵਾਲ ਨੇ ਡੀ.ਈ.ਓ. ਨੂੰ ਆਪਣੀ ਸੰਸਥਾ ਵੱਲੋਂ ਕੀਤੇ ਜਾ ਰਹੇ ਸਮਾਜ ਸੇਵਾ ਦੇ ਕਾਰਜਾਂ ਬਾਰੇ ਵੀ ਦੱਸਿਆ।ਵਫ਼ਦ ਵੱਲੋਂ ਸ੍ਰੀ ਮੋਂਗਾ ਨੂੰ ਜ਼ਿਲ੍ਹੇ ਅੰਦਰ ਕੀਤੇ ਜਾ ਰਹੇ ਸੁਧਾਰਾਂ ਲਈ ਗੁਲਦਸਤਾ ਭੇਟ ਕਰਕੇ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

## ਮੁਸਲਮਾਨ ਭਾਈਚਾਰੇ ਵੱਲੋਂ ਈਦ ਮਿਲਾਦੁਨ ਨਬੀ ਮੌਕੇ ਸ਼ਹਿਰ 'ਚ ਜਲਸਾ ਤੇ ਰੈਲੀ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)** 16 ਸਤੰਬਰ ਨੂੰ ਮੁਸਲਮਾਨ ਭਾਈਚਾਰੇ ਵੱਲੋਂ 12 ਰਬੀ ਉਲ ਅੱਵਲ ਈਦ ਮਿਲਾਦੁਨ ਨਬੀ ਮੌਕੇ ਆਲ ਇੰਡੀਆ ਉਲਮਾ ਅਤੇ ਮਸ਼ਾਇਖ ਬੋਰਡ ਦੇ ਨਾਲ ਹੀ ਬਾਬਾ ਫ਼ਰੀਦ ਗੌਸਿਆ ਸੁਸਾਇਟੀ ਵੱਲੋਂ ਸ਼ਹਿਰ ਵਿੱਚ ਇੱਕ ਜਲਸਾ ਰੈਲੀ ਕੱਢੀ ਗਈ।ਇਹ ਜਲਸਾ ਬਾਬਾ ਫਰੀਦ ਗੌਸਿਆ ਮਸਜਿਦ ਡੋਗਰ ਬਸਤੀ ਤੋਂ ਸ਼ੁਰੂ ਕੀਤਾ ਗਿਆ। ਜਿੱਥੇ ਸਭ ਤੋਂ ਪਹਿਲਾਂ ਇਲਾਕੇ ਦੇ ਕਈ ਵੀਰਾਂ ਅਤੇ ਡਿਊਟੀ 'ਤੇ ਤੈਨਾਤ ਪੁਲਿਸ ਮੁਲਾਜ਼ਮਾਂ ਨੂੰ ਸਨਮਾਨਤ ਕੀਤਾ ਗਿਆ।ਇਸ ਵਿੱਚ 100 ਦੇ ਕਰੀਬ ਮੁਸਲਮਾਨ ਭਾਇਚਾਰੇ ਦੇ ਲੋਕ ਅਤੇ ਵੱਡੀ ਗਿਣਤੀ ਵਿੱਚ ਬੱਚੇ ਅਤੇ ਨੌਜਵਾਨ ਸ਼ਾਮਲ ਸਨ।ਰੈਲੀ ਵਿੱਚ ਸਾਰੇ ਧਰਮਾਂ ਦਾ ਸਤਿਕਾਰ, ਦੇਸ਼ ਪ੍ਰੇਮ ਅਤੇ ਸਾਂਤੀ ਦੇ ਨਾਅਰਿਆਂ ਰਾਹੀ ਹਜ਼ਰਤ ਮਹੁੰਮਦ ਸਾਹਬ ਦੇ ਵਿਚਾਰਾਂ ਬਾਰੇ ਬਾਕੀ ਲੋਕਾਂ ਨੂੰ ਸੁਨੇਹਾ ਦਿੱਤਾ।ਫਿਰ ਇਹ ਜਲਸਾ ਮੋਰੀ ਗੇਟ ਤੋਂ ਹੁੰਦਾ ਹੋਇਆ ਮੱਛੀ ਚੌਕ ਰਾਹੀ ਟਿੱਲਾ ਬਾਬਾ ਫ਼ਰੀਦ ਪਹੁੰਚਿਆ, ਜਿੱਥੇ ਮੁਸਲਮਾਨ ਭਾਇਚਾਰੇ ਦੇ ਲੋਕਾਂ ਨੇ ਦੁਆ ਕੀਤੀ ਅਤੇ ਮੱਥਾ ਟੇਕਿਆ ਅਤੇ ਫਿਰ ਇਹ ਜਲਸਾ ਵਾਪਸ ਬਾਬਾ ਫ਼ਰੀਦ ਗੌਸਿਆ ਮਸਜਿਦ ਡੋਗਰ ਬਸਤੀ ਜਾ ਕੇ ਸਮਾਪਤ ਹੋਇਆ।ਜ਼ਿਕਰਯੋਗ ਹੈ ਕਿ ਪੁਲਸ ਪ੍ਰਸ਼ਾਸਨ ਦੀ ਟ੍ਰੈਫਿਕ ਟੀਮ ਵੱਲੋਂ ਵੀ ਚੰਗੇ ਪ੍ਰਬੰਧ ਕੀਤੇ ਗਏ ਸਨ, ਜਿਸ ਨਾਲ ਕਿਸੇ ਨੂੰ ਕੋਈ ਵੀ ਸਮੱਸਿਆ ਨਹੀਂ ਹੋਣ ਦਿੱਤੀ ਗਈ।




## ਕਿਸਾਨਾਂ ਨੂੰ ਆਪਣੇ ਹੱਕ ਲੈਣ ਲਈ ਇਕਜੁਟ ਹੋ ਕੇ ਸੰਘਰਸ਼ ਕਰਨਾ ਪਵੇਗਾ : ਪਾਲਮਾਜਰਾ/ਢੀਂਡਸਾ



**ਸਮਰਾਲਾ, (ਸੁਰਜੀਤ ਸਿੰਘ)** ਦੇਸ਼ ਵਿੱਚ ਕਿਸਾਨੀ ਦੀ ਹਾਲਤ ਇਸ ਵੇਲੇ ਬਹੁਤ ਹੀ ਤਰਸਯੋਗ ਬਣੀ ਹੋਈ ਹੈ। ਉਸ ਨੂੰ ਉਸਦੀ ਉਪਜ ਦਾ ਸਹੀ ਮੁੱਲ ਨਹੀਂ ਮਿਲ ਰਿਹਾ, ਜਦਕਿ ਕਿਸਾਨ ਦੀ ਉਪਜ ਨੂੰ ਵਿਚ ਕੇ ਇੱਕ ਰੇਹੜੀ ਫੜੀ ਵਾਲਾ ਵੀ ਚੰਗਾ ਕਮਾ ਲੈਂਦਾ ਹੈ।ਇਹ ਵਿਚਾਰ ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਸੂਬਾ ਜਨਰਲ ਸਕੱਤਰ ਤੇ ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਢੀਂਡਸਾ ਨੇ ਪਿੰਡ ਸਲੌਦੀ ਸਿੰਘਾਂ ਵਿਖੇ ਕਿਸਾਨਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਕਹੀ।

ਉਨ੍ਹਾਂ ਕਿਹਾ ਕਿ ਦੇਸ਼ ਦੇ ਕਿਸਾਨਾਂ ਨੂੰ ਆਪਣੇ ਹੱਕ ਲੈਣ ਲਈ ਇਕਜੁਟ ਹੋ ਕੇ ਸੰਘਰਸ਼ ਕਰਨਾ ਪਵੇਗਾ।ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਨੇ ਪੂਰੇ ਪੰਜਾਬ ਪੱਧਰ ਤੇ ਹਰਿੰਦਰ ਸਿੰਘ ਲੱਖੋਵਾਲ ਸੂਬਾ ਪ੍ਰਧਾਨ ਅਤੇ ਜਥੇਬੰਦੀ ਦੇ ਸਰਪ੍ਰਸਤ ਅਵਤਾਰ ਸਿੰਘ ਮੇਹਲੋਂ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪਿੰਡ ਪੱਧਰ 'ਤੇ ਇਕਾਈਆਂ ਬਣਾਉਣ ਦਾ ਕੰਮ ਉਲੀਕਿਆ ਗਿਆ ਹੈ।ਇਸ ਲੜੀ ਦੇ ਸਿਲਸਿਲੇ ਵਿੱਚ ਯੂਨੀਅਨ ਦੇ ਜ਼ਿਲ੍ਹਾ ਲੁਧਿਆਣਾ ਪ੍ਰਧਾਨ ਮਨਜੀਤ ਸਿੰਘ ਢੀਂਡਸਾ ਦੀ ਅਗਵਾਈ ਹੇਠ ਪਿੰਡ ਸਲੌਦੀ ਸਿੰਘਾਂ ਵਿਖੇ ਵੱਡਾ ਇਕੱਠ ਕੀਤਾ ਗਿਆ, ਜਿਸ ਵਿੱਚ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਪਰਮਿੰਦਰ ਸਿੰਘ ਪਾਲਮਾਜਰਾ ਵਿਸ਼ੇਸ਼ ਤੌਰ 'ਤੇ ਪਹੁੰਚੇ।ਉਨ੍ਹਾਂ ਬੀਕੇਯੂ (ਲੱਖੋਵਾਲ) ਦੀਆਂ ਪ੍ਰਾਪਤੀਆਂ 'ਤੇ ਕੰਮ ਕਰਨ ਦੇ ਢੰਗ ਤਰੀਕੇ ਬਾਰੇ ਚਾਨਣਾ ਪਾਇਆ।

ਉਨ੍ਹਾਂ ਕਿਹਾ ਕਿ ਅੱਗੇ ਜੀਰੀ ਦੀ ਕਟਾਈ ਦਾ ਸੀਜ਼ਨ ਆ ਚੁੱਕਾ ਹੈ। ਸਰਕਾਰਾਂ ਨੇ ਅਜੇ ਤੱਕ ਚੌਲ ਸਾਂਭਣ ਦਾ ਕੋਈ ਹੱਲ ਨਹੀਂ ਕੀਤਾ ਤੇ ਨਾ ਹੀ ਪੁਰਾਣੇ ਚੌਲ ਚੁੱਕ ਕੇ ਅੱਗੇ ਭੇਜੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨੂੰ ਪੰਜਾਬ ਦੀ ਕੋਈ ਫ਼ਿਕਰ ਨਹੀਂ ਹੈ।ਇਸ ਮੌਕੇ ਹਰਪ੍ਰੀਤ ਸਿੰਘ ਗੜ੍ਹੀ ਤਰਖਾਣਾਂ ਅਤੇ ਗੁਰਸੇਵਕ ਸਿੰਘ ਮੰਜਲੀਆਂ ਨੇ ਵੀ ਸੰਬੋਧਨ ਕੀਤਾ।

ਪਿੰਡ ਸਲੌਦੀ ਸਿੰਘਾਂ ਵਿਖੇ ਸਰਬਸੰਮਤੀ ਨਾਲ ਕੀਤੀ ਚੋਣ ਵਿੱਚ ਜਸਵਿੰਦਰ ਸਿੰਘ ਨੂੰ ਪ੍ਰਧਾਨ, ਸੁਖਜੀਤ ਸਿੰਘ ਮੀਤ ਪ੍ਰਧਾਨ, ਸੰਦੀਪ ਸਿੰਘ ਮੀਤ ਪ੍ਰਧਾਨ, ਹਰਮਨ ਸਿੰਘ ਮੀਤ ਪ੍ਰਧਾਨ, ਸੁਖਦੀਪ ਸਿੰਘ ਜਨਰਲ ਸਕੱਤਰ, ਕੁਲਵਿੰਦਰਜੀਤ ਸਿੰਘ ਜਨਰਲ ਸਕੱਤਰ ਤੋਂ ਇਲਾਵਾ ਤੇਜਿੰਦਰ ਸਿੰਘ, ਜਸਕਰਨ ਸਿੰਘ, ਮਹਿੰਦਰ ਸਿੰਘ ਕਾਰਜਕਾਰੀ ਮੈਂਬਰ ਚੁਣੇ ਗਏ।

## ਜਮਹੂਰੀ ਜਥੇਬੰਦੀਆਂ ਵੱਲੋਂ ਮਾਲਵਿੰਦਰ ਮਾਲੀ ਦੀ ਬਿਨਾਂ ਸ਼ਰਤ ਰਿਹਾਈ ਦੀ ਮੰਗ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਪਟਿਆਲਾ ਦੀਆਂ ਜਨਤਕ ਜਮਹੂਰੀ ਜਥੇਬੰਦੀਆਂ ਜਮਹੂਰੀ ਅਧਿਕਾਰ ਸਭਾ ਪੰਜਾਬ ਦੇ ਵਿਧੂ ਸ਼ੇਖਰ ਭਾਰਦਵਾਜ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਗੁਰਮੀਤ ਸਿੰਘ ਦਿੱਤੂਪੁਰ, ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਜਰਨੈਲ ਸਿੰਘ ਕਾਲੇਕਾ, ਕਿਰਤੀ ਕਿਸਾਨ ਯੂਨੀਅਨ ਦੇ ਦਵਿੰਦਰ ਸਿੰਘ ਪੂਨੀਆ, ਭਾਰਤੀ ਕਿਸਾਨ ਯੂਨੀਅਨ ਉਗਰਾਂਹਾਂ ਦੇ ਬਲਰਾਜ ਜੋਸ਼ੀ, ਡੈਮੋਕ੍ਰੇਟਿਕ ਲਾਇਰਜ਼ ਐਸੋਸੀਏਸ਼ਨ ਦੇ ਐਡਵੋਕੇਟ ਰਾਜੀਵ ਕੁਮਾਰ ਲੋਹਟਬੱਦੀ, ਨੌਜਵਾਨ ਤੇ ਵਿਦਿਆਰਥੀ ਜਥੇਬੰਦੀਆਂ ਨੇ ਇੱਕ ਬਿਆਨ ਰਾਹੀ ਉੱਘੇ ਸਿਆਸੀ ਵਿਸ਼ਲੇਸ਼ਕ ਤੇ ਯੂ ਟਿਊਬ ਐਕਟੀਵੇਟ ਮਾਲਵਿੰਦਰ ਸਿੰਘ ਮਾਲੀ ਨੂੰ ਇੱਕ ਝੂਠੇ ਕੇਸ ਵਿੱਚ ਗ੍ਰਿਫਤਾਰੀ ਕਰਨ ਦੀ ਨਿਖੇਧੀ ਕੀਤੀ ਹੈ।ਇਸ ਨੂੰ ਵਿਚਾਰਾਂ ਦੀ ਅਜ਼ਾਦੀ 'ਤੇ ਹਮਲਾ ਦੱਸਿਆ।ਪੁਲਸ ਨੇ ਬਿਨਾਂ ਐਫ ਆਈ ਆਰ ਦਿਖਾਇਆਂ ਗ੍ਰਿਫ਼ਤਾਰ ਕੀਤਾ, ਜੋ ਪੰਜਾਬ ਵਿੱਚ ਪੁਲਸ ਰਾਜ ਦਾ ਸੰਕੇਤ ਹੈ।

ਉਨ੍ਹਾਂ ਮੰਗ ਕੀਤੀ ਕਿ ਝੂਠਾ ਕੇਸ ਰੱਦ ਕੀਤਾ ਜਾਵੇ ਤੇ ਮਾਲੀ ਨੂੰ ਬਿਨਾਂ ਸ਼ਰਤ ਰਿਹਾਅ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਪਟਿਆਲੇ ਦੀਆਂ ਜਨਤਕ ਜਮਹੂਰੀ ਜਥੇਬੰਦੀਆਂ 20 ਸਿਤੰਬਰ ਨੂੰ ਡਿਪਟੀ ਕਮਿਸ਼ਨਰ ਪਟਿਆਲਾ ਨੂੰ ਮਿਲ ਕੇ ਮਾਲੀ ਦੀ ਬਿਨਾਂ ਸ਼ਰਤ ਰਿਹਾਈ ਤੇ ਕੇਸ ਰੱਦ ਕਰਨ ਦੀ ਮੰਗ ਕਰਨਗੀਆਂ।

## ਆਰਟੀਫ਼ਿਸ਼ੀਅਲ ਇੰਟੈਲੀਜੈਂਸ ਵਿਸ਼ੇ 'ਤੇ ਬਲਾਕ ਪੱਧਰੀ ਮੁਕਾਬਲੇ ਕਰਾਏ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** ਪੰਜਾਬ ਸਰਕਾਰ ਦੀਆਂ ਹਦਾਇਤਾਂ ਤੇ ਪ੍ਰਿੰਸੀਪਲ ਡਾ ਜਤਿੰਦਰ ਕੁਮਾਰ ਬਾਂਸਲ ਦੀ ਅਗਵਾਈ ਹੇਠ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਬਲਾਕ ਪੱਧਰ ਤੇ ਆਰਟੀਫ਼ਿਸ਼ਅਲ ਇੰਟੈਲੀਜੈਂਸ ਵਿਸ਼ੇ 'ਤੇ ਮੁਕਾਬਲਾ ਕਰਾਇਆ ਗਿਆ।ਇਨ੍ਹਾਂ ਮੁਕਾਬਲਿਆਂ ਵਿੱਚ ਬਲਾਕ ਦੇ 26 ਸਕੂਲਾਂ ਨੇ ਹਿੱਸਾ ਲਿਆ, ਜਿਸ ਵਿੱਚ ਹਰ ਸਕੂਲ ਦੇ ਇੱਕ ਵਿਦਿਆਰਥੀ ਨੇ ਆਪਣੀ ਪੇਸ਼ਕਾਰੀ ਕੀਤੀ।ਸਭ ਵਿਦਿਆਰਥੀਆਂ ਨੇ ਬਹੁਤ ਵਧੀਆ ਤਰੀਕੇ ਨਾਲ ਆਪਣੇ ਆਪਣੇ ਵਿਸ਼ਿਆਂ ਬਾਰੇ ਦੱਸਿਆ ਅਤੇ ਵੱਖਰ- ਵੱਖਰੇ ਮਾਡਲ ਪੇਸ਼ ਕੀਤੇ।

ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਪਾਤੜਾਂ ਨਗਰ ਕੌਂਸਲ ਦੇ ਪ੍ਰਧਾਨ ਰਣਵੀਰ ਸਿੰਘ ਨੇ ਸ਼ਿਰਕਤ ਕੀਤੀ। ਮੁਕਾਬਲਿਆਂ ਦੇ ਐਲਾਨੇ ਗਏ ਨਤੀਜੇ ਵਿੱਚ ਪਹਿਲਾ ਸਥਾਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਾਤੜਾਂ, ਦੂਜਾ ਸਥਾਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਹਿਰ ਜੱਛ ਤੇ ਤੀਜਾ ਸਥਾਨ ਸਰਕਾਰੀ ਹਾਈ ਸਕੂਲ ਹਰਿਆਊ ਖੁਰਦ ਦਾ ਰਿਹਾ।ਪਾਤੜਾਂ ਸਕੂਲ ਵੱਲੋਂ ਸਾਰੇ ਹਿੱਸਾ ਲੈਣ ਵਾਲੇ ਵਿਦਿਆਰਥੀ ਤੇ ਉਨਾਂ ਦੇ ਅਧਿਆਪਕ ਸਾਹਿਬਾਨਾਂ ਲਈ ਦੁਪਹਿਰ ਦੇ ਖਾਣੇ ਅਤੇ ਚਾਹ ਪਾਣੀ ਦਾ ਪ੍ਰਬੰਧ ਕੀਤਾ ਗਿਆ।ਹਰ ਇੱਕ ਜੇਤੂ ਵਿਦਿਆਰਥੀ ਨੂੰ ਐਵਾਰਡ ਦਿੱਤੇ ਗਏ ਅਤੇ ਹਿੱਸਾ ਲੈਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਤੇ ਮੈਡਲ ਦਿੱਤੇ ਗਏ।ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਾਤੜਾਂ ਦੇ ਪ੍ਰਿੰਸੀਪਲ ਸ੍ਰੀ ਜਤਿੰਦਰ ਕੁਮਾਰ ਬਾਂਸਲ ਨੇ ਸਾਰੇ ਵਿਦਿਆਰਥੀਆਂ ਨੂੰ ਆਰਟੀਫ਼ੀਸ਼ੀਅਲ ਇੰਟੈਲੀਜੈਂਸ ਦੇ ਫ਼ਾਇਦੇ ਤੇ ਨੁਕਸਾਨਾਂ ਬਾਰੇ ਜਾਣੂ ਕਰਾਇਆ।




## ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਪੁਰਬ ਨੂੰ ਸਮਰਪਤ ਕਰਾਇਆ ਧਾਰਮਕ ਸਮਾਗਮ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਚਰਨਛੋਹ ਅਸਥਾਨ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਗੁਰੂ ਅਮਰਦਾਸ ਜੀ ਦਾ ਜੋਤੀ ਜੋਤਿ ਪੁਰਬ ਤੇ ਗੁਰੂ ਰਾਮਦਾਸ ਜੀ ਦੇ ਗੁਰਤਾਗੱਦੀ ਦਿਵਸ ਨੂੰ ਸਮਰਪਤ ਦੀਵਾਨ ਹਾਲ ਵਿਖੇ ਧਾਰਮਕ ਸਮਾਗਮ ਕਰਾਇਆ ਗਿਆ।ਇਤਿਹਾਸਕ ਦਿਹਾੜੇ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਗੁਰੂ ਘਰ ਮੱਥਾ ਟੇਕਿਆ ਤੇ ਪੰਗਤ ਸੰਗਤ ਕਰਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।ਭਾਈ ਭੁਪਿੰਦਰਪਾਲ ਸਿੰਘ ਨੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਤੇ ਹਜ਼ੂਰੀ ਰਾਗੀ ਭਾਈ ਜਸਵਿੰਦਰ ਸਿੰਘ ਨੇ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।ਧਾਰਮਿਕ ਸਮਾਗਮ ਦੌਰਾਨ ਉਚੇਚੇ ਤੌਰ 'ਤੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਸ਼ਹਿਰ ਦੀਆਂ ਸਿੱਖ ਸਭਾਵਾਂ, ਜਥੇਬੰਦੀਆਂ ਦੇ ਅਹੁਦੇਦਾਰ ਸਾਹਿਬਾਨ ਵੀ ਸ਼ਾਮਲ ਸਨ।

ਦੀਵਾਨ ਹਾਲ ਵਿਖੇ ਆਯੋਜਤ ਧਾਰਮਕ ਸਮਾਗਮ ਦੌਰਾਨ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਸਿੱਖ ਇਤਿਹਾਸ ਦੀ ਰੌਸ਼ਨੀ 'ਚੋਂ ਸੰਗਤਾਂ ਨੂੰ ਜਾਣੂ ਕਰਾਇਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਅੰਦਰ ਗੁਰੂ ਅਮਰਦਾਸ ਜੀ ਦੀ ਬਾਣੀ ਅਜਿਹੀ ਜੀਵਨ ਜਾਂਚ ਪ੍ਰਦਾਨ ਕਰਨ ਦੇ ਨਾਲ ਨਾਲ ਕਈ ਸ਼ੰਕਿਆਂ ਅਤੇ ਭਰਮਾਂ ਨੂੰ ਦੂਰ ਕਰਦੀ ਹੈ, ਜਿਸ ਨਾਲ ਮਨੁੱਖ ਦਾ ਪ੍ਰਮਾਤਮਾ ਨਾਲ ਮਿਲਾਪ ਹੁੰਦਾ।

ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਗੋਇੰਦਵਾਲ ਸਾਹਿਬ ਵਰਗਾ ਮਹਾਨ ਤੀਰਥ ਅਸਥਾਨ ਸਮੁੱਚੀ ਮਾਨਵਤਾ ਨੂੰ ਦਿੱਤਾ, ਜਿਥੋਂ ਮਨੁੱਖ ਨੂੰ ਭਗਤੀ ਅਤੇ ਸ਼ਕਤੀ ਪ੍ਰਦਾਨ ਹੁੰਦੀ ਹੈ। ਪ੍ਰੋ. ਬਡੂੰਗਰ ਨੇ ਦੱਸਿਆ ਕਿ ਗੁਰੂ ਅਮਰਦਾਸ ਜੀ ਨੇ ਅਹਿਮ ਕਾਰਜਾਂ ਦੇ ਨਾਲ ਨਾਲ ਧਰਮ ਦੇ ਪ੍ਰਚਾਰ ਪਸਾਰ ਦੀ ਜ਼ਿੰਮੇਵਾਰੀ ਗੁਰੂ ਰਾਮਦਾਸ ਪਾਤਸ਼ਾਹ ਨੂੰ ਸੌਂਪਿਆ, ਜਿਨ੍ਹਾਂ ਨੇ ਦਾ 450 ਸਾਲਾ ਗੁਰਤਾਗੱਦੀ ਦਿਵਸ ਸ਼ਤਾਬਦੀ ਰੂਪ ਵਿਚ ਮਨਾਇਆ ਜਾ ਰਿਹਾ ਹੈ।

## ਅਦਾਲਤ ਵੱਲੋਂ ਨਗਰ ਪੰਚਾਇਤ ਮਮਦੋਟ ਦੀ ਮਹਿਲਾ ਕੌਂਸਲਰ ਬਰਖ਼ਾਸਤ



**ਮਮਦੋਟ, (ਜਸਬੀਰ ਸਿੰਘ ਕੰਬੋਜ)** ਨਗਰ ਪੰਚਾਇਤ ਦੀਆਂ ਚੋਣਾਂ ਦੌਰਾਨ ਮਮਦੋਟ ਦੇ ਵਾਰਡ ਨੰਬਰ-11 ਤੋਂ ਚੁਣੀ ਗਈ ਮਹਿਲਾ ਐਮ.ਸੀ ਰਾਜਬੀਰ ਕੌਰ ਖ਼ਿਲਾਫ਼ ਕਥਿਤ ਗ਼ਲਤ ਢੰਗ ਨਾਲ ਚੋਣ ਜਿੱਤਣ ਦੇ ਦੋਸ਼ਾਂ ਤਹਿਤ ਦੂਸਰੀ ਉਮੀਦਵਾਰ ਸ਼ਵਿੰਦਰ ਕੌਰ ਪਤਨੀ ਸਰਬਜੀਤ ਸਿੰਘ ਸੰਧੂ ਵੱਲੋਂ 21/03/2021 ਪਾਈ ਪਟੀਸ਼ਨ ਤੇ ਫ਼ੈਸਲਾ ਦਿੰਦੇ ਹੋਏ ਉਪ ਮੰਡਲ ਮੈਜਿਸਟ੍ਰੇਟ ਫ਼ਿਰੋਜ਼ਪੁਰ ਦੀ ਅਦਾਲਤ ਵੱਲੋਂ ਚੋਣ ਰੱਦ ਕਰਕੇ ਐਮ.ਸੀ ਨੂੰ ਬਰਖ਼ਾਸਤ ਕਰ ਦਿੱਤਾ ਗਿਆ ਹੈ।ਨਗਰ ਪੰਚਾਇਤ ਮਮਦੋਟ ਦੇ ਕਾਰਜ ਸਾਧਕ ਅਫ਼ਸਰ ਵੱਲੋਂ ਐਮ.ਸੀ ਨੂੰ ਜਾਰੀ ਕੀਤੇ ਗਏ ਲਿਖਤੀ ਪੱਤਰ 'ਚ ਉਪ ਮੰਡਲ ਮੈਜਿਸਟ੍ਰੇਟ ਕਮ-ਪ੍ਰੋਜੀਡਿੰਗ ਅਫ਼ਸਰ ਚੋਣ ਟ੍ਰਿਬਿਊਨਲ ਫ਼ਿਰੋਜ਼ਪੁਰ ਸ੍ਰੀਮਤੀ ਚਾਰੂਮਿਤਾ ਦੇ ਹੁਕਮਾਂ ਦਾ ਹਵਾਲਾ ਦਿੰਦੇ ਹੋਏ ਦੱਸਿਆ ਗਿਆ ਹੈ।ਵਾਰਡ ਨੰਬਰ-11 ਦੀ ਚੋਣ ਨੂੰ ਲੈ ਕੇ ਜੋ ਮੁੱਦਈ ਧਿਰ ਵੱਲੋਂ ਇਲੈਕਸ਼ਨ ਪਟੀਸ਼ਨ (21/03/2021) ਦਾਇਰ ਕੀਤੀ ਗਈ ਸੀ, ਦੇ ਸੰਬੰਧ ਵਿਚ ਮਾਣਯੋਗ ਅਦਾਲਤ ਵੱਲੋਂ ਦਿੱਤੇ ਗਏ ਫ਼ੈਸਲੇ ਅਨੁਸਾਰ ਵਾਰਡ ਦੀ ਚੋਣ ਰੱਦ ਕਰ ਦਿੱਤੀ ਗਈ ਹੈ।ਵਾਰਡ ਦੀ ਮੌਜੂਦਾ ਐਮ.ਸੀ ਰਾਜਬੀਰ ਕੌਰ ਨੂੰ 20 ਅਗਸਤ 2024 ਤੋਂ ਅਹੁਦੇ ਬਰਖ਼ਾਸਤ ਕਰ ਦਿੱਤਾ ਗਿਆ ਹੈ।ਕਾਰਜਸਾਧਕ ਅਫ਼ਸਰ ਮਮਦੋਟ ਵਲੋਂ ਐਮ.ਸੀ ਰਾਜਬੀਰ ਕੌਰ ਨੂੰ ਆਪਣਾ ਕੌਂਸਲਰ ਦਾ ਸ਼ਨਾਖਤੀ ਕਾਰਡ ਦਫ਼ਤਰ ਵਿੱਚ ਜਮਾਂ ਕਰਾਉਣ ਲਈ ਵੀ ਪੱਤਰ ਭੇਜ ਦਿੱਤਾ ਗਿਆ ਹੈ।

## ਆਯੁਸ਼ਮਾਨ ਭਾਰਤ ਸਕੀਮ ਤਹਿਤ ਲੋਕਾਂ ਦਾ ਮੁਫ਼ਤ ਇਲਾਜ ਨਹੀਂ ਕਰਨਗੇ ਪ੍ਰਾਈਵੇਟ ਹਸਪਤਾਲ ਤੇ ਨਰਸਿੰਗ ਹੋਮ




**ਲੁਧਿਆਣਾ (ਐੱਮ ਐੱਸ ਭਾਟੀਆ)** ਆਯੁਸ਼ਮਾਨ ਭਾਰਤ ਸਕੀਮ ਹੇਠ ਪੰਜਾਬ ਸਰਕਾਰ ਵੱਲੋਂ ਅਦਾਇਗੀ ਨਾ ਕੀਤੇ ਜਾਣ ਖਿਲਾਫ਼ ਸੂਬੇ ਦੇ ਜ਼ਿਆਦਾਤਰ ਪ੍ਰਾਈਵੇਟ ਹਸਪਤਾਲਾਂ ਨੇ ਇਸ ਯੋਜਨਾ ਤਹਿਤ ਲੋਕਾਂ ਦਾ ਮੁਫ਼ਤ ਇਲਾਜ ਕਰਨ ਤੋਂ ਇਨਕਾਰ ਕਰ ਦਿੱਤਾ ਹੈ।ਲੁਧਿਆਣਾ ਵਿਖੇ ਪ੍ਰਾਈਵੇਟ ਹਸਪਤਾਲ ਐਂਡ ਨਰਸਿੰਗ ਹੋਮ ਐਸੋਸੀਏਸ਼ਨ (ਫਾਨਾ) ਪੰਜਾਬ ਦੇ ਬੈਨਰ ਹੇਠਾਂ ਪ੍ਰੈਸ ਕਾਨਫਰੰਸ ਦੌਰਾਨ ਜਥੇਬੰਦੀ ਦੇ ਸੂਬਾ ਪ੍ਰਧਾਨ ਡਾ. ਵਿਕਾਸ ਛਾਬੜਾ ਤੇ ਸਕੱਤਰ ਡਾ. ਦਿਵਿਆਸ਼ੂ ਗੁਪਤਾ ਨੇ ਦੋਸ਼ ਲਾਇਆ ਕਿ ਆਯੁਸ਼ਮਾਨ ਭਾਰਤ ਸਕੀਮ ਤਹਿਤ ਉਨ੍ਹਾਂ ਦੇ ਬੀਤੇ ਕਰੀਬ ਛੇ ਮਹੀਨਿਆਂ ਤੋਂ ਪੰਜਾਬ ਸਰਕਾਰ ਵੱਲ ਕਰੀਬ 600 ਕਰੋੜ ਰੁਪਏ ਬਕਾਇਆ ਹਨ, ਪਰ ਕਈ ਵਾਰ ਅਪੀਲ ਕਰਨ ਦੇ ਬਾਵਜੂਦ ਉਨ੍ਹਾਂ ਨੂੰ ਬਕਾਏ ਦੀ ਅਦਾਇਗੀ ਨਹੀਂ ਕੀਤੀ ਜਾ ਰਹੀ ਅਤੇ ਸਾਫ਼ਟਵੇਅਰ ਵਿੱਚ ਖਰਾਬੀ ਹੋਣ ਦਾ ਬਹਾਨਾ ਬਣਾਇਆ ਜਾ ਰਿਹਾ ਹੈ।

ਉਨ੍ਹਾਂ ਦੋਸ਼ ਲਾਇਆ ਕਿ ਫਾਨਾ ਨਾਲ ਸੂਬੇ ਦੇ ਕਰੀਬ 300 ਤੋਂ ਵੱਧ ਪ੍ਰਾਈਵੇਟ ਹਸਪਤਾਲ ਤੇ ਨਰਸਿੰਗ ਹੋਮ ਜੁੜੇ ਹਨ, ਜਿਨ੍ਹਾਂ ਦਾ ਸੂਬਾ ਸਰਕਾਰ ਵੱਲ ਕਰੀਬ 600 ਕਰੋੜ ਰੁਪਏ ਦਾ ਬਕਾਇਆ ਹੈ, ਜਦਕਿ ਪੰਜਾਬ ਨੂੰ ਛੱਡ ਕੇ ਗੁਆਂਢੀ ਸੂਬਿਆਂ ਵਿੱਚ ਆਯੁਸ਼ਮਾਨ ਭਾਰਤ ਸਕੀਮ ਤਹਿਤ ਹਸਪਤਾਲਾਂ ਨੂੰ ਅਦਾਇਗੀ ਕੀਤੀ ਜਾ ਰਹੀ ਹੈ।ਲੇਕਿਨ ਪੰਜਾਬ ਅੰਦਰ ਇਹ ਸਕੀਮ ਤਹਿਤ ਅਦਾਇਗੀ ਨਾਲ ਹੋਣ ਕਰਕੇ ਕਈ ਲੋਕ ਇਲਾਜ ਤੋਂ ਵਾਂਝੇ ਹਨ।ਹਾਲਾਤ ਏਨੇ ਮਾੜੇ ਹੋ ਚੁੱਕੇ ਹਨ ਕਿ ਕਈ ਹਸਪਤਾਲ ਰਹਿ ਗਏ ਭਾਰੀ ਵਿੱਤੀ ਬਹੁਤ ਹੇਠਾਂ ਦੱਬ ਚੁੱਕੇ ਹਨ।ਇਥੋਂ ਤੱਕ ਕਿ ਸਟੇਟ ਹੈਲਥ ਏਜੰਸੀ ਦੇ ਸੀਈਓ ਤੇ ਸੂਬੇ ਦੇ ਸਿਹਤ ਮੰਤਰੀ ਨਾਲ ਕਈ ਵਾਰ ਮੁਲਾਕਾਤ ਕਰਨ ਤੇ ਬਾਵਜੂਦ ਸਮੱਸਿਆ ਦਾ ਹੱਲ ਨਹੀਂ ਨਿਕਲਿਆ।ਉਨ੍ਹਾਂ ਐਲਾਨ ਕੀਤਾ ਕਿ ਮਜਬੂਰਨ ਫਾਨਾ ਨਾਲ ਜੁੜੇ ਪ੍ਰਾਈਵੇਟ ਹਸਪਤਾਲ ਤੇ ਨਰਸਿੰਗ ਹੋਮਾ ਵੱਲੋਂ ਆਯੁਸ਼ਮਾਨ ਭਾਰਤ ਸਕੀਮ ਤਹਿਤ ਲੋਕਾਂ ਦਾ ਮੁਫ਼ਤ ਇਲਾਜ ਬੰਦ ਕੀਤਾ ਜਾਵੇਗਾ।

## ਸਰਕਾਰੀ ਸਟੇਟ ਕਾਲਜ ਆਫ਼ ਐਜੂਕੇਸ਼ਨ 'ਚ ਔਸ਼ਧੀ ਬੂਟੇ ਲਾਏ




**ਪਟਿਆਲਾ, (ਰਾਜਿੰਦਰ ਸਿੰਘ ਥਿੰਦ)** ਵਾਤਾਵਰਣ ਜਾਗਰੂਕਤਾ ਨੂੰ ਉਤਸ਼ਾਹਤ ਕਰਨ ਅਤੇ ਕੁਦਰਤੀ ਸਰੋਤਾਂ ਦੀ ਮਹੱਤਤਾ ਨੂੰ ਉਜਾਗਰ ਕਰਨ ਦੇ ਯਤਨ ਵਜੋਂ ਸਰਕਾਰੀ ਸਟੇਟ ਕਾਲਜ ਆਫ਼ ਐਜੂਕੇਸ਼ਨ, ਪਟਿਆਲਾ ਵਿਖੇ ਨਾਨਕ ਬਗੀਚੀ ਵਿੱਚ ਪ੍ਰਿੰਸੀਪਲ ਡਾ. ਦੇਪਿੰਦਰ ਕੌਰ ਦੁਆਰਾ ਔਸ਼ਧੀ ਰੁੱਖ ਲਾਉਣ ਦੀ ਮੁਹਿੰਮ ਸਫਲਤਾਪੂਰਵਕ ਸ਼ੁਰੂ ਕੀਤੀ ਗਈ।ਇਸ ਮੁਹਿੰਮ ਵਿੱਚ ਵਿਦਿਆਰਥੀਆਂ, ਅਧਿਆਪਕਾਂ ਅਤੇ ਹੋਰਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ।ਪੀਐਸਪੀਸੀਐਲ ਦੇ ਡਾਇਰੈਕਟਰ ਕਮਰਸ਼ੀਅਲ ਇੰਜੀ. ਰਵਿੰਦਰ ਸਿੰਘ ਸੈਣੀ ਵੀ ਇਸ ਮੌਕੇ ਬੂਟੇ ਲਾਉਣ ਵਾਲਿਆਂ ਵਿੱਚ ਸ਼ਾਮਲ ਸਨ।ਉਹ ਇਸ ਸਮਾਗਮ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ ਸਨ।

ਇਸ ਮੁਹਿੰਮ ਦਾ ਉਦੇਸ਼ ਨੀਮ, ਤੁਲਸੀ, ਆਂਵਲਾ ਅਤੇ ਮੋਰਿੰਗਾ ਸਮੇਤ ਕਈ ਤਰ੍ਹਾਂ ਦੇ ਅ ਸ਼ਧੀ ਰੁੱਖ ਲਾਉਣਾ ਸੀ, ਜੋ ਆਪਣੇ ਉਪਚਾਰੀ ਗੁਣਾਂ ਅਤੇ ਵਾਤਾਵਰਣ ਸਬੰਧੀ ਲਾਭਾਂ ਲਈ ਜਾਣੇ ਜਾਂਦੇ ਹਨ।ਪ੍ਰਿੰਸੀਪਲ ਡਾ. ਦੇਪਿੰਦਰ ਕੌਰ ਨੇ ਕਿਹਾ ਕਿ ਇਹ ਮੁਹਿੰਮ ਵਿਦਿਆਰਥੀਆਂ ਤੇ ਕੁਦਰਤ ਵਿਚਕਾਰ ਡੂੰਘਾ ਸੰਬੰਧ ਬਣਾਉਣ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ ਹੈ।

ਪ੍ਰਿੰਸੀਪਲ ਡਾ. ਦੇਪਿੰਦਰ ਕੌਰ ਨੇ ਉਨ੍ਹਾਂ ਵਿਦਿਆਰਥੀਆਂ ਅਤੇ ਅਧਿਆਪਕਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ, ਜਿਨ੍ਹਾਂ ਨੇ ਇਸ ਸਮਾਗਮ ਨੂੰ ਸਫਲ ਬਣਾਇਆ।

ਡਾਇਰੈਕਟਰ ਕਮਰਸ਼ੀਅਲ ਪੀਐਸਪੀਸੀਐਲ ਇੰਜੀਨੀਅਰ ਰਵਿੰਦਰ ਸਿੰਘ ਸੈਣੀ ਨੇ ਵੀ ਵਾਤਾਵਰਣ ਸੰਤੁਲਨ ਬਣਾਈ ਰੱਖਣ ਵਿੱਚ ਰੁੱਖਾਂ ਦੀ ਮਹੱਤਵਪੂਰਨ ਭੂਮਿਕਾ ਬਾਰੇ ਗੱਲ ਕੀਤੀ।

## ਪੱਤਰਕਾਰ ਕੋਲੋਂ ਕਾਰ ਚੋਰੀ ਕਰਨ ਵਾਲੇ ਦੋ ਮੁਲਜ਼ਮ ਕਾਬੂ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ/ਚਾਵਲਾ/ਪਰਮਜੀਤ ਸਿੰਘ)** ਪੁਲਸ ਮੁਖੀ ਤੁਸ਼ਾਰ ਗੁਪਤਾ ਦੀ ਅਗਵਾਈ ਹੇਠ ਸ਼ਰਾਰਤੀ ਅਨਸਰਾਂ ਖਿਲਾਫ਼ ਕਾਰਵਾਈ ਕਰਦਿਆਂ ਪੱਤਰਕਾਰ ਗੁਰਦੇਵ ਸਿੰਘ ਕੋਲੋਂ ਕਾਰ ਚੋਰੀ ਕਰਨ ਵਾਲੇ 02 ਵਿਅਕਤੀਆਂ ਨੂੰ ਕਾਬੂ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਗਈ ਹੈ।

ਗੁਰਦੇਵ ਸਿੰਘ ਪੁੱਤਰ ਗੁਰਜੰਟ ਸਿੰਘ ਵਾਸੀ ਅਬੋਹਰ ਰੋਡ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਉਹ ਜਲਾਲਾਬਾਦ ਤੋਂ ਆਪਣੀ ਸਵਿਫਟ ਕਾਰ ਪੀਬੀ 30 ਵੀ 2056 ਤੇ ਵਾਪਿਸ ਸ੍ਰੀ ਮੁਕਤਸਰ ਸਾਹਿਬ ਆ ਰਿਹਾ ਸੀ, ਜਦ ਉਹ ਮੌੜ ਰੋਡ ਨਜ਼ਦੀਕ ਸ੍ਰੀ ਮੁਕਤਸਰ ਸਾਹਿਬ ਪਹੁੰਚਿਆ ਤਾਂ ਬਾਥਰੂਮ ਕਰਨ ਲਈ ਕਾਰ ਵਿੱਚ ਉਤਰਿਆ, ਜਿਸ ਦੌਰਾਨ ਅਣਪਛਾਤੇ ਵਿਅਕਤੀਆਂ ਵੱਲੋਂ ਉਸਦੀ ਕਾਰ ਲੈ ਕੇ ਭੱਜ ਗਏ। ਪੁਲਸ ਵੱਲੋਂ ਮੁਕੱਦਮਾ ਬੀ.ਐਨ.ਐਸ, ਅਣਪਛਾਤੇ ਵਿਅਕਤੀਆਂ ਖਿਲਾਫ ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਵਿਖੇ ਦਰਜ ਕੀਤਾ ਗਿਆ।ਤਫ਼ਤੀਸ਼ ਦੌਰਾਨ ਪੁਲਿਸ ਵੱਲੋਂ ਆਧੁਨਿਕ ਢੰਗ ਤਰੀਕਿਆਂ ਦੀ ਵਰਤੋਂ ਕਰਦਿਆਂ ਸਵਿਫਟ ਕਾਰ ਚੋਰੀ ਕਰਨ ਵਾਲੇ ਯਾਦਵਿੰਦਰ ਸਿੰਘ ਉਰਫ਼ ਕ੍ਰਿਸ਼ਨ ਪੁੱਤਰ ਸੁਖਦੇਵ ਸਿੰਘ ਪਿੰਡ ਬੰਨਾਵਾਲਾ ਜ਼ਿਲ੍ਹਾ ਫ਼ਾਜ਼ਿਲਕਾ ਅਤੇ ਮਨਪ੍ਰੀਤ ਸਿੰਘ ਉਰਫ਼ ਪਾਰਸ ਪੁੱਤਰ ਦਰਸ਼ਨ ਸਿੰਘ ਪਿੰਡ ਭਾਗਸਰ ਨੂੰ ਕਾਬੂ ਕੀਤਾ ਹੈ, ਜਿਨ੍ਹਾਂ ਨੂੰ ਮਾਨਯੋਗ ਅਦਾਲਤ ਪੇਸ਼ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।


### ਉੱਤਰ ਰੇਲਵੇ

**ਈ-ਟੈਂਡਰ ਸੂਚਨਾ**

ਸੀਨੀਅਰ ਮੰਡਲ ਇੰਜੀਨੀਅਰ - ਦੂਸਰੀ ਫ਼ਿਰੋਜ਼ਪੁਰ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਈ-ਟੈਂਡਰਾ, ਆਖਰੀ ਮਿਤੀ ਆਖਰੀ ਮਿਤੀ **07.10.2024** ਵਕਤ **15.00** ਵਜੇ ਤਕ **www.ireps.gov.in** ਉਤੇ ਮੰਗ ਕੀਤੀ ਜਾਂਦੀ ਹੈ । ਟੈਂਡਰਕਰਤਾ ਅਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ । ਮੈਨੂੰਅਲ ਟੈਂਡਰ ਮਾਨਯ ਨਹੀਂ ਹੈ ਅਤੇ ਇਸਤਰ੍ਹਾਂ ਕਿਸੀ ਵੀ ਮੈਨੂੰਅਲ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ । ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ **www.ireps.gov.in** ਪੋਰਟਲ ਉਤੇ ਉਪਲਬਧ ਆਨਲਾਈਨ ਸਾਧਨਾਂ ਦੇ ਦੁਵਾਰਾ ਜਿਸਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਤੋਂ ਭੁਗਤਾਨ ਕਰ ਸਕਦੇ ਹਨ । ਡਿਮਾਂਡ ਡਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਦੁਵਾਰਾ ਤੋਂ ਭੁਗਤਾਨ ਦੀ ਅਨੁਮਤੀ ਨਹੀਂ ਹੈ ।

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲੀ | ਕੰਮ | ਏਕਲ ਬੋਲੀ ਪ੍ਰਣਾਲੀ |
| ਟੈਂਡਰ ਅਪਲੋਡ ਕਰਨ ਦੀ ਮਿਤੀ | ਟੈਂਡਰ ਸ਼ੁਰੂ ਦੀ ਮਿਤੀ | ਬੋਲੀ ਪੂਰਾ ਕਰਨ ਦੀ ਮਿਤੀ ਅਤੇ ਸਮਾਂ |
| 13.09.2024 | 23.09.2024 | 07.10.2024/ 15:00 ਵਜੇ |

| ਲ. ਨੰ: | ਟੈਂਡਰ ਨੰਬਰ | ਟੈਂਡਰ ਦਾ ਵੇਰਵਾ | | | |
|---|---|---|---|---|---|
| 1. | 189-2024-25-PTK-DRM-FZR | ਸਹਾਇਕ ਮੰਡਲ ਇੰਜੀਨੀਅਰ/ਪਠਾਨਕੋਟ ਦੇ ਸੈਕਸ਼ਨ ਵਿਚ ਟ੍ਰੈਕ ਰੱਖ-ਰੱਖਾਵ ਦੇ ਲਈ ਵਿਵਿਧ ਪੀ.ਵੇ ਦਾ ਮੁਰੰਮਤ ਦਾ ਕੰਮ । | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 59,99,089.08/- | 1,20,000.00/- | 60 ਦਿਨ | 08 ਮਹੀਨੇ |
| | | ਸਮਾਨ ਪ੍ਰਕ੍ਰਿਤੀ ਦਾ ਕੰਮ:- "ਸੀਟੀਆਰ/ਟੀਆਰਆਰ/ਟੀਐਸਆਰ/ਡੀਪ ਸਕਰਨਿੰਗ/ਸ਼ੈਲੋ ਸਕਰੀਨਿੰਗ/ ਓਵਰ ਹਾਲਿੰਗ/ਡੀ ਸਟ੍ਰੈਸਿੰਗ/ਰਾਈਜਿੰਗ/ਐਂਡ ਕਾਪਿੰਗ ਤੋਂ ਸਬੰਧਿਤ ਕੋਈ ਵੀ ਮੈਨੂੰਅਲ ਜਾਂ ਮੈਕੇਨਾਇਜ਼ਡ ਟ੍ਰੈਕ ਵਰਕ ਟ੍ਰੈਕ ਮੇਂਟੇਨੇਂਸ ਮਸ਼ੀਨ/ਟੀਟੀਆਰ ਦੁਵਾਰਾ, ਟੀ-28 ਦੁਵਾਰਾ ਟ੍ਰੈਕ ਪ੍ਰੀ ਐਂਡ ਪੋਸਟ ਕੰਮ ।" | | | |
| 2. | 190-2024-25-PTK-DRM-FZR | ਸਹਾਇਕ ਮੰਡਲ ਇੰਜੀਨੀਅਰ/ਪਠਾਨਕੋਟ ਦੇ ਸੈਕਸ਼ਨ ਵਿਚ ਲੇਵਲ ਕਰੋਸਿੰਗ ਦੀ ਮੁਰੰਮਤ ਅਤੇ ਰੱਖ-ਰੱਖਾਵ ਦਾ ਕੰਮ । | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 59,94,880.51/- | 1,19,900.00/- | 60 ਦਿਨ | 08 ਮਹੀਨੇ |
| | | ਸਮਾਨ ਪ੍ਰਕ੍ਰਿਤੀ ਦਾ ਕੰਮ:- "ਟ੍ਰੈਕ ਕੰਮ ਦੇ ਇਲਵਾ ਕੋਈ ਵੀ ਸਿਵਿਲ ਕੰਮ ।" | | | |

ਨੋਟ:- 1. ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਣਗੇ । 2. ਹਿੰਦੀ ਵਿਚ ਕਿਸੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ ।

ਨੰ: 189 & 190-2024-25-PTK-DRM-FZR ਮਿਤੀ : 17.09.2024 2901/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

19-SEP-PAGE-7.qxd 9/18/2024 10:41 PM Page 1



## 12 ਲੱਖ ਦੀ ਲਾਗਤ ਨਾਲ ਸ਼ੂਟਿੰਗ ਰੇਂਜ ਤਿਆਰ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)** ਫ਼ਰੀਦਕੋਟ ਵਾਸੀਆਂ ਤੇ ਸ਼ੂਟਿੰਗ ਦੇ ਪ੍ਰੇਮੀਆਂ ਲਈ ਇਹ ਖੁਸ਼ੀ ਦੀ ਖਬਰ ਹੈ ਕਿ ਪੰਜਾਬ ਸਰਕਾਰ ਵੱਲੋਂ ਨਹਿਰੂ ਸਟੇਡੀਅਮ ਵਿਖੇ ਕਰੀਬ 12 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਸ਼ੂਟਿੰਗ ਰੇਂਜ ਨੂੰ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਵੱਲੋਂ 18 ਸਤੰਬਰ ਨੂੰ ਲੋਕ ਅਰਪਣ ਕੀਤਾ ਜਾਵੇਗਾ।ਚੇਅਰਮੈਨ ਪਲਾਨਿੰਗ ਬੋਰਡ ਸੁਖਜੀਤ ਸਿੰਘ ਢਿੱਲਵਾਂ ਨੇ ਦੱਸਿਆ ਕਿ ਨਹਿਰੂ ਸਟੇਡੀਅਮ ਵਿਖੇ ਸ਼ੂਟਿੰਗ ਰੇਂਜ ਦੀ ਬਿਲਡਿੰਗ ਤੇ ਕਰੀਬ 12 ਲੱਖ ਰੁਪਏ ਖਰਚ ਆਇਆ ਹੈ, ਜਿਸ ਲਈ ਜ਼ਿਲ੍ਹਾ ਪਲਾਨਿੰਗ ਬੋਰਡ ਅਤੇ ਐਮ.ਪੀ. ਲੈਂਡ ਵਿੱਚੋਂ ਫੰਡ ਅਲਾਟ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਹੁਣ ਇਸ ਸ਼ੂਟਿੰਗ ਰੇਂਜ ਵਿੱਚ ਏਅਰ ਪਿਸਟਲ 10 ਮੀਟਰ, ਏਅਰ ਰਾਈਫਲ 10 ਮੀਟਰ ਆਦਿ ਦੇ ਮੁਕਾਬਲੇ ਹੋਣਗੇ ਅਤੇ ਖੇਡ ਵਿਭਾਗ ਪੰਜਾਬ ਵੱਲੋਂ ਜਲਦ ਹੀ ਇਸ ਨੂੰ ਅਪਗ੍ਰੇਡ ਕੀਤਾ ਜਾਵੇਗਾ, ਜਿਸ ਤਹਿਤ ਇਸ ਸ਼ੂਟਿੰਗ ਰੇਂਜ ਨੂੰ ਡਿਜੀਟਲ ਸ਼ੂਟਿੰਗ ਰੇਂਜ ਵਿੱਚ ਤਬਦੀਲ ਕੀਤਾ ਜਾਵੇਗਾ। ਢਿੱਲਵਾਂ ਨੇ ਅੱਗੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਰਾਜ ਵਿੱਚ ਖੇਡਾਂ ਨੂੰ ਉਤਸ਼ਾਹਤ ਕਰਨ ਲਈ ਵੱਡੇ ਕਦਮ ਪੁੱਟੇ ਗਏ ਹਨ, ਜਿਸ ਤਹਿਤ ਖੇਡਾਂ ਵਤਨ ਪੰਜਾਬ ਦੀਆਂ ਸੀਜ਼ਨ-3 ਸਫਲਤਾ ਪੂਰਵਕ ਚੱਲ ਰਹੇ ਹਨ।ਉਨ੍ਹਾਂ ਕਿਹਾ ਕਿ ਫ਼ਰੀਦਕੋਟ ਵਿਖੇ ਸ਼ੂਟਿੰਗ ਰੇਂਜ ਬਣਨ ਨਾਲ ਪੂਰੇ ਜਿਲਾ ਵਾਸੀਆਂ ਅਤੇ ਉੱਭਰ ਰਹੇ ਸ਼ੂਟਿੰਗ ਖਿਡਾਰੀਆਂ ਨੂੰ ਵੱਡੀ ਸਹੂਲਤ ਮਿਲੇਗੀ।ਇਸ ਸ਼ੂਟਿੰਗ ਰੇਂਜ ਦਾ ਉਦਘਾਟਨ 18 ਸਤੰਬਰ ਨੂੰ ਸ਼ਾਮ ਕਰੀਬ 5 ਵਜੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਕਰਨਗੇ ਤੇ ਇਸ ਨੂੰ ਲੋਕ ਅਰਪਣ ਕਰਨਗੇ।

## ਟਿਊਬਵੈੱਲ ਕੁਨੈਕਸ਼ਨ ਪੀੜਤ ਕਮੇਟੀ ਦਾ ਵਫ਼ਦ ਡੀ ਸੀ ਨੂੰ ਮਿਲਿਆ



**ਮਾਨਸਾ (ਆਤਮਾ ਸਿੰਘ ਪਮਾਰ)** ਖੇਤੀਬਾੜੀ ਟਿਊਬਵੈੱਲ ਕੁਨੈਕਸ਼ਨ ਪੀੜਤ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਮਾਨਸਾ ਅਤੇ ਇਲਾਕਾ ਕਮੇਟੀ ਬਰੇਟਾ ਦਾ ਸਾਂਝਾ ਵਫਦ ਗੁਰਜੀਤ ਸਿੰਘ ਖੀਵਾ ਮੀਹਾਂ ਸਿੰਘ ਵਾਲਾ ਦੀ ਪ੍ਰਧਾਨਗੀ ਹੇਠ ਡਿਪਟੀ ਕਮਿਸ਼ਨਰ ਨੂੰ ਮਿਲਿਆ ਅਤੇ ਮੰਗ ਪੱਤਰ ਦਿੱਤਾ।ਮੰਗਾਂ ਸਬੰਧੀ ਜਗਸੀਰ ਸਿੰਘ ਸਿਰਸੀਵਾਲਾ ਨੇ ਦੱਸਿਆ ਕਿ ਪੀ.ਐਸ.ਪੀ.ਸੀ.ਐਲ. ਵੱਲੋਂ ਖੇਤੀਬਾੜੀ ਟਿਊਬਵੈੱਲ ਕੁਨੈਕਸ਼ਨ ਲਈ 2014, 15, 16 ਵਿੱਚ ਡਿਮਾਂਡ ਨੋਟਿਸ ਜਾਰੀ ਕੀਤੇ ਸਨ, ਪ੍ਰੰਤੂ ਉਸ ਸਮੇਂ ਚੋਣ ਜ਼ਾਬਤਾ ਲੱਗਣ ਕਾਰਨ ਕੁੱਝ ਜ਼ਿੰਮੀਂਦਾਰਾਂ ਨੂੰ ਕੁਨੈਕਸ਼ਨ ਮਿਲ ਗਏ ਸਨ ਅਤੇ ਬਹੁਤਿਆਂ ਨੂੰ ਕਨੈਕਸ਼ਨ ਚੋਣ ਜ਼ਾਬਤਾ ਹੋਣ ਕਾਰਨ ਨਹੀਂ ਮਿਲ ਸਕੇ। ਬਹੁਤਿਆਂ ਨੇ ਪੈਸੇ ਵੀ ਭਰੇ ਸਨ।ਉਨ੍ਹਾਂ ਕਿਸਾਨਾਂ ਨੂੰ ਕੁਨੈਕਸ਼ਨ ਦੇਣ ਦੀ ਮਿਤੀ 14 ਅਗਸਤ 2024 ਨੂੰ ਰੱਖੀ ਗਈ ਸੀ ਪ੍ਰੰਤੂ ਦਫਤਰਾਂ ਨੇ ਇਸ ਦੀ ਕੋਈ ਵੀ ਜਾਣਕਾਰੀ ਖਪਤਕਾਰਾਂ ਨੂੰ ਨਹੀਂ ਦਿੱਤੀ ਅਤੇ ਨਾ ਹੀ ਨੋਟਿਸ ਬੋਰਡ 'ਤੇ ਲਾਇਆ ਗਿਆ।ਕੁੱਝ ਕੁ ਚਹੇਤਿਆਂ ਨੂੰ ਹੀ ਇਨ੍ਹਾਂ ਬਾਰੇ ਦੱਸਿਆ ਗਿਆ।ਉਨ੍ਹਾਂ ਮੰਗ ਕੀਤੀ ਕਿ ਇਸ ਮਿਤੀ ਨੂੰ 30 ਸਤੰਬਰ ਤੱਕ ਵਧਾਇਆ ਜਾਵੇ ਤੇ ਹਰ ਇੱਕ ਖਪਤਕਾਰ ਨੂੰ ਸੂਚਨਾ ਵੀ ਦਿੱਤੀ ਜਾਵੇ।ਬੁਢਲਾਡਾ, ਭੀਖੀ ਤੇ ਸਰਦੂਲਗੜ੍ਹ ਦੇ ਕਿਸਾਨਾਂ ਲਈ ਜਮੀਨ ਦੀ ਹੱਦ 10 ਏਕੜ ਕੀਤੀ ਸੀ, ਪਰ ਕੁੱਝ 5 ਏਕੜ ਤੋਂ ਵੱਧ ਵਾਲੇ ਕਿਸਾਨਾਂ ਨੂੰ ਵੀ ਕੁਨੈਕਸ਼ਨ ਨਹੀਂ ਦਿੱਤੇ ਗਏ।ਉਨ੍ਹਾਂ ਨੂੰ ਇਸ ਸਕੀਮ ਵਿੱਚੋਂ ਬਾਹਰ ਕੱਢ ਦਿੱਤਾ ਗਿਆ।ਕਿਸਾਨ ਸੰਘਰਸ਼ ਦੌਰਾਨ ਸ਼ਹੀਦ ਹੋਏ ਰਹਿੰਦੇ ਕਿਸਾਨਾਂ ਦੇ ਪਰਵਾਰਾਂ ਨੂੰ ਵੀ ਮੁਆਵਜ਼ਾ ਅਤੇ ਨੌਕਰੀ ਦਿੱਤੀ ਜਾਵੇ।ਬਰੇਟਾ ਵਿਕਾਸ ਕਮੇਟੀ ਵੱਲੋਂ ਜਾਣਕਾਰੀ ਦਿੰਦੇ ਹੋਏ ਕਿ ਸਿਵਲ ਹਸਪਤਾਲ ਬਰੇਟਾ ਵਿੱਚ ਸਟਾਫ਼ ਦੀ ਬਹੁਤ ਘਾਟ ਹੈ ਅਤੇ ਡਾਕਟਰ ਵੀ ਘੱਟ ਹਨ, ਤੁਰੰਤ ਸਟਾਫ ਭੇਜਿਆ ਜਾਵੇ ਤਾਂ ਜੁ ਲੋਕਾਂ ਨੂੰ ਸਹੂਲਤ ਮਿਲ ਸਕੇ।

## ਸਿਵਲ ਸਰਜਨ ਵੱਲੋਂ ਸੀ ਐੱਚ ਸੀ ਰਾਮ ਸਰਾਂ ਦਾ ਦੌਰਾ, ਸਿਹਤ ਸੇਵਾਵਾਂ ਦਾ ਲਿਆ ਜਾਇਜ਼ਾ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)** ਜ਼ਿਲ੍ਹੇ ਦੇ ਸਿਵਲ ਸਰਜਨ ਡਾ ਐਰਿਕ ਨੇ ਰਾਮ ਸਰਾਂ ਵਿਖੇ ਬਣੇ ਕਮਿਊਨਿਟੀ ਹੈਲਥ ਸੈਂਟਰ ਦਾ ਦੌਰਾ ਕਰਕੇ ਮਿਲ ਰਹੀਆਂ ਸਿਹਤ ਸਹੂਲਤਾਂ ਦਾ ਜਾਇਜ਼ਾ ਲਿਆ।ਇਸ ਮੌਕੇ ਸਿਵਲ ਸਰਜਨ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਉਹਨਾਂ ਦੀਆਂ ਬਰੂਹਾਂ ਤੇ ਸਿਹਤ ਸਹੂਲਤਾਂ ਮੁਹੱਈਆ ਕਰਾਉਣ ਲਈ ਉਪਰਾਲੇ ਕੀਤੇ ਜਾ ਰਹੇ ਹਨ।ਇਸ ਤਹਿਤ ਜਿੱਥੇ ਸਾਰੇ ਸੀਐਚਸੀ ਸਿਹਤ ਸਹੂਲਤਾਂ ਮੁਹੱਈਆ ਕਰਾਉਣ ਲਈ ਕਾਰਜਸ਼ੀਲ ਹਨ, ਉੱਥੇ ਹੀ ਜ਼ਿਲ੍ਹੇ ਵਿੱਚ ਆਮ ਆਦਮੀ ਕਲੀਨਿਕ ਵੀ ਲਗਾਤਾਰ ਕੰਮ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਹਸਪਤਾਲਾਂ ਵਿੱਚ ਓਪੀਡੀ ਆਮ ਵਾਂਗ ਹੋ ਰਹੀ ਹੈ ਤੇ ਦਵਾਈਆਂ ਵੀ ਦਿੱਤੀਆਂ ਜਾ ਰਹੀਆਂ ਹਨ। ਇਸ ਤੋਂ ਬਿਨਾਂ ਸਾਰੇ ਲੋੜੀਂਦੇ ਟੈਸਟ ਵੀ ਹਸਪਤਾਲਾਂ ਵਿੱਚ ਹੋ ਰਹੇ ਹਨ।

## ਮੂਲੋਵਾਲ ਸਕੂਲ ਦੀ ਅਧਿਆਪਕਾ ਮਨਪ੍ਰੀਤ ਨੇ ਜਿੱਤਿਆ ਗੋਲਡ ਮੈਡਲ



**ਧੂਰੀ (ਸੁਖਦੇਵ ਧੂਰੀ)** ਖੇਡਾਂ ਵਤਨ ਪੰਜਾਬ ਦੀਆਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੂਲੋਵਾਲ ਦੀ ਅਧਿਆਪਕਾ ਮਨਪ੍ਰੀਤ ਕੌਰ ਵੋਕੇਸ਼ਨਲ ਟ੍ਰੇਨਰ (ਬਿਊਟੀ ਐਂਡ ਵੈਲਨਸ) ਨੇ ਬੈਡਮਿੰਟਨ (ਅੰਡਰ-40) ਵਿੱਚ ਜ਼ਿਲ੍ਹਾ ਪੱਧਰ ਤੇ ਪਹਿਲਾ ਸਥਾਨ ਹਾਸਿਲ ਕਰਕੇ ਗੋਲਡ ਦਾ ਤਗਮਾ ਜਿੱਤਿਆ ।ਸਵੇਰ ਦੀ ਸਭਾ ਵਿੱਚ ਸਕੂਲ ਪ੍ਰਿੰਸੀਪਲ ਰੰਜੂ ਬਾਲਾ ਨੇ ਮਨਪ੍ਰੀਤ ਕੌਰ ਨੂੰ ਵਧਾਈਆਂ ਦਿੰਦੇ ਹੋਏ ਕਿਹਾ ਕਿ ਇਹ ਪ੍ਰਾਪਤੀ ਸਕੂਲ ਲਈ ਮਾਣ ਵਾਲੀ ਗੱਲ ਹੈ ਅਤੇ ਵਿਦਿਆਰਥੀਆਂ ਨੂੰ ਖੇਡਾਂ ਵਿੱਚ ਭਾਗ ਲੈਣ ਲਈ ਉਤਸ਼ਾਹਿਤ ਕੀਤਾ।ਸਮੂਹ ਸਟਾਫ਼ ਵੱਲੋਂ ਵੀ ਮਨਪ੍ਰੀਤ ਕੌਰ ਨੂੰ ਵਧਾਈਆਂ ਦਿੰਦੇ ਹੋਏ ਹੋਰ ਪ੍ਰਾਪਤੀਆਂ ਕਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸੇ ਦੌਰਾਨ ਸਥਾਨਕ ਜਰਨਲਿਜ਼ਮ ਐਸੋਸੀਏਸ਼ਨ ਰਜਿ ਦੇ ਪ੍ਰਧਾਨ ਲਖਵੀਰ ਧਾਂਦਰਾ, ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਸੁਖਦੇਵ ਸ਼ਰਮਾ ਧੂਰੀ, ਜਨਰਲ ਸਕੱਤਰ ਡਾ ਅਮਰਜੀਤ ਸਿੰਘ, ਤਰਕਸ਼ੀਲ ਸੁਸਾਇਟੀ ਪੰਜਾਬ ਦੇ ਜੋਨ ਆਗੂ ਰਾਜਿੰਦਰ ਰਾਜੂ, ਉੱਘੇ ਸਮਾਜ ਸੇਵੀ ਚਰਨਜੀਤ ਸਿੰਘ ਕੈਂਥ ਸਮੇਤ ਅਨੇਕਾਂ ਸਖਸ਼ੀਅਤਾਂ ਨੇ ਮਨਪ੍ਰੀਤ ਕੌਰ ਦੀ ਇਸ ਪ੍ਰਾਪਤੀ ਤੇ ਉਸਨੂੰ ਮੁਬਾਰਕਾਂ ਦਿੰਦੇ ਹੋਏ ਹੋਰ ਬੁਲੰਦੀਆਂ ਛੋਹਣ ਦੀ ਪ੍ਰੇਰਨਾ ਦਿੱਤੀ।

## ਹੋਲੀ ਹਾਰਟ ਸਕੂਲ ਅਜੀਤਵਾਲ 'ਚ ਗਣੇਸ਼ ਵਿਸਰਜਨ ਕੀਤਾ



**ਅਜੀਤਵਾਲ (ਨਛੱਤਰ ਸੰਧੂ)** ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਗਣੇਸ਼ ਵਿਸਰਜਨ ਬੜੀ ਹੀ ਸ਼ਰਧਾ ਭਾਵਨਾ ਨਾਲ ਕੀਤਾ ਗਿਆ।ਗਣੇਸ਼ ਵਿਸਰਜਨ ਕਰਦੇ ਹੋਏ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੀਆ ਪਲਤਾ ਤੇ ਸਕੂਲ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨੇ ਗਣੇਸ਼ ਵਿਸਰਜਨ ਦੀ ਮਹੱਤਤਾ ਬਾਰੇ ਦੱਸਿਆ ਕਿ ਗਣੇਸ਼ ਉਤਸਵ ਦਸ ਦਿਨਾਂ ਤੱਕ ਮਨਾਇਆ ਜਾਂਦਾ ਹੈ।ਹਾਲਾਂਕਿ ਕਈ ਥਾਵਾਂ ਤੇ ਡੇਢ ਦਿਨ ਕਈ ਥਾਵਾਂ ਤੇ ਤਿੰਨ ਦਿਨ ਤੇ ਕੁਝ ਸਥਾਨਾਂ ਤੇ ਪੰਜ ਤੇ ਸੱਤ ਦਿਨਾਂ ਲਈ ਗਣਪਤੀ ਦੀ ਸਥਾਪਨਾ ਕੀਤੀ ਜਾਂਦੀ ਹੈ।ਗਣੇਸ਼ ਪੂਜਾ ਤੋਂ ਬਾਅਦ ਗਣੇਸ਼ ਵਿਸਰਜਨ ਕੀਤਾ ਜਾਂਦਾ ਹੈ।ਗਣੇਸ਼ ਵਿਸਰਜਨ ਕਰਦੇ ਸਮੇਂ ਅਧਿਆਪਕਾਂ ਵੱਲੋਂ ਭਜਨ ਗਾਇਨ ਕੀਤਾ ਗਿਆ।

## ਕੈਨੇਡਾ ਭੇਜਣ ਦੇ ਨਾਂਅ 'ਤੇ 10 ਲੱਖ ਤੇ 10 ਤੋਲੇ ਸੋਨੇ ਦੀ ਠੱਗੀ ਦੇ ਦੋਸ਼

**ਜਲਾਲਾਬਾਦ, (ਜੀਤ ਕੁਮਾਰ)** ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ ਇਕ ਲੜਕੀ ਨੂੰ ਕਨੇਡਾ ਭੇਜਣ ਦੇ ਨਾਂਅ 'ਤੇ 10 ਲੱਖ ਰੁਪਏ ਅਤੇ 10 ਤੋਲੇ ਸੋਨੇ ਦੀ ਠੱਗੀ ਮਾਰਨ ਦੇ ਦੋਸ਼ ਵਿੱਚ 3 ਲੋਕਾਂ ਦੇ ਖਿਲਾਫ਼ ਪਰਚਾ ਦਰਜ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਬੂਟਾ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਜਸ਼ਨਦੀਪ ਸਿੰਘ ਪੁੱਤਰ ਦਵਿੰਦਰ ਸਿੰਘ ਵਾਸੀ ਮਸਤੂਵਾਲਾ ਹਾਲ ਜਲਾਲਾਬਾਦ ਨੇ ਇੱਕ ਦਰਖਾਸਤ ਨੰਬਰ 1013-ਸਪੈਸ਼ਲ-ਪੀ.ਸੀ. ਮਿਤੀ 15-07-2024 ਨੂੰ ਦਿੱਤੀ ਗਈ ਸੀ, ਜਿਸ ਵਿਚ ਮੁਦੱਈ ਜਸ਼ਨਦੀਪ ਸਿੰਘ ਨੇ ਦੱਸਿਆ ਕਿ ਮੁਖਤਿਆਰ ਸਿੰਘ ਵਗੈਰਾ ਵੱਲੋਂ ਆਪਣੀ ਲੜਕੀ ਨਵਲੀਨ ਕੌਰ ਨੂੰ ਵਿਦੇਸ਼ ਕਨੇਡਾ ਭੇਜਣ ਦੇ ਨਾਂਅ 'ਤੇ ਉਸ ਪਾਸੋਂ 10 ਲੱਖ ਰੁਪਏ ਅਤੇ 10 ਤੋਲੇ ਸੋਨੇ ਦੀ ਠੱਗੀ ਮਾਰੀ ਗਈ ਹੈ, ਜਿਸ 'ਤੇ ਥਾਣਾ ਸਿਟੀ ਜਲਾਲਾਬਾਦ ਵਿਖੇ ਮੁਦੱਈ ਜਸ਼ਨਦੀਪ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਨਵਲੀਨ ਕੌਰ ਪੁੱਤਰੀ ਮੁਖਤਿਆਰ ਸਿੰਘ, ਮੁਖਤਿਆਰ ਸਿੰਘ ਪੁੱਤਰ ਗਿਆਨ ਸਿੰਘ ਅਤੇ ਜਗਜੀਤ ਕੌਰ ਪੱਤਨੀ ਮੁਖਤਿਆਰ ਸਿੰਘ ਵਾਸੀਆਨ ਜੰਡਵਾਲਾ ਮੀਰਾ ਸਾਂਗਲਾ (ਫਾਜਿਲਕਾ) ਦੇ ਖਿਲਾਫ ਮੁਕੱਦਮਾ ਨੰਬਰ 131 ਮਿਤੀ 17-09-2024 ਨੂੰ ਧਾਰਾ 318(4),316(2), 61(2) ਬੀ.ਐਨ.ਐਸ. ਤਹਿਤ ਰਜਿਸਟਰ ਕੀਤਾ ਗਿਆ ਹੈ।

## ਡੀ ਸੀ ਵੱਲੋਂ ਪਿੰਡਾਂ ਦਾ ਦੌਰਾ, ਕਿਸਾਨਾਂ ਨੂੰ ਪਰਾਲੀ ਨਾ ਸਾੜਨ ਲਈ ਕੀਤਾ ਪ੍ਰੇਰਤ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)** ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਆਈ ਏ ਐਸ ਨੇ ਅੱਜ ਸ਼ਾਮ ਜਿਲੇ ਦੇ ਅੱਧੀ ਦਰਜਨ ਪਿੰਡਾਂ ਦਾ ਦੌਰਾ ਕਰਕੇ ਕਿਸਾਨਾਂ ਨਾਲ ਬੈਠਕਾਂ ਕੀਤੀਆਂ।ਉਨ੍ਹਾਂ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਾਉਣ ਲਈ ਪ੍ਰੇਰਿਤ ਕਰਦਿਆਂ ਆਖਿਆ ਕਿ ਪਰਾਲੀ ਸਾੜਨ ਨਾਲ ਨਾ ਕੇਵਲ ਵਾਤਾਵਰਨ ਦਾ ਨੁਕਸਾਨ ਹੁੰਦਾ ਹੈ, ਸਗੋਂ ਸਾਡੀ ਜ਼ਮੀਨ ਦੇ ਪੋਸ਼ਕ ਤੱਤ ਨਸ਼ਟ ਹੋ ਜਾਂਦੇ ਹਨ ਅਤੇ ਜ਼ਮੀਨ ਦੀ ਉਪਜਾਊ ਸ਼ਕਤੀ ਘਟ ਜਾਂਦੀ ਹੈ। ਉਨ੍ਹਾਂ ਕਿਸਾਨਾਂ ਨੂੰ ਕਿਹਾ ਕਿ ਸਰਕਾਰ ਵੱਲੋਂ ਪਰਾਲੀ ਪ੍ਰਬੰਧਨ ਲਈ ਵੱਡੀ ਗਿਣਤੀ ਵਿੱਚ ਮਸ਼ੀਨਾਂ ਸਬਸਿਡੀ 'ਤੇ ਮੁਹੱਈਆ ਕਰਾਈਆਂ ਗਈਆਂ ਹਨ।ਹਾਲੇ ਵੀ ਕਿਸਾਨ ਇਹ ਮਸ਼ੀਨਾਂ ਸਬਸਿਡੀ 'ਤੇ ਲੈਣ ਲਈ 19 ਸਤੰਬਰ ਤੱਕ ਆਨਲਾਈਨ ਅਪਲਾਈ ਕਰ ਸਕਦੇ ਹਨ।ਉਨ੍ਹਾਂ ਕਿਹਾ ਕਿ ਪਰਾਲੀ ਨੂੰ ਜੇਕਰ ਖੇਤ ਵਿੱਚ ਹੀ ਮਿਲਾ ਕੇ ਕਣਕ ਦੀ ਬਿਜਾਈ ਕੀਤੀ ਜਾਵੇ ਤਾਂ ਇਸ ਨਾਲ ਜਿੱਥੇ ਵਾਤਾਵਰਣ ਨੂੰ ਨੁਕਸਾਨ ਨਹੀਂ ਹੁੰਦਾ, ਉਥੇ ਜ਼ਮੀਨ ਦੀ ਉਪਜਾਊ ਸ਼ਕਤੀ ਵੀ ਬਰਕਰਾਰ ਰਹਿੰਦੀ ਹੈ ਅਤੇ ਜ਼ਮੀਨ ਵਿੱਚ ਕਾਰਬਨਿਕ ਮਾਦਾ ਵਧਣ ਨਾਲ ਕਿਸਾਨਾਂ ਨੂੰ ਅਗਲੀਆਂ ਫ਼ਸਲਾਂ ਦਾ ਚੰਗਾ ਝਾੜ ਮਿਲਦਾ ਹੈ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪਰਾਲੀ ਸਾੜਨ ਨਾਲ ਪੈਦਾ ਹੋਣ ਵਾਲਾ ਧੂੰਆਂ ਸਭ ਤੋਂ ਪਹਿਲਾਂ ਸਾਡੇ ਕਿਸਾਨ ਤੇ ਉਨ੍ਹਾਂ ਦੇ ਪਰਵਾਰਾਂ ਨੂੰ ਹੀ ਨੁਕਸਾਨ ਪੁਚਾਉਂਦਾ ਹੈ।ਉਨ੍ਹਾਂ ਖੇਤੀਬਾੜੀ ਵਿਭਾਗ ਨੂੰ ਤਾਕੀਦ ਕੀਤੀ ਗਈ ਹੈ ਕਿ ਉਹ ਪਿੰਡ-ਪਿੰਡ ਜਾ ਕੇ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਤੇ ਤਕਨੀਕੀ ਨੁਕਤੇ ਸਮਝਾਏ।

## ਨੇਮ ਚੰਦ ਸ਼ਰਮਾ ਨਮਿਤ ਗਰੁੜ ਪੁਰਾਣ ਦੇ ਪਾਠ ਦਾ ਭੋਗ ਭਲਕੇ

**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)** ਸ਼ਸ਼ੀਕਾਂਤ ਸ਼ਰਮਾ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ, ਜਦੋਂ ਉਨ੍ਹਾਂ ਦੇ ਪਿਤਾ ਰੋਡਵੇਜ਼ ਡਰਾਈਵਰ ਨੇਮ ਚੰਦ ਦਾ 10 ਸਤੰਬਰ ਨੂੰ ਅਚਾਨਕ ਦੇਹਾਂਤ ਹੋ ਗਿਆ। ਸਵ. ਨੇਮਚੰਦ ਸ਼ਰਮਾ ਦੀ ਆਤਮਿਕ ਸ਼ਾਂਤੀ ਲਈ ਰੱਖੇ ਸ੍ਰੀ ਗਰੁੜ ਪੁਰਾਣ ਦੇ ਪਾਠ ਦਾ ਭੋਗ 20 ਸਤੰਬਰ ਨੂੰ ਕਮਿਊਨਿਟੀ ਸੈਂਟਰ, ਨੇੜੇ ਬੱਸ ਸਟੈਂਡ, ਮਾਛੀਵਾੜਾ ਸਾਹਿਬ ਵਿਖੇ 1 ਤੋਂ 2 ਵਜੇ ਤੱਕ ਪਾਇਆ ਜਾਵੇਗਾ।ਇਸ ਮੌਕੇ ਉਜਾਗਰ ਸਿੰਘ ਸਾਬਕਾ ਪ੍ਰਧਾਨ ਨਗਰ ਕੌਂਸਲ ਮਾਛੀਵਾੜਾ, ਸਾਬਕਾ ਨਗਰ ਕੌਂਸਲ ਪ੍ਰਧਾਨ ਦਲਜੀਤ ਸਿੰਘ ਗਿੱਲ, ਸੀ ਪੀ ਆਈ ਬਲਾਕ ਮਾਛੀਵਾੜਾ ਤੇ ਸਮਰਾਲਾ ਦੇ ਸਕੱਤਰ ਕਾਮਰੇਡ ਜਗਦੀਸ਼ ਰਾਏ ਬੌਬੀ, ਸੁਰਿੰਦਰ ਕੁੰਦਰਾ, ਕਾਂਗਰਸ ਬਲਾਕ ਪ੍ਰਧਾਨ ਪਰਵਿੰਦਰ ਤਿਵਾੜੀ, ਕਿਹੜਾ ਪ੍ਰਧਾਨ ਦੁਰਗਾ ਸ਼ਕਤੀ ਮੰਦਿਰ ਦੇ ਪ੍ਰਧਾਨ ਨੰਦ ਕਿਸ਼ੋਰ, ਬੱਬੂ ਔਜਲਾ, ਨਰਿੰਦਰਪਾਲ ਸਿੰਘ ਧਨੋਆ ਸਾਬਕਾ ਐਮਸੀ, ਲੋਕ ਸੰਘਰਸ਼ ਕਮੇਟੀ ਦਾ ਪ੍ਰਧਾਨ ਸੰਦੀਪ ਸ਼ਰਮਾ, ਡਾਕਟਰ ਲਵਿਸ, ਗੁਰਾਇਆ ਮਲ, ਡਾਕਟਰ ਕੇਵਲ ਕ੍ਰਿਸ਼ਨ, ਸ਼ਾਮ ਲਾਲ ਕੁੰਦਰਾ, ਸੁਖਵਿੰਦਰ ਸਿੰਘ ਗਿੱਲ, ਜਸਬੀਰ ਸਿੰਘ ਗਿੱਲ ਤੋਂ ਇਲਾਵਾ ਹੋਰ ਸਿਆਸੀ ਤੇ ਗੈਰ ਸਿਆਸੀ ਪਾਰਟੀਆਂ ਦੇ ਆਗੂਆਂ ਵੱਲੋਂ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।

# ਕਾਂਗਰਸ ਵੱਲੋਂ ਸੂਬਾ ਸਰਕਾਰ ਖਿਲਾਫ਼ ਡੀ ਐੱਸ ਪੀ ਦਫ਼ਤਰ ਮੂਹਰੇ ਰੋਸ ਪ੍ਰਦਰਸ਼ਨ



**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)** ਕਾਂਗਰਸ ਪਾਰਟੀ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਦਿਸ਼ਾ-ਨਿਰਦੇਸ਼ ਤਹਿਤ ਜ਼ਿਲ੍ਹਾ ਪ੍ਰਧਾਨ ਕੁਲਦੀਪ ਸਿੰਘ ਕਾਲਾ ਢਿੱਲੋਂ ਦੀ ਅਗਵਾਈ ਹੇਠ ਹਲਕਾ ਮਹਿਲ ਕਲਾਂ ਦੀ ਕਾਂਗਰਸ ਪਾਰਟੀ ਵੱਲੋਂ ਡੀ ਐਸ ਪੀ ਮਹਿਲ ਕਲਾਂ ਦੇ ਦਫ਼ਤਰ ਮੂਹਰੇ ਰੋਸ ਪ੍ਰਦਰਸ਼ਨ ਕੀਤਾ ਗਿਆ।

ਸੀਨੀਅਰ ਆਗੂ ਬਲਦੇਵ ਸਿੰਘ ਪੇਧਨੀ, ਗੁਰਮੇਲ ਸਿੰਘ ਮੌੜ, ਪ੍ਰਧਾਨ ਜਗਮੇਲ ਸਿੰਘ ਬੜੀ, ਡਾ. ਅਮਰਜੀਤ ਸਿੰਘ ਮਹਿਲ ਕਲਾਂ, ਐਡਵੋਕੇਟ ਜਸਵੀਰ ਸਿੰਘ ਖੇੜੀ, ਪਿਆਰਾ ਸਿੰਘ ਮਾਹਮਦਪੁਰ, ਬੰਨੀ ਖੈਰਾ, ਮਨਜੀਤ ਸਿੰਘ ਮਹਿਲ ਖੁਰਦ, ਰੂਪ ਸਿੰਘ ਮਾਹਮਦਪੁਰ, ਡਾ. ਬਲਵੰਤ ਰਾਏ ਹਮੀਦੀ ਆਦਿ ਆਗੂਆਂ ਨੇ ਅਮਨ ਕਾਨੂੰਨ ਦੀ ਸਥਿਤੀ, ਨਸ਼ਿਆਂ ਦੀ ਭਰਮਾਰ ਉਪਰ ਕਾਬੂ ਪਾਉਣ 'ਚ ਅਸਫਲ ਸੂਬਾ ਸਰਕਾਰ ਦੀ ਸਖਤ ਸ਼ਬਦਾਂ 'ਚ ਨਿਖੇਧੀ ਕੀਤੀ।ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਹਰ ਫਰੰਟ 'ਤੇ ਫੇਲ੍ਹ ਸਾਬਤ ਹੋ ਗਈ ਹੈ। ਸਰਕਾਰੀ ਦਫਤਰਾਂ ਵਿੱਚ ਭ੍ਰਿਸ਼ਟਚਾਰ ਦਾ ਬੋਲਬਾਲਾ, ਰਿਸ਼ਵਤਖੋਰੀ ਪਹਿਲਾ ਨਾਲੋਂ ਕਈ ਗੁਣਾਂ ਵਧ ਗਈ, ਲੋਕ ਆਪਣੇ ਜ਼ਰੂਰੀ ਕੰਮਾਂ ਲਈ ਕਈ ਕਈ ਦਿਨ ਖੱਜਲ ਖੁਆਰ ਹੋ ਰਹੇ ਹਨ।ਪੈਸੇ ਬਿਨਾਂ ਕੋਈ ਵੀ ਕੰਮ ਨਹੀਂ ਹੋ ਰਿਹਾ। ਪੰਜਾਬ 'ਚ ਆਏ ਦਿਨ ਵਧ ਰਹੀਆਂ ਮਾਰਧਾੜ ਦੀਆਂ ਘਟਨਾਵਾਂ ਕਰਕੇ ਅੱਜ ਹਰ ਇਕ ਨਾਗਰਿਕ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਿਹਾ।ਆਗੂਆਂ ਨੇ ਆਪ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਖਿਲਾਫ ਇਕਜੁੱਟ ਹੋਣ ਦੀ ਅਪੀਲ ਕਰਦਿਆਂ ਆ ਰਹੀਆਂ ਪੰਚਾਇਤੀ ਚੋਣਾਂ ਦੀ ਤਿਆਰੀ ਲਈ ਸਾਰਿਆਂ ਨੂੰ ਹੁਣੇ ਤੋਂ ਹੀ ਜੁਟ ਜਾਣ ਦਾ ਸੱਦਾ ਦਿੱਤਾ।

## ਡਰੀਮਲੈਂਡ ਪਬਲਿਕ ਸਕੂਲ ਦੇ ਲੜਕਿਆਂ ਨੇ ਜ਼ਿਲ੍ਹਾ ਪੱਧਰ 'ਤੇ ਜਿੱਤੇ ਗੋਲਡ ਮੈਡਲ

**ਕੋਟਕਪੂਰਾ (ਰਛਪਾਲ ਭੁੱਲਰ)** ਡਰੀਮਲੈਂਡ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੇ ਲੜਕਿਆਂ ਨੇ ਫ਼ਰੀਦਕੋਟ ਦੇ ਨਹਿਰੂ ਸਟੇਡੀਅਮ ਵਿੱਚ ਹੋਏ ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ ਵਿੱਚ ਸ਼ਤਰੰਜ, ਸਕੇਟਿੰਗ, ਕਿੱਕ ਬਾਕਸਿੰਗ, ਬੈਡਮਿੰਟਨ, ਕੁਸ਼ਤੀ, ਰੱਸਾਕਸ਼ੀ, ਗੱਤਕਾ, ਪਾਵਰ ਲਿਫਟਿੰਗ ਅਤੇ ਸੁਕੈਅਸ਼ 'ਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਗੋਲਡ ਤੇ ਸਿਲਵਰ ਮੈਡਲ ਹਾਸਲ ਕੀਤੇ।ਸਕੂਲ ਦੇ ਚੇਅਰਮੈਨ ਪ੍ਰਕਾਸ਼ ਚੰਦ ਸ਼ਰਮਾ ਨੇ ਦੱਸਿਆ ਕਿ ਜ਼ਿਲ੍ਹਾ ਪੱਧਰ ਦੀਆਂ ਸਕੂਲੀ ਖੇਡਾਂ ਵਿੱਚ 29 ਖਿਡਾਰੀਆਂ ਨੇ ਗੋਲਡ, 14 ਖਿਡਾਰੀਆਂ ਨੇ ਸਿਲਵਰ ਤੇ ਤਿੰਨ ਖਿਡਾਰੀਆਂ ਨੇ ਬਰਾਊਂਜ਼ ਮੈਡਲ ਪ੍ਰਾਪਤ ਕੀਤੇ, ਜਿਸ ਵਿੱਚੋਂ ਸ਼ਤਰੰਜ ਵਿੱਚੋਂ ਉਮਰ ਵਰਗ 14 ਵਿੱਚੋਂ ਸਮਰਦੀਪ ਸਿੰਘ, ਕਿੱਕ ਬਾਕਸਿੰਗ ਵਿੱਚ ਉਮਰ ਵਰਗ 14 ਵਿੱਚੋਂ ਨਿਰਵੈਰ ਸਿੰਘ, ਉਮਰ ਵਰਗ 17 ਵਿੱਚੋਂ ਮੋਨੂੰ, ਉਮਰ ਵਰਗ 19 ਵਿੱਚੋਂ ਹੇਮੰਤਦੀਪ ਸ਼ਰਮਾ, ਵਾਸੂ ਕਟਾਰੀਆ, ਕੁਸ਼ਤੀ ਵਿੱਚ ਉਮਰ ਵਰਗ 17 ਵਿੱਚ ਚਰਨਪ੍ਰੀਤ ਸ਼ਰਮਾ, ਗੱਤਕਾ ਵਿੱਚ ਉਮਰ ਵਰਗ 17 ਵਿੱਚੋਂ ਅਰਸ਼ਦੀਪ ਸਿੰਘ, ਪਾਵਰ ਲਿਫਟਿੰਗ ਵਿੱਚ ਉਮਰ ਵਰਗ 19 ਵਿੱਚੋਂ ਹਰਨਿਮਰਤ ਸਿੰਘ ਤੇ ਸੁਕੈਅਸ਼ ਵਿੱਚੋਂ ਉਮਰ ਵਰਗ 14 ਵਿੱਚੋਂ ਸ਼ੁਭਮ, ਗਗਨਦੀਪ ਸਿੰਘ, ਉਮਰ ਵਰਗ 17 ਵਿੱਚੋਂ ਰਾਘਵ ਚਾਵਲਾ, ਗੁਰਪ੍ਰੀਤ ਸਿੰਘ, ਉਮਰ ਵਰਗ 19 ਵਿੱਚੋਂ ਪਰਾਂਸ਼ੂ, ਮੋਹਿਤ ਗੋਇਲ ਨੇ ਗੋਲਡ ਮੈਡਲ ਜਿੱਤੇ।ਇਸੇ ਤਰਾਂ ਰੱਸਾਕਸ਼ੀ ਵਿੱਚ ਮੋਹਿਤ ਗੋਇਲ, ਸਕੇਟਿੰਗ ਵਿੱਚ ਉਮਰ ਵਰਗ 17 ਵਿੱਚੋਂ ਪਾਰਸ ਤਨਵਰ, ਕਿੱਕ ਬਾਕਸਿੰਗ ਵਿੱਚ ਤਨਿਸ਼ ਮੋਗਾ, ਬੈਡਮਿੰਟਨ ਵਿੱਚ ਉਮਰ ਵਰਗ 14 ਵਿੱਚ ਜਸ਼ਨਦੀਪ ਸਿੰਘ, ਕੁਸ਼ਤੀ ਵਿੱਚ ਉਮਰ ਵਰਗ 14 ਵਿੱਚ ਮਨਰਾਜ, ਉਮਰ ਵਰਗ 19 ਵਿੱਚ ਸਹਾਏ ਨੇ ਸਿਲਵਰ ਮੈਡਲ ਜਿੱਤੇ। ਕਿੱਕ ਬਾਕਸਿੰਗ ਵਿੱਚ ਉਮਰ ਵਰਗ 17 ਵਿੱਚ ਕਰਨਵੀਰ ਸਿੰਘ, ਗੁਰਕੀਰਤ ਸਿੰਘ, ਕੁਸ਼ਤੀ ਵਿੱਚ ਉਮਰ ਵਰਗ 14 ਵਿੱਚ ਅਨਮੋਲ ਨੇ ਬਰਾਊਜ਼ ਮੈਡਲ ਜਿੱਤੇ। ਸਕੂਲ ਦੇ ਪ੍ਰਿੰਸੀਪਲ ਰਾਕੇਸ਼ ਸ਼ਰਮਾ ਨੇ ਇਸ ਸ਼ਾਨਦਾਰ ਪ੍ਰਾਪਤੀ ਲਈ ਹਰਵਿੰਦਰ ਸਿੰਘ ਕੋਚ, ਮਨਪ੍ਰੀਤ ਸਿੰਘ ਕੋਚ, ਵਿਦਿਆਰਥੀਆਂ ਅਤੇ ਉਨਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ।

## ਨਗਰ ਪੰਚਾਇਤ ਵੱਲੋਂ ਸਵੱਛਤਾ ਮੁਹਿੰਮ ਦੀ ਸ਼ੁਰੂਆਤ



**ਮੱਖੂ (ਰਛਪਾਲ ਸਿੰਘ ਸੰਧੂ)** ਸਵੱਛ ਭਾਰਤ ਮੁਹਿੰਮ ਤਹਿਤ ਪੰਜਾਬ ਸਰਕਾਰ ਵੱਲੋਂ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦੇ ਜਨਮ ਦਿਵਸ ਨੂੰ ਮੁੱਖ ਰੱਖਦੇ ਹੋਏ 17 ਸਤੰਬਰ ਤੋਂ 2 ਅਕਤੂਬਰ ਤੱਕ ਸੂਬਾ ਪੱਧਰੀ ਸਫ਼ਾਈ ਮੁਹਿੰਮ ਤਹਿਤ ਨਗਰ ਪੰਚਾਇਤ ਵੱਲੋਂ ਕਾਰਜ ਸਾਧਕ ਅਫ਼ਸਰ ਸ਼੍ਰੀਮਤੀ ਸ਼ਰਨਜੀਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸ਼ਹਿਰ ਵਿਚ ਸਵੱਛਤਾ ਦੀ ਸੇਵਾ ਦੀ ਸ਼ੁਰੂਆਤ ਕਰਾਈ ਗਈ।ਇਸ ਸਵੱਛਤਾ ਦੀ ਸੇਵਾ ਦੀ ਸ਼ੁਰੂਆਤ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਨਰਿੰਦਰ ਕਟਾਰੀਆ, ਉਦੇਸ਼ ਕਟਾਰੀਆ, ਡਾ. ਰਜੀਵ ਅਹੂਜਾ ਰਵੀ ਸਾਬਕਾ ਐਮਸੀ ਤੇ ਮੁਲਾਜਮਾਂ ਵੱਲੋਂ ਖੁਦ ਝਾੜੂ ਚੱਕ ਕੇ ਸਵੱਛਤਾ ਹੀ ਸੇਵਾ ਦੀ ਸ਼ੁਰੂਆਤ ਕੀਤੀ ਗਈ।ਇਸ ਸਵੱਛਤਾ ਮੁਹਿੰਮ ਵਿੱਚ ਸੀਨੀਅਰ ਸਿਟੀਜਨ, ਲਕਸ਼ੇ ਯੂਥ ਕਲੱਬ ਦੇ ਪ੍ਰਧਾਨ ਰਜੀਵ ਕਪੂਰ ਤੇ ਸਵੱਛਤਾ ਟੀਮ ਵੱਲੋਂ ਆਪਣਾ ਯੋਗਦਾਨ ਪਾਇਆ।'ਆਪ' ਆਗੂ ਨਰਿੰਦਰ ਕਟਾਰੀਆ, ਉਦੇਸ਼ ਕਟਾਰੀਆ, ਡਾ. ਰਜੀਵ ਅਹੂਜਾ ਰਵੀ ਨੇ ਕਿਹਾ ਕਿ ਜੇਕਰ ਅਸੀਂ ਖੁਦ ਆਪਣੇ ਆਸ-ਪਾਸ ਦੇ ਵਾਤਾਵਰਣ ਨੂੰ ਸਾਫ਼-ਸੁਥਰਾ ਰੱਖਾਂਗੇ ਤਾਂ ਹੀ ਅਸੀਂ ਇਕ ਸਵੱਛ ਸਮਾਜ ਦੀ ਉਸਾਰੀ ਕਰ ਸਕਦੇ ਹਾਂ, ਕਿਉਂਕਿ ਆਮ ਪਾਸ ਦੀ ਸਫ਼ਾਈ ਨਾਲ ਹੀ ਸਾਡੀ ਸੋਚ 'ਚ ਬਦਲਾਅ ਆ ਸਕਦਾ ਹੈ।ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਘਰਾਂ 'ਚ ਸੁੱਕੇ ਅਤੇ ਗਿੱਲੇ ਕਚਰੇ ਲਈ ਵੱਖ-ਵੱਖ ਕੰਟੇਨਰ ਲਾਉਣ ਅਤੇ ਖਾਲੀ ਪਲਾਟਾਂ ਜਾਂ ਇਧਰ ਓਧਰ ਕਚਰਾ ਨਾ ਸੁੱਟਣ।

## ਵਾਤਾਵਰਣ ਦੀ ਸੰਭਾਲ ਲਈ ਆਲਾ-ਦੁਆਲਾ ਸਾਫ਼ ਰੱਖਣ ਦੀ ਲੋੜ : ਗੋਲਡੀ ਕੰਬੋਜ



**ਜਲਾਲਾਬਾਦ (ਜੀਤ ਕੁਮਾਰ)** ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਵੱਲੋਂ ਸਵੱਛਤਾ ਹੀ ਸੇਵਾ 2024 ਮੁਹਿੰਮ ਦੀ ਸ਼ੁਰੂਆਤ ਡਵੀਜ਼ਨ ਫ਼ਾਜ਼ਿਲਕਾ ਦੇ ਅਧੀਨ ਪੈਂਦੇ ਬਲਾਕ ਜਲਾਲਾਬਾਦ ਵਿੱਚ ਕੀਤੀ ਗਈ। ਇਸ ਦੀ ਸ਼ੁਰੂਆਤ ਮੌਕੇ ਪਿੰਡ ਗੁਮਾਨੀ ਵਾਲਾ ਵਿਖੇ ਹਲਕਾ ਜਲਾਲਾਬਾਦ ਦੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਪਹੁੰਚ ਕੇ ਆਪਣੇ ਆਲੇ-ਦੁਆਲੇ ਨੂੰ ਸਾਫ ਸੁਥਰਾ ਰੱਖਣ ਪ੍ਰਤੀ ਲੋਕਾਂ ਨੂੰ ਜਾਗਰੂਕ ਕੀਤਾ। ਇਸ ਦੌਰਾਨ ਪਿੰਡਾਂ ਦੇ ਸਰਪੰਚ, ਪੰਚ ਤੇ ਵਲੰਟੀਅਰ ਮੌਜੂਦ ਸਨ।

ਵਿਧਾਇਕ ਜਗਦੀਪ ਸਿੰਘ ਗੋਲਡੀ ਕੰਬੋਜ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਪਿੰਡਾਂ ਵਿੱਚ ਸਾਫ਼ ਸੁਥਰਾ ਚੌਗਿਰਦਾ ਦੇਣ ਲਈ ਵਚਨਬੱਧ ਹੈ, ਇਸ ਲਈ ਸਮੇਂ ਸਮੇਂ ਤੇ ਅਭਿਆਨ ਚਲਾ ਕੇ ਲੋਕਾਂ ਨੂੰ ਸਾਫ਼-ਸਫ਼ਾਈ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਦੇ ਤਹਿਤ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਵੱਲੋਂ 17 ਸਤੰਬਰ ਤੋਂ 2 ਅਕਤੂਬਰ ਤੱਕ ਸਵੱਛਤਾ ਹੀ ਸੇਵਾ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਦੌਰਾਨ ਵੱਖ-ਵੱਖ ਗਤੀਵਿਧੀਆਂ ਉਲੀਕ ਕੇ ਆਲਾ ਦੁਆਲਾ ਸਾਫ਼-ਸੁਥਰਾ ਅਤੇ ਬਿਮਾਰੀਆਂ ਮੁਕਤ ਬਣਾਉਣ ਦਾ ਪ੍ਰਣ ਲਿਆ ਜਾਵੇਗਾ।

## ਨਸ਼ੇ ਰੋਕਣ ਲਈ ਆਮ ਲੋਕਾਂ ਦਾ ਸਹਿਯੋਗ ਬੇਹੱਦ ਜ਼ਰੂਰੀ : ਡੀ ਐੱਸ ਪੀ

**ਮਹਿਲ ਕਲਾਂ, (ਬਲਵਿੰਦਰ ਸਿੰਘ ਵਜੀਦਕੇ)** ਪੰਜਾਬ ਪੁਲਿਸ ਨਸ਼ਿਆਂ ਨੂੰ ਖਤਮ ਲਈ ਪੂਰੀ ਤਰਾਂ ਯਤਨਸ਼ੀਲ ਹੈ। ਮੁਹਿੰਮ ਨੂੰ ਸਫ਼ਲ ਬਨਾਉਣ ਲਈ ਆਮ ਲੋਕਾਂ ਦਾ ਸਹਿਯੋਗ ਬੇਹੱਦ ਜ਼ਰੂਰੀ ਹੈ।ਇਹ ਪ੍ਰਗਟਾਵਾ ਡੀ ਐਸ ਪੀ ਮਹਿਲ ਕਲਾਂ ਸੁਬੇਗ ਸਿੰਘ ਨੇ ਦਫ਼ਤਰ ਵਿਖੇ ਕੀਤਾ।ਉਨ੍ਹਾਂ ਕਿਹਾ ਕਿ ਮਹਿਲ ਕਲਾਂ ਪੁਲਸ ਇਲਾਕੇ ਅੰਦਰ ਅਮਨ ਸ਼ਾਂਤੀ ਬਣਾਈ ਰੱਖਣਾ, ਨਸ਼ਿਆਂ ਨੂੰ ਰੋਕਣ ਲਈ ਹਮੇਸ਼ਾ ਤਤਪਰ ਹੈ।ਇਕ ਸੁਆਲ ਦੇ ਜੁਆਬ ਵਿੱਚ ਉਨ੍ਹਾਂ ਕਿਹਾ ਕਿ ਪਿੰਡਾਂ, ਸ਼ਹਿਰਾਂ ਅੰਦਰ ਜਿਹੜੇ ਵੀ ਨੌਜਵਾਨ ਕਿਸੇ ਕਾਰਨ ਨਸ਼ਿਆਂ ਦੀ ਦਲਦਲ 'ਚ ਫਸ ਚੁੱਕੇ ਹਨ, ਉਨ੍ਹਾਂ ਨੂੰ ਪ੍ਰੇਰਤ ਕਰਕੇ ਉਨ੍ਹਾਂ ਦਾ ਇਲਾਜ ਕਰਾਉਣ ਲਈ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਪੁਲਿਸ ਹਰ ਵੇਲੇ ਸੇਵਾ 'ਚ ਹਾਜ਼ਰ ਹੈ।ਕਿਸੇ ਵੇਲੇ ਵੀ ਉਨ੍ਹਾਂ ਨਾਲ ਸੰਪਰਕ ਕੀਤਾ ਜਾ ਸਕਦਾ ਹੈ।ਡੀ ਐਸ ਪੀ ਸੁਬੇਗ ਸਿੰਘ ਨੇ ਨੌਜਵਾਨਾਂ ਵੱਲੋਂ ਟਰੈਕਟਰਾਂ ਉੱਪਰ ਉੱਚੀ ਆਵਾਜ਼ 'ਚ ਡੈਕ ਲਾਉਣ, ਮੋਟਰ ਸਾਇਕਲ ਉਪਰ ਪਟਾਕੇ ਪਾਉਣ ਵਾਲਿਆਂ ਨੂੰ ਸਖਤ ਕਾਨੂੰਨੀ ਕਾਰਵਾਈ ਦੀ ਸਖਤ ਤਾੜਨਾ ਕੀਤੀ।ਉਨ੍ਹਾਂ ਉਸਾਰੂ ਕੰਮਾਂ ਲਈ ਪਿੰਡਾਂ ਦੀਆਂ ਪੰਚਾਇਤਾਂ, ਯੂਥ ਕਲੱਬਾਂ, ਗੁਰਦੁਆਰਾ ਕਮੇਟੀਆਂ ਨੂੰ ਸਹਿਯੋਗ ਦੇਣ ਦੀ ਅਪੀਲ ਕੀਤੀ।

## ਦੀ ਬਹੁਮੰਤਵੀ ਸਹਿਕਾਰੀ ਖੇਤੀਬਾੜੀ ਸਭਾ ਛੀਨੀਵਾਲ ਕਲਾਂ ਦੀ ਚੋਣ

### ਪ੍ਰਧਾਨ ਜਸਗੀਰ ਸਿੰਘ ਸ਼ੀਰਾ ਦਾ ਧੜਾ ਰਿਹਾ ਭਾਰੂ



**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)** ਦੀ ਬਹੁਮੰਤਵੀ ਸਹਿਕਾਰੀ ਖੇਤੀਬਾੜੀ ਸਭਾ ਲਿਮਿਟਿਡ ਛੀਨੀਵਾਲ ਕਲਾਂ ਦੀ ਚੋਣ ਸਭਾ ਦੇ ਦਫ਼ਤਰ ਵਿਖੇ ਸਹਾਇਕ ਰਿਟਰਨਿੰਗ ਅਫ਼ਸਰ ਗੁਰਪ੍ਰੀਤ ਸਿੰਘ, ਨਿਗਰਾਨ ਅਫ਼ਸਰ ਚਿਰਾਗ ਗਰਗ ਦੀ ਦੇਖ-ਰੇਖ 'ਚ ਕਰੜੇ ਸੁਰੱਖਿਆ ਪ੍ਰਬੰਧਾਂ ਹੇਠ ਨੇਪਰੇ ਚੜ੍ਹੀ।ਇਸ ਚੋਣ ਦੌਰਾਨ ਕੁੱਲ 12 ਉਮੀਦਵਾਰਾਂ ਚੋਣ ਮੈਦਾਨ 'ਚ ਸਨ, ਜਿਨ੍ਹਾਂ ਚੋਂ ਬੀ.ਕੇ.ਯੂ.ਕਾਦੀਆਂ ਦੇ ਜ਼ਿਲ੍ਹਾ ਪ੍ਰਧਾਨ ਜਗਸੀਰ ਸਿੰਘ ਛੀਨੀਵਾਲ ਨੂੰ ਸਭ ਤੋਂ ਵੱਧ 75 ਵੋਟਾਂ, ਹਰਪਾਲ ਸਿੰਘ ਨੂੰ 53, ਹਰਵਿੰਦਰ ਸਿੰਘ ਕੌਰ ਨੂੰ 46, ਸੁਖਵਿੰਦਰ ਸਿੰਘ ਨੂੰ 41, ਸੁਖਵਿੰਦਰ ਕੌਰ ਪਤਨੀ ਬਲਵੰਤ ਸਿੰਘ ਨੂੰ 39, ਗੁਰਦੀਪ ਸਿੰਘ ਨੂੰ 33, ਨਿਰਮਲ ਸਿੰਘ ਨੂੰ 31, ਗੁਰਪ੍ਰੀਤ ਸਿੰਘ ਪੁੱਤਰ ਦਰਸ਼ਨ ਸਿੰਘ ਨੂੰ 29, ਪਾਲ ਸਿੰਘ ਪੁੱਤਰ ਸੁੱਚਾ ਸਿੰਘ ਨੂੰ 27, ਜੱਗਾ ਸਿੰਘ ਪੁੱਤਰ ਤੇਜਾ ਸਿੰਘ ਨੂੰ 22, ਗੁਰਦੀਪ ਕੌਰ ਪਤਨੀ ਬਲਵੰਤ ਸਿੰਘ ਨੂੰ 5 ਵੋਟਾਂ ਪਈਆਂ, ਜਦਕਿ ਛਿੰਦਰਪਾਲ ਕੌਰ ਪਤਨੀ ਹਰਜਿੰਦਰ ਸਿੰਘ ਨੂੰ ਸਿਰਫ਼ 1 ਵੋਟ ਹੀ ਮਿਲੀ।ਇਸ ਚੋਣ 'ਚ ਪ੍ਰਧਾਨ ਜਗਸੀਰ ਸਿੰਘ ਸੀਰਾ ਧੜੇ ਦੇ ਸਭ ਤੋਂ ਵੱਧ ਮੈਂਬਰ ਜਿੱਤੇ ਹਨ।ਜਗਸੀਰ ਸਿੰਘ ਛੀਨੀਵਾਲ ਨੇ ਉਨ੍ਹਾ ਦੇ ਹੱਕ 'ਚ ਫ਼ਤਵਾ ਦੇਣ ਵਾਲੇ ਸਾਰੇ ਪਿੰਡ ਵਾਸੀਆਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾ ਦਾ ਮੁੱਖ ਮਕਸਦ ਛੀਨੀਵਾਲ ਕਲਾਂ ਦੀ ਸਹਿਕਾਰੀ ਸਭਾ ਨੂੰ ਪੰਜਾਬ ਭਰ ਚੋਂ ਨੰਬਰ 1 ਬਣਾਉਣ ਹੈ।ਆਉਣ ਵਾਲੇ ਦਿਨਾਂ 'ਚ ਪਿਛਲੇ ਲੰਮੇ ਸਮੇਂ ਤੋਂ ਬੰਦ ਪਏ ਡੀਜ਼ਲ ਪੰਪ ਨੂੰ ਚਾਲੂ ਕੀਤਾ ਜਾਵੇਗਾ ਤੇ ਵਿਸ਼ੇਸ਼ ਇਜਲਾਸ ਬੁਲਾ ਕੇ ਇਸ ਪੰਪ ਤੋਂ ਕਿਸਾਨਾਂ ਦੇ ਨਾਲ ਨਾਲ ਆਮ ਵਿਅਕਤੀ ਨੂੰ ਤੇਲ ਦੀ ਸਪਲਾਈ ਦੇਣ ਸਬੰਧੀ ਮਤਾ ਪਾਸ ਕੀਤਾ ਜਾਵੇਗਾ।ਕਿਸਾਨਾਂ ਨੂੰ ਆਧੁਨਿਕ ਖੇਤੀਬਾੜੀ ਸੰਦ ਮੁਹੱਈਆ ਕਰਾਉਣ ਤੋਂ ਇਲਾਵਾ ਡੀ.ਏ.ਪੀ. ਖਾਦ ਦੀ ਸਪਲਾਈ ਕੱਲ ਤੋਂ ਹੀ ਸ਼ੁਰੂ ਕਰੀ ਜਾਵੇਗੀ।ਉਨ੍ਹਾਂ ਕਿਹਾ ਕਿ ਇਹ ਸੁਸਾਇਟੀ ਬਗ਼ੈਰ ਕਿਸੇ ਭੇਦ ਭਾਵ ਤੋਂ ਕਿਸਾਨਾਂ ਦੀ ਭਲਾਈ ਪੂਰਨ ਤਨਦੇਹੀ ਅਤੇ ਇਮਾਨਦਾਰੀ ਨਾਲ ਕੰਮ ਕਰੇਗੀ।

## ਮਾਲਵਿੰਦਰ ਮਾਲੀ ਦੀ ਜਲਦ ਰਿਹਾਈ ਦੀ ਮੰਗ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)** ਮਾਲਵਿੰਦਰ ਸਿੰਘ ਮਾਲੀ ਦੀ ਗ੍ਰਿਫ਼ਤਾਰੀ ਦਾ ਸਮੂਹ ਜਨਤਕ ਜਮਹੂਰੀ ਜਥੇਬੰਦੀਆਂ ਵੱਲੋਂ ਵਿਰੋਧ ਕਰਦੇ ਹੋਏ ਉਨ੍ਹਾਂ 'ਤੇ ਪਾਏ ਝੂਠੇ ਕੇਸ ਨੂੰ ਰੱਦ ਕਰਕੇ ਜਲਦ ਤੋਂ ਜਲਦ ਰਿਹਾਈ ਦੀ ਮੰਗ ਕੀਤੀ ਹੈ । ਰਾਜਿੰਦਰ ਸਿਵਿਆਂ ਕੇਂਦਰੀ ਕਮੇਟੀ ਮੈਂਬਰ ਇਨਕਲਾਬੀ ਨੌਜਵਾਨ ਸਭਾ ਸੂਬਾ ਆਗੂ, ਪੰਜਾਬ ਕਿਸਾਨ ਯੂਨੀਅਨ ਜ਼ਿਲ੍ਹਾ ਪ੍ਰੈਸ ਸਕੱਤਰ ਗੁਰਤੇਜ ਮਹਿਰਾਜ ਨੇ ਦੱਸਿਆ ਕਿ ਮਾਲਵਿੰਦਰ ਸਿੰਘ ਮਾਲੀ ਸ਼ੋਸ਼ਲ ਮੀਡੀਆ ਉੱਤੇ ਪੰਜਾਬ ਦੇ ਸਿਆਸੀ ਮਸਲਿਆਂ ਤੇ ਲਗਾਤਾਰ ਆਪਣੀ ਰਾਏ ਰੱਖਦੇ ਆ ਰਹੇ ਹਨ।ਉਨ੍ਹਾਂ ਦੀ ਸਰਕਾਰੀ ਸ਼ਹਿ 'ਤੇ ਹੋਈ ਗ੍ਰਿਫ਼ਤਾਰੀ ਸਰਾਸਰ ਗਲਤ ਹੈ। ਬਿਨਾਂ ਸ਼ੱਕ ਇਸ ਗ੍ਰਿਫ਼ਤਾਰੀ ਪਿੱਛੇ ਸੱਤਾ ਧਿਰ ਦੇ ਆਹਲਾ ਮੰਤਰੀਆਂ ਖ਼ਿਲਾਫ਼ ਵਰਤੀ ਗਈ ਭਾਸ਼ਾ ਅਧਾਰ ਬਣੀ ਹੈ।ਸਰਕਾਰ ਫੋਕੇ-ਝੂਠੇ ਵਾਅਦੇ ਕਰਕੇ ਲੋਕਾਂ ਨੂੰ ਠੱਗਣ, ਸਿਆਸੀ ਡਰਾਮੇਬਾਜ਼ੀ ਕਰਕੇ ਲੋਕਾਂ ਨੂੰ ਧੋਖਾ ਦੇਣ ਤੇ ਉਪਰੋਂ ਕੋਈ ਮਾਲਵਿੰਦਰ ਸਿੰਘ ਮਾਲੀ ਵਰਗਾ ਪੰਜਾਬ ਪੱਖੀ ਸਿਆਸੀ ਚਿੰਤਕ ਬੋਲੇ, ਲਿਖੇ ਵੀ ਨਾ। ਪੰਜਾਬ ਨੂੰ ਇਹਨਾਂ ਗੱਲਘੋਟੂ ਕਾਨੂੰਨਾਂ ਤੇ ਇਸ ਪਿਛਲੇ ਮੰਦੇ ਮਨਸੂਬਿਆਂ ਦਾ ਵਿਰੋਧ ਕਰਨਾ ਚਾਹੀਦਾ ਹੈ ਤੇ ਮਾਲਵਿੰਦਰ ਸਿੰਘ ਮਾਲੀ ਦੀ ਝੂਠੇ ਕੇਸ ਚ ਗ੍ਰਿਫ਼ਤਾਰੀ ਵਿਰੁੱਧ ਬਿਨਾਂ ਸ਼ਰਤ ਰਿਹਾਈ ਲਈ ਸੰਘਰਸ਼ ਲਾਮਬੰਦ ਕਰਨਾ ਚਾਹੀਦਾ।

# ਐੱਸ ਜੀ ਪੀ ਸੀ ਚੋਣਾਂ ਸੰਬੰਧੀ ਸੋਧਿਆ ਸ਼ਡਿਊਲ ਜਾਰੀ : ਡੀ ਸੀ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)** ਚੀਫ਼ ਕਮਿਸ਼ਨਰ ਗੁਰਦੁਆਰਾ ਚੋਣਾਂ ਪੰਜਾਬ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਬੋਰਡ) ਚੋਣਾਂ ਲਈ ਵੋਟਰ ਸੂਚੀ ਦੀ ਤਿਆਰੀ ਦਾ ਸੋਧਿਆ ਸ਼ਡਿਊਲ ਜਾਰੀ ਕੀਤਾ ਗਿਆ ਸੀ।ਚੀਫ਼ ਕਮਿਸ਼ਨਰ ਗੁਰਦੁਆਰਾ ਚੋਣਾਂ ਪੰਜਾਬ ਵੱਲੋਂ ਜਾਰੀ ਸ਼ਡਿਊਲ ਸਬੰਧੀ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਆਈ.ਏ.ਐਸ ਨੇ ਦੱਸਿਆ ਕਿ ਹੁਣ ਸੋਧੇ ਰਿਵਾਈਜ਼ਡ ਸ਼ਡਿਊਲ ਅਨੁਸਾਰ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਬੋਰਡ ਦੀਆਂ ਚੋਣਾਂ ਲਈ ਵੋਟਾਂ ਬਣਵਾਉਣ ਲਈ ਫਾਰਮ ਪ੍ਰਾਪਤ ਕਰਨ ਦੀ ਆਖਰੀ ਮਿਤੀ ਵਿੱਚ ਵਾਧਾ ਕਰਕੇ 31 ਅਕਤੂਬਰ ਤੱਕ ਕਰ ਦਿੱਤੀ ਗਈ ਹੈ।ਰਿਵਾਈਜ਼ਡ ਸ਼ਡਿਊਲ ਅਨੁਸਾਰ ਵੋਟਰ ਸੂਚੀਆਂ ਦੀ ਮੁੱਢਲੀ ਪ੍ਰਕਾਸ਼ਨਾ 14 ਨਵੰਬਰ ਨੂੰ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਜਿਹੜੇ ਬਿਨੈਕਾਰ ਸਿੱਖ ਗੁਰਦੁਆਰਾ ਬੋਰਡ ਰੂਲਜ਼ 1959 ਦੇ ਰੂਲ ਨੰਬਰ 3 ਅਧੀਨ ਸਾਰੀਆਂ ਸ਼ਰਤਾਂ ਪੂਰੀਆਂ ਕਰਦੇ ਹਨ, ਉਹ ਵਿਅਕਤੀ ਹੀ ਫਾਰਮ ਨੰਬਰ 1 ਭਰਕੇ 31 ਅਕਤੂਬਰ, 2024 ਤੱਕ ਜਮ੍ਹਾਂ ਕਰਾ ਸਕਣਗੇ।ਇਸ ਉਪਰੰਤ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ 3 ਜਨਵਰੀ ਨੂੰ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਹਰੇਕ 21 ਸਾਲ ਤੋਂ ਵੱਧ ਉਮਰ ਦਾ ਕੇਸਾਧਾਰੀ ਸਿੱਖ, ਜੋ ਆਪਣੇ ਦਾੜ੍ਹੀ ਜਾਂ ਕੇਸਾਂ ਨੂੰ ਨਾ ਕੱਟਦਾ ਹੋਵੇ ਜਾਂ ਸ਼ੇਵ ਨਾ ਕਰਦਾ ਹੋਵੇ ਅਤੇ ਸਿਗਰਟ, ਸ਼ਰਾਬ ਨਾ ਪੀਂਦਾ ਹੋਵੇ ਅਤੇ ਮਾਸ ਦਾ ਸੇਵਨ ਨਾ ਕਰਦਾ ਹੋਵੇ, ਜਿੱਥੇ ਉਹ ਰਹਿੰਦਾ ਹੈ, ਸਿੱਖ ਸਬੰਧਤ ਗੁਰਦੁਆਰਾ ਚੋਣ ਹਲਕੇ ਦੀ ਵੋਟਰ ਸੂਚੀ ਵਿੱਚ ਆਪਣਾ ਨਾਂਅ ਦਰਜ ਕਰਾਉਣ ਲਈ ਫਾਰਮ ਨੰ: 1 (ਕੇਸਾਧਾਰੀ ਸਿੱਖ ਲਈ) ਭਰ ਕੇ ਪਿੰਡ/ਸ਼ਹਿਰਾਂ ਵਿੱਚ ਪਟਵਾਰੀਆਂ, ਬੀ.ਐੱਲ.ਓਜ਼., ਡੈਜ਼ੀਗਨੇਟਿਡ ਕਰਮਚਾਰੀਆਂ ਨੂੰ ਦੇ ਸਕਦਾ ਹੈ।ਵੋਟ ਬਣਾਉਣ ਵਾਲੇ ਵਿਅਕਤੀ ਦੀ ਆਸਥਾ ਸਿੱਖ ਧਰਮ ਵਿੱਚ ਹੋਣੀ ਚਾਹੀਦੀ ਹੈ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਮੰਨਣ ਵਾਲਾ ਹੀ ਵੋਟ ਬਣਾ ਸਕਦਾ ਹੈ।ਉਨ੍ਹਾਂ ਕੇਸਾਧਾਰੀ ਸਿੱਖ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਫਾਰਮ ਭਰਨ ਸਮੇਂ ਕੁਝ ਜ਼ਰੂਰੀ ਹਦਾਇਤਾਂ ਦਾ ਖਾਸ ਧਿਆਨ ਰੱਖਣ ਨੂੰ ਯਕੀਨੀ ਬਣਾਉਣ।ਉਨ੍ਹਾਂ ਦੱਸਿਆ ਕਿ ਫਾਰਮ ਦੇ ਨਾਲ ਇੱਕ ਪਾਸਪੋਰਟ ਸਾਈਜ਼ ਫ਼ੋਟੋ ਦੇ ਨਾਲ ਰਿਹਾਇਸ਼ ਦੇ ਸਬੂਤ ਵਜੋਂ ਆਧਾਰ ਕਾਰਡ, ਈ.ਸੀ.ਆਈ.ਵੱਲੋਂ ਜਾਰੀ ਵੋਟਰ ਆਈ.ਡੀ.ਕਾਰਡ (ਫੋਟੋ ਵਾਲਾ), ਭਾਰਤੀ ਪਾਸਪੋਰਟ, ਡਰਾਈਵਿੰਗ ਲਾਇਸੰਸ, ਕਰਮਚਾਰੀਆਂ ਨੂੰ ਜਾਰੀ ਸਰਵਿਸ ਆਈ.ਡੀ.ਕਾਰਡ ਫੋਟੋ ਸਮੇਤ, ਜਿਸ ਨੂੰ ਕੇਂਦਰ/ਰਾਜ ਸਰਕਾਰ/ਪੀ.ਐਸ.ਯੂ/ਪਬਲਿਕ ਲਿਮਟਿਡ ਕੰਪਨੀ ਵੱਲੋਂ ਜਾਰੀ ਕੀਤਾ ਹੋਵੇ, ਬੈਂਕ/ਡਾਕਖਾਨੇ ਵੱਲੋਂ ਜਾਰੀ ਪਾਸਬੁਕ ਫੋਟੋ ਸਮੇਤ, ਪੈਨ ਕਾਰਡ, ਐਨ.ਪੀ.ਆਰ. ਅਧੀਨ ਆਰ.ਜੀ.ਆਈ.ਵੱਲੋਂ ਜਾਰੀ ਸਮਾਰਟ ਕਾਰਡ, ਮਨਰੇਗਾ ਜਾਬ ਕਾਰਡ ਆਦਿ ਕੋਈ ਵੀ ਇੱਕ ਦਸਤਾਵੇਜ਼ ਨਾਲ ਨੱਥੀ ਕਰਨਾ ਲਾਜ਼ਮੀ ਹੈ।

## ਸਵੱਛਤਾ ਹੀ ਸੇਵਾ 2024 ਮੁਹਿੰਮ ਦੀ ਸ਼ੁਰੂਆਤ

**ਫ਼ਾਜ਼ਿਲਕਾ (ਨਿਸ਼ਾ ਸਰਮਾ)** ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਨੇ ਦੱਸਿਆ ਕਿ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਵੱਲੋਂ ਸਵੱਛਤਾ ਹੀ ਸੇਵਾ 2024 ਮੁਹਿੰਮ ਦੀ ਸ਼ੁਰੂਆਤ ਡਵੀਜ਼ਨ ਫ਼ਾਜ਼ਿਲਕਾ ਕੀਤੀ ਗਈ। ਇਸ ਮੁਹਿੰਮ ਦੇ ਤਹਿਤ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਵੱਲੋਂ 17 ਸਤੰਬਰ ਤੋਂ 2 ਅਕਤੂਬਰ ਤੱਕ ਸਵੱਛਤਾ ਹੀ ਸੇਵਾ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਦੌਰਾਨ ਵੱਖ-ਵੱਖ ਗਤੀਵਿਧੀਆਂ ਉਲੀਕ ਕੇ ਆਲਾ-ਦੁਆਲਾ ਸਾਫ ਸੁਥਰਾ ਤੇ ਬਿਮਾਰੀਆਂ ਮੁਕਤ ਬਣਾਉਣ ਦਾ ਪ੍ਰਣ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦੇ ਨਾਲ ਨਾਲ 'ਇੱਕ ਰੁੱਖ ਮਾਂ ਦੇ ਨਾਮ' ਤਹਿਤ ਪੌਦਿਆਂ ਨੂੰ ਵੀ ਲਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਵਾਤਾਵਰਣ ਦੀ ਸਾਂਭ ਸੰਭਾਲ ਲਈ ਰੁੱਖ ਅਹਿਮ ਰੋਲ ਅਦਾ ਕਰਦੇ ਹਨ। ਉਨ੍ਹਾਂ ਕਿਹਾ ਕਿ ਹਰੇਕ ਵਿਅਕਤੀ ਨੂੰ ਇੱਕ ਪੌਦਾ ਜਰੂਰ ਲਾਉਣਾ ਚਾਹੀਦਾ ਹੈ ਤੇ ਇਸ ਦੀ ਸੰਭਾਲ ਵੀ ਲਾਜ਼ਮੀ ਕਰਨੀ ਚਾਹੀਦੀ ਹੈ । ਕਾਰਜਕਾਰੀ ਇੰਜੀਨੀਅਰ ਧਰਮਿੰਦਰ ਸਿੰਘ ਨੇ ਦੱਸਿਆ ਕਿ ਵਿਭਾਗ ਵੱਲੋਂ ਸਵੱਛਤਾ ਹੀ ਸੇਵਾ ਮੁਹਿੰਮ ਤਹਿਤ ਸਾਫ਼ ਸਫ਼ਾਈ ਨੂੰ ਲੈ ਕੇ 2 ਅਕਤੂਬਰ ਤੱਕ ਵੱਖ-ਵੱਖ ਗਤੀਵਿਧੀਆਂ ਕਰਾਈਆਂ ਜਾਣਗੀਆਂ ਤਾਂ ਜੁ ਹਰੇਕ ਨਾਗਰਿਕ ਸਫਾਈ ਦਾ ਮਹੱਤਵ ਸਮਝੇ ਅਤੇ ਇਸ ਮੁਹਿੰਮ ਵਿੱਚ ਵੱਧ ਚੜ ਕੇ ਯੋਗਦਾਨ ਪਾਵੇ ।ਇਸ ਮੌਕੇ ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਸ਼੍ਰੀ ਅਸ਼ੋਕ ਕੁਮਾਰ (ਲੱਖਾ) ਸਿੰਗਲਾ, ਪੰਜਾਬ ਗਊ ਸੇਵਾ ਕਮਿਸ਼ਨ ਦੇ ਮੈਂਬਰ ਸ੍ਰੀ ਅਰੁਣ ਵਧਵਾ, ਸੀਈਓ ਆਸ਼ੀਸ਼ ਕੁਮਾਰ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

### ਬਾਬਾ ਫ਼ਰੀਦ ਆਗਮਨ ਪੁਰਬ 2024

## ਡੀ ਸੀ ਤੇ ਐੱਸ ਐੱਸ ਪੀ ਨੇ ਕਰਾਫਟ ਮੇਲੇ ਦੀਆਂ ਤਿਆਰੀਆਂ ਦਾ ਲਿਆ ਜਾਇਜ਼ਾ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)** ਬਾਬਾ ਫ਼ਰੀਦ ਆਗਮਨ ਪੁਰਬ 'ਤੇ ਲੱਗਣ ਵਾਲੇ 10 ਰੋਜ਼ਾ ਕਰਾਫਟ ਮੇਲੇ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਮੀਟਿੰਗ ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਤੇ ਐਸ.ਐਸ.ਪੀ ਡਾ. ਪ੍ਰਗਿਆ ਜੈਨ ਦੀ ਪ੍ਰਧਾਨਗੀ ਹੇਠ ਨਵੀਂ ਦਾਣਾ ਮੰਡੀ ਵਿਖੇ ਹੋਈ, ਜਿਸ ਵਿਚ ਮੇਲੇ ਨਾਲ ਸਬੰਧਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੇ ਸ਼ਿਰਕਤ ਕੀਤੀ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਬਾਬਾ ਫ਼ਰੀਦ ਆਗਮਨ ਪੁਰਬ 'ਤੇ ਕਰਾਫ਼ਟ ਮੇਲਾ 19 ਤੋਂ 29 ਸਤੰਬਰ ਤੱਕ ਨਵੀਂ ਦਾਣਾ ਮੰਡੀ ਫ਼ਿਰੋਜ਼ਪੁਰ ਰੋਡ ਫ਼ਰੀਦਕੋਟ ਵਿਖੇ ਹੋਵੇਗਾ।ਉਨ੍ਹਾਂ ਦੱਸਿਆ ਕਿ ਇਸ ਕਰਾਫ਼ਟ ਮੇਲੇ ਵਿੱਚ ਲਗਭਗ 170 ਸਟਾਲਾਂ ਲੱਗ ਰਹੀਆਂ ਹਨ।ਇਸ ਕਰਾਫ਼ਟ ਮੇਲੇ ਵਿੱਚ ਵੱਖ-ਵੱਖ ਰਾਜਾ ਦੇ ਆਰਟੀਕਲ ਪਹੁੰਚ ਰਹੇ ਹਨ।ਇਸ ਤੋਂ ਇਲਾਵਾ ਵੱਖ ਵੱਖ ਰਾਜਾਂ ਦੇ ਪਕਵਾਨਾਂ ਵਾਲੇ ਸਟਾਲ ਵੀ ਮੁੱਖ ਆਕਰਸ਼ਨ ਦਾ ਕੇਂਦਰ ਹੋਣਗੇ। ਉਨ੍ਹਾਂ ਦੱਸਿਆ ਕਿ ਇਸ ਆਗਮਨ ਪੁਰਬ ਵਿੱਚ ਝੂਲੇ ਤੇ ਮਨੋਰੰਜਨ ਆਇਟਮਾਂ ਆਦਿ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਪਿਛਲੇ ਸਾਲ ਦੀ ਤਰ੍ਹਾਂ ਇਸ ਸਾਲ ਵੀ ਮੇਲੇ ਨੂੰ ਪਲਾਸਟਿਕ ਮੁਕਤ ਬਣਾਉਣ ਲਈ ਪੁਰਜ਼ੋਰ ਕੰਮ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਸ਼ਹਿਰ ਦੀ ਸਫ਼ਾਈ ਦਾ ਕੰਮ ਵੀ ਮੁਕੰਮਲ ਹੋ ਚੁੱਕਾ ਹੈ।ਇਸ ਤੋਂ ਇਲਾਵਾ ਡਿਪਟੀ ਕਮਿਸ਼ਨਰ ਨੇ ਸ਼ਹਿਰ ਵਾਸੀਆਂ ਨੂੰ ਸਟਾਰ ਨਾਈਟ ਵਿੱਚ ਆਉਣ ਦਾ ਖੁੱਲ੍ਹਾ ਸੱਦਾ ਦਿੱਤਾ ਤੇ ਕਿਹਾ ਕਿ ਇਸ ਸਬੰਧੀ ਕੋਈ ਵੀ ਐਂਟਰੀ ਪਾਸ ਨਹੀਂ ਰੱਖੇ ਗਏ ਹਨ।ਐਸ.ਐਸ.ਪੀ ਡਾ. ਪ੍ਰਗਿਆ ਜੈਨ ਨੇ ਦੱਸਿਆ ਕਿ ਸ਼ਹਿਰ ਨੂੰ ਸੁਰੱਖਿਆ ਵਜੋਂ 8 ਸੈਕਟਰਾਂ ਵਿੱਚ ਵੰਡਿਆ ਗਿਆ ਹੈ, ਜਿਸ ਵਿੱਚ 1400 ਤੋਂ ਵੱਧ ਪੁਲਸ ਕਰਮੀ ਸੁਰੱਖਿਆ ਲਈ ਤਾਇਨਾਤ ਰਹਿਣਗੇ।ਇਸ ਤੋਂ ਇਲਾਵਾ ਸੀ.ਸੀ.ਟੀ.ਵੀ ਕੈਮਰੇ, ਡਰੋਨ ਰਾਹੀਂ ਵੀ ਨਜ਼ਰ ਰੱਖੀ ਜਾਵੇਗੀ।ਉਨ੍ਹਾਂ ਦੱਸਿਆ ਕਿ ਟ੍ਰੈਫਿਕ ਨੂੰ ਸੁਚਾਰੂ ਰੂਪ ਨਾਲ ਚਲਾਉਣ ਲਈ ਟ੍ਰੈਫਿਕ ਰੂਟ ਬਣਾਏ ਜਾਣਗੇ ਤੇ ਆਮ ਲੋਕਾਂ ਨੂੰ ਮੀਡੀਆ, ਫਲੈਕਸ ਬੋਰਡਾਂ ਰਾਹੀਂ ਜਾਣੂ ਕਰਵਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਮੇਲੇ ਦੌਰਾਨ ਸ਼ਹਿਰ ਵਿੱਚ ਨਾਕੇ ਲਗਾਏ ਜਾਣਗੇ ਤਾਂ ਜੁ ਲੋੜ ਪੈਣ ਤੇ ਪੁਲਿਸ ਵੱਲੋਂ ਸਥਿਤੀ ਸੰਭਾਲੀ ਜਾ ਸਕੇ ਤੇ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਈ ਜਾ ਸਕੇ।

## ਭਾਈ ਰਣਜੀਤ ਸਿੰਘ ਵੱਲੋਂ ਪੰਥ ਤੇ ਗ੍ਰੰਥ ਨੂੰ ਬਚਾਉਣ ਦੀ ਅਪੀਲ



**ਪਾਤੜਾਂ, (ਨਿਸ਼ਾਨ ਸਿੰਘ ਬਣਵਾਲਾ)** ਸ੍ਰੀ ਅਕਾਲ ਤਖ਼ਤ ਸਹਿਬ ਦੇ ਸਾਬਕਾ ਜਥੇਦਾਰ ਭਾਈ ਰਣਜੀਤ ਸਿੰਘ ਨੇ ਗੁਰੂ ਤੇਗ ਬਹਾਦਰ ਪਾਤੜਾਂ ਵਿੱਚ ਪੰਥਕ ਇਕੱਠ ਨੂੰ ਸੰਬੋਧਨ ਕਰਦਿਆਂ ਪੰਥ ਤੇ ਗ੍ਰੰਥ ਨੂੰ ਬਚਾਉਣ ਲਈ ਪੰਥਕ ਅਕਾਲੀ ਲਹਿਰ ਦਾ ਸਾਥ ਦੇਣ ਦਾ ਸੱਦਾ ਦਿੱਤਾ ਹੈ।ਉਨ੍ਹਾਂ ਕਿਹਾ ਕਿ ਉਹ ਨਾ ਰਜਨੀਤੀ ਕਰਨਗੇ, ਤੇ ਨਾ ਪੰਥਕ ਲਹਿਰ ਨਾਲ ਜੁੜੇ ਕਿਸੇ ਸਖਸ਼ ਨੂੰ ਰਾਜਨੀਤੀ ਕਰਨ ਦੇਣਗੇ।ਰਾਜਨੀਤਕ ਲੋਕਾਂ ਨੇ ਪੰਥ ਨੂੰ ਨਿੱਜੀ ਹਿੱਤਾਂ ਲਈ ਵਰਤਦਿਆਂ ਡੇਰਾ ਮੁਖੀ ਨੂੰ ਮੁਆਫ਼ੀ ਦਿੱਤੀ, ਫਿਰ ਉਸ ਨੂੰ ਵਾਪਸ ਲੈਣ ਨਾਲ ਸਿੱਖਾਂ ਵਿੱਚ ਬੇਚੈਨੀ ਫੈਲੀ ਅਤੇ ਸਿਧਾਤਾਂ ਨੂੰ ਜੋ ਢਾਹ ਲੱਗੀ ਹੈਠ ਉਸ ਦਾ ਖਮਿਆਜ਼ਾ ਅਜੇ ਤੱਕ ਕੌਮ ਭੁਗਤਦੀ ਆ ਰਹੀ ਹੈ। ਉਨ੍ਹਾਂ ਕਿਹਾ ਕਿ ਦਿਲਾਂ ਵਿੱਚੋਂ ਭੁਲੇਖਾ ਕੱਢ ਕੇ ਸੱਚ ਦਾ ਸਾਥ ਦਿਉ, ਗੁਰੂ ਕਿਰਪਾ ਨਾਲ ਚੰਗੇ ਯੁੱਗ ਦੀ ਸ਼ੁਰੂਆਤ ਹੋਵੇਗੀ।ਉਨ੍ਹਾਂ ਕਿਹਾ ਹੈ ਕਿ ਗੁਰੂ ਸਾਹਿਬ ਤੇ ਸ਼ਹੀਦ ਸਿੰਘਾਂ ਨੇ ਜਬਰ ਜੁਲਮ ਦਾ ਟਾਕਰਾ ਕਰਦਿਆਂ ਕੁਰਬਾਨੀਆਂ ਭਰਿਆ ਇਤਿਹਾਸ ਕੌਮ ਦੀ ਝੋਲੀ ਪਾਇਆ ਹੈ, ਪਰ ਅੱਜ ਕੌਮ ਕਿੱਥੇ ਖੜੀ ਹੈ, ਇਹ ਹਰ ਕੋਈ ਭਲੀਭਾਂਤ ਜਾਣਦਾ ਹੈ।ਉਨ੍ਹਾਂ ਕਿਹਾ ਸ਼੍ਰੀ ਅਕਾਲ ਤਖ਼ਤ ਸਾਹਿਬ ਸੁਤੰਤਰ ਹੋਵੇ, ਗੁਰੂ ਸਾਹਿਬ ਦੀ ਸੋਚ ਅਨੁਸਾਰ ਅਕਾਲ ਤਖ਼ਤ ਦਾ ਮਾਲਕ ਅਕਾਲ ਪੁਰਖ ਹੋਵੇ, ਰਾਜਨੀਤੀ ਨਾ ਹੋਵੇ, ਪਰ ਅੱਜ ਗੁਰੂ ਘਰਾਂ ਦੀਆਂ ਜਾਇਦਾਦਾਂ ਸੁਰੱਖਿਅਤ ਨਹੀਂ ਹਨ।ਕਰੋੜਾਂ ਦੇ ਮੁੱਲ ਦੀਆਂ ਜ਼ਮੀਨਾਂ ਦੇ ਲੱਖਾਂ ਦੇ ਮੁੱਲ ਵਾਲੀਆਂ ਜ਼ਮੀਨਾਂ ਨਾਲ ਤਬਾਦਲੇ ਕੀਤੇ ਜਾ ਰਹੇ ਹਨ।ਸੰਗਤ ਵੱਲੋਂ ਭੇਟ ਕੀਤੇ ਦਸਵੰਦ ਦੀ ਰਾਸ਼ੀ ਕਿੱਥੇ ਜਾਂਦੀ ਹੈ, ਕਮੇਟੀ ਦੇ ਅਰਬਾਂ ਰੁਪਏ ਦੇ ਬਜਟ ਦਾ ਹਿਸਾਬ ਲੈਣ ਲਈ ਪੰਥਕ ਸੋਚ ਰੱਖਣ ਵਾਲੇ ਪੰਥ ਤੇ ਗ੍ਰੰਥ ਨੂੰ ਬਚਾਉਣ ਵਾਲੇ ਆਗੂ ਪੰਥਕ ਲਹਿਰ ਦੀ ਅਗਵਾਈ 'ਚ ਇੱਕ ਝੰਡੇ ਥੱਲੇ ਇਕੱਠੇ ਹੋ ਕੇ ਗੁਰੂ ਦੀ ਗੋਲਕ, ਸਿੱਖੀ ਪ੍ਰਚਾਰ, ਲੋੜਵੰਦ ਲੋਕਾਂ ਲਈ ਮੁੱਫਤ ਦਵਾਈਆਂ, ਲੋੜਵੰਦ ਬੱਚਿਆਂ ਨੂੰ ਮੁਫ਼ਤ ਵਿੱਦਿਆ ਦੇਣ ਦੇ ਉਪਰਾਲੇ ਕੀਤੇ ਜਾ ਸਕਨ।

# ਕੈਬਨਿਟ ਸਬ-ਕਮੇਟੀ ਨਾਲ ਮੀਟਿੰਗ ਰਹੀ ਬੇਸਿੱਟਾ

### ਕਮਿਊਨਿਟੀ ਹੈਲਥ ਅਫ਼ਸਰ ਸਿਹਤ ਸੇਵਾਵਾਂ ਠੱਪ ਕਰਨ ਲਈ ਹੋਏ ਮਜਬੂਰ



**ਮਾਲੇਰਕੋਟਲਾ (ਅਸਗਰ ਪਰਿਹਾਰ)** ਐਨ.ਐਚ.ਐਮ ਅਧੀਨ ਪੇਂਡੂ ਖ਼ੇਤਰਾਂ 'ਚ ਮੁੱਢਲੀਆਂ ਸਿਹਤ ਸੇਵਾਵਾਂ ਪ੍ਰਦਾਨ ਕਰ ਰਹੇ ਕਮਿਊਨਿਟੀ ਹੈਲਥ ਅਫ਼ਸਰਾਂ ਨੂੰ ਸੈਂਟਰਾਂ ਉੱਤੇ ਕੰਮ ਕਰਨ ਲਈ ਮੁੱਢਲੀਆਂ ਸਹੂਲਤਾਂ ਨਹੀਂ ਮਿਲ ਰਹੀਆਂ।ਇਸ ਤੋਂ ਇਲਾਵਾ ਉਹ ਸਿਹਤ ਵਿਭਾਗ ਤੇ ਸਰਕਾਰ ਦੀਆਂ ਮਾਰੂ ਨੀਤੀਆਂ ਦਾ ਵੀ ਸ਼ਿਕਾਰ ਹੋ ਰਹੇ ਹਨ ਤੇ ਅਪਣੀਆਂ ਘਰੇਲੂ ਜ਼ਰੂਰਤਾਂ ਪੂਰੀਆਂ ਕਰਨ ਵਿੱਚ ਅਸਮਰਥ ਹੋ ਰਹੇ ਹਨ।

ਕਮਿਊਨਿਟੀ ਹੈਲਥ ਅਫ਼ਸਰ ਐਸੋਸੀਏਸ਼ਨ ਦੇ ਆਗੂ ਡਾ. ਜਤਿੰਦਰ ਸਿੰਘ ਤੇ ਸਾਥੀਆ ਨੇ ਦੱਸਿਆ ਕਿ ਉਹ ਪਿੰਡਾਂ ਵਿੱਚ ਬਣੇ ਹੈਲਥ ਐਂਡ ਵੈਲਨੈਸ ਸੈਂਟਰਾਂ ਵਿੱਚ ਲੋਕਾਂ ਨੂੰ ਸਿਹਤ ਸੇਵਾਵਾਂ ਦੇ ਰਹੇ ਹਨ ਤੇ ਉਨ੍ਹਾਂ ਵੱਲੋਂ ਕੋਰੋਨਾ ਕਾਲ ਅਤੇ ਹੜ੍ਹਾਂ ਵਿੱਚ ਆਪਣੀ ਜਾਨ ਦੀ ਪ੍ਰਵਾਹ ਕੀਤੇ ਬਿਨਾਂ ਵੱਡੀ ਭੂਮਿਕਾ ਨਿਭਾਈ ਗਈ। ਇਸ ਤੋਂ ਇਲਾਵਾ ਸਰਕਾਰ ਦੁਆਰਾ ਚਲਾਏ ਜਾ ਰਹੇ ਹਰ ਛੋਟੇ ਵੱਡੇ ਸਿਹਤ ਸਬੰਧੀ ਪ੍ਰੋਗਰਾਮਾਂ ਨੂੰ ਉਨ੍ਹਾਂ ਵੱਲੋਂ ਪਿੰਡ-ਪਿੰਡ ਲਾਗੂ ਕਰਨ ਵਿੱਚ ਵੱਡਾ ਯੋਗਦਾਨ ਦਿੱਤਾ ਜਾਂਦਾ ਹੈ।ਜ਼ਮੀਨੀ ਪੱਧਰ ਉਤੇ ਪਿਛਲੇ ਲੰਮੇ ਸਮੇਂ ਤੋਂ ਉਨ੍ਹਾਂ ਨੂੰ ਕੰਮ ਕਰਦਿਆਂ ਬਹੁਤ ਔਕੜਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਜਿਸ ਬਾਰੇ ਵਿਭਾਗ ਅਤੇ ਸਰਕਾਰ ਨੂੰ ਸਮੇਂ-ਸਮੇਂ 'ਤੇ ਜਾਣੂ ਵੀ ਕਰਾਇਆ ਗਿਆ, ਪਰ ਸਰਕਾਰ ਜਾਂ ਵਿਭਾਗ ਵੱਲੋਂ ਇਸ ਨੂੰ ਹੱਲ ਕਰਨ ਲਈ ਕਿਸੀ ਵੀ ਤਰ੍ਹਾਂ ਦਾ ਕੋਈ ਉਪਰਾਲਾ ਨਹੀਂ ਕੀਤਾ ਗਿਆ। ਪਿਛਲੇ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਆਪਣੀਆਂ ਮੰਗਾਂ ਸਬੰਧੀ ਉਹ ਲਗਾਤਾਰ ਸੰਘਰਸ਼ ਕਰ ਰਹੇ ਹਨ।ਪਿਛਲੇ ਦਿਨੀਂ ਯੂਨੀਅਨ ਦੇ ਆਗੂਆਂ ਵੱਲੋਂ ਸਿਹਤ ਮੰਤਰੀ ਡਾ. ਬਲਵੀਰ ਸਿੰਘ ਤੇ ਮੁੱਖ ਮੰਤਰੀ ਦੀ ਧਰਮਪਤਨੀ ਡਾ. ਗੁਰਪ੍ਰੀਤ ਕੌਰ ਨਾਲ਼ ਵੀ ਮੁਲਾਕਾਤ ਕੀਤੀ, ਪ੍ਰੰਤੂ ਹਾਲੇ ਤੱਕ ਕੋਈ ਕਾਰਵਾਈ ਨਹੀਂ ਕੀਤੀ ਗਈ।

16 ਜੁਲਾਈ ਨੂੰ ਯੂਨੀਅਨ ਨੂੰ ਮੁੱਖ ਮੰਤਰੀ ਨਾਲ ਪੈਨਲ ਮੀਟਿੰਗ ਦਾ ਸੱਦਾ ਦਿੱਤਾ ਗਿਆ ਸੀ ਤੇ 15 ਜੁਲਾਈ (ਮੀਟਿੰਗ ਤੋਂ ਇੱਕ ਦਿਨ ਪਹਿਲਾਂ) ਮੀਟਿੰਗ ਪੋਸਟਪੋਨ ਕਰ ਦਿੱਤੀ ਗਈ ਅਤੇ ਹਾਲੇ ਤੱਕ ਵੀ ਮੀਟਿੰਗ ਦੀ ਕੋਈ ਤਰੀਕ ਨਹੀਂ ਦਿੱਤੀ ਗਈ, ਜਿਸ ਨਾਲ਼ ਪੂਰੇ ਪੰਜਾਬ ਦੇ ਮਲਾਜ਼ਮਾਂ 'ਚ ਭਾਰੀ ਰੋਸ ਹੈ।11/9/24 ਨੂੰ ਕੈਬਨਿਟ ਸਬ ਕਮੇਟੀ ਨਾਲ ਰੱਖੀ ਗਈ ਮੀਟਿੰਗ ਵੀ ਬੇਸਿੱਟਾ ਰਹੀ।ਇੰਜ ਜਾਪਦਾ ਹੈ ਕਿ ਵਿਭਾਗ ਅਤੇ ਸਰਕਾਰ ਲਈ ਸੂਬਾ ਪੰਜਾਬ ਵਿੱਚ ਇਮਾਨਦਾਰੀ ਤੇ ਮਿਹਨਤ ਨਾਲ ਕੰਮ ਕਰ ਰਹੇ ਹੈਲਥ ਅਫਸਰਾਂ ਅਤੇ ਪਿੰਡਾਂ ਵਿੱਚ ਉਨ੍ਹਾਂ ਕੋਲੋਂ ਸਿਹਤ ਸੇਵਾਵਾਂ ਦਾ ਲਾਭ ਉਠਾ ਰਹੇ ਆਮ ਲੋਕਾਂ ਦੀ ਸਿਹਤ ਕੁਝ ਖ਼ਾਸ ਮਾਇਨੇ ਨਹੀਂ ਰੱਖਦੀ।

ਉਨ੍ਹਾਂ ਇਹ ਵੀ ਕਿਹਾ ਕਿ ਵਿਭਾਗ ਵੱਲੋਂ ਉਨ੍ਹਾਂ ਦੇ ਤਿੰਨ ਮਹੀਨੇ ਦੇ ਇੰਸੈਂਟਿਵ ਰੋਕੇ ਗਏ ਹਨ, ਜੋ ਤਨਖ਼ਾਹ ਦਾ 40 ਫ਼ੀਸਦੀ ਹਿੱਸਾ ਹੈ ਤੇ ਵਧਦੀ ਹੋਈ ਮਹਿੰਗਾਈ ਦੇ ਸਮੇਂ ਵਿੱਚ ਅੱਧੀ ਤਨਖ਼ਾਹ ਨਾਲ਼ ਘਰ ਦਾ ਗੁਜ਼ਾਰਾ ਕਰਨਾ ਬਹੁਤ ਮੁਸ਼ਕਲ ਹੋ ਰਿਹਾ ਹੈ।ਇਸ ਸਭ ਤੋਂ ਪਰੇਸ਼ਾਨ ਹੋਕੇ ਸਾਰਿਆਂ ਨੇ ਫ਼ੈਸਲਾ ਕੀਤਾ ਹੈ ਕਿ ਪੰਜਾਬ ਦੇ 2500 ਸੀ.ਐੱਚ.ਓ 19 ਸਤੰਬਰ 2024 ਤੋਂ ਸਾਰਾ ਆਨਲਾਈਨ-ਆਫ਼ਲਾਈਨ ਕੰਮ ਠੱਪ ਕਰ ਦੇਣਗੇ।23/9/24 ਨੂੰ ਐਨ.ਐਚ.ਐਮ ਦਫ਼ਤਰ ਅੱਗੇ ਧਰਨਾ ਲਾਇਆ ਜਾਵੇਗਾ, ਜਿਸ ਨਾਲ ਪਿੰਡਾਂ 'ਚ ਮਿਲਣ ਵਾਲੀਆਂ ਸਾਰੀਆਂ ਸਿਹਤ ਸੇਵਾਵਾਂ ਠੱਪ ਹੋ ਜਾਣਗੀਆਂ, ਜਿਸਦੀ ਨਿਰੋਲ ਜ਼ਿੰਮੇਵਾਰੀ ਵਿਭਾਗ ਤੇ ਸਰਕਾਰ ਦੀ ਹੋਵੇਗੀ। ਉਨ੍ਹਾਂ ਵੱਲੋਂ ਆਪਣੀਆਂ ਮੰਗਾਂ ਦੁਹਰਾਉਂਦੇ ਹੋਏ ਕਿਹਾ ਗਿਆ ਕਿ ਵਿਭਾਗ ਵੱਲੋਂ ਉਨ੍ਹਾਂ ਦੇ 3 ਮਹੀਨੇ ਦੇ ਰੋਕੇ ਹੋਏ ਪੈਸੇ ਦਿੱਤੇ ਜਾਣ, ਮੁੱਢਲੀ ਤਨਖ਼ਾਹ 'ਚ ਸੋਧ ਕਰਕੇ ਬਾਕੀ ਸੂਬਿਆਂ ਦੇ ਬਰਾਬਰ ਤਨਖ਼ਾਹ ਕੀਤੀ ਜਾਵੇ, ਐਨ.ਐੱਚ.ਐਮ ਮੁਲਾਜ਼ਮਾਂ ਦਾ ਲੋਇਲਿਟੀ ਬੋਨਸ ਜਾਰੀ ਕੀਤਾ ਜਾਵੇ, ਉਨ੍ਹਾਂ ਦੇ ਤਨਖ਼ਾਹ ਤੇ ਇਨਸੈਂਟਿਵ ਮਰਜ਼ ਕੀਤੇ ਜਾਣ।ਜੇਕਰ ਫਿਰ ਸੁਣਵਾਈ ਨਹੀਂ ਹੁੰਦੀ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ ਤੇ ਆਉਣ ਵਾਲੀਆਂ ਜਿਮਨੀ ਚੋਣਾਂ ਅਤੇ ਪੰਚਾਇਤੀ ਚੋਣਾਂ ਵਿੱਚ ਉਹ ਸਾਰੇ ਪੰਜਾਬ ਵਿੱਚ ਲੜੀਵਾਰ ਰੈਲੀਆਂ ਕਰਨਗੇ ਤੇ ਲੋਕਾਂ ਨੂੰ ਸਰਕਾਰ ਦੀਆਂ ਮਾਰੂ ਨੀਤੀਆਂ ਖਿਲਾਫ਼ ਜਾਗਰੂਕ ਕਰਨਗੇ।

## ਨਵੀਂ ਖੇਤੀ ਨੀਤੀ ਬਾਰੇ ਕਿਸਾਨ ਆਗੂਆਂ ਨੇ ਕੀਤੀਆਂ ਵਿਚਾਰਾਂ



**ਤਲਵੰਡੀ ਸਾਬੋ (ਜਗਦੀਪ ਗਿੱਲ)** ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਤਲਵੰਡੀ ਸਾਬੋ ਦੀ ਮੀਟਿੰਗ ਲੇਲੇਵਾਲਾ ਗੈਸ ਪਾਇਪ ਲਾਇਨ ਮੋਰਚੇ ਤੇ ਬਲਾਕ ਜਨਰਲ ਸਕੱਤਰ ਹਰਪ੍ਰੀਤ ਸਿੰਘ ਚੱਠੇਵਾਲਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ ਕਿਸਾਨ, ਮਜ਼ਦੂਰ ਤੇ ਵਾਤਾਵਰਨ ਪੱਖੀ ਨਵੀਂ ਖੇਤੀ ਨੀਤੀ ਦੇ ਬਾਰੇ ਖੁੱਲ੍ਹ ਕੇ ਵਿਚਾਰ ਚਰਚਾ ਕੀਤੀ ਗਈ।ਬਲਾਕ ਦੇ ਪਿੰਡਾਂ ਦੇ ਕਿਸਾਨਾਂ ਮਜ਼ਦੂਰਾਂ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਜਨਰਲ ਸਕੱਤਰ ਹਰਜਿੰਦਰ ਸਿੰਘ ਬੱਗੀ ਨੇ ਦੱਸਿਆ ਕਿ ਨਵੀਂ ਖੇਤੀ ਨੀਤੀ ਦਾ ਕਿਸਾਨਾਂ ਮਜ਼ਦੂਰਾਂ ਪੱਖੀ ਸਮੇਂ ਦੀ ਲੋੜ ਹੈ ਤਾਂ ਜੁ ਖੇਤੀ ਨੂੰ ਇਸ ਡੂੰਘੇ ਆਰਥਿਕ ਸੰਕਟ ਤੋਂ ਬਾਹਰ ਕੱਢਿਆ ਜਾ ਸਕੇ।ਜ਼ਿਲ੍ਹਾ ਆਗੂ ਜਗਦੇਵ ਸਿੰਘ ਜੋਗੇਵਾਲਾ ਨੇ ਨਵੀਂ ਖੇਤੀ ਨੀਤੀ ਦੇ ਨਾਲ ਨਾਲ ਹੋਰ ਭਖਦੇ ਮਸਲਿਆਂ ਬਾਰੇ ਵੀ ਜਾਗਰੂਕ ਕੀਤਾ।ਦੱਸਣਾ ਬਣਦਾ ਹੈ ਕਿ ਸਰਕਾਰ ਨੇ ਪਿਛਲੇ ਦਿਨੀ ਚੰਡੀਗੜ੍ਹ ਮੋਰਚੇ ਵਿੱਚ ਨਵੀਂ ਖੇਤੀ ਨੀਤੀ ਦਾ ਖਰੜਾ ਜਲਦ ਜਾਰੀ ਕਰਨ ਦੀ ਗੱਲ ਕਹੀ ਗਈ ਸੀ, ਜੋ ਭਾਵੇਂ ਪੰਜਾਬ ਸਰਕਾਰ ਨੇ ਜਾਰੀ ਤਾਂ ਕਰ ਦਿੱਤਾ ਹੈ, ਪਰ ਇਸ ਸੰਬੰਧੀ ਕਿਸਾਨ ਆਗੂਆਂ ਨੇ ਕਿਹਾ ਕਿ ਜੇਕਰ ਇਹ ਕਿਸਾਨ, ਮਜ਼ਦੂਰ ਅਤੇ ਵਾਤਾਵਰਣ ਪੱਖੀ ਨਾ ਹੋਈ ਤਾਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ ਤੇ ਪਿੰਡਾਂ ਵਿੱਚ ਸੰਘਰਸ਼ ਦੀ ਤਿਆਰੀ ਲਈ ਮੀਟਿੰਗ ਕਰਾਈਆਂ ਜਾਣਗੀਆਂ। ਮੀਟਿੰਗ ਵਿੱਚ ਬਲਾਕ ਆਗੂ ਕਲੱਤਰ ਸਿੰਘ ਕਲਾਲਵਾਲਾ, ਗੁਰਜੀਤ ਸਿੰਘ ਬੰਗੇਹਰ ਤੇ ਪਿੰਡ ਕਮੇਟੀਆਂ ਦੇ ਪ੍ਰਧਾਨ ਸਕੱਤਰ ਤੇ ਕਿਸਾਨ ਮਜ਼ਦੂਰ ਸ਼ਾਮਲ ਸਨ।

19-SEP-PAGE-8.qxd 9/18/2024 10:46 PM Page 1



# ਚੱਬੇਵਾਲ ਵੱਲੋਂ ਮੈਲੀ ਨੂੰ 79 ਲੱਖ ਰੁਪਏ ਦੀ ਗ੍ਰਾਂਟ ਜਾਰੀ



**ਹੁਸ਼ਿਆਰਪੁਰ, (ਓਮ ਪ੍ਰਕਾਸ਼ ਰਾਣਾ, ਬਲਵੀਰ ਸਿੰਘ ਸੈਣੀ)**-ਚੱਬੇਵਾਲ ਵਿਧਾਨ ਸਭਾ ਹਲਕਾ ਹੁਸ਼ਿਆਰਪੁਰ ਦੇ ਪਿੰਡ ਮੈਲੀ ਦੇ ਵਿਕਾਸ ਲਈ 79 ਲੱਖ ਰੁਪਏ ਦੀ ਵਿਸ਼ੇਸ਼ ਗ੍ਰਾਂਟ ਜਾਰੀ ਕੀਤੀ ਗਈ ਹੈ।ਇਸ ਐਲਾਨ ਨਾਲ ਸੰਸਦ ਮੈਂਬਰ ਰਾਜ ਕੁਮਾਰ ਚੱਬੇਵਾਲ ਨੇ ਇਲਾਕੇ ਦੇ ਵਿਕਾਸ ਕਾਰਜਾਂ ਵਿੱਚ ਤੇਜ਼ੀ ਲਿਆਉਣ ਦਾ ਅਹਿਦ ਲਿਆ। ਇਸ ਮੌਕੇ ਉਨ੍ਹਾਂ ਨਾਲ ਡਾ. ਇਸ਼ਾਂਕ ਚੱਬੇਵਾਲ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਸੰਸਦ ਮੈਂਬਰ ਚੱਬੇਵਾਲ ਨੇ ਦੱਸਿਆ ਕਿ ਇਹ ਰਾਸ਼ੀ ਪਿੰਡ ਦੀਆਂ ਬੁਨਿਆਦੀ ਸਹੂਲਤਾਂ ਦੇ ਨਿਰਮਾਣ ਅਤੇ ਸੁਧਾਰ ਲਈ ਦਿੱਤੀ ਗਈ ਹੈ।ਗ੍ਰਾਂਟ ਦੀ ਵਰਤੋਂ ਪਿੰਡ ਦੀਆਂ ਵੱਖ-ਵੱਖ ਲੋੜਾਂ ਨੂੰ ਪੂਰਾ ਕਰਨ ਲਈ ਕੀਤੀ ਜਾਵੇਗੀ।ਸੰਸਦ ਮੈਂਬਰ ਨੇ ਦੱਸਿਆ ਕਿ ਇਸ ਫੰਡ ਨਾਲ ਪੰਚਾਇਤ ਘਰ, ਸ਼ਮਸ਼ਾਨਘਾਟ, ਗਲੀਆਂ-ਨਾਲੀਆਂ ਦੀ ਮੁਰੰਮਤ, ਸਟੇਡੀਅਮ ਗਰਾਊਂਡ ਅਤੇ ਸੜਕ ਬਣਾਉਣ ਵਰਗੇ ਅਹਿਮ ਕੰਮ ਕਰਵਾਏ ਜਾਣਗੇ। ਉਨ੍ਹਾਂ ਭਰੋਸਾ ਦਿੱਤਾ ਕਿ ਇਲਾਕੇ ਦੇ ਸਾਰੇ ਪਿੰਡਾਂ ਦਾ ਬਰਾਬਰ ਵਿਕਾਸ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਪਿੰਡ ਵਿੱਚ ਪੰਚਾਇਤ ਘਰ ਦੀ ਉਸਾਰੀ ਅਤੇ ਮੁਰੰਮਤ ਲਈ 5 ਲੱਖ ਰੁਪਏ ਅਲਾਟ ਕੀਤੇ ਗਏ ਹਨ।ਪੰਚਾਇਤ ਘਰ ਪਿੰਡ ਦੇ ਪ੍ਰਬੰਧਕੀ ਅਤੇ ਸਮਾਜਿਕ ਕੰਮਾਂ ਲਈ ਇੱਕ ਪ੍ਰਮੁੱਖ ਕੇਂਦਰ ਹੈ ਅਤੇ ਇਸ ਦੇ ਸੁਧਾਰ ਪਿੰਡ ਵਾਸੀਆਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦੇ ਹੋਏ ਕੀਤੇ ਜਾਣਗੇ। ਸ਼ਮਸ਼ਾਨਘਾਟ ਵਿਖੇ ਸ਼ੈੱਡ ਬਣਾਉਣ ਲਈ 2 ਲੱਖ ਰੁਪਏ ਦੀ ਰਾਸ਼ੀ ਰੱਖੀ ਗਈ ਹੈ। ਇਹ ਪਿੰਡ ਵਾਸੀਆਂ ਲਈ ਖਾਸ ਤੌਰ 'ਤੇ ਅੰਤਿਮ ਸੰਸਕਾਰ ਦੇ ਸਮੇਂ ਮਾੜੇ ਮੌਸਮ ਤੋਂ ਬਚਣ ਲਈ ਇੱਕ ਮਹੱਤਵਪੂਰਨ ਸਹੂਲਤ ਹੋਵੇਗੀ। ਪਿੰਡ ਦੀਆਂ ਗਲੀਆਂ-ਨਾਲੀਆਂ ਦੇ ਸੁਧਾਰ ਲਈ 7 ਲੱਖ ਰੁਪਏ ਦੀ ਰਾਸ਼ੀ ਦਿੱਤੀ ਗਈ ਹੈ।ਇਸ ਰਕਮ ਦੀ ਵਰਤੋਂ ਸੜਕਾਂ ਦੀ ਮੁਰੰਮਤ ਅਤੇ ਬਿਹਤਰ ਨਿਕਾਸੀ ਲਈ ਕੀਤੀ ਜਾਵੇਗੀ, ਜਿਸ ਨਾਲ ਬਰਸਾਤ ਦੇ ਮੌਸਮ ਦੌਰਾਨ ਪਾਣੀ ਭਰਨ ਦੀ ਸਮੱਸਿਆ ਹੱਲ ਹੋ ਜਾਵੇਗੀ। ਪਿੰਡ ਦੇ ਨੌਜਵਾਨਾਂ ਨੂੰ ਖੇਡਾਂ ਦੀਆਂ ਸਹੂਲਤਾਂ ਦੇਣ ਲਈ ਸਟੇਡੀਅਮ ਦੇ ਗਰਾਊਂਡ ਦੀ ਉਸਾਰੀ ਲਈ 15 ਲੱਖ ਰੁਪਏ ਦੀ ਰਾਸ਼ੀ ਦਿੱਤੀ ਗਈ ਹੈ।ਮਾਹਿਲਪੁਰ ਤੋਂ ਜੇਜੋਂ ਲਿੰਕ ਰੋਡ ਅਤੇ ਮੈਲੀ ਵਿਚਕਾਰ 6 ਕਿਲੋਮੀਟਰ ਲੰਬੀ ਸੜਕ ਦੇ ਪੈਚ ਵਰਕ ਲਈ 40 ਲੱਖ ਰੁਪਏ ਦੀ ਰਾਸ਼ੀ ਅਲਾਟ ਕੀਤੀ ਗਈ ਹੈ।ਮਾਹਿਲਪੁਰ ਤੋਂ ਕੱਚੀ ਸੜਕ ਦੇ 1.34 ਕਿਲੋਮੀਟਰ ਦੇ ਰਸਤੇ ਦੇ ਸੁਧਾਰ ਲਈ 10 ਲੱਖ ਰੁਪਏ ਦੀ ਰਾਸ਼ੀ ਮੁਹੱਈਆ ਕਰਵਾਈ ਗਈ ਹੈ। ਇਸ ਮੌਕੇ ਚਰਨਜੀਤ ਸਿੰਘ ਸਰਪੰਚ, ਰਾਜੇਸ਼ ਕੁਮਾਰ, ਦਵਿੰਦਰ ਕੁਮਾਰ, ਕੁੰਦਨ ਲਾਲ, ਸ਼ਿੰਗਾਰਾ ਰਾਮ, ਸੰਤੋਖ ਸਿੰਘ, ਸਵਰਨ ਦਾਸ, ਮੋਹਨ ਲਾਲ, ਹਰੀ ਦੇਵ, ਸੋਮਾ, ਗੁਰਦਿਆਲ ਆਦਿ ਹਾਜ਼ਰ ਸਨ।

# 'ਸਵੱਛਤਾ ਹੀ ਸੇਵਾ' ਪੰਦਰਵਾੜੇ ਦੀ ਸ਼ੁਰੂਆਤ



**ਮੋਹਾਲੀ,, (ਗੁਰਜੀਤ ਬਿੱਲਾ)** ਮੋਹਾਲੀ ਵਿਖੇ 'ਸਵੱਛਤਾ ਹੀ ਸੇਵਾ' ਪੰਦਰਵਾੜੇ ਦੀ ਸ਼ੁਰੂਆਤ ਕਰਦੇ ਹੋਏ ਵਿਧਾਇਕ ਕੁਲਵੰਤ ਸਿੰਘ ਨੇ ਜ਼ਿਲ੍ਹਾ ਵਾਸੀਆਂ ਨੂੰ ਸਿਹਤਮੰਦ ਜੀਵਨ ਪੱਧਰ ਨੂੰ ਉਤਸ਼ਾਹਿਤ ਕਰਨ ਲਈ ਇਸ ਨੂੰ ਜੀਵਨ ਦਾ ਸਥਾਈ ਹਿੱਸਾ ਬਣਾਉਣ ਦਾ ਸੱਦਾ ਦਿੱਤਾ।ਉਨ੍ਹਾਂ ਕਿਹਾ ਕਿ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਵਲੋਂ 17 ਸਤੰਬਰ ਤੋਂ 2 ਅਕਤੂਬਰ ਤੱਕ ਮਨਾਏ ਜਾਣ ਵਾਲੇ ਪੰਦਰਵਾੜੇ ਵਿੱਚ ਸਾਲ ਵਿੱਚ 100 ਘੰਟੇ ਸਵੱਛਤਾ (ਰੋਜ਼ਾਨਾ 2 ਘੰਟੇ) ਦਾ ਹਿੱਸਾ ਬਣਨ ਅਤੇ ਇਸ ਵਿੱਚ 100 ਹੋਰ ਮੈਂਬਰਾਂ ਦਾ ਯੋਗਦਾਨ ਪਾਉਣ ਦਾ ਪ੍ਰਣ ਲਿਆ ਗਿਆ ਹੈ, ਜਿਸ ਦੇ ਅਨੁਸਾਰ ਸਾਨੂੰ ਜ਼ਿੰਮੇਵਾਰ ਨਾਗਰਿਕ ਵਜੋਂ ਆਪਣੇ ਆਲੇ-ਦੁਆਲੇ ਦੀ ਸਫਾਈ ਦਾ ਧਿਆਨ ਰੱਖਣਾ ਚਾਹੀਦਾ ਹੈ।ਇਸ ਮੁਹਿੰਮ ਨੂੰ ਜ਼ਮੀਨੀ ਪੱਧਰ 'ਤੇ ਉਤਸ਼ਾਹਿਤ ਕਰਨ ਲਈ ਵਿਦਿਆਰਥੀਆਂ ਦੇ ਜਾਗਰੂਕਤਾ ਮਾਰਚ ਨੂੰ ਹਰੀ ਝੰਡੀ ਦਿਖਾਉਂਦੇ ਹੋਏ ਉਨ੍ਹਾਂ ਕਿਹਾ ਕਿ ਇਹ ਵਿਦਿਆਰਥੀ ਸਵੱਛਤਾ ਦੇ ਦੂਤ ਵਜੋਂ ਕੰਮ ਕਰਨਗੇ। ਉਨ੍ਹਾਂ ਨੇ ਇਸ ਮੁਹਿੰਮ ਦੀ ਸ਼ੁਰੂਆਤ ਮੌਕੇ ਇੱਕ ਬੂਟਾ ਵੀ ਲਗਾਇਆ।

ਉਨ੍ਹਾਂ ਅੱਗੇ ਦੱਸਿਆ ਕਿ ਇਸ ਮੁਹਿੰਮ ਵਿੱਚ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ 15 ਦਿਨਾਂ ਦੀ ਗਤੀਵਿਧੀ ਦਾ ਚਾਰਟ ਹੈ ਜਿਸ ਵਿੱਚ ਠੋਸ ਰਹਿੰਦ-ਖੂੰਹਦ, ਤਰਲ ਰਹਿੰਦ-ਖੂੰਹਦ ਪ੍ਰਬੰਧਨ, ਗ੍ਰੀਨ ਕਵਰ ਵਧਾਉਣ ਅਤੇ ਜਨਤਕ ਸਥਾਨਾਂ ਜਿਵੇਂ ਕਿ ਕਮਿਊਨਿਟੀ ਸੈਂਟਰਾਂ, ਸਕੂਲਾਂ, ਧਾਰਮਿਕ ਸਥਾਨਾਂ, ਵਾਟਰ ਵਰਕਸ ਆਦਿ ਦੀ ਸਫਾਈ 'ਤੇ ਧਿਆਨ ਕੇਂਦਰਿਤ ਕੀਤਾ ਗਿਆ ਹੈ।ਉਨ੍ਹਾਂ ਆਮ ਲੋਕਾਂ ਨੂੰ ਇਸ ਮੁਹਿੰਮ ਦਾ ਹਿੱਸਾ ਬਣਨ ਦਾ ਸੱਦਾ ਦਿੰਦਿਆਂ ਕਿਹਾ ਕਿ ਸਾਨੂੰ ਇਸ ਮੁਹਿੰਮ ਨੂੰ ਲੋਕ ਲਹਿਰ ਦਾ ਰੂਪ ਦੇਣ ਦੀ ਲੋੜ ਹੈ।ਇਸ ਸਮਾਰੋਹ ਵਿੱਚ ਹਾਜ਼ਰ ਅਧਿਕਾਰੀਆਂ ਵਿੱਚ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਸੁਪਰਡੈਂਟ ਇੰਜਨੀਅਰ ਅਨਿਲ ਕੁਮਾਰ, ਕਾਰਜਕਾਰੀ ਇੰਜਨੀਅਰ ਰਮਨਦੀਪ ਸਿੰਘ, ਜੋ ਮੁਹਿੰਮ ਚਲਾ ਰਹੇ ਹਨ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਚ ਸ਼ਹਿਰ ਦੇ ਪਤਵੰਤੇ ਸੱਜਣ ਕੁਲਦੀਪ ਸਿੰਘ ਸਮਾਣਾਂ, ਸੁਖਦੇਵ ਸਿੰਘ ਪਟਵਾਰੀ, ਰਾਜੀਵ ਵਸ਼ਿਸ਼ਟ, ਹਰਮੇਸ਼ ਸਿੰਘ ਕੁੰਬੜਾ, ਰਣਦੀਪ ਸਿੰਘ, ਜਸਪਾਲ ਸਿੰਘ, ਹਰਪਾਲ ਸਿੰਘ ਚੰਨਾ, ਆਰ.ਪੀ. ਸ਼ਰਮਾ, ਹਰਸੰਗਤ ਸਿੰਘ, ਸੁਰਿੰਦਰ ਸਿੰਘ ਰੋਡਾ, ਅਵਤਾਰ ਸਿੰਘ ਸਰਪੰਚ, ਡਾ. ਕੁਲਦੀਪ ਸਿੰਘ, ਅਕਬਿੰਦਰ ਸਿੰਘ ਗੋਸਲ, ਸੁਖਚੈਨ ਸਿੰਘ, ਸ਼੍ਰੀਮਤੀ ਚਰਨਜੀਤ ਕੌਰ ਅਤੇ ਸ਼੍ਰੀਮਤੀ ਜਸਵੀਰ ਕੌਰ ਅਤਲੀ ਹਾਜ਼ਰ ਸਨ।

## ਬਲਾਕ ਪੱਧਰੀ ਰਾਸ਼ਟਰੀ ਸਾਇੰਸ ਸੈਮੀਨਾਰ ਕਰਵਾਇਆ



**ਮੋਰਿੰਡਾ ( ਜੈਜ਼ੀ ਸਰਦਾਰ )** ਸ਼ਹੀਦ ਸੂਬੇਦਾਰ ਮੇਵਾ ਸਿੰਘ ਸਕੂਲ ਆਫ ਐਮੀਨੈਂਸ ਵਿਖੇ ਬਲਾਕ ਪੱਧਰੀ ਰਾਸ਼ਟਰੀ ਸਾਇੰਸ ਸੈਮੀਨਾਰ ਕਰਵਾਇਆ ਗਿਆ , ਜਿਸ ਦਾ ਵਿਸ਼ਾ ਆਰਟੀਫਿਸ਼ੀਅਲ ਇੰਟੈਲੀਜੰਸ ਪੋਟੈਂਸ਼ੀਅਲ ਅਤੇ ਕੰਸਰਨ ਚੁਣਿਆ ਗਿਆ।ਇਸ ਸੈਮੀਨਾਰ ਵਿੱਚ ਮੋਰਿੰਡਾ ਬਲਾਕ ਦੇ 12 ਸਕੂਲਾਂ ਦੇ 17 ਵਿਦਿਆਰਥੀਆਂ ਨੇ ਭਾਗ ਲਿਆ ਅਤੇ ਉਹਨਾਂ ਨੇ ਆਰਟੀਫਿਸ਼ੀਅਲ ਇੰਟੈਲੀਜੰਸ ਦੀ ਮਹੱਤਤਾ, ਪ੍ਰਭਾਵ ਅਤੇ ਨਤੀਜਿਆਂ ਤੇ ਆਪੋ ਆਪਣੇ ਵਿਚਾਰ ਪੇਸ਼ ਕੀਤੇ। ਇਹ ਜਾਣਕਾਰੀ ਦਿੰਦੇ ਹੋਏ ਸਾਇੰਸ ਮਿਸਟਰਸ ਸ਼੍ਰੀਮਤੀ ਮਨਦੀਪ ਕੌਰ ਨੇ ਦੱਸਿਆ ਕਿ ਪ੍ਰਿੰਸੀਪਲ ਸ਼੍ਰੀਮਤੀ ਵਰਿੰਦਰਜੀਤ ਕੌਰ ਦੀ ਯੋਗ ਅਗਵਾਈ ਹੇਠ ਇਸ ਸੈਮੀਨਾਰ ਆਯੋਜਿਤ ਕੀਤਾ ਗਿਆ, ਇਸ ਸੈਮੀਨਾਰ ਵਿੱਚ ਪਰਮਵੀਰ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤਾਜਪੁਰਾ ਨੇ ਪਹਿਲਾ ਸਥਾਨ, ਹਰਦੀਪ ਕੌਰ ਸਰਕਾਰੀ ਹਾਈ ਸਕੂਲ ਮੜੌਲੀ ਕਲਾਂ ਨੇ ਦੂਜਾ ਸਥਾਨ ਅਤੇ ਦਲਜੀਤ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਲੇਮਪੁਰ ਨੇ ਤੀਜਾ ਸਥਾਨ ਹਾਸਿਲ ਕੀਤਾ। ਇਸ ਮੌਕੇ ਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟ ਅਤੇ ਟਰਾਫੀਆਂ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸ੍ਰੀਮਤੀ ਸੰਦੇਸ਼ ਰਾਣੀ, ਅਮਰਿੰਦਰ ਸਿੰਘ ਸ਼੍ਰੀਮਤੀ ਪਾਇਲ ਜੈਨ, ਸ਼੍ਰੀਮਤੀ ਮਮਤਾ ਰਾਣੀ, ਸ਼੍ਰੀਮਤੀ ਰੇਖਾ ਰਾਣੀ ਕੰਪਿਊਟਰ ਫੈਕਲਟੀ ਵੀ ਮੌਜੂਦ ਸਨ।

## ਸੁੱਖੀ ਨਿੱਝਰ ਦਾ ਯੂਅਰ ਫਿਜ਼ਿਓ ਵਿਖੇ ਡਾ. ਸੁਮਨਦੀਪ ਕੌਰ ਵੱਲੋਂ ਵਿਸ਼ੇਸ਼ ਸਨਮਾਨ



**ਜਲੰਧਰ ( ਸ਼ੈਲੀ ਐਲਬਰਟ)** ਵਤਨੋਂ ਦੂਰ ਟੀ ਵੀ ਰੇਡਿਓ ਕੈਨੇਡਾ ਦੇ ਫਾਊਂਡਰ ਸੁੱਖੀ ਨਿੱਝਰ ਜੋ ਪੰਜਾਬ ਆਏ ਹੋਏ ਹਨ ਤੇ ਯੂਅਰ ਫੀਜੀਓ ਅਰਬਨ ਅਸਟੇਟ 1 ਜਲੰਧਰ ਵਿਖੇ ਵਿਸ਼ੇਸ਼ ਤੌਰ 'ਤੇ ਪੁੱਜੇ ਇਸ ਮੌਕੇ ਡਾ. ਸੁਮਨਦੀਪ ਕੌਰ ਨੇ ਸੁੱਖੀ ਨਿੱਝਰ ਦਾ ਵਿਸ਼ੇਸ਼ ਸਨਮਾਨ ਕੀਤਾ ਤੇ ਇਸ ਮੌਕੇ ਵਿਸ਼ਵ ਪੁਲਸ ਖੇਡਾਂ 'ਚੋਂ ਸੋਨ ਤਗਮਾਂ ਜੇਤੂ ਅਥਲੀਟ ਸੰਦੀਪ ਸਿੰਘ ਉਚੇਚੇ ਤੌਰ 'ਤੇ ਹਾਜ਼ਰ ਸਨ। ਉਨ੍ਹਾਂ ਨੇ ਸੁੱਖੀ ਨਿੱਝਰ ਨੂੰ ਜੀ ਆਇਆ ਕਿਹਾ ਤੇ ਯੂਅਰ ਫੀਜੀਓ ਵੱਲੋਂ ਖਿਡਾਰੀਆਂ ਤੇ ਸ਼ਹਿਰ ਵਾਸੀਆਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਦੀ ਜਾਣਕਾਰੀ ਦਿੱਤੀ।ਇਸ ਮੌਕੇ ਡਾ. ਸੁਮਨਦੀਪ ਕੌਰ ਨੇ ਸੁੱਖੀ ਨਿੱਝਰ ਨੂੰ ਦੱਸਿਆ ਕਿ ਅਸੀ ਖਿਡਾਰੀਆਂ ਨੂੰ ਹਰ ਪ੍ਰਕਾਰ ਦੀਆਂ ਸਹੂਲਤਾਂ ਦਿੰਦੇ ਹਾਂ ਤੇ ਉਨ੍ਹਾਂ ਕੌਮਾਂਤਰੀ ਖੇਡ ਮੁਕਾਬਲੇ ਲਈ ਤਿਆਰ ਕੀਤਾ ਜਾਂਦਾ ਹੈ। ਇਸ ਮੌਕੇ ਸੁੱਖੀ ਨਿੱਝਰ ਨੇ ਡਾ. ਸੁਮਨਦੀਪ ਕੌਰ ਨੂੰ ਇਸ ਉਪਰਾਲੇ ਲਈ ਵਧਾਈ ਦਿੱਤੀ।

## 'ਆਪ ਦੀ ਸਰਕਾਰ ਆਪ ਦੇ ਦੁਆਰ' ਮੁਹਿੰਮ ਤਹਿਤ ਕਰਾਲਾ ਵਿਖੇ ਭਲਕੇ ਕੈਂਪ

**ਮੋਹਾਲੀ, (ਗੁਰਜੀਤ ਬਿੱਲਾ)** ਆਮ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਵਿਚ ਰੋਜ਼ਾਨਾ ਦੇ ਕੰਮਾਂ ਦੌਰਾਨ ਪੇਸ਼ ਆ ਰਹੀਆਂ ਮੁਸ਼ਕਲਾਂ ਤੋਂ ਛੁਟਕਾਰਾ ਦਿਵਾਉਣ ਦੇ ਉਦੇਸ਼ ਨਾਲ ਮੁੱਖ ਮੰਤਰੀ, ਪੰਜਾਬ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ 'ਆਪ ਦੀ ਸਰਕਾਰ ਆਪ ਦੇ ਦੁਆਰ' ਮੁਹਿੰਮ ਤਹਿਤ ਲਗਾਏ ਜਾ ਰਹੇ ਕੈਂਪਾਂ ਦੀ ਲੜੀ ਵਜੋਂ ਮੋਹਾਲੀ (ਬਨੂੰੜ) ਵਿੱਚ ਪੈਂਦੇ 4 ਪਿੰਡਾਂ ਦਾ ਇੱਕ ਵਿਸ਼ੇਸ਼ ਕੈਂਪ ਪਿੰਡ ਕਰਾਲਾ ਵਿਖੇ 20 ਸਤੰਬਰ ਨੂੰ ਸਵੇਰੇ 10.00 ਤੋਂ ਦੁਪਿਹਰ 01.00 ਵਜੇ ਤੱਕ ਲਗਾਇਆ ਜਾ ਰਿਹਾ ਹੈ।ਇਸ ਕੈਂਪ ਵਿੱਚ ਕਰਾਲਾ, ਅਜੀਜਪੁਰ, ਖਿਜ਼ਰਗੜ੍ਹ ਅਤੇ ਰਾਮਪੁਰ ਕਲਾਂ ਪਿੰਡਾਂ ਦੇ ਵਸਨੀਕ ਆਪਣੀਆਂ ਮੁਸ਼ਕਲਾਂ/ਸਮੱਸਿਆਵਾਂ ਲਈ ਅਰਜ਼ੀਆਂ ਦੇ ਸਕਦੇ ਹਨ।ਐਸ ਡੀ ਐਮ ਮੋਹਾਲੀ ਦੀਪਾਂਕਰ ਗਰਗ ਵੱਲੋਂ ਦੱਸਿਆ ਗਿਆ ਕਿ ਪੰਜਾਬ ਸਰਕਾਰ ਵੱਲੋਂ ਆਮ ਨਾਗਰਿਕਾਂ ਨੂੰ ਉਨ੍ਹਾਂ ਦੇ ਰੋਜ਼-ਮਰ੍ਹਾ ਦੇ ਸਰਕਾਰੀ ਦਫ਼ਤਰਾਂ ਨਾਲ ਸਬੰਧਤ ਕੰਮਾਂ ਨੂੰ ਸੌਖਾਲੇ ਢੰਗ ਨਾਲ ਨਿਪਟਾਉਣ ਲਈ 'ਆਪ ਦੀ ਸਰਕਾਰ ਆਪ ਦੇ ਦੁਆਰ' ਤਹਿਤ ਲਗਾਏ ਜਾ ਰਹੇ ਕੈਂਪਾਂ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਵੱਲੋਂ ਆਮ ਲੋਕਾਂ ਦੀਆਂ ਸਮੱਸਿਆਵਾਂ/ਮੁਸ਼ਕਲਾਂ ਸੁਣੀਆਂ ਜਾਣਗੀਆਂ ਅਤੇ ਲੋਕਾਂ ਦੀਆਂ ਮੁਸ਼ਕਿਲਾਂ ਦਾ ਮੌਕੇ 'ਤੇ ਹੀ ਹੱਲ ਕੀਤਾ ਜਾਵੇਗਾ।

## ਮੁਹੱਲਾ ਸੰਤੋਖਪੁਰਾ ਦਾ ਉਜਾੜਾ ਨਹੀਂ ਹੋਣ ਦਿੱਤਾ ਜਾਵੇਗਾ : ਜਰਨੈਲ ਫਿਲੌਰ



**ਫਿਲੌਰ (ਨਿਰਮਲ)** ਮੁਹੱਲਾ ਸੰਤੋਖਪੁਰਾ ਫਿਲੌਰ ਦੇ ਘਰਾਂ ਨੂੰ ਉਜਾੜਨ ਲਈ ਕਈ ਦਿਨਾਂ ਰੇਲਵੇ ਪੁਲਸ ਕੋਸ਼ਿਸ਼ ਕਰ ਰਹੀ ਹੈ। ਅੱਜ ਸ਼ਾਮ ਨੂੰ ਜਦੋਂ ਫੇਰ ਰੇਲਵੇ ਪੁਲਸ ਮਕਾਨ ਖ਼ਾਲੀ ਕਰਾਉਣ ਦਾ ਸੁਨੇਹਾ ਦੇਣ ਲੋਕਾਂ ਨੂੰ ਪੁੱਜੀ ਤਾਂ ਮੁਹੱਲਾ ਸੰਤੋਖਪੁਰਾ ਫਿਲੌਰ ਦੇ ਨਿਵਾਸੀ ਗੁਰੂ ਰਵਿਦਾਸ ਗੁਰਦੁਆਰਾ ਸੰਤੋਖਪੁਰਾ ਵਿਖੇ ਇਕੱਠੇ ਹੋਏ। ਇਸ ਮੌਕੇ ਦਿਹਾਤੀ ਮਜ਼ਦੂਰ ਸਭਾ ਤਹਿਸੀਲ ਫਿਲੌਰ ਦੇ ਪ੍ਰਧਾਨ ਕਾਮਰੇਡ ਜਰਨੈਲ ਫਿਲੌਰ ਨੇ ਕਿਹਾ ਕਿ ਮੁਹੱਲਾ ਸੰਤੋਖਪੁਰਾ ਫਿਲੌਰ ਦੇ ਘਰਾਂ ਨੂੰ ਉਜਾੜਨ ਨਹੀਂ ਦਿੱਤਾ ਜਾਵੇਗਾ। ਓਹਨਾ ਕਿਹਾ ਕਿ ਸਰਕਾਰ ਪਹਿਲਾਂ ਲੋਕਾਂ ਦੇ ਵਸੇਬੇ ਦਾ ਪ੍ਰਬੰਧ ਕਰੇ। ਲੋਕਾਂ ਦੇ ਘਰਾਂ ਨੂੰ ਬਚਾਉਣ ਲਈ ਲੋੜ ਪਈ ਤਾਂ ਲੰਬੀ ਲੜਾਈ ਲੜੀ ਜਾਵੇਗੀ ਤੇ ਇਸ ਵਿਚ ਮਜ਼ਦੂਰ ਕਿਸਾਨ ਜਥੇਬੰਦੀਆ ਨੂੰ ਵੀ ਸ਼ਾਮਲ ਕੀਤਾ ਜਾਵੇਗਾ।ਇਸ ਮੌਕੇ ਮਾਸਟਰ ਹੰਸ ਰਾਜ ਨੇ ਕਿਹਾ ਕਿ ਉਜਾੜਾ ਰੋਕਣ ਵਾਸਤੇ 19 ਤਰੀਕ ਨੂੰ ਪ੍ਰਸ਼ਾਸਨ ਨੂੰ ਮੰਗ ਪੱਤਰ ਦਿੱਤਾ ਜਾਵੇਗਾ।ਇਸ ਮੌਕੇ ਤਿਲਕ ਰਾਜ ਲੰਬਰਦਾਰ, ਡਾਕਟਰ ਸੰਦੀਪ ਕੁਮਾਰ, ਕਰਨੈਲ ਸਿੰਘ ਸੰਤੋਖਪੁਰਾ, ਬਿੱਟੂ ਗਾਬਾ, ਹਨੀ ਸੰਤੋਖਪੁਰਾ, ਇਕਬਾਲ ਸਿੰਘ ਜਗਤਪੁਰਾ,ਸ਼ੋਮਾ ਸੰਤੋਖਪੁਰਾ, ਨੱਛਤਰ ਸਿੰਘ ਫੌਜੀ, ਸੁਨੀਤਾ, ਪੂਜਾ, ਮਨਦੀਪ ਕੌਰ,ਬੀਬੀ ਕਮਲਾ, ਬੀਬੀ ਪਿਆਰੀ, ਬੀਬੀ ਬਿਮਲਾ ਆਦਿ ਹਾਜ਼ਰ ਸਨ।

# ਮਜ਼ਦੂਰਾਂ ਵੱਲੋਂ ਯੇਚੁਰੀ ਨੂੰ ਸ਼ਰਧਾਂਜਲੀ ਭੇਟ



**ਖਰੜ: ( ਹਰਨਾਮ ਸਿੰਘ )**-ਸਥਾਨਕ ਲੇਬਰ ਚੌਕ ਵਿੱਚ ਮਜ਼ਦੂਰ ਜਥੇਬੰਦੀ ਭਾਰਤ ਮਿਸਤਰੀ ਮਜ਼ਦੂਰ ਯੂਨੀਅਨ (ਸੀਟੂ) ਖਰੜ ਵਲੋਂ ਸੀ ਪੀ ਐੱਮ ਦੇ ਜਨਰਲ ਸਕੱਤਰ ਕਾਮਰੇਡ ਸੀਤਾ ਰਾਮ ਯੈਚੂਰੀ ਦੀ ਮੌਤ ਉੱਤੇ ਡੂੰਘਾ ਦੁੱਖ ਪ੍ਰਗਟ ਕਰਦਿਆਂ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਸਾਥੀ ਸੁਰਿੰਦਰ ਸਿੰਘ ਬਡਾਲਾ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਵਿੱਚ ਇਕੱਤਰ ਹੋਏ ਮਜ਼ਦੂਰਾਂ ਨੇ ਕਿਹਾ ਕਿ ਕਾਮਰੇਡ ਯੇਚੁਰੀ ਦੀ ਰਹਿਨੁਮਾਈ ਵਿੱਚ ਕਿਰਤੀ ਲੋਕਾਂ ਹੱਕਾਂ ਲਈ ਲੜੇ ਗਏ ਘੋਲਾਂ ਲਈ ਉਨ੍ਹਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਮਨਰੇਗਾ ਕਾਨੂੰਨ ਬਣਵਾਉਣ, ਉਸਾਰੀ ਮਜ਼ਦੂਰਾਂ ਲਈ ਸਹੂਲਤਾਂ ਅਤੇ ਪੈਨਸ਼ਨ ਦੀ ਗਰੰਟੀ, ਅਤੇ ਮਨਰੇਗਾ ਮਜ਼ਦੂਰਾਂ ਨੂੰ ਸੌ ਦਿਨਾਂ ਕੰਮ ਦੀ ਗਰੰਟੀ ਉੱਤੇ ਮਨਮੋਹਨ ਸਿੰਘ ਦੀ ਯੂ ਪੀ ਏ ਸਰਕਾਰ ਵੱਲੋਂ ਕਾਨੂੰਨ ਬਣਾਵਾਉਣਾ ਕਾਮਰੇਡ ਯੇਚੁਰੀ ਅਤੇ ਉਸ ਦੀ ਅਗਵਾਈ ਵਿੱਚ ਕੰਮ ਕਰਦੀਆਂ ਮਜ਼ਦੂਰ ਜਥੇਬੰਦੀਆਂ ਦੀ ਵੱਡੀ ਪ੍ਰਾਪਤੀ ਹੈ। ਇਸ ਸਮੇਂ ਸਾਥੀ ਅਮਰਜੀਤ ਸਿੰਘ ਭਾਗੋਮਾਜਰਾ, ਸੇਵਾ ਸਿੰਘ ਖ਼ਾਨਪੁਰ,ਪਾਲ ਸਿੰਘ, ਮੇਜਰ ਸਿੰਘ, ਰਣਜੀਤ ਸਿੰਘ ਰੁੜਕੀ, ਮੁਕਲੇਸ਼ ਕੁਮਾਰ ਸ਼ਾਹ, ਰੌਸ਼ਨ ਸਿੰਘ, ਮਨਜਿੰਦਰ ਸਿੰਘ, ਬਲਵੀਰ ਸਿੰਘ, ਹਰਨਾਮ ਸਿੰਘ ਡੱਲਾ, ਭਾਗ ਸਿੰਘ, ਕੁਲਵੀਰ ਸਿੰਘ, ਜੋਤੀ ਮਸੀਹ ਆਦਿ ਹਾਜ਼ਰ ਸਨ। ਇਕੱਤਰ ਹੋਏ ਸਾਥੀਆਂ ਨੇ ਸਾਥੀ ਸੁਰਿੰਦਰ ਸਿੰਘ ਬਡਾਲਾ ਨੂੰ ਦੂਜੀ ਵਾਰ ਭਾਰਤ ਨਿਰਮਾਣ ਮਿਸਤਰੀ ਮਜ਼ਦੂਰ ਯੂਨੀਅਨ (ਸੀਟੂ) ਲੇਬਰ ਚੌਕ ਖਰੜ ਦਾ ਸਰਬ ਸੰਮਤੀ ਨਾਲ ਪ੍ਰਧਾਨ ਚੁਣ ਲਿਆ।ਇਹ ਵੀ ਫੈਸਲਾ ਲਿਆ ਗਿਆ ਕਿ ਟਰੇਡ ਯੂਨੀਅਨਾਂ ਵਲੋਂ ਚਾਰ ਕੋਡ ਬਿੱਲਾਂ ਵਿਰੁੱਧ 23 ਸਤੰਬਰ ਨੂੰ ਕੀਤੇ ਜਾ ਰਹੇ ਪ੍ਰਦਰਸ਼ਨਾਂ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ।

## 'ਨਸ਼ਿਆਂ ਨੇ ਘਰ ਪੱਟਤੇ' ਨਾਟਕ ਦੀ ਵਿਦਿਆਰਥੀਆਂ ਵੱਲੋਂ ਪੇਸ਼ਕਾਰੀ



**ਨਵਾਂ ਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)** ਸਥਾਨਕ ਬਾਬਾ ਵਜ਼ੀਰ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਨਸ਼ਿਆਂ ਦੀ ਬੁਰਾਈ ਤੋਂ ਜਾਗਰੂਕਤਾ ਨਾਟਕ ਨਸ਼ਿਆਂ ਨੇ ਘਰ ਪੱਟਤੇ ਖੇਡਿਆ ਗਿਆ।ਜਿਸ ਵਿੱਚ ਵਨੀਤ ਕੌਰ, ਈਸ਼ਾ, ਪੁਨੀਤ, ਲਵਜੋਤ, ਅਰਸ਼ ਮੱਟੂ, ਸ਼ਾਨੰ ਤੇ ਨਵਲ ਨੇ ਬਤੌਰ ਪਾਤਰ ਹਿੱਸਾ ਲਿਆ। ਨਾਟਕ ਨੇ ਗਹਿਰਾ ਪ੍ਰਭਾਵ ਪਾਇਆ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਜਸਬੀਰ ਸਿੰਘ ਦੀ ਅਗਵਾਈ ਵਿੱਚ ਬੁਰਾਈਆਂ ਤੋਂ ਜਾਗਰੂਕਤਾ ਸੈਮੀਨਾਰ ਦਾ ਸੰਚਾਲਨ ਵੀ ਕੀਤਾ ਗਿਆ। ਸੈਮੀਨਾਰ ਦੇ ਮੁੱਖ ਮਹਿਮਾਨ ਪ੍ਰਧਾਨ ਉਪਕਾਰ ਕੋਆਰਡੀਨੇਸ਼ਨ ਸੋਸਾਇਟੀ ਜੇ ਐਸ ਗਿੱਦਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਨਸ਼ਿਆਂ ਦੇ ਵਿਉਪਾਰੀਆਂ ਵੱਲੋਂ ਧੰਨ ਕਮਾਉਣ ਲਈ ਪੁੰਗਰ ਰਹੀ ਯੁਵਾ ਪੀੜ੍ਹੀ ਤੇ ਪੂਰੀ ਅੱਖ ਹੈ।ਇਸ ਵੇਲੇ ਵਿਦਿਅਕ ਅਦਾਰਿਆਂ ਵਿੱਚ ਵਿਦਿਆ ਪ੍ਰਾਪਤ ਕਰਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਵਰਤੋਂ ਤੋਂ ਅਤੇ ਵੇਚਣ ਵਾਲੇ ਪਾਪੀਆਂ ਬੁਰਾਈ ਤੋਂ ਬਚਣ ਦੀ ਲੋੜ ਹੈ। ਨਸ਼ੇੜੀਆਂ ਦੇ ਘਰਾਂ ਵਿੱਚ ਗ੍ਰਹਿਣੀਆਂ ਤੇ ਬੱਚੇ ਘਰੇਲੂ ਹਿੰਸਾ ਦਾ ਸ਼ਿਕਾਰ ਹੋ ਰਹੇ ਹਨ। ਇਸ ਬੁਰਾਈ ਤੋਂ ਬਚਣ ਵਾਸਤੇ ਖੇਡਾਂ, ਸਾਹਿਤਕ ਤੇ ਉਸਾਰੂ ਸਭਿਆਚਾਰਕ ਸਰਗਰਮੀਆਂ ਵਿੱਚ ਸ਼ਮੂਲੀਅਤ ਕਰਨਾ ਲਾਹੇਵੰਦ ਹੈ।ਵਿਸ਼ੇਸ਼ ਮਹਿਮਾਨ ਪ੍ਰਵੀਨ ਕੁਮਾਰ ਪੰਜਾਬ ਪੁਲਸ ਨੇ ਨਸ਼ਿਆਂ ਦੀ ਬੁਰਾਈ ਤੋਂ ਬਚਣ ਲਈ ਖੇਡਾਂ ਵਿੱਚ ਭਾਗ ਲੈਣ ਤੇ ਜ਼ੋਰ ਦਿੱਤਾ। ਇਸ ਮੌਕੇ ਜਸਵੀਰ ਸਿੰਘ ਪ੍ਰਿੰਸੀਪਲ, ਜੇ ਐਸ ਗਿੱਦਾ, ਪ੍ਰਵੀਨ ਕੁਮਾਰ ਸਟਾਫ ਮੈਂਬਰ ਸੁਰਜੀਤ ਕੌਰ, ਸ਼ਮਾ ਮਲਹੰਨ, ਸੰਦੀਪ ਕੌਰ, ਸੁਖਜਿੰਦਰ ਸਿੰਘ, ਨਵਜੀਤ ਸਿੰਘ, ਰਿਆ, ਨੇਹਾ ਤੇ ਕਮਲ ਹਾਜ਼ਰ ਸਨ।

## ਸੀਟੂ ਵੱਲੋਂ ਮਾਲਵਿੰਦਰ ਮਾਲੀ ਦੀ ਗ੍ਰਿਫਤਾਰੀ ਦਾ ਵਿਰੋਧ

**ਖਰੜ : (ਹਰਨਾਮ ਸਿੰਘ ਡੱਲਾ)** ਸੀਟੂ ਦੇ ਸੂਬਾਈ ਜਨਰਲ ਸਕੱਤਰ ਚੰਦਰ ਸ਼ੇਖ਼ਰ ਨੇ ਪੰਜਾਬ ਪੁਲਸ ਵਲੋਂ ਮਾਲਵਿੰਦਰ ਸਿੰਘ ਮਾਲੀ ਨੂੰ ਇਕ ਮਨਘੜੰਤ ਕੇਸ ਅਧੀਨ ਗ੍ਰਿਫਤਾਰ ਕੀਤੇ ਜਾਣ ਦੀ ਸਖ਼ਤ ਨਖੇਧੀ ਕੀਤੀ ਹੈ ਅਤੇ ਮੰਗ ਕੀਤੀ ਹੈ ਕਿ ਉਹਨਾਂ ਨੂੰ ਫੌਰੀ ਰਿਹਾ ਕੀਤਾ ਜਾਵੇ ਅਤੇ ਉਹਨਾਂ ਵਿਰੁੱਧ ਬਣਾਏ ਮਨਘੜੰਤ ਕੇਸ ਨੂੰ ਵਾਪਸ ਲਿਆ ਜਾਵੇ।ਸੀਟੂ ਸਮਝਦੀ ਹੈ ਕਿ ਰਾਜਨੀਤਿਕ ਵਸ਼ਲੇਸ਼ਕਾ, ਪੱਤਰਕਾਰਾ, ਅਤੇ ਸਰਕਾਰ ਦੀ।ਨੀਤੀਆ ਦੀ ਨੁਕਤਾਚੀਨੀ ਕਰਨ ਵਾਲੇ ਲੋਕਾ ਦੀ ਅਵਾਜ਼ ਨੂੰ ਦਬਾਉਣ ਦੀਆ ਹਰਕਤਾ ਇਕ ਗੈਰ ਜਮਹੂਰੀ ਕਾਰਾ ਹੈ, ਇਸ ਤਰ੍ਹਾਂ ਦੀਆਂ ਧੱਕੇਸ਼ਾਹੀ ਵਾਲੀਆ ਕਾਰਵਾਈਆ ਤੋਂ ਗੁਰੇਜ਼ ਕੀਤਾ ਜਾਣਾ ਚਾਹੀਦਾ ਹੈ।

## ਜੋਨਲ ਅਥਲੈਟਿਕ ਮੁਕਾਬਲਿਆਂ 'ਚ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਪ੍ਰਦਰਸ਼ਨ



**ਬਲਾਚੌਰ, (ਜਸਵਿੰਦਰ ਬੈਂਸ)** - ਬਲਾਚੌਰ ਜੋਨ ਨੰਬਰ 10 ਬਲਾਚੌਰ ਦੇ ਹੋਏ ਜੋਨਲ ਅਥਲੈਟਿਕ ਮੁਕਾਬਲਿਆਂ ਵਿਚ (ਐਸ ਓ ਈ) ਸਕੂਲ ਆਫ ਐਮੀਨੈਂਸ ਮਹਿੰਦੀਪੁਰ ਬਲਾਚੌਰ ਦੇ ਵਿਦਿਆਰਥੀਆਂ ਵੱਲੋਂ ਲਲਿਤਾ ਰਾਣੀ ਪ੍ਰਿੰਸੀਪਲ ਐਸ ਓ ਈ ਦੀ ਅਗਵਾਈ ਹੇਠ ਸ਼ਾਨਦਾਰ ਪ੍ਰਦਰਸ਼ਨ ਕੀਤਾ ਗਿਆ।ਜੋਨ ਬਲਾਚੌਰ ਦੇ ਮੁਕਾਬਲਿਆਂ ਵਿਚ ਅੰਡਰ 19 ਉੱਚੀ ਛਾਲ ਗੁਰਫਤਿਹ ਸਿੰਘ ਪਹਿਲਾ ਸਥਾਨ, 200 ਮੀਟਰ ਦੌੜ ਜਸ਼ਨਪ੍ਰੀਤ ਸਿੰਘ ਦੂਸਰਾ ਸਥਾਨ, ਰਿਲੇਅ 4ਗ100 ਮੀਟਰ ਅੰਡਰ 19 ਦੂਸਰਾ ਸਥਾਨ, ਲੰਬੀ ਛਾਲ ਗੁਰਫਤਿਹ ਸਿੰਘ ਦੂਸਰਾ ਸਥਾਨ, ਅਮਰਿੰਦਰ ਕੁਮਾਰ ਨੇ 400 ਮੀਟਰ ਤੇ 100 ਮੀਟਰ ਵਿਚ ਤੀਸਰਾ ਸਥਾਨ ਪ੍ਰਾਪਤ ਕੀਤਾ। ਜ਼ਿਕਰਯੋਗ ਹੈ ਕਿ ਇਹ ਸਾਰੇ ਵਿਦਿਆਰਥੀ ਸਾਇੰਸ ਸਟਰੀਮ ਦੇ ਹਨ। ਇਸ ਤੋਂ ਇਲਾਵਾ ਅੰਡਰ 17 ਤਿੰਨ ਕਿਲੋਮੀਟਰ ਦੌੜ ਵਿਚ ਅਮਰ ਪਹਿਲਾ ਸਥਾਨ, ਅੰਡਰ 14 ਜੈਵਲਿਨ ਥਰੋ ਕਮਲ ਪਹਿਲਾ ਸਥਾਨ, ਉੱਚੀ ਛਾਲ ਆਰੀਅਨ ਦੂਜਾ ਸਥਾਨ, 200 ਮੀਟਰ ਦੌੜ ਵਿਚ ਵੀ ਆਰੀਅਨ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਸਕੂਲ ਵਿਚ ਹੋਏ ਸਮਾਰੋਹ ਦੌਰਾਨ ਪ੍ਰਿੰਸੀਪਲ ਲਲਿਤਾ ਰਾਣੀ ਨੇ ਵਿਦਿਆਰਥੀਆਂ ਦੇ ਚੰਗੇ ਪ੍ਰਦਰਸ਼ਨ ਲਈ ਜੇਤੂ ਖਿਡਾਰੀਆਂ ਅਤੇ ਅਧਿਆਪਕਾਂ ਨੂੰ ਮੁਬਾਰਕਬਾਦ ਦਿੰਦੇ ਹੋਏ ਕਿਹਾ ਕਿ ਖੇਡਾਂ ਸਾਡੇ ਜੀਵਨ ਵਿਚ ਬਹੁਤ ਮਹੱਤਵਪੂਰਨ ਸਥਾਨ ਰੱਖਦੀਆਂ ਹਨ। ਇਸ ਮੌਕੇ ਲੈਕਚਰਾਰ ਜਗਮੋਹਨ ਸਿੰਘ, ਦਰਸ਼ਨ ਸਿੰਘ, ਫਕੀਰ ਚੰਦ, ਵਿਜੇ ਕੁਮਾਰ, ਦੀਦਾਰ ਸਿੰਘ, ਤੇਜਿੰਦਰ ਸਿੰਘ, ਸੋਨੀਆ ਚੌਧਰੀ, ਵੰਦਨਾ ਮਨਹਾਸ, ਗੁਰਪ੍ਰੀਤ ਕੌਰ ਬਲਵੰਤ ਸਿੰਘ ਸਮੂਹ ਸਟਾਫ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।

## ਸਰਵਹਿੱਤਕਾਰੀ ਵਿਦਿਆ ਮੰਦਰ ਦੀ ਸੰਸਥਾ ਖਿਲਾਫ ਹੋਵੇ ਸਖ਼ਤ ਕਾਰਵਾਈ : ਖੁਸ਼ੀ ਰਾਮ



**ਫਿਲੌਰ ( ਨਿਰਮਲ)** ਪੂਰੇ ਦੇਸ਼ ਅੰਦਰ ਸਰਵਹਿੱਤਕਾਰੀ ਵਿੱਦਿਆ ਮੰਦਰ ਦੀ ਸੰਸਥਾ ਦੇ ਨਾਂਅ 'ਤੇ ਚੱਲ ਰਹੇ ਸਕੂਲਾਂ ਵਿੱਚ ਤੀਸਰੀ ਜਮਾਤ ਵਿੱਚ ਪੜ੍ਹਾਈ ਜਾ ਰਹੀ ਹਿੰਦੀ ਭਾਸ਼ਾ ਦੀ ਕਿਤਾਬ 'ਚ ਸਤਿਗੁਰੂ ਗੁਰੂ ਰਵਿਦਾਸ ਮਹਾਰਾਜ ਜੀ ਬਾਰੇ ਅਤੀ ਨਿੰਦਣਯੋਗ ਸ਼ਬਦਾਵਲੀ ਦੀ ਵਰਤੋਂ ਕੀਤੀ ਗਈ ਹੈ।ਜਿਸ ਦੇ ਵਿਰੋਧ 'ਚ ਅੱਜ ਬਸਪਾ ਵਰਕਰਾਂ ਵੱਲੋਂ ਐਸ ਡੀ ਐਮ ਫਿਲੌਰ ਅਤੇ ਡੀ ਐਸ ਪੀ ਫਿਲੌਰ ਨਾਲ ਮੁਲਾਕਾਤ ਕੀਤੀ। ਇਸ ਮੌਕੇ ਨੌਜਵਾਨ ਬਸਪਾ ਆਗੂ ਖੁਸ਼ੀ ਰਾਮ ਨੇ ਦੱਸਿਆ ਕੀ ਇਸ ਸੰਸਥਾ ਵਲੋਂ ਪਿੰਡ ਛੋਕਰਾ ਵਿਖੇ ਵੀ ਸਕੂਲ ਚਲਾਇਆ ਜਾ ਰਿਹਾ ਉਸ ਸਕੂਲ ਦੇ ਵਿਦਿਆਰਥੀਆਂ ਨੇ ਇਸ ਵਾਰੇ ਦੱਸਿਆ ਤਾਂ ਇਸ ਕਿਤਾਬ ਨੂੰ ਪੜ੍ਹਦਿਆਂ ਬਹੁਤ ਦੁੱਖ ਲੱਗਾ ਜੋ ਬਹੁਜਨ ਸਮਾਜ ਕਦੇ ਵੀ ਬਰਦਾਸ਼ਤ ਨਹੀਂ ਕਰੇਗਾ ਇਹ ਗੁਰੂ ਸਾਹਿਬ ਦਾ ਘੋਰ ਅਪਮਾਨ ਹੈ ਜਿਸ ਨਾਲ ਪੂਰੇ ਸਮਾਜ ਅੰਦਰ ਭਾਰੀ ਰੋਸ ਹੈ ਉਨ੍ਹਾਂ ਸਰਕਾਰ ਪਾਸੋਂ ਮੰਗ ਕੀਤੀ ਹੈ ਕਿ ਜਲਦੀ ਤੋਂ ਜਲਦੀ ਇਸ ਸੰਸਥਾ ਖਿਲਾਫ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇ ਅਤੇ ਇਸ ਸੰਸਥਾ ਵੱਲੋਂ ਚਲਾਏ ਜਾ ਰਹੇ ਸਕੂਲਾਂ ਨੂੰ ਤੁਰੰਤ ਬੰਦ ਕੀਤਾ ਜਾਵੇ ਜ਼ੇਕਰ ਇਸ ਮਾਮਲੇ ਵਿੱਚ ਸਰਕਾਰ ਨੇ ਕਿਸੇ ਤਰ੍ਹਾਂ ਦੀ ਦੇਰੀ ਕੀਤੀ ਤਾਂ ਸੁਮੱਚਾ ਸਮਾਜ ਸੜਕਾਂ ਤੇ ਆਉਣ ਲਈ ਮਜਬੂਰ ਹੋਵਾਂਗਾ ਜਿਸ ਦੀ ਜਿੰਮੇਵਾਰੀ ਸਰਕਾਰ ਦੀ ਹੋਵੇਗੀ।

## ਪੰਚ-ਸਰਪੰਚ ਆਪਣੀਆਂ ਪਾਰਟੀਆਂ ਨੂੰ ਛੱਡ ਆਪ 'ਚ ਹੋਏ ਸ਼ਾਮਲ



**ਫਿਲੌਰ ( ਨਿਰਮਲ )**- ਫਿਲੌਰ ਇਲਾਕੇ ਦੇ ਵੱਖ-ਵੱਖ ਪਿੰਡਾਂ ਦੇ ਪੰਚ ਸਰਪੰਚ ਅਤੇ ਪਤਵੰਤੇ ਸੱਜਣ ਆਪਣੀਆਂ ਪਾਰਟੀਆਂ ਨੂੰ ਅਲਵਿਦਾ ਕਹਿ ਕੇ ਆਪ ਪਾਰਟੀ ਵਿੱਚ ਸ਼ਾਮਲ ਹੋਏ। ਇਸ ਮੌਕੇ ਆਪ ਪਾਰਟੀ ਆਗੂ ਪ੍ਰਿੰਸੀਪਲ ਪ੍ਰੇਮ ਕੁਮਾਰ ਵੱਲੋਂ ਪਾਰਟੀ ਵਿੱਚ ਸ਼ਾਮਲ ਹੋਏ ਮੈਂਬਰਾਂ ਦਾ ਸਵਾਗਤ ਕੀਤਾ ਗਿਆ। ਉਹਨਾਂ ਕਿਹਾ ਕਿ ਆਪ ਪਾਰਟੀ ਵਿੱਚ ਸ਼ਾਮਲ ਹੋਏ ਆਗੂਆਂ ਦਾ ਬਣਦਾ ਮਾਣ ਸਨਮਾਨ ਕੀਤਾ ਜਾਵੇਗਾ ਅਤੇ ਸਭਨਾਂ ਦਾ ਧੰਨਵਾਦ ਕੀਤਾ।

## ਲੈਕਚਰਾਰ ਸੁਖਦੇਵ ਸਿੰਘ ਅਧਿਆਪਕ ਦਿਵਸ-2024 ਅਵਾਰਡ ਨਾਲ ਸਨਮਾਨਤ



**ਹੁਸ਼ਿਆਰਪੁਰ,(ਬਲਵੀਰ ਸਿੰਘ ਸੈਣੀ)** ਲਾਇਨ ਇੰਟਰਨੈਸ਼ਨਲ ਵੱਲੋਂ ਹੁਸ਼ਿਆਰਪੁਰ ਵਿਖੇ ਅਧਿਆਪਕ ਦਿਵਸ 2024 ਦੇ ਸਬੰਧ ਵਿੱਚ ਰਾਜ ਪੱਧਰੀ ਸਮਾਗਮ ਆਯੋਜਿਤ ਕੀਤਾ ਗਿਆ।ਜਿਸ ਵਿੱਚ ਮੁੱਖ ਮਹਿਮਾਨ ਵਜੋਂ ਡਿਪਟੀ ਕਮਿਸ਼ਨਰ ਸ੍ਰੀਮਤੀ ਕੋਮਲ ਮਿੱਤਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਸਿੱਖਿਆ ਸ਼੍ਰੀਮਤੀ ਲਲਿਤਾ ਅਰੋੜਾ, ਉਪ ਜਿਲਾ ਸਿੱਖਿਆ ਅਫਸਰ (ਸੈ.ਸਿੱ) ਧੀਰਜ ਵਸ਼ਿਸ਼ਟ, ਉਪ ਜਿਲ੍ਹਾ ਸਿੱਖਿਆ ਅਫਸਰ (ਐ.ਸਿੱ) ਸੁਖਵਿੰਦਰ ਸਿੰਘ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਨਸਰਾਲਾ ਵਿਖੇ ਸੇਵਾ ਨਿਭਾ ਰਹੇ ਸਰੀਰਕ ਸਿੱਖਿਆ ਦੇ ਲੈਕਚਰਾਰ ਸੁਖਦੇਵ ਸਿੰਘ ਨੂੰ ਸਿੱਖਿਆ ਦੇ ਖੇਤਰ, ਖੇਡਾਂ, ਐਨ ਐਸ ਐਸ, ਸੱਭਿਆਚਾਰਕ ਗਤੀਵਿਧੀਆਂ ਅਤੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਕੀਤੇ ਯਤਨਾ ਸਦਕਾ, ਪ੍ਰਸ਼ੰਸਾ ਪੱਤਰ ਤੇ ਅਵਾਰਡ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਮਾਰੋਹ ਦੇ ਮੁੱਖ ਆਯੋਜਕ ਰਣਜੀਤ ਸਿੰਘ ਰਾਣਾ, ਪ੍ਰੋਗਰਾਮ ਕਨਵੀਨਰ ਪ੍ਰਿੰਸੀਪਲ ਸੁਲੇਂਦਰ ਠਾਕਰ, ਪ੍ਰਿੰਸੀਪਲ ਤਰਲੋਚਨ ਸਿੰਘ, ਪ੍ਰਿੰਸੀਪਲ ਧਰਮਿੰਦਰ ਸ਼ਰਮਾ, ਪ੍ਰਿੰਸੀਪਲ ਕਰਨ ਸ਼ਰਮਾ, ਪ੍ਰਿੰਸੀਪਲ ਰਾਜਨ ਅਰੋੜਾ,ਪ੍ਰਿੰਸੀਪਲ ਧਰਮਿੰਦਰ ਸਿੰਘ,ਚੰਦਰ ਪ੍ਰਕਾਸ਼ ਜੀ,ਮਾਸਟਰ ਰਮਨ ਕੁਮਾਰ ਆਦਿ ਹਾਜ਼ਰ ਸਨ।

## ਉੱਪ ਜ਼ਿਲ੍ਹਾ ਸਿੱਖਿਆ ਅਫਸਰ ਸੁਖਵਿੰਦਰ ਸਿੰਘ ਸਨਮਾਨਤ



**ਹੁਸ਼ਿਆਰਪੁਰ, , (ਬਲਵੀਰ ਸਿੰਘ ਸੈਣੀ)** ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈਕਿਸ਼ਨ ਰੌੜੀ ਨੇ ਗੜ੍ਹਸ਼ੰਕਰ ਸਥਿਤ ਉਨ੍ਹਾਂ ਦੇ ਦਫ਼ਤਰ ਵਿਖੇ ਇੱਕ ਵਿਸ਼ੇਸ਼ ਮੁਲਾਕਾਤ ਦੌਰਾਨ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਸੁਖਵਿੰਦਰ ਸਿੰਘ ਨੂੰ ਪ੍ਰਸ਼ਾਸਨਿਕ ਸ਼੍ਰੇਣੀ ਵਿੱਚ ਇਸ ਸਾਲ ਦਾ ਸਟੇਟ ਐਵਾਰਡ ਮਿਲਣ 'ਤੇ ਹਾਰਦਿਕ ਵਧਾਈ। ਇਸ ਮੌਕੇ ਸ੍ਰੀ ਰੌੜੀ ਨੇ ਉਨ੍ਹਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਵੀ ਕੀਤਾ।ਉਨ੍ਹਾਂ ਕਿਹਾ ਕਿ ਹੁਸ਼ਿਆਰਪੁਰ ਜ਼ਿਲ੍ਹੇ ਲਈ ਇਹ ਮਾਣ ਵਾਲੀ ਗੱਲ ਹੈ ਕਿ ਪਹਿਲੀ ਵਾਰ ਕਿਸੇ ਅਧਿਕਾਰੀ ਨੂੰ ਪ੍ਰਸ਼ਾਸਨਿਕ ਖੇਤਰ ਵਿੱਚ ਰਾਜ ਪੱਧਰ 'ਤੇ ਸਨਮਾਨਿਤ ਕੀਤਾ ਗਿਆ ਹੈ।ਇਹ ਪ੍ਰਾਪਤੀ ਨਾ ਕੇਵਲ ਸੁਖਵਿੰਦਰ ਸਿੰਘ ਦੀ ਨਿੱਜੀ ਮਿਹਨਤ ਅਤੇ ਲਗਨ ਦਾ ਨਤੀਜਾ ਹੈ, ਸਗੋਂ ਸਮੁੱਚੇ ਜ਼ਿਲ੍ਹੇ ਲਈ ਪ੍ਰੇਰਨਾ ਸਰੋਤ ਹੈ।ਡਿਪਟੀ ਸਪੀਕਰ ਨੇ ਕਿਹਾ ਕਿ ਅਜਿਹੇ ਐਵਾਰਡ ਨਾ ਸਿਰਫ਼ ਵਿਅਕਤੀਗਤ ਅਧਿਕਾਰੀ ਦੇ ਕੰਮ ਦੀ ਸ਼ਲਾਘਾ ਕਰਦੇ ਹਨ ਸਗੋਂ ਸਮੁੱਚੇ ਜ਼ਿਲ੍ਹੇ ਦੇ ਪ੍ਰਬੰਧਕੀ ਢਾਂਚੇ ਨੂੰ ਉਤਸ਼ਾਹਿਤ ਕਰਦੇ ਹਨ। ਸੁਖਵਿੰਦਰ ਸਿੰਘ ਨੇ ਆਪਣੇ ਕਾਰਜਕਾਲ ਦੌਰਾਨ ਸਿੱਖਿਆ ਦੇ ਖੇਤਰ ਵਿੱਚ ਪ੍ਰਸ਼ਾਸਨਿਕ ਸੁਧਾਰ ਲਿਆਉਣ ਵਿੱਚ ਅਹਿਮ ਯੋਗਦਾਨ ਪਾਇਆ ਹੈ, ਜਿਸ ਨੂੰ ਹੁਣ ਇਸ ਸਨਮਾਨ ਦੇ ਰੂਪ ਵਿੱਚ ਮਾਨਤਾ ਦਿੱਤੀ ਜਾ ਰਹੀ ਹੈ।ਇਸ ਮੌਕੇ ਗੁਰਦੇਵ ਸਿੰਘ ਬੀ.ਐਨ.ਓ., ਜਸਵੀਰ ਸਿੰਘ ਬੀ.ਐਨ.ਓ., ਪੀ.ਟੀ.ਆਈ. ਗੁਰਮੇਲ ਸਿੰਘ ਸਮੇਤ ਸਮੂਹ ਪਤਵੰਤਿਆਂ ਨੇ ਸੁਖਵਿੰਦਰ ਸਿੰਘ ਨੂੰ ਵਧਾਈ ਦਿੱਤੀ ਅਤੇ ਉਸਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ।

## ਗਿਲਜ਼ੀਆਂ ਦੀ ਅਗਵਾਈ 'ਚ ਸਰਕਾਰ ਖਿਲਾਫ ਲਾਇਆ ਧਰਨਾ



**ਟਾਂਡਾ ਉੜਮੁੜ, (ਕਾਜਲ, ਜਸਵਿੰਦਰ)**- ਸੂਬੇ ਵਿਚ ਮਾੜੀ ਕਾਨੂੰਨ ਵਿਵਸਥਾ ਦੇ ਖਿਲਾਫ ਕਾਂਗਰਸੀ ਕਾਰਕੁੰਨਾਂ ਨੇ ਡੀ ਐੱਸ ਪੀ ਦਫਤਰ ਟਾਂਡਾ ਦੇ ਸਾਹਮਣੇ ਧਰਨਾ ਪ੍ਰਦਰਸ਼ਨ ਕਰਦੇ ਹੋਏ ਪੰਜਾਬ ਦੀ 'ਆਪ' ਸਰਕਾਰ ਖਿਲਾਫ ਰੋਸ ਜਤਾਇਆ। ਸਾਬਕਾ ਕੈਬਨਿਟ ਮੰਤਰੀ ਪੰਜਾਬ ਸੰਗਤ ਸਿੰਘ ਗਿਲਜ਼ੀਆਂ ਦੀ ਅਗਵਾਈ 'ਚ ਦਿੱਤੇ ਇਸ ਰੋਸ ਧਰਨੇ ਦੌਰਾਨ ਵੱਡੀ ਗਿਣਤੀ ਵਿੱਚ ਵਰਕਰਾਂ ਅਤੇ ਪਿੰਡਾਂ ਦੇ ਸਰਪੰਚਾਂ ਪੰਚਾਂ ਨੇ ਭਾਗ ਲਿਆ।

ਇਸ ਮੌਕੇ ਸਾਬਕਾ ਮੰਤਰੀ ਗਿਲਜ਼ੀਆਂ ਦੇ ਨਾਲ ਨਾਲ ਵੱਖ ਵੱਖ ਬੁਲਾਰਿਆਂ ਜੋਗਿੰਦਰ ਸਿੰਘ ਗਿਲਜ਼ੀਆਂ, ਪ੍ਰਧਾਨ ਗੁਰਸੇਵਕ ਮਾਰਸ਼ਲ, ਹਰਭਜਨ ਸਿੰਘ ਢੱਟ, ਸਾਬਕਾ ਪ੍ਰਧਾਨ ਦੇਸ ਰਾਜ ਡੋਗਰਾ, ਹਰਜਿੰਦਰ ਪਾਲ ਸਿੰਘ ਨੰਗਲੀ, ਦਵਿੰਦਰਜੀਤ ਸਿੰਘ ਬੁੱਢੀਪਿੰਡ, ਕੈਪਟਨ ਗੁਰਬਖਸ਼ ਸਿੰਘ, ਰਵੀਸਨ, ਸਿਮਰਨ ਸੈਣੀ, ਨਿਰਮਲ ਸਿੰਘ ਚੌਹਾਨ, ਸੁਖਵਿੰਦਰ ਜੀਤ ਸਿੰਘ ਬੀਰਾ ਨੇ ਪੰਜਾਬ ਵਿਚ ਪੰਜਾਬ ਵਿਚ ਦਿਹਾੜੇ ਖੂਨ ਖਰਾਬਾ, ਲੁੱਟਾਂ ਖੋਹਾਂ ਅਤੇ ਫਰੌਤੀਆਂ ਦੇ ਲਈ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਜਿੰਮੇਵਾਰ ਦੱਸਿਆ।

ਇਸ ਮੌਕੇ ਕੈਪਟਨ ਬਹਾਦਰ ਸਿੰਘ, ਅਵਤਾਰ ਸਿੰਘ ਖੋਖਰ, ਰਾਕੇਸ਼ ਵੋਹਰਾ, ਪਿੰਕੀ ਡੱਫਰ, ਕਸ਼ਮੀਰ ਸਿੰਘ, ਸਰਪੰਚ ਵਿੱਕੀ, ਮਹਿੰਦਰ ਸਿੰਘ ਨਰੂੜ, ਹਰਜੋਤ ਕੌਰ ਅਰਗੋਵਾਲ, ਦਮਨ ਅੰਬਾਲਾ, ਪਵਨ ਸਲਾਰੀਆ, ਅਚਿੰਨ ਸ਼ਰਮਾ , ਕੁਲਜੀਤ ਸਿੰਘ, ਹਰਵਿੰਦਰ ਸਿੰਘ ਸਰਾਈ, ਜਰਨੈਲ ਜਾਜਾ, ਲਾਡੀ ਮਿਆਣੀ, ਕਰਮਜੀਤ ਸਿੰਘ, ਭੁੱਲਾ ਸਿੰਘ, ਰਾਕੇਸ਼ ਬਿੱਟੂ, ਗੁਰਵੀਰ ਰਿੱਕੂ, ਲੱਬਾ ਜਹੂਰਾ, ਵਿੱਕੀ ਪੰਡਤ, ਗੋਲਡੀ ਕਲਿਆਣਪੁਰ, ਹਰਮੇਸ਼ ਬਸੀ ਆਦਿ ਮੌਜੂਦ ਸਨ।

## ਡੀ ਐੱਸ ਪੀ ਦਫ਼ਤਰ 'ਤੇ ਧਰਨਾ ਅੱਜ



**ਸ਼ਾਹਕੋਟ (ਗਿਆਨ ਸੈਦਪੁਰੀ)** ਪੰਜਾਬ ਪ੍ਰਦੇਸ਼ ਕਾਂਗਰਸ ਦੇ ਦਿਸ਼ਾ ਨਿਰਦੇਸ਼ ਅਨੁਸਾਰ ਹਲਕਾ ਵਿਧਾਇਕ ਅਤੇ ਜ਼ਿਲ੍ਹਾ ਜਲੰਧਰ (ਦਿਹਾਤੀ) ਦੇ ਪ੍ਰਧਾਨ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਦੀ ਅਗਵਾਈ ਵਿੱਚ 19 ਸਤੰਬਰ ਦਿਨ ਵੀਰਵਾਰ ਨੂੰ ਸਵੇਰੇ 10 ਵਜੇ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਮੌਕੇ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਬੁਰੀ ਤਰ੍ਹਾਂ ਨਾ- ਕਾਮਯਾਬ ਹੋ ਚੁੱਕੀ ਹੈ। ਹਲਕੇ ਵਿੱਚ ਵੱਧ ਰਹੀਆਂ ਲੁੱਟਾਂ- ਖੋਹਾਂ, ਨਸ਼ਾਖੋਰੀ, ਚਿੱਟੇ ਨਾਲ ਹੋ ਰਹੀਆਂ ਮੌਤਾਂ ਅਤੇ ਡਰ ਦਾ ਮਾਹੌਲ ਦੇਖਦਿਆਂ ਹਲਕੇ ਦੇ ਲੋਕਾਂ ਦਾ ਵਿਦੇਸ਼ਾਂ ਵੱਲ ਪ੍ਰਵਾਸ ਨੂੰ ਦੇਖਦਿਆਂ ਡੀ. ਐਸ. ਪੀ. ਸ਼ਾਹਕੋਟ ਦੇ ਦਫ਼ਤਰ ਦਾ ਘਿਰਾਓ ਕੀਤਾ ਜਾਵੇਗਾ।

## ਸੰਦੀਪ ਕੌਰ ਬੈਸਟ ਟੀਚਰ ਐਵਾਰਡ ਨਾਲ ਸਨਮਾਨਤ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਚੀਫ਼ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਦੀ ਪੰਜਾਬੀ ਅਧਿਆਪਕਾ ਮੈਡਮ ਸੰਦੀਪ ਕੌਰ ਨੂੰ ਚੀਫ਼ ਖਾਲਸਾ ਦੀਵਾਨ ਵੱਲੋਂ ਅਧਿਆਪਕ ਦਿਵਸ ਦੇ ਸਬੰਧ ਵਿੱਚ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਕਰਵਾਏ ਸਮਾਗਮ ਵਿੱਚ ਬੈਸਟ ਟੀਚਰ ਐਵਾਰਡ ਦੇ ਨਾਲ ਸਨਮਾਨਿਤ ਕੀਤਾ ਗਿਆ।ਇਸੇ ਸਬੰਧ ਵਿੱਚ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਵਿੱਚ ਸਕੂਲ ਦੇ ਡਾਇਰੈਕਟਰ ਐਜੂਕੇਸ਼ਨ ਗੁਰਮਿੰਦਰ ਸਿੰਘ ਭੁੱਲਰ ਨੇ ਉਚੇਚੇ ਤੌਰ 'ਤੇ ਪਹੁੰਚ ਕੇ ਮੈਡਮ ਸੰਦੀਪ ਕੌਰ ਨੂੰ ਸਨਮਾਨਿਤ ਕੀਤਾ ਤੇ ਮੁਬਾਰਕਬਾਦ ਦਿੱਤੀ।ਉਹਨਾਂ ਕਿਹਾ ਕਿ ਮੈਡਮ ਸੰਦੀਪ ਕੌਰ ਇਸ ਸਕੂਲ ਦੇ ਵਿੱਚ ਪਿਛਲੇ ਲੰਬੇ ਸਮੇਂ ਤੋਂ ਇੱਕ ਮਿਹਨਤੀ ਅਤੇ ਇਮਾਨਦਾਰ ਅਧਿਆਪਕਾ ਵੱਜੋਂ ਸੇਵਾਵਾਂ ਨਿਭਾਅ ਰਹੇ ਹਨ।ਉਹਨਾਂ ਨੂੰ ਇਹ ਸਨਮਾਨ ਮਿਲਣਾ ਸਕੂਲ ਲਈ ਮਾਣ ਵਾਲੀ ਗੱਲ ਹੈ।ਸਕੂਲ ਦੇ ਸਮੂਹ ਸਟਾਫ ਵੱਲੋਂ ਵੀ ਮੈਡਮ ਸੰਦੀਪ ਕੌਰ ਨੂੰ ਮੁਬਾਰਕਬਾਦ ਦਿੱਤੀ ਗਈ।ਇਸ ਮੌਕੇ ਪ੍ਰਿੰਸੀਪਲ ਗੁਰਿੰਦਰ ਕੌਰ, ਰਿਟਾ. ਅਧਿਆਪਕਾ ਮੈਡਮ ਬਲਵੀਰ ਕੌਰ ਭੁੱਲਰ, ਨਿਸ਼ਾ ਗਰਗ, ਨਰਿੰਦਰ ਕੌਰ, ਕੰਵਲਜੀਤ ਕੌਰ, ਸ਼ਾਂਤੀ ਦੇਵੀ, ਸਤਿੰਦਰ ਕੌਰ,ਜਸਪ੍ਰੀਤ ਕੌਰ, ਸਪਨਾ ਰਾਣੀ, ਆਂਸ਼ੂ, ਰਜਿੰਦਰ ਕੌਰ, ਮਮਤਾ ਦੇਵੀ, ਰਵੀਇੰਦਰ ਕੌਰ, ਹਰਜੀਤ ਕੌਰ, ਬਲਦੀਪ ਕੌਰ, ਅਮਰਜੀਤ ਕੌਰ, ਮਨਜੀਤ ਕੌਰ, ਕਰਮਜੀਤ ਕੌਰ ਆਦਿ ਹਾਜ਼ਰ ਸੀ।

# ਸਰਬ ਨੌਜਵਾਨ ਸਭਾ ਨੇ ਕੱਢੀ ਸਵੱਛਤਾ ਰੈਲੀ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ, ਕਮਲ ਰਾਏ)** ਨਗਰ ਨਿਗਮ ਫਗਵਾੜਾ ਵੱਲੋਂ ਨਿਗਮ ਕਮਿਸ਼ਨਰ ਅਨੁਪਮ ਕਲੇਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਵੱਛ ਭਾਰਤ ਮਿਸ਼ਨ ਤਹਿਤ ਅੱਜ ਤੋਂ ਸ਼ੁਰੂ ਕੀਤੇ ਗਏ ਸਵੱਛਤਾ ਹੀ ਸੇਵਾ ਪੰਦਰਵਾੜਾ ਪ੍ਰੋਗਰਾਮ 'ਚ ਸਹਿਯੋਗ ਦਿੰਦੇ ਹੋਏ ਸਰਬ ਨੌਜਵਾਨ ਸਭਾ ਰਜਿ. ਫਗਵਾੜਾ ਵੱਲੋਂ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਅਗਵਾਈ ਅਤੇ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦੇ ਸਹਿਯੋਗ ਨਾਲ ਮਾਡਲ ਟਾਊਨ ਇਲਾਕੇ ਵਿੱਚ ਸਵੱਛਤਾ ਰੈਲੀ ਕੱਢੀ ਗਈ।ਇਸ ਰੈਲੀ ਨੂੰ ਨਗਰ ਨਿਗਮ ਫਗਵਾੜਾ ਦੇ ਜੁਆਇੰਟ ਕਮਿਸ਼ਨਰ ਕੁਲਪ੍ਰੀਤ ਸਿੰਘ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਸਕੂਲੀ ਵਿਦਿਆਰਥੀਆਂ ਨੇ ਹੱਥਾਂ ਵਿੱਚ ਵੱਖ-ਵੱਖ ਸਲੋਗਨਾਂ ਵਾਲੀਆਂ ਤਖ਼ਤੀਆਂ ਫੜ ਕੇ ਸ਼ਹਿਰ ਵਾਸੀਆਂ ਨੂੰ ਗਿੱਲਾ ਅਤੇ ਸੁੱਕਾ ਕੂੜਾ ਵੱਖ-ਵੱਖ ਇਕੱਠਾ ਕਰਨ, ਗਲੀਆਂ, ਨਾਲੀਆਂ, ਸੜਕਾਂ ਜਾਂ ਜਨਤਕ ਥਾਵਾਂ 'ਤੇ ਕਿਸੇ ਵੀ ਕਿਸਮ ਦਾ ਕੂੜਾ ਨਾ ਸੁੱਟਣ ਅਤੇ ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ ਤੋਂ ਪਰਹੇਜ਼, ਕਚਰੇ ਨੂੰ ਨਾ ਸਾੜਨ ਪ੍ਰਤੀ ਜਾਗਰੂਕ ਕੀਤਾ।ਜੁਆਇੰਟ ਕਮਿਸ਼ਨਰ ਕੁਲਪ੍ਰੀਤ ਸਿੰਘ ਨੇ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪੱਧਰ 'ਤੇ ਦੋ ਡਸਟਬਿਨ ਆਪਣੇ ਘਰਾਂ ਦੇ ਅੰਦਰ ਰੱਖਣ।ਜਿਸ ਵਿੱਚ ਗਿੱਲਾ ਅਤੇ ਸੁੱਕਾ ਕੂੜਾ ਵੱਖਰਾ ਜਮ੍ਹਾ ਕਰਕੇ ਕਰਕੇ ਕੂੜਾ ਚੁੱਕਣ ਵਾਲੇ ਨਿਗਮ ਕਰਮਚਾਰੀਆਂ ਦੇ ਸਪੁਰਦ ਕਰਨ। ਉਨ੍ਹਾਂ ਦੱਸਿਆ ਕਿ ਨਗਰ ਨਿਗਮ ਵੱਲੋਂ ਇਹ ਜਾਗਰੂਕਤਾ ਪ੍ਰੋਗਰਾਮ 2 ਅਕਤੂਬਰ ਗਾਂਧੀ ਜਯੰਤੀ ਤੱਕ ਜਾਰੀ ਰਹੇਗਾ। ਜਿਸ ਤਹਿਤ ਸਕੂਲਾਂ ਅਤੇ ਕਾਲਜਾਂ ਵਿੱਚ ਵਿਦਿਆਰਥੀਆਂ ਨੂੰ ਸਫਾਈ ਪ੍ਰਤੀ ਜਾਗਰੂਕ ਕੀਤਾ ਜਾਵੇਗਾ। ਜਾਗਰੂਕਤਾ ਰੈਲੀ ਦੀ ਸਮਾਪਤੀ ਸਮੇਂ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਨਗਰ ਨਿਗਮ ਫਗਵਾੜਾ ਅਤੇ ਖ਼ਾਲਸਾ ਸੀਨੀਅਰ ਸੈਕੰਡਰੀ ਸਕੂਲ ਦੇ ਸਟਾਫ਼ ਅਤੇ ਵਿਦਿਆਰਥੀਆਂ ਵੱਲੋਂ ਦਿੱਤੇ ਸਹਿਯੋਗ ਲਈ ਧੰਨਵਾਦ ਕੀਤਾ।ਇਸ ਮੌਕੇ ਅਜੈ ਕੁਮਾਰ ਸੀ.ਐਸ.ਆਈ., ਹਿਤੇਸ਼ ਸ਼ਰਮਾ ਐਸ.ਆਈ, ਜਤਿੰਦਰ ਵਿੱਜ, ਨਾਮਦੇਵ, ਐਮ.ਆਈ.ਐਸ. ਮਾਹਿਰ ਸੰਨੀ ਗੁਪਤਾ, ਆਈ.ਈ.ਸੀ. ਤੇ ਸੀ.ਬੀ. ਮਾਹਿਰ ਪੂਜਾ, ਕਮਿਊਨਿਟੀ ਫੈਸੀਲੀਟੇਟਰ ਸੁਨੀਤਾ ਅਤੇ ਆਸ਼ਾ ਤੋਂ ਇਲਾਵਾ ਖ਼ਾਲਸਾ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਸੀਮਾ ਸ਼ਰਮਾ, ਸਰਬ ਨੌਜਵਾਨ ਸਭਾ ਦੇ ਜਨਰਲ ਸਕੱਤਰ ਡਾ. ਵਿਜੇ ਕੁਮਾਰ ਅਤੇ ਮੈਂਬਰ ਨਰਿੰਦਰ ਸਿੰਘ ਸੈਣੀ, ਗੁਰਦੀਪ ਸਿੰਘ ਤੁਲੀ, ਪ੍ਰਿਤਪਾਲ ਕੌਰ ਤੁਲੀ, ਆਰ.ਪੀ. ਸ਼ਰਮਾ, ਰਮਨ ਨਹਿਰਾ, ਜਗਜੀਤ ਸੇਠ, ਅਮਰਿੰਦਰ ਸਿੰਘ, ਜੀਤ ਰਾਮ ਆਦਿ ਹਾਜ਼ਰ ਸਨ।

## ਨਸ਼ਾ ਜਾਗਰੂਕਤਾ ਰੈਲੀ ਕੀਤੀ

**ਜਲੰਧਰ (ਇਕਬਾਲ ਸਿੰਘ ਉਭੀ)** ਸੇਂਟ ਸੋਲਜਰ ਕਾਲਜ (ਕੋ - ਐਡ), ਦੇ ਐਨ ਐਸ ਐਸ ਯੂਨਿਟ ਅਤੇ ਰੈੱਡ ਰਿਬਨ ਕਲੱਬ ਵੱਲੋਂ ਨਸ਼ਿਆਂ ਸੰਬੰਧੀ ਜਾਗਰੂਕਤਾ ਰੈਲੀ ਕੱਢੀ ਗਈ। ਇਸ ਦਾ ਮੁੱਖ ਕਾਰਨ ਨੌਜਵਾਨ ਵਰਗ 'ਚ ਨਸ਼ਿਆਂ ਸੰਬੰਧੀ ਜਾਗਰੂਕਤਾ ਪੈਦਾ ਕਰਨ ਲਈ ਨਾਅਰੇ ਲਿਖੇ ਗਏ, ਜਿਵੇਂ 'ਸੇਵ ਲਾਈਫ, ਨੋ ਡਰੱਗਜ਼' ਆਦਿ। ਇਹ ਰੈਲੀ ਕਾਲਜ ਡਾਇਰੈਕਟਰ ਡਾ: ਵੀਨਾ ਦਾਦਾ ਦੀ ਅਗਵਾਈ ਹੇਠ ਕੱਢੀ ਗਈ। ਇਹ ਰੈਲੀ ਕਾਲਜ ਕੈਂਪਸ 'ਚ ਕੀਤੀ ਗਈ, ਜਿਸ ਨੂੰ ਸੰਬੋਧਨ ਕਰਦਿਆਂ ਵਿਦਿਆਰਥੀਆਂ ਨੂੰ ਕਾਲਜ ਡਾਇਰੈਕਟਰ ਨੇ ਕਿਹਾ ਕਿ ਸਾਨੂੰ ਮਾੜੀਆਂ ਗੱਲਾਂ ਤੋਂ ਦੂਰ ਰਹਿਣਾ ਚਾਹੀਦਾ ਹੈ ਅਤੇ ਸਾਨੂੰ ਸਾਡੇ ਸਮਾਜ ਦੀ ਸੋਚ ਨੂੰ ਉੱਚਾ ਚੁੱਕਣਾ ਚਾਹੀਦਾ ਹੈ ਤਾਕਿ ਸਾਡੇ ਆਲੇ ਦੁਆਲੇ ਦੇ ਲੋਕਾਂ 'ਚ ਨਸ਼ਿਆ ਬਾਰੇ ਜਾਗਰੂਕਤਾ ਫੈਲੇ। ਕਾਲਜ ਪ੍ਰਿੰਸੀਪਲ ਸਮੇਤ ਕਾਲਜ ਸਟਾਫ ਇਸ ਰੈਲੀ 'ਚ ਹਾਜ਼ਰ ਸਨ। ਗਰੁੱਪ ਦੇ ਚੇਅਰਮੈਨ ਅਨਿਲ ਚੋਪੜਾ ਨੇ ਕਾਲਜ ਦੇ ਇਸ ਉਪਰਾਲੇ 'ਤੇ ਕਾਲਜ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ ਅਤੇ ਓਹਨਾਂ ਨੂੰ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ।



## ਐੱਸ ਟੀ ਐੱਸ ਵਰਲਡ ਸਕੂਲ ਵਿਖੇ ਹਿੰਦੀ ਦਿਵਸ ਮਨਾਇਆ



**ਗੁਰਾਇਆ (ਬਿੰਦਰ ਸੁਮਨ)** ਐੱਸ ਟੀ ਐੱਸ ਵਰਲਡ ਸਕੂਲ 'ਚ ਹਿੰਦੀ ਦਿਵਸ ਮੌਕੇ ਵਿਸ਼ੇਸ਼ ਪ੍ਰਾਰਥਨਾ ਸਭਾ ਕਰਵਾਈ ਗਈ, ਜਿਸ 'ਚ ਸਕੂਲ ਦੀਆਂ ਵੱਖ-ਵੱਖ ਜਮਾਤਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਸ ਸਭਾ ਵਿਚ ਮੰਚ ਦਾ ਸੰਚਾਲਨ ਅੰਮ੍ਰਿਤਲੀਨ ਅਤੇ ਅਮਨ ਜੌਹਲ ਨੇ ਕੀਤਾ। ਅੱਜ ਦਾ ਵਿਚਾਰ ਰੁਹਾਨੀ ਕਾਲਰਾ ਦੁਆਰਾ ਪਏ ਕੀਤਾ ਗਿਆ। ਮੁੱਖ ਖਬਰਾਂ ਸਿਮਰਪ੍ਰੀਤ ਕੌਰ ਨੇ ਪੜ੍ਹੀਆ। ਏਕਮਜੋਤ ਕੌਰ, ਹਰਸਿਮਰਨਜੋਤ ਅਤੇ ਸੀਰਤ ਨੇ ਹਿੰਦੀ ਦਿਵਸ 'ਤੇ ਕਵਿਤਾਵਾਂ ਸੁਣਾ ਕੇ ਸਰੋਤਿਆਂ ਨੂੰ ਮੰਤਰਮੁਗਧ ਕੀਤਾ। ਅਰਨਵ ਹੀਰਾ ਅਤੇ ਅੰਕਿਤਾ ਸ਼ਰਮਾ ਨੇ ਹਿੰਦੀ ਦਿਵਸ 'ਤੇ ਵਿਸ਼ੇਸ਼ ਭਾਸ਼ਣ ਦਿੱਤਾ। ਅਵਨੀਤ ਨੇ ਹਿੰਦੀ ਪ੍ਰਸ਼ਨਾਵਲੀ ਪੁੱਛ ਕੇ ਸਭ ਦੇ ਗਿਆਨ 'ਚ ਵਾਧਾ ਕੀਤਾ। ਸਭਾ ਦੇ ਅੰਤ ਵਿੱਚ ਸੱਤਵੀਂ ਅਤੇ ਨੌਵੀਂ ਜਮਾਤ ਦੇ ਵਿਦਿਆਰਥੀਆਂ ਨੇ ਡਾਂਸ ਪੇਸ਼ ਕੀਤਾ। ਸਕੂਲ ਪ੍ਰਿੰਸੀਪਲ ਸ੍ਰੀਮਤੀ ਪ੍ਰਭਜੋਤ ਗਿੱਲ ਨੇ ਵਿਦਿਆਰਥੀਆਂ ਨੂੰ ਹਿੰਦੀ ਦਿਵਸ ਦੀ ਮਹੱਤਤਾ ਬਾਰੇ ਦੱਸਿਆ। ਅੰਤ ਵਿੱਚ ਉਨ੍ਹਾਂ ਹਿੰਦੀ ਵਿਭਾਗ ਦੇ ਮੁਖੀ ਅਮਨ ਕੁਮਾਰ ਅਤੇ ਹਿੰਦੀ ਵਿਭਾਗ ਦੇ ਸਮੂਹ ਅਧਿਆਪਕਾਂ ਗਰੀਨਾ ਛਾਬੜਾ, ਅਨੁਰਾਧਾ, ਨੀਸੂ ਜੋਸ਼ੀ, ਸਿੰਮੀ ਕਾਲੜਾ ਅਤੇ ਰਜਨੀ ਸਿੱਧੂ ਦੇ ਸ਼ਲਾਘਾਯੋਗ ਕੰਮ ਦੀ ਸਲਾਘਾ ਵੀ ਕੀਤੀ।

# ਯੇਚੁਰੀ ਨਮਿਤ ਸ਼ੋਕ ਸਮਾਗਮ 28 ਨੂੰ ਦਿੱਲੀ ਵਿਖੇ

**ਨਵਾਂਸ਼ਹਿਰ/ਬੰਗਾ (ਕੁਲਵਿੰਦਰ ਸਿੰਘ ਦੁਰਗਾਪੁਰੀਆ, ਅਵਤਾਰ ਕਲੇਰ)**-)ਸੀ ਪੀ ਆਈ (ਐਮ) ਦੇ ਜਨਰਲ ਸਕੱਤਰ ਕਾਮਰੇਡ ਸੀਤਾਰਾਮ ਯੇਚੁਰੀ ਦਾ ਸ਼ੋਕ ਸਮਾਗਮ 28 ਸਤੰਬਰ, ਦਿਨ ਸ਼ਨੀਵਾਰ ਨੂੰ ਨਵੀ ਦਿੱਲੀ ਵਿਖੇ ਹੋਵੇਗਾ।ਸੀ ਪੀ ਆਈ (ਐਮ) ਦੇ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਨੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਹਾਨ ਕਮਿਊਨਿਸਟ ਆਗੂ ਕਾਮਰੇਡ ਸੀਤਾਰਾਮ ਯੇਚੁਰੀ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਨਵੀਂ ਦਿੱਲੀ ਦੇ ਤਾਲਕਟੋਰਾ ਸਟੇਡੀਅਮ ਵਿਖੇ 28 ਸਤੰਬਰ ਨੂੰ ਸ਼ੋਕ ਸਮਾਗਮ ਕਰਵਾਇਆ ਜਾ ਰਿਹਾ ਹੈ।ਇਹ ਸਮਾਗਮ ਦੁਪਹਿਰ 3 ਤੋਂ ਸ਼ਾਮ 6 ਵਜੇ ਤੱਕ ਹੋਵੇਗਾ। ਕਾਮਰੇਡ ਸੇਖੋਂ ਨੇ ਕਿਹਾ ਕਾਮਰੇਡ ਯੇਚੁਰੀ ਦੇ ਸ਼ੋਕ ਸਮਾਗਮ ਵਿੱਚ ਪੰਜਾਬ ਤੋਂ ਵੱਡੀ ਗਿਣਤੀ ਵਿੱਚ ਸਾਥੀ ਸ਼ਮੂਲੀਅਤ ਕਰਨਗੇ।ਪਾਰਟੀ ਦੀਆਂ ਜ਼ਿਲ੍ਹਾ ਕਮੇਟੀਆਂ ਦੀ ਇਸ ਸੰਬੰਧੀ ਡਿਊਟੀ ਲਗਾਈ ਗਈ ਹੈ।ਉਨ੍ਹਾਂ ਕਿਹਾ ਕਿ ਸੰਬਧਤ ਸਾਥੀ ਸਮਾਗਮ ਵਿੱਚ ਪਹੁੰਚਣ 'ਤੇ ਵਾਪਸੀ ਦਾ ਆਪੋ-ਆਪਣੇ ਪੱਧਰ 'ਤੇ ਇੰਤਜ਼ਾਮ ਕਰਨਗੇ।

# ਸ੍ਰੀ ਹਨੂਮਤ ਤੇ ਸ਼੍ਰੀਮਾਨ ਸੁਪਰ ਸਪੈਸ਼ਲਿਟੀ ਹਸਪਤਾਲ ਨੇ ਸਹਿਮਤੀ ਪੱਤਰ 'ਤੇ ਕੀਤੇ ਦਸਤਖਤ



**ਗੁਰਾਇਆ (ਬਿੰਦਰ ਸੁਮਨ)** ਸ੍ਰੀ ਹਨੂਮਤ ਆਈ.ਐਮ.ਟੀ. ਕਾਲਜ ਅਤੇ ਸ਼੍ਰੀਮਾਨ ਸੁਪਰ ਸਪੈਸ਼ਲਿਟੀ ਹਸਪਤਾਲ ਵਲੋਂ ਇੱਕ ਇਤਿਹਾਸਕ ਸਮਝੌਤਾ (ਐਮ.ਓ.ਯੂ) 'ਤੇ ਹਸਤਾਖਰ ਕੀਤੇ ਗਏ ਹਨ। ਜਿਸਦਾ ਮਨੋਰਥ ਸਿਹਤ ਸੰਭਾਲ ਵਿੱਚ ਅਕਾਦਮਿਕ ਅਤੇ ਖੋਜ ਉੱਤਮਤਾ ਨੂੰ ਉਤਸ਼ਾਹਿਤ ਕਰਨ ਦੇ ਨਾਲ-ਨਾਲ ਸ੍ਰੀ ਹਨੂਮਤ ਆਈ.ਐਮ.ਟੀ. ਕਾਲਜ ਦੇ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਨੂੰ ਸ਼੍ਰੀਮਾਨ ਸੁਪਰ ਸਪੈਸ਼ਲਿਟੀ ਹਸਪਤਾਲ ਵਿੱਚ ਅਤਿ-ਆਧੁਨਿਕ ਮੈਡੀਕਲ ਸਹੂਲਤਾਂ ਅਤੇ ਮੁਹਾਰਤ ਤੱਕ ਪਹੁੰਚ ਪ੍ਰਦਾਨ ਕਰਨਾ ਹੈ। ਇਹ ਜਾਣਕਾਰੀ ਕਾਲਜ ਦੀ ਡਾਇਰੈਕਟਰ ਡਾ: ਸ਼ੈਲੀ ਰੇਖੀ ਸ਼ਰਮਾ ਨੇ ਅੱਜ ਇੱਥੇ ਗੱਲਬਾਤ ਕਰਦਿਆਂ ਦਿੱਤੀ। ਉਨ੍ਹਾਂ ਦੱਸਿਆ ਕਿ ਐਮ.ਓ.ਯੂ. ਉਪਰ ਸੁਪਰ ਸਪੈਸ਼ਲਿਟੀ ਹਸਪਤਾਲ ਦੇ ਸੀ.ਈ.ਓ. ਡਾ: ਅਜੇ ਮਰਵਾਹਾ ਨੇ ਅਤੇ ਸ੍ਰੀ ਹਨੂਮਤ ਆਈ.ਐਮ.ਟੀ.ਕਾਲਜ ਵਲੋਂ ਖ਼ੁਦ ਉਹਨਾਂ ਨੇ ਦਸਤਖਤ ਕੀਤੇ।ਡਾ: ਸ਼ੈਲੀ ਰੇਖੀ ਸ਼ਰਮਾ ਨੇ ਕਿਹਾ ਕਿ ਇਹ ਐਮ.ਓ.ਯੂ. ਇੰਸਟੀਚਿਊਟ ਦੇ ਵਿਦਿਆਰਥੀਆਂ ਨੂੰ ਪ੍ਰੈਕਟੀਕਲ ਤਜਰਬਾ ਹਾਸਲ ਕਰਨ ਦੇ ਨਾਲ-ਨਾਲ ਆਧੁਨਿਕ ਮੈਡੀਕਲ ਤਕਨਾਲੋਜੀਆਂ ਬਾਰੇ ਹੁਨਰ ਅਤੇ ਗਿਆਨ ਨੂੰ ਵਧਾਉਣ ਵਿਚ ਸਹਾਇਤਾ ਕਰੇਗਾ। ਸ਼੍ਰੀਮਾਨ ਸੁਪਰ ਸਪੈਸ਼ਲਿਟੀ ਹਸਪਤਾਲ ਦੇ ਸੀ.ਈ.ਓ. ਡਾ: ਅਜੈ ਮਰਵਾਹਾ ਨੇ ਕਿਹਾ ਕਿ ਉਹ ਸ੍ਰੀ ਹਨੂਮਤ ਆਈ.ਐਮ.ਟੀ. ਕਾਲਜ ਦੇ ਅਕਾਦਮਿਕ ਅਤੇ ਖੋਜ ਯਤਨਾਂ ਦਾ ਸਮਰਥਨ ਕਰਨ ਅਤੇ ਹੁਨਰਮੰਦ ਸਿਹਤ ਸੰਭਾਲ ਪੇਸ਼ੇਵਰਾਂ ਦੇ ਵਿਕਾਸ ਵਿੱਚ ਯੋਗਦਾਨ ਪਾਉਣ ਲਈ ਵਚਨਬੱਧ ਹਨ। ਉਨ੍ਹਾਂ ਦੱਸਿਆ ਕਿ ਇਸ ਸਹਿਮਤੀ ਪੱਤਰ ਵਿੱਚ ਵਿਦਿਆਰਥੀਆਂ ਲਈ ਕਲੀਨਿਕਲ ਸਿਖਲਾਈ ਅਤੇ ਇੰਟਰਨਸ਼ਿਪ, ਸਾਂਝੇ ਖੋਜ ਪ੍ਰੋਜੈਕਟ ਅਤੇ ਪ੍ਰਕਾਸ਼ਨ, ਫੈਕਲਟੀ ਐਕਸਚੇਂਜ ਪ੍ਰੋਗਰਾਮ, ਸਿਹਤ ਸੰਭਾਲ ਵਰਕਸ਼ਾਪਾਂ ਅਤੇ ਸੈਮੀਨਾਰ ਆਦਿ ਸਮੇਤ ਸਹਿਯੋਗ ਦੇ ਵੱਖ-ਵੱਖ ਖੇਤਰਾਂ ਨੂੰ ਸ਼ਾਮਲ ਕੀਤਾ ਗਿਆ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਇਹ ਰਣਨੀਤਕ ਭਾਈਵਾਲੀ ਸਿਹਤ ਸੰਭਾਲ, ਸਿੱਖਿਆ ਅਤੇ ਖੋਜ ਨੂੰ ਅੱਗੇ ਵਧਾਉਣ ਵਿੱਚ ਦੋਵਾਂ ਸੰਸਥਾਵਾਂ ਨੂੰ ਲਾਭ ਦੇਵੇਗੀ। ਇਸ ਦੌਰਾਨ ਦੋਵਾਂ ਸੰਸਥਾਵਾਂ ਦੇ ਪਤਵੰਤੇ ਅਤੇ ਫੈਕਲਟੀ ਮੈਂਬਰ ਵੀ ਹਾਜ਼ਰ ਸਨ।

# ਚੇਤਨ ਸਿੰਘ ਜੌੜਾਮਾਜਰਾ ਨੇ ਭਾਖੜਾ ਡੈਮ ਨੰਗਲ ਦਾ ਕੀਤਾ ਦੌਰਾ



**ਭਲਾਣ (ਹਰਭਜਨ ਢਿੱਲੋਂ)** ਪੰਜਾਬ ਦੇ ਜਲ ਸਰੋਤ, ਖਣਨ ਤੇ ਭੂ-ਵਿਗਿਆਨ, ਜਲ ਤੇ ਭੂਮੀ ਰੱਖਿਆ, ਸੂਚਨਾ ਤੇ ਲੋਕ ਸੰਪਰਕ, ਬਾਗਬਾਨੀ, ਸੁਤੰਤਰਤਾ ਸੰਗਰਾਮੀ ਅਤੇ ਰੱਖਿਆ ਸੇਵਾਵਾਂ ਭਲਾਈ ਵਿਭਾਗਾਂ ਦੇ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਭਾਖੜਾ ਡੈਮ ਨੰਗਲ ਦਾ ਦੌਰਾ ਕੀਤਾ।ਜਲ ਸਰੋਤ ਮੰਤਰੀ ਜੌੜਾਮਾਜਰਾ ਨੇ ਇਸ ਦੌਰਾਨ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਇਸ ਗੱਲ ਉਪਰ ਜ਼ੋਰ ਦਿੱਤਾ ਜਾ ਰਿਹਾ ਹੈ ਕਿ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਪੀਣ ਲਈ, ਸਿੰਜਾਈ ਲਈ ਤੇ ਇੰਡਸਟਰੀ ਲਈ ਵੱਧ ਤੋਂ ਵੱਧ ਨਹਿਰੀ ਪਾਣੀ ਦੀ ਵਰਤੋਂ ਕੀਤੀ ਜਾਵੇ।

ਚੇਤਨ ਸਿੰਘ ਜੌੜਾਮਾਜਰਾ ਨੇ ਇਸ ਮੌਕੇ ਭਾਖੜਾ ਨੰਗਲ ਡੈਮ ਦਾ ਦੌਰਾ ਕਰਕੇ ਇਸਦੇ ਰੱਖ-ਰਖਾਓ ਅਤੇ ਪਾਣੀ ਦੇ ਪੱਧਰ ਦਾ ਜਾਇਜ਼ਾ ਲਿਆ।ਉਨ੍ਹਾਂ ਨੇ ਅਧਿਕਾਰੀਆਂ ਨਾਲ ਬੈਠਕ ਕੀਤੀ ਅਤੇ ਲੋੜੀਂਦੇ ਦਿਸ਼ਾ ਨਿਰਦੇਸ਼ ਜਾਰੀ ਕੀਤੇ। ਇਸ ਮੌਕੇ ਮੀਡੀਆ ਨਾਲ ਗ਼ੈਰਰਸਮੀ ਗੱਲਬਾਤ ਕਰਦਿਆਂ ਜੌੜਾਮਾਜਰਾ ਨੇ ਦੱਸਿਆ ਕਿ ਸੂਬੇ ਵਿੱਚ ਨਹਿਰੀ ਪਾਣੀ ਦੀ ਉਚਿਤ ਵਰਤੋਂ ਲਈ ਹਰੇਕ ਪ੍ਰਬੰਧ ਕੀਤਾ ਜਾ ਰਿਹਾ ਹੈ ਅਤੇ ਜਿੱਥੇ ਕਿਤੇ ਲੋੜ ਹੈ ਉਥੇ ਨਹਿਰਾਂ ਦੀ ਮੁਰੰਮਤ ਵੀ ਸਮੇਂ-ਸਮੇਂ ਉਪਰ ਕੀਤੀ ਜਾਂਦੀ ਹੈ।ਇਸ ਉਪਰੰਤ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਭਾਖੜਾ ਡੈਮ ਦਾ ਦੌਰਾ ਕੀਤਾ, ਉਨ੍ਹਾਂ ਨੇ ਬਿਜਲੀ ਉਤਪਾਦਨ, ਪਾਵਰ ਜਨਰੇਸ਼ਨ ਅਤੇ ਅਤਿ ਆਧੁਨਿਕ ਮਿਊਜ਼ਿਅਮ ਦਾ ਦੌਰਾ ਕੀਤਾ ਤੇ ਅਧਿਕਾਰੀਆਂ ਤੋਂ ਡੈਮ ਦੀ ਸਮੁੱਚੀ ਪ੍ਰਕਿਰਿਆ ਬਾਰੇ ਜਾਣਕਾਰੀ ਹਾਸਲ ਕੀਤੀ।

# ਚਿੱਟੇ ਖਿਲਾਫ ਧਰਨੇ 'ਚ ਸੈਂਕੜੇ ਬਸਪਾ ਵਰਕਰਾਂ ਨੇ ਕੀਤੀ ਸ਼ਮੂਲੀਅਤ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)** ਬਹੁਜਨ ਸਮਾਜ ਪਾਰਟੀ ਵੱਲੋਂ ਬਸਪਾ ਆਗੂ ਦਿਨੇਸ਼ ਪੱਪੂ, ਐਡਵੋਕੇਟ ਪਲਵਿੰਦਰ ਮਾਨਾ, ਡਾ. ਰਤਨ ਚੰਦ ਦੀ ਅਗਵਾਈ ਹੇਠ ਚਿੱਟੇ ਖਿਲਾਫ਼ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਦੇ ਦਫਤਰ ਬਾਹਰ ਲਗਾਏ ਰੋਸ ਧਰਨੇ ਵਿੱਚ ਤੀਜੇ ਦਿਨ ਸੈਂਕੜੇ ਵਰਕਰਾਂ ਨੇ ਸ਼ਮੂਲੀਅਤ ਕੀਤੀ ਜਿਸ ਵਿਚ ਵੱਡੀ ਪੱਧਰ 'ਤੇ ਲੇਡੀਜ਼ ਵਿੰਗ ਵੀ ਹਾਜ਼ਰ ਸੀ ਅਤੇ ਪੰਜਾਬ ਸਰਕਾਰ ਖਿਲਾਫ ਡੱਟ ਕੇ ਨਾਅਰੇਬਾਜ਼ੀ ਕੀਤੀ।ਧਰਨੇ 'ਚ ਵਿਸ਼ੇਸ਼ ਤੌਰ 'ਤੇ ਪਹੁੰਚੇ ਐਡਵੋਕੇਟ ਰਣਜੀਤ ਕੁਮਾਰ ਇੰਚਾਰਜ ਲੋਕ ਸਭਾ ਬਸਪਾ ਹੁਸ਼ਿਆਰਪੁਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਰੁਜ਼ਗਾਰ ਪੈਦਾ ਕਰਨ, ਮੁਫਤ ਇਲਾਜ ਦੀ ਸਹੂਲਤ ਦੇਣ, ਭ੍ਰਿਸ਼ਟਾਚਾਰ, ਲੁੱਟਾਂ ਖੋਹਾਂ 'ਤੇ ਕਾਬੂ ਪਾਉਣ 'ਚ ਪੰਜਾਬ ਸਰਕਾਰ ਫੇਲ੍ਹ ਰਹੀ ਹੈ।ਪੰਜਾਬ ਅੰਦਰ ਰੋਜ਼ਾਨਾ ਚਿੱਟੇ ਨਾਲ ਮਰਨ ਵਾਲਿਆਂ ਦੀ ਗਿਣਤੀ ਵਧਣ ਕਾਰਨ ਹਾਹਾਕਾਰ ਮਚੀ ਹੋਈ ਹੈ ਪਰ ਨਸ਼ਿਆਂ ਨੂੰ ਤਿੰਨ ਮਹੀਨੇ ਅੰਦਰ ਖਤਮ ਕਰਨ ਦਾ ਚੋਣਾਂ ਵਿੱਚ ਵਾਅਦਾ ਕਰਕੇ ਬਣੀ ਸਰਕਾਰ ਸੁੱਤੀ ਪਈ ਹੈ। ਐਡਵੋਕੇਟ ਰਣਜੀਤ ਕੁਮਾਰ ਨੇ ਕਿਹਾ ਪੰਜਾਬ ਸਰਕਾਰ ਭ੍ਰਿਸ਼ਟਾਚਾਰ ਖਤਮ ਕਰਨ, ਨਜਾਇਜ ਮਾਈਨਿੰਗ ਰੋਕਣ, ਗਰੀਬ ਬੱਚਿਆਂ ਨੂੰ ਰੁਜ਼ਗਾਰ ਦੇਣ ਅਤੇ ਨਸ਼ਿਆਂ ਨੂੰ ਰੋਕਣ ਵਿੱਚ ਬੁਰੀ ਤਰ੍ਹਾਂ ਫੇਲ੍ਹ ਹੋਈ ਹੈ।ਉਨ੍ਹਾਂ ਕਿਹਾ ਕੁੰਭਕਰਨੀ ਨੀਂਦ ਸੁੱਤੀ ਸਰਕਾਰ ਨੂੰ ਜਗਾਉਣ ਲਈ ਨਸ਼ਿਆਂ ਅਤੇ ਭ੍ਰਿਸ਼ਟਾਚਾਰ ਖਿਲਾਫ ਬਸਪਾ ਦਾ ਇਹ ਧਰਨਾ ਅਣਮਿੱਥੇ ਸਮੇਂ ਤੱਕ ਜਾਰੀ ਰਹੇਗਾ।ਇਸ ਮੌਕੇ ਮਨਿੰਦਰ ਸ਼ੇਰਪੁਰੀ, ਸੁਖਦੇਵ ਬਿਟਾ, ਰਕੇਸ਼ ਕਿਟੀ, ਰਕੇਸ਼ ਭੂਨੋ, ਜਸੀ ਖਾਨਪੁਰ, ਹਰਕਿਸ਼ਨ ਬੰਗਾ, ਰੂਪਾ ਬੰਗਾ, ਰਵੀ ਬੰਬੇਲੀ, ਚਰਣੀ ਬਾਹੋਵਾਲ, ਰਾਜਨ ਭੂਨੋ, ਪ੍ਰਸ਼ੋਤਮ ਸਿੰਘ, ਆਤਮਾ ਸਿੰਘ, ਸੰਤੋਖ ਸਿੰਘ ਮਾਨਾ, ਬਲਵੰਤ ਨੀਤ ਪੁਰ, ਹਰਨਾਮ ਬਹਿਲ ਪੁਰੀ, ਗੁਰਮੁੱਖ ਸਿੰਘ ਪੰਡੋਰੀ,ਸਤਨਾਮ ਸਿੰਘ ਲਾਲ ਪੁਰ, ਨਰਿੰਦਰ ਕੁਮਾਰ ਬਸੀ ਬਲੋਂ,ਜਸ਼ਪਾਲ ਸਿੰਘ ਮੱਛਰੀਵਾਲ,ਰਕੇਸ਼ ਕੁਮਾਰ ਸੇਖੂ ਪੁਰ, ਜੈ ਪਾਲ ਮੱਛਰੀਵਾਲ , ਸੋਮ ਨਾਥ ਪਜੋ ਦਿੱਤਾ, ਰੇਨੂੰ ਲੱਧੜ ਜਿਲਾ ਕਨਵੀਨਰ ਲੇਡੀਜ਼ ਵਿੰਗ, ਮਹਿੰਦਰ ਕੌਰ ਜਿਲਾ ਪ੍ਰਧਾਨ ਲੇਡੀਜ਼ ਵਿੰਗ, ਸੰਤੋਸ਼ ਰਲ ਵਿਧਾਨ ਸਭਾ ਕਨਵੀਨਰ, ਸੰਤੋਸ਼ ਕੁਮਾਰੀ, ਕ੍ਰਿਸ਼ਨਾ ਦੇਵੀ, ਸੁਰਿੰਦਰ ਕੌਰ , ਰਵਿੰਦਰ ਕੌਰ, ਗੁਰਮੀਤ ਕੌਰ, ਰਾਜ ਰਾਣੀ ਵੀ ਹਾਜ਼ਰ ਸਨ।

# ਅਨਮੋਲ ਗਗਨ ਮਾਨ ਨੇ ਮਾਜਰੀ ਬਲਾਕ ਵਿਖੇ ਲਾਭਪਾਤਰੀਆਂ ਨੂੰ ਪੀ ਐਮ ਏ ਵਾਈ ਦੇ ਮਨਜ਼ੂਰੀ ਪੱਤਰ ਵੰਡੇ



**ਚੰਡੀਗੜ੍ਹ, (ਕ੍ਰਿਸ਼ਨ ਗਰਗ)** ਪੀ ਐਮ ਏ ਵਾਈ ਸਕੀਮ ਤਹਿਤ ਯੋਗ ਲੋਕਾਂ ਨੂੰ ਪੱਕਾ ਮਕਾਨ ਬਣਾਉਣ ਦੇ ਵਾਅਦੇ ਨੂੰ ਪੂਰਾ ਕਰਦੇ ਹੋਏ ਪੰਜਾਬ ਦੇ ਕੈਬਿਨਟ ਮੰਤਰੀ ਅਨਮੋਲ ਗਗਨ ਮਾਨ ਨੇ ਮਾਜਰੀ ਬਲਾਕ ਵਿਖੇ 100 ਲਾਭਪਾਤਰੀਆਂ ਨੂੰ 1.20 ਕਰੋੜ ਰੁਪਏ ਦੇ ਮਨਜ਼ੂਰੀ ਪੱਤਰ ਵੰਡੇ।ਇਸ ਮੌਕੇ ਉਨ੍ਹਾਂ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਇਮਾਨਦਾਰੀ ਨਾਲ ਲੋਕਾਂ ਦੀ ਭਲਾਈ ਲਈ ਕੰਮ ਕਰ ਰਹੀ ਹੈ ਅਤੇ ਉਨ੍ਹਾਂ ਦੇ ਭਲੇ ਲਈ ਚਲਾਈਆਂ ਗਈਆਂ ਸਾਰੀਆਂ ਸਕੀਮਾਂ ਦਾ ਲਾਭ ਹਰੇਕ ਯੋਗ ਵਿਅਕਤੀ ਨੂੰ ਤਨਦੇਹੀ ਨਾਲ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਪੀ ਐਮ ਏ ਵਾਈ ਦੀਆਂ ਸ਼ਰਤਾਂ ਪੂਰੀਆਂ ਕਰਨ ਦੇ ਯੋਗ ਪਾਏ ਗਏ ਲਾਭਪਾਤਰੀਆਂ ਨੂੰ ਕੁੱਲ ਰਕਮ ਤਿੰਨ ਕਿਸ਼ਤਾਂ ਵਿੱਚ ਦਿੱਤੀ ਜਾਵੇਗੀ, ਅੱਜ ਉਨ੍ਹਾਂ ਨੂੰ ਉਸਾਰੀ ਸ਼ੁਰੂ ਕਰਨ ਲਈ 30,000 ਰੁਪਏ ਦੀ ਪਹਿਲੀ ਕਿਸ਼ਤ, ਲੈਂਟਰ ਪੱਧਰ 'ਤੇ 72,000 ਰੁਪਏ ਦੀ ਦੂਜੀ ਅਤੇ ਮੁਕੰਮਲ ਹੋਣ 'ਤੇ 18,000 ਰੁਪਏ ਦੀ ਆਖਰੀ ਤੇ ਤੀਜੀ ਕਿਸ਼ਤ ਦਿੱਤੀ ਜਾਵੇਗੀ। ਇਸ ਤੋਂ ਇਲਾਵਾ 90 ਦਿਨਾਂ ਦੀ ਮਨਰੇਗਾ ਲੇਬਰ (ਜੇਕਰ ਲਾਭ ਪਾਤਰੀ ਮਨਰੇਗਾ ਜੋਬ ਕਾਰਡ ਧਾਰਕ ਹੈ) 28980 ਰੁਪਏ ਮਕਾਨ ਉਸਾਰੀ ਚ ਮਿਹਨਤ ਲਈ ਮਜ਼ਦੂਰੀ ਵਜੋਂ ਅਲੱਗ ਤੋਂ ਮਿਲਣਯੋਗ ਹੋਣਗੇ।ਉਨ੍ਹਾਂ ਅੱਗੇ ਕਿਹਾ ਕਿ ਭਾਵੇਂ ਕੇਂਦਰ ਸਰਕਾਰ ਨੇ ਸੂਬੇ ਦੇ ਵਿਕਾਸ ਲਈ 10,000 ਰੁਪਏ ਦੇ ਫੰਡਾਂ ਨੂੰ ਰੋਕ ਦਿੱਤਾ ਸੀ ਪਰ ਸੂਬਾ ਸਰਕਾਰ ਪੰਜਾਬ ਵਾਸੀਆਂ ਨੂੰ ਸਾਰੀਆਂ ਬੁਨਿਆਦੀ ਸਹੂਲਤਾਂ ਜਿਵੇਂ ਕਿ ਸੜਕਾਂ, ਪੀਣ ਵਾਲੇ ਪਾਣੀ ਆਦਿ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਜਿਨ੍ਹਾਂ ਲਾਭਪਾਤਰੀਆਂ ਨੂੰ ਪੱਕੇ ਮਕਾਨ ਬਣਾਉਣ ਦੇ ਮਨਜ਼ੂਰੀ ਪੱਤਰ ਨਹੀਂ ਮਿਲ ਸਕੇ, ਉਨ੍ਹਾਂ ਨੂੰ ਉਮੀਦ ਨਹੀਂ ਛੱਡਣੀ ਚਾਹੀਦੀ ਕਿਉਂਕਿ ਵੱਡੀ ਗਿਣਤੀ 'ਚ ਅਰਜ਼ੀਆਂ ਪ੍ਰਕਿਰਿਆ ਅਧੀਨ ਹਨ ਅਤੇ ਸਾਰੇ ਯੋਗ ਵਿਅਕਤੀਆਂ ਨੂੰ ਇਸ ਸਕੀਮ ਅਧੀਨ ਕਵਰ ਕੀਤਾ ਜਾਵੇਗਾ।

# ਸੈਂਕੜੇ ਮੁਲਾਜ਼ਮ ਕਰਨਗੇ ਜਿੰਪਾ ਦੇ ਘਰ ਦਾ ਘਿਰਾਉ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਅਤੇ ਗੌਰਮੈਂਟ ਟੀਚਰ ਯੂਨੀਅਨ ਬਲਾਕ ਭੂੰਗਾ ਦੇ ਪ੍ਰਧਾਨ ਸਚਿਨ ਕੁਮਾਰ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਬਲਾਕ ਦੇ ਵੱਖ ਵੱਖ ਅਧਿਆਪਕਾਂ ਨੇ ਭਾਗ ਲਿਆ ।ਮੀਟਿੰਗ ਵਿੱਚ ਇਹ ਫੈਸਲਾ ਕੀਤਾ ਗਿਆ ਕਿ ਸਟੇਟ ਕਮੇਟੀ ਦੇ ਫੈਸਲੇ ਅਨੁਸਾਰ ਪੰਜਾਬ ਸਰਕਾਰ ਦੇ ਕੈਬਿਨਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਦੇ ਘਰ ਦਾ ਘਿਰਾਓ 29 ਸਤੰਬਰ ਨੂੰ ਕੀਤਾ ਜਾਵੇਗਾ, ਕਿਉਂਕਿ ਪੰਜਾਬ ਸਰਕਾਰ ਪੁਰਾਣੀ ਪੈਨਸ਼ਨ ਦੀ ਬਹਾਲੀ ਦਾ ਵਾਅਦਾ ਕਰਕੇ ਸੱਤਾ ਵਿੱਚ ਆਈ ਸੀ। ਪਰ ਕਾਫੀ ਲੰਬਾ ਸਮਾਂ ਬੀਤਣ ਤੋਂ ਬਾਅਦ ਵੀ ਪੰਜਾਬ ਸਰਕਾਰ ਨੇ ਲਗਭਗ 2 ਲੱਖ ਕਰਮਚਾਰੀਆਂ ਦੀ ਪੈਨਸ਼ਨ ਬਹਾਲ ਨਹੀਂ ਕੀਤੀ ਹੈ। ਇਸ ਦੇ ਵਿਰੋਧ ਵਿੱਚ ਜਥੇਬੰਦੀ ਵੱਲੋਂ ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਦੇ ਘਰ ਦਾ ਵੀ ਜ਼ਬਰਦਸਤ ਘਿਰਾਓ ਕੀਤਾ ਜਾਵੇਗਾ ਅਤੇ ਜਨਤਾ ਦੀ ਕਚਹਿਰੀ ਵਿੱਚ ਉਹਨਾਂ ਨੂੰ ਪੈਨਸ਼ਨ ਨਾ ਬਹਾਲ ਕਰਨ ਦਾ ਕਾਰਨ ਪੁੱਛਿਆ ਜਾਵੇਗਾ? ਇਸ ਮੌਕੇ ਕੋ ਕਨਵੀਨਰ ਪ੍ਰਿੰਸ ਗੜ੍ਹਦੀਵਾਲ, ਪ੍ਰਿਤਪਾਲ ਸਿੰਘ ਚੌਟਾਲਾ, ਸੰਜੀਵ ਧੂਤ, ਪਰਮਜੀਤ ਸਿੰਘ, ਨਵਨੀਤ ਠਾਕੁਰ, ਬਲਜਿੰਦਰ ਸਿੰਘ, ਅਮੀਰ ਸਿੰਘ, ਰਾਕੇਸ਼ ਕੁਮਾਰ,ਮੈਡਮ ਅਨੀਤਾ, ਸਰਬਜੀਤ ਕੌਰ ਅਤੇ ਹੋਰ ਵੱਡੀ ਸੰਖਿਆ ਅਧਿਆਪਕ ਸ਼ਾਮਲ ਸਨ।

# ਲੋਕਾਂ ਦੀਆਂ ਮੁਸ਼ਕਲਾਂ ਤੇ ਸਮੱਸਿਆਵਾ ਦਾ ਹੱਲ ਕਰਨ ਲਈ ਲਗਾਏ ਜਾ ਰਹੇ ਜਨ-ਸੁਣਵਾਈ ਕੈਂਪ : ਅਨਮਜੋਤ ਕੌਰ

**ਭਲਾਣ (ਹਰਭਜਨ ਢਿੱਲੋਂ)** ਆਮ ਲੋਕਾਂ ਨੂੰ ਸਾਫ ਸੁਥਰਾ ਪ੍ਰਸ਼ਾਸਨ ਦੇਣਾ ਸਾਡੀ ਜਿੰਮੇਵਾਰੀ ਹੈ।ਲੋਕਾਂ ਦੀਆਂ ਸਮੱਸਿਆਵਾ/ਮੁਸ਼ਕਲਾਂ ਦਾ ਹੱਲ ਕਰਨ ਲਈ ਉਨ੍ਹਾਂ ਦੇ ਘਰਾਂ ਨੇੜੇ ਸਾਝੀ ਥਾਂ 'ਤੇ ਜਨ ਸੁਣਵਾਈ ਕੈਂਪ ਲਗਾਏ ਗਏ ਹਨ।ਜਿਨ੍ਹਾਂ ਦਾ ਮਨੋਰਥ ਲੋਕਾਂ ਨੂੰ ਆਪਣੀਆ ਮੁਸ਼ਕਲਾ ਹੱਲ ਕਰਵਾਉਣ ਲਈ ਦਫਤਰਾ ਤੱਕ ਪਹੁੰਚ ਕਰਨ ਦੀ ਬੇਲੋੜੀ ਖੱਜਲ ਖੁਆਰੀ ਖਤਮ ਕਰਨਾ ਹੈ।ਇਹ ਪ੍ਰਗਟਾਵਾ ਅਨਮਜੋਤ ਕੌਰ ਉਪ ਮੰਡਲ ਮੈਜਿਸਟ੍ਰੇਟ ਸ੍ਰੀ ਅਨੰਦਪੁਰ ਸਾਹਿਬ ਨੇ ਕਲਿੱਤਰਾ, ਦਬਖੇੜਾ ਤੇ ਦੜੋਲੀ ਵਿਚ ਲਗਾਏ ਜਨ ਸੁਣਵਾਈ ਕੈਂਪ ਦੌਰਾਨ ਇਲਾਕੇ ਦੇ ਲੋਕਾਂ ਨਾਲ ਵਿਸ਼ੇਸ਼ ਗੱਲਬਾਤ ਕਰਦੇ ਹੋਏ ਕੀਤਾ।ਉਨ੍ਹਾਂ ਨੇ ਕਿਹਾ ਕਿ ਆਮ ਤੌਰ 'ਤੇ ਦੂਰ ਦੁਰਾਡੇ ਪਿੰਡਾਂ ਵਿੱਚ ਰਹਿ ਰਹੇ ਲੋਕ ਸਮੇਂ ਦੀ ਘਾਟ ਕਾਰਨ ਵੱਖ ਵੱਖ ਵਿਭਾਗਾ ਦੇ ਦਫਤਰਾਂ ਤੱਕ ਪਹੁੰਚ ਕਰਕੇ ਆਪਣੀਆ ਸਮੱਸਿਆਵਾਂ ਦਾ ਹੱਲ ਕਰਵਾਉਣ ਤੋਂ ਵਾਂਝੇ ਰਹਿ ਜਾਂਦੇ ਹਨ।ਇਸ ਲਈ ਜਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਹਿਮਾਸ਼ੂ ਜੈਨ ਦੀ ਅਗਵਾਈ ਵਿਚ ਇਹ ਫੈਸਲਾ ਲਿਆ ਗਿਆ ਹੈ ਕਿ ਇਨ੍ਹਾਂ ਪੇਂਡੂ ਖੇਤਰਾਂ ਤੱਕ ਪਹੁੰਚ ਕਰਕੇ ਸਾਝੀਆਂ ਥਾਵਾਂ ਉਤੇ ਜਨ ਸੁਣਵਾਈ ਕੈਂਪ ਲਗਾਏ ਜਾਣ।

ਇਸ ਤਹਿਤ ਕਲਿੱਤਰਾ, ਦਬਖੇੜਾ ਤੇ ਦੜੋਲੀ ਵਿਚ ਇਹ ਕੈਂਪ ਲਗਾਏ ਗਏ ਹਨ, ਜਿਨ੍ਹਾਂ ਵਿਚ ਪੁਲਿਸ ਮਹਿਕਮਾ, ਮਾਲ ਮਹਿਕਮਾ, ਜਲ ਸਪਲਾਈ ਅਤੇ ਸੈਨੀਟੇਸ਼ਨ, ਡਰੇਨੇਜ, ਮਾਈਨਿੰਗ, ਸਿੱਖਿਆ ਵਿਭਾਗ ਆਦਿ ਵਿਭਾਗਾ ਦੇ ਅਧਿਕਾਰੀ ਵੀ ਮੌਕੇ 'ਤੇ ਆਪਣੇ ਵਿਭਾਗ ਦੇ ਕਰਮਚਾਰੀਆਂ ਨਾਲ ਹਾਜ਼ਰ ਰਹੇ। ਉਨ੍ਹਾਂ ਕਿਹਾ ਕਿ ਇਲਾਕੇ ਦੇ ਵੱਖ ਵੱਖ ਪਿੰਡਾਂ ਤੋ ਆਏ ਲੋਕਾਂ ਨੇ ਆਪਣੀਆ ਸਮੱਸਿਆਵਾ ਦੱਸੀਆਂ ਅਤੇ ਯੋਗ ਸਮੱਸਿਆਵਾ ਦਾ ਮੌਕੇ 'ਤੇ ਹੀ ਹੱਲ ਕੀਤਾ ਗਿਆ। ਜਿਹੜੇ ਮਾਮਲੇ ਕਿਸੇ ਕਾਰਨ ਬਕਾਇਆ ਰਹੇ ਉਨ੍ਹਾਂ ਨੂੰ ਸਮਾਬੱਧ ਹੱਲ ਕਰਨ ਦੇ ਨਿਰਦੇਸ਼ ਦਿੱਤੇ ਗਏ।

# ਐੱਨ ਐੱਸ ਯੂ ਆਈ ਪੰਜਾਬ ਦੀ ਨਵੀਂ ਟੀਮ ਦਾ ਗਠਨ



**ਮੋਹਾਲੀ (ਗੁਰਜੀਤ ਬਿੱਲਾ)** ਐਨ ਐਸ ਯੂ ਆਈ ਪੰਜਾਬ ਦੇ ਪ੍ਰਧਾਨ ਈਸ਼ਰਪ੍ਰੀਤ ਸਿੰਘ ਵੱਲੋਂ ਜ਼ਿਲ੍ਹਾ ਮੋਹਾਲੀ ਵਿੱਚ ਨਵੀਂ ਟੀਮ ਦਾ ਗਠਨ ਕੀਤਾ ਗਿਆ, ਜਿਸ ਵਿੱਚ ਪ੍ਰਧਾਨ ਵਜੋਂ ਜਸ਼ਨਪ੍ਰੀਤ ਸਿੰਘ ਮੰਡੇਰ ਸੇਵਾਵਾਂ ਨਿਭਾਉਣਗੇ ਅਤੇ ਉਹਨਾਂ ਦੇ ਨਾਲ ਸਹਿਜ ਬੈਦਵਾਨ ਵਾਈਸ ਪ੍ਰਧਾਨ, ਜਸਕਰਨ ਭੰਗੂ ਜਨਰਲ ਸਕੱਤਰ ਤੇ ਨਵਜੋਤ ਸਿੰਘ ਸੈਣੀ ਸਕੱਤਰ ਆਪਣੀਆਂ ਸੇਵਾਵਾਂ ਨਿਭਾਉਣਗੇ।ਮੀਡੀਆ ਨਾਲ ਗੱਲਬਾਤ ਕਰਦਿਆਂ ਪੰਜਾਬ ਪ੍ਰਧਾਨ ਨੇ ਦੱਸਿਆ ਕਿ ਕਾਂਗਰਸ ਪਾਰਟੀ ਸਰਗਰਮ ਰਾਜਨੀਤੀ 'ਚ ਨੌਜਵਾਨਾਂ ਨੂੰ ਮੌਕਾ ਦੇਣ ਲਈ ਪੂਰੀ ਤਰ੍ਹਾਂ ਸਮਰਪਿਤ ਹੈ, ਜਿਸ ਦੇ ਮੱਦੇਨਜ਼ਰ ਜ਼ਿਲ੍ਹਾ ਮੋਹਾਲੀ ਵਿਖੇ ਨਵੇਂ ਚਿਹਰਿਆਂ ਨੂੰ ਮੌਕਾ ਦੇਣ ਦੇ ਮਕਸਦ ਨਾਲ ਪੁਰਾਣੀ ਟੀਮ ਭੰਗ ਕਰ ਕੇ ਨਵੀਂ ਟੀਮ ਦਾ ਗਠਨ ਕੀਤਾ ਗਿਆ ਹੈ ਜੋ ਆਉਣ ਵਾਲੇ ਸਮੇਂ 'ਚ ਨਸ਼ਾ ਰੋਕੂ ਮੁਹਿੰਮ ਨੂੰ ਸਰਗਰਮ ਤਰੀਕੇ ਨਾਲ ਅੱਗੇ ਵਧਾਉਣਗੇ। ਇਸ ਮੌਕੇ ਉਹਨਾਂ ਨਵੀਂ ਟੀਮ ਦੇ ਸਾਰੇ ਮੈਂਬਰਾਂ ਨੂੰ ਵਧਾਈ ਦਿੰਦੇ ਹੋਏ ਉਹਨਾਂ ਨੂੰ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਲਈ ਸ਼ੁੱਭਕਾਮਨਾਵਾਂ ਵੀ ਭੇਂਟ ਕੀਤੀਆਂ।ਪੰਜਾਬ ਪ੍ਰਧਾਨ ਨੇ ਇਸ ਮੌਕੇ ਇਕੱਠ ਨੂੰ ਸੰਬੋਧਨ ਕੀਤਾ ਤੇ ਹੋਰ ਨੌਜਵਾਨਾਂ ਨੂੰ ਵੀ ਨਸ਼ੇ ਛੱਡ ਉਸਾਰੂ ਸੋਚ ਦੇ ਮਾਲਕ ਬਣਨ ਲਈ ਸੇਧ ਦਿੱਤੀ।

# ਪ੍ਰਿੰਸੀਪਲ ਪ੍ਰੇਮ ਕੁਮਾਰ ਵੱਲੋਂ ਸੜਕਾਂ ਦੇ ਵਿਕਾਸ ਕੰਮਾਂ ਦਾ ਉਦਘਾਟਨ



**ਫਿਲੌਰ,(ਨਿਰਮਲ):** ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਫਿਲੌਰ ਇਲਾਕੇ ਦੇ ਅੱਠ ਪਿੰਡਾਂ ਵਿੱਚ ਸੜਕਾਂ ਦੀ ਮੁਰੰਮਤ ਅਤੇ ਨਵੀਆਂ ਸੜਕਾਂ ਦੇ ਨਿਰਮਾਣ ਦੇ ਕੰਮਾਂ ਦਾ ਉਦਘਾਟਨ ਕੀਤਾ।ਇਹ ਕੰਮ ਪਿੰਡ ਬੱਛੋਵਾਲ ਵਿਖੇ ਰੀਬਨ ਕੱਟ ਕੇ ਸ਼ੁਰੂ ਕੀਤਾ ਗਿਆ।ਇਸ ਮੌਕੇ ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਕਿਹਾ ਕਿ ਪਿੰਡਾਂ ਦੀਆਂ ਸੜਕਾਂ ਅਤੇ ਹੋਰ ਵਿਕਾਸ ਕੰਮਾਂ ਨੂੰ ਜੰਗੀ ਪੱਧਰ 'ਤੇ ਕੀਤਾ ਜਾ ਰਿਹਾ ਹੈ।ਇਸ ਮੌਕੇ ਸੁਰਿੰਦਰ ਸਿੰਘ ਬਛੋਵਾਲ, ਬਲਾਕ ਪ੍ਰਧਾਨ ਜਗਤ ਰਮ ਭੱਟੀ, ਤਰਸੇਮ ਸਿੰਘ, ਹਰਕਮਲ ਸਿੰਘ ਟਰਾਂਸਪੋਰਟ ਵਿੰਗ, ਡਾ. ਅਸ਼ਵਨੀ ਕੁਮਾਰ ਐਸ ਸੀ ਵਿੰਗ, ਸਰਬਜੀਤ ਸਾਬੀ, ਅਮਰਜੀਤ ਸਿੰਘ, ਪੀ.ਏ. ਦੀਪਾ ਬਗਾਪੁਰ, ਬਾਬਾ ਸਰੂਪ ਸਿੰਘ ਬਛੋਵਾਲ, ਹਰਜੀਤ ਸਿੰਘ ਢੇਸੀ ਅਤੇ ਹੋਰ ਹਾਜ਼ਰ ਸਨ।ਇਹ ਪ੍ਰੋਜੈਕਟ 24 ਲੱਖ 76 ਹਜਾਰ ਰੁਪਏ ਦੀ ਲਾਗਤ ਨਾਲ ਪੂਰਾ ਕੀਤਾ ਜਾਵੇਗਾ, ਜਿਸ ਨਾਲ ਪਿੰਡਾਂ ਦੀਆਂ ਸੜਕਾਂ ਦੀ ਹਾਲਤ ਬਿਹਤਰ ਹੋਵੇਗੀ ਅਤੇ ਲੋਕਾਂ ਨੂੰ ਆਵਾਜਾਈ ਵਿੱਚ ਸਹੂਲਤ ਮਿਲੇਗੀ।

# ਕਾਂਗਰਸ ਵੱਲੋਂ ਡੀ ਐੱਸ ਪੀ ਦਫ਼ਤਰ ਦੇ ਬਾਹਰ ਰੋਸ ਪ੍ਰਦਰਸ਼ਨ



**ਬਲਾਚੌਰ (ਜਸਵਿੰਦਰ ਬੈਂਸ)** ਸੂਬਾ ਪੰਜਾਬ ਅੰਦਰ ਢਹਿ ਢੇਰੀ ਹੋ ਰਹੀ ਕਾਨੂੰਨ ਵਿਵਸਥਾ ਦੇ ਵਿਰੋਧ ਵਿੱਚ ਸ਼ਹਿਰ ਬਲਾਚੌਰ ਦੇ ਡੀ.ਐਸ.ਪੀ. ਦਫ਼ਤਰ ਵਿਖੇ ਸਮੂਹ ਹਲਕਾ ਬਲਾਚੌਰ ਦੇ ਅਹੁਦੇਦਾਰਾਂ, ਆਗੂਆਂ ਅਤੇ ਵਰਕਰ ਭਰਾਵਾਂ ਸਮੇਤ ਰੋਸ ਪ੍ਰਦਰਸ਼ਨ ਕੀਤਾ।ਅਜੇ ਮੰਗੂਪੁਰ ਨੇ ਸੁੱਤੀ ਪਈ 'ਆਪ ਸਰਕਾਰ' ਅਤੇ ਪ੍ਰਸ਼ਾਸਨ ਨੂੰ ਝੰਜੋੜਿਆ ਅਤੇ ਪੁਲਸ ਪ੍ਰਸ਼ਾਸਨ ਨੂੰ ਆਪਣਾ ਚੰਗੇ ਤਰੀਕੇ ਨਿਭਾਉਣ ਦੀ ਨਸੀਹਤ ਦਿੱਤੀ।ਉਨ੍ਹਾਂ ਕਿਹਾ ਕਿ ਪੰਜਾਬੀ ਆਪਣੇ ਘਰਾਂ ਵਿੱਚ ਵੀ ਸੁਰੱਖਿਅਤ ਨਹੀਂ ਹਨ।ਸਾਲ 2022 ਵਿਚ, ਜਦੋਂ 'ਆਪ' ਸਰਕਾਰ ਹੁਣੇ-ਹੁਣੇ ਸੱਤਾ ਵਿਚ ਆਈ ਸੀ, ਪੰਜਾਬ ਵਿਚ ਆਈ ਪੀ ਸੀ ਦੇ ਤਹਿਤ 73,626 ਅਪਰਾਧ ਦੀਆਂ ਘਟਨਾਵਾਂ ਹੋਈਆਂ।ਪੰਜਾਬ ਵਿੱਚ 2022 ਵਿੱਚ 670 ਕਤਲ ਹੋਏ ਜੋ ਔਸਤਨ ਰੋਜ਼ਾਨਾ 2 ਕਤਲ ਹੋਏ ਹਨ। ਇਸ ਮੌਕੇ ਉਨ੍ਹਾਂ ਡੀ.ਐਸ.ਪੀ. ਬਲਾਚੌਰ ਨੂੰ ਮੰਗ ਪੱਤਰ ਸੌਂਪਿਆ ਜਿਸ ਵਿੱਚ ਬਲਾਚੌਰ ਅੰਦਰ ਅਮਨ ਸ਼ਾਂਤੀ ਬਣਾਏ ਰੱਖਣ ਦੀ ਮੰਗ ਕੀਤੀ ਗਈ।ਇਸ ਮੌਕੇ ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ ਸ਼ਹੀਦ ਭਗਤ ਸਿੰਘ ਨਗਰ, ਧਰਮਪਾਲ ਚੇਅਰਮੈਨ ਬਲਾਕ ਸੰਮਤੀ ਬਲਾਚੌਰ, ਹਰਜੀਤ ਸਿੰਘ ਜਾਡਲੀ ਮੈਂਬਰ ਡੀ.ਸੀ.ਸੀ., ਰਾਜਿੰਦਰ ਸਿੰਘ ਸ਼ਿੰਦੀ ਦਫਤਰ ਸੱਕਤਰ ਡੀ.ਸੀ.ਸੀ., ਮੋਹਨ ਲਾਲ ਸੰਧੂ ਬਲਾਕ ਪ੍ਰਧਾਨ ਬਲਾਚੌਰ, ਤਿਲਕ ਰਾਜ ਸੂਦ ਬਲਾਕ ਪ੍ਰਧਾਨ ਸੜੋਆ, ਬਲਜਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ ਪੰਚਾਇਤੀ ਰਾਜ ਸੰਗਠਨ, ਚਮਨ ਲਾਲ ਭੁੰਬਲਾ ਰਿਟਾਇਰਡ ਡੀ.ਐਸ.ਪੀ., ਗਿਆਨ ਚੰਦ ਭੰਨੂ, ਕੇਵਲ ਕ੍ਰਿਸ਼ਨ ਰੱਤੇਵਾਲ ਮੀਤ ਪ੍ਰਧਾਨ ਬਲਾਕ ਕਮੇਟੀ ਬਲਾਚੌਰ, ਹੇਮੰਤ ਕੁਮਾਰ ਮੈਂਬਰ ਬਲਾਕ ਸੰਮਤੀ, ਜਸਵੰਤ ਸਿੰਘ ਭੱਠਲ,ਬਲਬੀਰ ਕੁਮਾਰ ਯੂਥ ਪ੍ਰਧਾਨ ਸੜੋਆ, ਸੁਰਿੰਦਰ ਸਿੰਘ ਸ਼ਿੰਦਾ ਬੁਲਾਰਾ ਡੀ.ਸੀ.ਸੀ., ਤਰਸੇਮ ਚੰਨਿਆਣੀ, ਅਵਤਾਰ ਸਿੰਘ ਸਰਪੰਚ ਅਤੇ ਬਲਾਕ ਪ੍ਰਧਾਨ ਓ.ਬੀ.ਸੀ. ਬਲਾਚੌਰ, ਨਵੀਨ ਆਦੋਆਨਾਂ ਓ.ਬੀ.ਸੀ. ਕੋਆਰਡੀਨੇਟਰ ਪੰਜਾਬ ਆਦਿ ਹਾਜਰ ਸਨ।

# ਚੋਰੀ ਦੇ ਸਮਾਨ ਸਮੇਤ 7 ਔਰਤਾਂ ਤੇ 2 ਮਰਦ ਗ੍ਰਿਫ਼ਤਾਰ



**ਫਗਵਾੜਾ ( ਡਾ. ਰਮਨ)** ਸ਼੍ਰੀਮਤੀ ਵਤਸਲਾ ਗੁਪਤਾ ਸੀਨੀਅਰ ਪੁਲਸ ਕਪਤਾਨ ਕਪੂਰਥਲਾ ਦਿਸ਼ਾ ਨਿਰਦੇਸ਼ ਹੇਠ ਮਾੜੇ ਅਨਸਰਾਂ ਖਿਲਾਫ ਵਿੱਢੀ ਮੁਹਿੰਮ ਤਹਿਤ ਜ਼ਿਲ੍ਹਾ ਕਪੂਰਥਲਾ ਦੀ ਸਬ ਡਵੀਜਨ ਫਗਵਾੜਾ ਪੁਲਸ ਟੀਮ ਵੱਲੋਂ ਚੋਰੀ ਦੇ ਸਮਾਨ ਸਮੇਤ 9 ਦੋਸ਼ੀਆਨ (7 ਔਰਤਾਂ ਤੇ 2 ਵਿਅਕਤੀਆਂ) ਨੂੰ ਗ੍ਰਿਫਤਾਰ ਕੀਤਾ ਗਿਆ। ਸ਼੍ਰੀਮਤੀ ਰੁਪਿੰਦਰ ਕੌਰ ਭੱਟੀ ਪੁਲਸ ਕਪਤਾਨ ਸਬ ਡਵੀਜਨ ਫਗਵਾੜਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉਹਨਾਂ ਦੀ ਸੁਪਰਵੀਜਨ ਹੇਠ ਜਸਪ੍ਰੀਤ ਸਿੰਘ ਉੱਪ ਪੁਲਸ ਕਪਤਾਨ ਸਬ ਡਵੀਜਨ ਫਗਵਾੜਾ ਦੀ ਨਿਗਰਾਨੀ ਹੇਠ ਇੰਸਪੈਕਟਰ ਜਤਿੰਦਰ ਕੁਮਾਰ ਮੁੱਖ ਅਫਸਰ ਥਾਣਾ ਸਿਟੀ ਫਗਵਾੜਾ ਦੀ ਪੁਲਸ ਟੀਮ ਜੋ 16.09.24 ਨੂੰ ਪੇਪਰ ਚੌਂਕ ਮੌਜੂਦ ਸੀ ਨੂੰ ਸੂਚਨਾ ਮਿਲੀ ਕਿ ਸ਼ਿੰਦੋ ਪਤਨੀ ਕਿੰਦਰ, ਮੀਨਾ ਪਤਨੀ ਕੁੱਕੂ, ਮੀਤਾ ਪਤਨੀ ਰਾਜੀਵ, ਮੀਨਾ ਪਤਨੀ ਕੁੱਕੂ ਸੀਤਾ ਪਤਨੀ ਨੇਪਾਲ, ਮੁਸਲੀ ਪਤਨੀ ਸਲੀਮ, ਸ਼ਾਲਨੀ ਪਤਨੀ ਗਾਂਧੀ, ਰਾਧਾ ਪਤਨੀ ਵਿਕਾਸ ਵਾਸੀਆਂਨ ਵਾਸੀ ਪਹਿਚਾਣ ਨਗਰ ਥਾਣਾ ਸਤਨਾਮਪੁਰਾ ਫਗਵਾੜਾ, ਸੁਰਿੰਦਰ ਯਾਦਵ ਵਾਸੀ ਅਰਬਨ ਅਸਟੇਟ ਸੀ ਆਰ ਪੀ ਕਲੋਨੀ, ਜਸਵਿੰਦਰ ਸਿੰਘ ਵਾਸੀ ਸ਼ੰਕਰ ਥਾਣਾ ਡੇਹਲ ਲੁਧਿਆਣਾ ਜੋ ਚੋਰੀ ਕਰਨ ਦੇ ਆਦੀ ਹਨ ਤੇ ਅੱਜ ਵੀ ਚੋਰੀ ਦਾ ਸਮਾਨ ਲੈ ਕੇ ਸ਼ਹਿਰ ਫਗਵਾੜਾ ਵੱਲ ਨੂੰ ਆ ਰਹੇ ਹਨ।ਪੁਲਸ ਪਾਰਟੀ ਵੱਲੋਂ ਤੁਰੰਤ ਕਾਰਵਾਈ ਕਰਦੇ ਹੋਏ ਸ਼ਿੰਦੋ, ਮੀਨਾ, ਮੀਤਾ, ਸੀਤਾ, ਮੁਸਲੀ, ਸ਼ਾਲਨੀ, ਰਾਧਾ, ਸੁਰਿੰਦਰ ਯਾਦਵ ਅਤੇ ਜਸਵਿੰਦਰ ਸਿੰਘ ਨੂੰ ਗ੍ਰਿਫਤਾਰ ਕਰਕੇ ਉਹਨਾਂ ਦੇ ਕਬਜਾ ਵਿੱਚ 01 ਮੋਟਰ, 01 ਏ.ਸੀ ਅਤੇ ਸਕਰੈਪ ਜੋ ਕਿ ਇੱਕ ਗੱਡੀ ਛੋਟਾ ਹਾਥੀ ਅਤੇ ਇੱਕ ਆਟੋ ਰਿਕਸ਼ਾ ਵਿੱਚ ਸੀ, ਬ੍ਰਾਮਦ ਕੀਤਾ ਗਿਆ।ਜਿਹਨਾਂ ਨੂੰ ਅਦਾਲਤ 'ਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕੀਤਾ ਗਿਆ ਤੇ ਹੋਰ ਖੁਲਾਸੇ ਹੋਣ ਦੀ ਸੰਭਾਵਨਾ ਹੈ।

# ਹਰ ਵਾਰਡ ਨੂੰ ਬਿਹਤਰ ਬੁਨਿਆਦੀ ਸੁਵਿਧਾਵਾਂ ਉਪਲਬਧ ਕਰਵਾਉਣਾ ਮੁੱਖ ਤਰਜੀਹ : ਜਿੰਪਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਕੈਬਨਿਟ ਮੰਤਰੀ ਪੰਜਾਬ ਬ੍ਰਮ ਸ਼ੰਕਰ ਜਿੰਪਾ ਨੇ ਸ਼ਹਿਰ ਦੇ ਵਾਰਡ ਨੰਬਰ 27 ਵਿਚ 15 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀਆਂ ਗਲੀਆਂ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕੀਤੀ। ਉਨ੍ਹਾਂ ਕਿਹਾ ਕਿ ਇਹ ਕਾਰ• ਹਲਕੇ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਸਥਾਨਕ ਨਿਵਾਸੀਆਂ ਨੂੰ ਬਿਹਤਰ ਸੁਵਿਧਾਵਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਉਠਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਨਗਰ ਨਿਗਮ ਦੇ ਇਸ ਉਪਰਾਲੇ ਨਾਲ ਵਾਰਡ ਦੀਆਂ ਪੁਰਾਣੀਆਂ ਅਤੇ ਖਰਾਬ ਗਲੀਆਂ ਨੂੰ ਫਿਰ ਤੋਂ ਵਿਕਸਿਤ ਕੀਤਾ ਜਾਵੇਗਾ, ਜਿਸ ਨਾਲ ਹਲਕੇ ਦੇ ਲੋਕਾਂ ਨੂੰ ਆਵਾਜਾਈ ਅਤੇ ਜਲ ਨਿਕਾਸੀ ਦੀ ਸਮੱਸਿਆ ਤੋਂ ਰਾਹਤ ਮਿਲੇਗੀ। ਇਸ ਦੌਰਾਨ ਉਨ੍ਹਾਂ ਨਾਲ ਮੇਅਰ ਸੁਰਿੰਦਰ ਕੁਮਾਰ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਡਿਪਟੀ ਮੇਅਰ ਰਣਜੀਤ ਚੌਧਰੀ ਅਤੇ ਫਾਈਨਾਂਸ ਕਮੇਟੀ ਦੇ ਚੇਅਰਮੈਨ ਬਲਵਿੰਦਰ ਬਿੰਦੀ ਵੀ ਮੌਜੂਦ ਸਨ।ਕੈਬਿਨਟ ਮੰਤਰੀ ਨੇ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਨਿਰਮਾਣ ਕਾਰਜ ਦੀ ਗੁਣਵੱਤਾ ਯਕੀਨੀ ਬਣਾਈ ਜਾਵੇ ਅਤੇ ਨਿਰਮਾਣ ਕਾਰਜ ਨਿਸ਼ਚਿਤ ਸਮੇਂ ਅੰਦਰ ਪੂਰਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਵਾਰਡ ਵਿਚ ਲਗਾਤਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਅਤੇ ਇਹ ਸਿਲਸਿਲਾ ਅੱਗੇ ਵੀ ਜਾਰੀ ਰਹੇਗਾ। ਇਸ ਮੌਕੇ ਕੁਲਵਿੰਦਰ ਸਿੰਘ ਹੁੰਦਲ, ਪ੍ਰੀਤਮ ਦਾਸ, ਗੁਰਦਿਆਲ ਸਿੰਘ, ਯਸ਼ ਪਾਲ, ਤੀਰਥ ਰਾਜ, ਰਵਿੰਦਰ, ਚਰਨਜੀਤ ਸਿੰਘ, ਕ੍ਰਿਸ਼ਨ ਲਾਲ, ਲਾਲ ਸਿੰਘ, ਮੀਨਾ ਕੁਮਾਰੀ, ਸ਼ਕੁੰਤਲਾ ਦੇਵੀ ਤੋਂ ਇਲਾਵਾ ਨਗਰ ਨਿਗਮ ਦੇ ਅਧਿਕਾਰੀ ਵੀ ਮੌਜੂਦ ਸਨ।

# ਲੁੱਟ ਦੀ ਘਟਨਾ ਨੂੰ ਅੰਜ਼ਾਮ ਦੇਣ ਵਾਲੇ 2 ਗ੍ਰਿਫ਼ਤਾਰ



**ਫਗਵਾੜਾ (ਡਾ. ਰਮਨ)** ਸ਼੍ਰੀਮਤੀ ਵਤਸਲਾ ਗੁਪਤਾ ਸੀਨੀਅਰ ਪੁਲਸ ਕਪਤਾਨ ਕਪੂਰਥਲਾ ਦਿਸ਼ਾ ਨਿਰਦੇਸ਼ ਹੇਠ ਮਾੜੇ ਅਨਸਰਾਂ ਖਿਲਾਫ ਵਿੱਢੀ ਮੁਹਿੰਮ ਦੇ ਤਹਿਤ ਜ਼ਿਲ੍ਹਾ ਕਪੂਰਥਲਾ ਦੀ ਸਬ ਡਵੀਜਨ ਫਗਵਾੜਾ ਪੁਲਸ ਟੀਮ ਵੱਲੋਂ 14-09-2024 ਨੂੰ ਸੇਠੀ ਮੈਡੀਕਲ ਫਗਵਾੜਾ ਵਿਖੇ ਹੋਈ ਪੈਸਿਆਂ ਦੀ ਚੋਰੀ ਕਰਨ ਵਾਲੇ 2 ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ। ਸ਼੍ਰੀਮਤੀ ਰੁਪਿੰਦਰ ਕੌਰ ਭੱਟੀ ਪੁਲਸ ਕਪਤਾਨ ਸਬ ਡਵੀਜਨ ਫਗਵਾੜਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮਿਤੀ 14.09.2024 ਨੂੰ ਸੂਚਨਾ ਮਿਲੀ ਸੀ ਕਿ ਸੇਠੀ ਮੈਡੀਕਲ ਸਟੋਰ ਹਰਗੋਬਿੰਦ ਨਗਰ ਤੋਂ ਦੋ ਅਣਪਛਾਤੇ ਵਿਅਕਤੀ ਗੱਲੇ ਵਿੱਚੋਂ ਪੈਸੇ ਚੋਰੀ ਕਰਕੇ ਮੌਕਾ ਤੋਂ ਫਰਾਰ ਹੋ ਗਏ।ਜਿਸ 'ਤੇ ਮੁਕੱਦਮਾ ਦਰਜ ਕੀਤਾ ਗਿਆ ਨਿਮਨ ਹਸਤਾਖਰ ਦੀ ਨਿਗਰਾਨੀ ਹੇਠ ਜਸਪ੍ਰੀਤ ਸਿੰਘ ਉੱਪ ਪੁਲਸ ਕਪਤਾਨ ਸਬ ਡਵੀਜਨ ਫਗਵਾੜਾ ਦੀ ਸੁਪਰਵੀਜਨ ਹੇਠ ਇੰਸਪੈਕਟਰ ਜਤਿੰਦਰ ਕੁਮਾਰ ਮੁੱਖ ਅਫਸਰ ਥਾਣਾ ਸਿਟੀ ਫਗਵਾੜਾ ਦੀ ਪੁਲਸ ਟੀਮ ਨੂੰ ਉਸ ਸਮੇਂ ਭਾਰੀ ਸਫਲਤਾ ਪ੍ਰਾਪਤ ਹੋਈ ਜਦੋਂ ਮੁਕੱਦਮਾ ਨੂੰ ਵੱਖ-ਵੱਖ ਐਂਗਲਾਂ ਤੋਂ ਅਤੇ ਟੈਕਨੀਕਲ ਤੌਰ 'ਤੇ ਡੂੰਘਾਈ ਨਾਲ ਤਫਤੀਸ਼ ਕਰਦੇ ਹੋਏ ਬਸਰਾ ਪੈਲੇਸ ਬੰਗਾ ਰੋਡ 'ਤੇ ਨਾਕਾਬੰਦੀ ਦੌਰਾਨ ਮੁੰਨਾ ਕੁਮਾਰ ਉਰਫ ਰਾਵਣ ਪੁੱਤਰ ਛੋਟੂ ਕੁਮਾਰ ਵਾਸੀ ਜਗਤ ਰਾਮ ਸੂਦ ਕਾਲੋਨੀ ਫਗਵਾੜਾ ਅਤੇ ਅਮਿਤ ਕੁਮਾਰ ਉਰਫ ਅੰਬਾ ਵਾਸੀ ਪਲਾਹੀ ਗੇਟ ਫਗਵਾੜਾ ਜਿਲ੍ਹਾ ਕਪੂਰਥਲਾ ਨੂੰ ਗ੍ਰਿਫਤਾਰ ਕੀਤਾ ਗਿਆ ਜਿਹਨਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕਰਕੇ ਹੋਰ ਵੀ ਪੁੱਛਗਿੱਛ ਕੀਤੀ ਜਾ ਰਹੀ ਹੈ।

# ਯੇਚੁਰੀ ਦੀ ਬੇਵਕਤੀ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ

**ਜਲੰਧਰ-** ਸੀ ਪੀ ਆਈ ( ਐਮ ) ਦੇ ਪੰਜਵੇਂ ਜਨਰਲ ਸਕੱਤਰ ਕਾਮਰੇਡ ਸੀਤਾ ਰਾਮ ਯੈਚੁਰੀ ਦੀ ਬੇਵਕਤ ਅਤੇ ਅਚਾਨਕ ਮੌਤ ਉੱਤੇ ਸੂਬਾ ਸਕੱਤਰੇਤ ਮੈਂਬਰ ਅਤੇ ਜ਼ਿਲ੍ਹਾ ਸਕੱਤਰ ਕਾਮਰੇਡ ਲਹਿੰਬਰ ਸਿੰਘ ਤੱਗੜ, ਸੂਬਾ ਕਮੇਟੀ ਮੈਂਬਰ ਕਾਮਰੇਡ ਗੁਰਚੇਤਨ ਸਿੰਘ ਬਾਸੀ ਅਤੇ ਜ਼ਿਲ੍ਹਾ ਸਕੱਤਰੇਤ ਮੈਂਬਰ ਬੀਬੀ ਗੁਰਪਰਮਜੀਤ ਕੌਰ ਤੱਗੜ ਵੱਲੋਂ ਗਹਿਰੇ ਦੁੱਖ, ਭਾਰੀ ਅਫਸੋਸ ਅਤੇ ਦਿੱਲੀ ਹਮਦਰਦੀ ਦਾ ਪ੍ਰਗਟਾਵਾ ਕੀਤਾ ਗਿਆ। ਕਾਮਰੇਡ ਤੱਗੜ ਨੇ ਜਾਰੀ ਕੀਤੇ ਗਏ ਲਿਖਤੀ ਪ੍ਰੈਸ ਨੋਟ ਵਿੱਚ ਦੱਸਿਆ ਕਿ ਕਾਮਰੇਡ ਯੈਚੁਰੀ ਸੀ ਪੀ ਆਈ ( ਐਮ ) ਦੇ ਪੰਜਵੇਂ ਜਨਰਲ ਸਕੱਤਰ ਸਨ ਅਤੇ ਉਨਾਂ ਤੋਂ ਪਹਿਲਾਂ ਕਾਮਰੇਡ ਪੀ. ਸੁੰਦਰੱਈਆ, ਈ ਐਮ ਐਸ ਨੰਬੂਦਰੀਪਾਦ , ਹਰਕਿਸ਼ਨ ਸਿੰਘ ਸੁਰਜੀਤ ਅਤੇ ਪ੍ਰਕਾਸ਼ ਕਰਾਟ ਇਹ ਮਹੱਤਵਪੂਰਨ ਜ਼ਿੰਮੇਵਾਰੀ ਨਿਭਾ ਚੁੱਕੇ ਸਨ ।ਕਾਮਰੇਡ ਸੀਤਾ ਰਾਮ ਯੈਚੁਰੀ ਨੇ ਸੀ ਪੀ ਆਈ ( ਐਮ ) ਦੇ ਜਨਰਲ ਸਕੱਤਰ ਦੀ ਜਿੰਮੇਵਾਰੀ ਅਪ੍ਰੈਲ 2015 ਵਿੱਚ ਉਸ ਗੰਭੀਰ ਸਮੇਂ ਤੇ ਸੰਭਾਲੀ ਜਦੋਂ ਪਾਰਟੀ ਨੂੰ ਸਿਆਸੀ ਤੌਰ 'ਤੇ ਵੱਡੇ ਝਟਕੇ ਲੱਗ ਚੁੱਕੇ ਸਨ । ਵੱਡੇ ਝਟਕਿਆਂ ਦੇ ਬਾਵਜੂਦ ਕਾਮਰੇਡ ਯੈਚੁਰੀ ਦੀ ਅਗਵਾਈ ਵਿੱਚ ਪਾਰਟੀ ਨੇ ਬੀਜੇਪੀ ਸਰਕਾਰ ਦੀ ਫਿਰਕੂ ਫਾਸ਼ੀ ਨੀਤੀਆਂ ਵਿਰੁੱਧ ਮਹੱਤਵਪੂਰਨ ਰੋਲ ਅਦਾ ਕੀਤਾ ਅਤੇ 2024 ਦੀਆਂ ਲੋਕ ਸਭਾ ਚੋਣਾਂ ਤੋਂ ਪਹਿਲਾਂ ਬੀਜੇਪੀ ਵਿਰੋਧੀ ਇੰਡੀਆ ਗੱਠਜੋੜ ਸਥਾਪਿਤ ਕਰਨ ਵਿੱਚ ਸਫਲਤਾ ਹਾਸਲ ਕੀਤੀ।ਕਾਮਰੇਡ ਤੱਗੜ ਨੇ ਅੱਗੇ ਦੱਸਿਆ ਕਿ ਸੀਤਾਰਾਮ ਨਾਲ ਮੇਰੇ ਸੰਬੰਧ 1974 ਤੋਂ ਹੀ ਬਣ ਗਏ ਸਨ ਜਦੋਂ ਉਹ ਐਸ ਐਫ ਆਈ ਵਿੱਚ ਸ਼ਾਮਿਲ ਹੋ ਕੇ ਲਗਾਤਾਰ ਤਿੰਨ ਵਾਰ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਸਟੂਡੈਂਟਸ ਯੂਨੀਅਨ ਦੇ ਪ੍ਰਧਾਨ ਚੁਣੇ ਜਾਂਦੇ ਰਹੇ।ਉਹਨਾਂ ਦੀ ਬੇਵਕਤੀ ਮੌਤ 'ਤੇ ਦੇਸ਼ ਦੇ ਰਾਸ਼ਟਰਪਤੀ, ਪ੍ਰਧਾਨ ਮੰਤਰੀ, ਲੋਕ ਸਭਾ ਦੇ ਸਪੀਕਰ ਤੋਂ ਲੈ ਕੇ ਦੇਸ਼ ਦੀਆਂ ਲਗਭਗ ਸਾਰੀਆਂ ਪਾਰਟੀਆਂ ਦੇ ਸਿਖਰਲੇ ਆਗੂਆਂ, ਮੁੱਖ ਮੰਤਰੀਆਂ ਤੱਕ ਨੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ ।

ਇੱਥੇ ਹੀ ਬੱਸ ਨਹੀਂ ਚੀਨ, ਵੀਅਤਨਾਮ , ਕਿਊਬਾ ਵਰਗੇ ਕਮਿਊਨਿਸਟ ਦੇਸ਼ਾਂ ਸਮੇਤ ਦੁਨੀਆਂ ਭਰ ਦੀਆਂ ਕਮਿਊਨਿਸਟ ਅਤੇ ਵਰਕਰਜ਼ ਪਾਰਟੀਆਂ ਨੇ ਇਸ ਮੌਕੇ ਆਪਣੇ ਸ਼ੋਕ ਸੰਦੇਸ਼ ਭੇਜੇ ਹਨ। ਉਹਨਾਂ ਦੇ ਵਿਛੋੜੇ ਨਾਲ ਦੇਸ਼ ਦੀ ਕਮਿਊਨਿਸਟ ਤੇ ਖੱਬੀ ਜਮਹੂਰੀ ਲਹਿਰ ਅਤੇ ਅੰਤਰਰਾਸ਼ਟਰੀ ਕਮਿਊਨਿਸਟ ਲਹਿਰ ਨੂੰ ਪਏ ਘਾਟੇ ਦੇ ਨਾਲ ਨਾਲ ਉਹਨਾਂ ਦੇ ਪਰਵਾਰ ਨੂੰ ਵੀ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਅੰਤ ਵਿੱਚ ਕਾਮਰੇਡ ਤੱਗੜ ਨੇ ਜ਼ਿਲ੍ਹਾ ਜਲੰਧਰ ਕਪੂਰਥਲਾ ਦੇ ਸਮੂਹ ਸਾਥੀਆਂ ਨੂੰ ਪੁਰਜ਼ੋਰ ਅਪੀਲ ਕੀਤੀ ਹੈ ਕਿ ਕਾਮਰੇਡ ਸੀਤਾ ਰਾਮ ਯੈਚੁਰੀ ਦਾ ਸ਼ਰਧਾਂਜਲੀ ਸਮਾਗਮ ਜੋ 28 ਸਤੰਬਰ ਨੂੰ ਤਾਲਕਟੋਰਾ ਸਟੇਡੀਅਮ ( ਨਵੀਂ ਦਿੱਲੀ ) ਵਿਖੇ ਹੋ ਰਿਹਾ ਹੈ ਵਿੱਚ ਵੱਡੀ ਗਿਣਤੀ ਵਿੱਚ ਪਹੁੰਚਣ ।

# ਖਾਲਸਾ ਕਾਲਜ 'ਚ ਪੌਦੇ ਲਗਾਏ



**ਸੁਲਤਾਨਪੁਰ ਲੋਧੀ, ( ਹਨੀ )**- ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ ਵਿਖੇ ਪ੍ਰਿੰਸੀਪਲ ਜਸਬੀਰ ਕੌਰ ਦੀ ਅਗਵਾਈ ਵਿਚ ਵਾਤਾਵਰਣ ਜੰਗਲਾਤ ਅਤੇ ਜਲਵਾਯੂ ਮੰਤਰਾਲਾ ਦੀਆਂ ਹਦਾਇਤਾਂ ਅਨੁਸਾਰ ਵਾਤਾਵਰਣ ਬਚਾਉਣ ਲਈ ਕੀਤੇ ਜਾ ਰਹੇ ਉਪਰਾਲੇ ਤਹਿਤ ਕਾਲਜ ਦੇ ਐਨ ਐਸ ਐਸ ਵਿਭਾਗ ਦੇ ਮੁਖੀ ਪ੍ਰੋਫੈਸਰ ਰਿਸ਼ੂ ਬਾਲਾ, ਈਕੋ ਕਲੱਬ ਦੇ ਮੁਖੀ ਪ੍ਰੋਫੈਸਰ ਜਸਵੀਰ ਕੌਰ ਵੱਲੋਂ ਇਕ ਪੇੜ ਮਾਂ ਕੇ ਨਾਮ ਪ੍ਰੋਗਰਾਮ ਤਹਿਤ ਕਾਲਜ ਕੈਂਪਸ ਵਿੱਚ ਪੌਦੇ ਲਗਾਏ ਗਏ। ਇਸ ਮੌਕੇ ਪ੍ਰਿੰਸੀਪਲ ਜਸਬੀਰ ਕੌਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਵੱਧ ਤੋਂ ਵੱਧ ਪੌਦੇ ਲਗਾਉਣ ਅਤੇ ਵਾਤਾਵਰਣ ਨੂੰ ਸ਼ੁੱਧ ਬਣਾਉਣ ਅਤੇ ਹਰਿਆਵਲ ਪੈਦਾ ਕਰਨ ਦੀ ਪ੍ਰੇਰਨਾ ਦਿੱਤੀ । ਇਸ ਮੌਕੇ ਡਾਕਟਰ ਮਨੀ ਛਾਬੜਾ, ਪ੍ਰੋਫੈਸਰ ਸੁਖਪਾਲ ਸਿੰਘ, ਪ੍ਰੋਫੈਸਰ ਹਰਜਾਪ ਸਿੰਘ,ਪ੍ਰੋਫੈਸਰ ਜਸਪ੍ਰੀਤ ਕੌਰ, ਪ੍ਰੋਫੈਸਰ ਸੰਦੀਪ ਕੌਰ ਆਦਿ ਹਾਜ਼ਰ ਸਨ ♦

# ਖਟਕੜ ਕਲਾਂ ਵਿਖੇ ਮੇਲੇ ਦੇ ਰੂਪ 'ਚ ਮਨਾਇਆ ਜਾਵੇਗਾ ਸ਼ਹੀਦ ਭਗਤ ਸਿੰਘ ਦਾ ਜਨਮ ਦਿਹਾੜਾ : ਧੀਮਾਨ

**ਨਵਾਂਸ਼ਹਿਰ, ( ਕੁਲਵਿੰਦਰ ਸਿੰਘ ਦੁਰਗਾਪੁਰੀਆ)** ਪੰਜਾਬ ਸਰਕਾਰ ਵੱਲੋਂ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜਨਮ ਦਿਵਸ ਨੂੰ ਮੇਲੇ ਦੇ ਰੂਪ ਵਿਚ ਮਨਾਉਣ ਲਈ ਖਟਕੜ ਕਲਾਂ ਵਿਖੇ 28 ਤੋਂ 29 ਸਤੰਬਰ ਤੱਕ 'ਇਨਕਲਾਬ ਫੈਸਟੀਵਲ' ਕਰਵਾਇਆ ਜਾਵੇਗਾ। ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਇਸ ਰਾਜ ਪੱਧਰੀ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਅਧਿਕਾਰੀਆਂ ਨਾਲ ਕੀਤੀ ਮੀਟਿੰਗ ਦੌਰਾਨ ਕੀਤਾ।

ਐਸ ਐਸ ਪੀ ਡਾ. ਮਹਿਤਾਬ ਸਿੰਘ ਦੀ ਮੌਜੂਦਗੀ ਵਿਚ ਹੋਈ ਇਸ ਮੀਟਿੰਗ ਦੌਰਾਨ ਉਨ੍ਹਾਂ ਦੱਸਿਆ ਕਿ ਇਨਕਲਾਬ ਫੈਸਟੀਵਲ ਦੌਰਾਨ ਦੋ ਦਿਨਾਂ ਦਾ ਸ਼ਾਨਦਾਰ ਪ੍ਰੋਗਰਾਮ ਕਰਵਾਇਆ ਜਾਵੇਗਾ, ਜਿਸ ਵਿਚ ਨਾਮਵਰ ਗਾਇਕਾਂ ਅਤੇ ਕਲਾਕਾਰਾਂ ਤੋਂ ਇਲਾਵਾ ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀ ਵੀ ਸੱਭਿਆਚਾਰਕ ਪ੍ਰੋਗਰਾਮ ਰਾਹੀਂ ਰੰਗ ਬੰਨ੍ਹਣਗੇ।

ਉਨ੍ਹਾਂ ਦੱਸਿਆ ਕਿ ਇਸ ਦੌਰਾਨ ਸ਼ਹੀਦ ਭਗਤ ਸਿੰਘ ਨਾਲ ਸਬੰਧਿਤ ਨਾਟਕਾਂ ਦੀ ਪੇਸ਼ਕਾਰੀ ਹੋਵੇਗੀ ਅਤੇ ਵੱਖ-ਵੱਖ ਪ੍ਰਦਰਸ਼ਨੀਆਂ ਅਤੇ ਸਟਾਲ ਵੀ ਲਗਾਏ ਜਾਣਗੇ। ਉਹਨਾਂ ਨੇ ਦੱਸਿਆ ਕਿ ਇਸ ਮੌਕੇ ਖਾਣ-ਪੀਣ ਦੇ ਸਟਾਲ ਅਤੇ ਬੱਚਿਆਂ ਲਈ ਝੂਲੇ ਵਿਸ਼ੇਸ਼ ਖਿੱਚ ਦਾ ਕੇਂਦਰ ਹੋਣਗੇ।ਇਸ ਦੌਰਾਨ ਉਨ੍ਹਾਂ ਸੁਰੱਖਿਆ, ਪਾਰਕਿੰਗ, ਬੈਰੀਕੇਡਿੰਗ, ਆਰਜ਼ੀ ਵਾਸ਼ਰੂਮ, ਸਾਫ-ਸਫਾਈ, ਡਾਕਟਰੀ ਸਹਾਇਤਾ, ਸਜਾਵਟ, ਲਾਈਟਨਿੰਗ, ਚੌਕਾਂ ਦੀ ਸਜਾਵਟ, ਪੀਣ ਵਾਲੇ ਪਾਣੀ, ਨਿਰਵਿਘਨ ਬਿਜਲੀ ਸਪਲਾਈ, ਰਿਫਰੈਸ਼ਮੈਂਟ ਅਤੇ ਪ੍ਰਚਾਰ-ਪ੍ਰਸਾਰ ਆਦਿ ਸਬੰਧੀ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ। ਉਨ੍ਹਾਂ ਦੱਸਿਆ ਕਿ 28 ਸਤੰਬਰ ਨੂੰ ਇਕ ਵਿਸ਼ਾਲ ਸਾਈਕਲ ਰੈਲੀ ਹੋਵੇਗੀ ਜਦਕਿ 29 ਸਤੰਬਰ ਨੂੰ ਮੈਰਾਥਨ ਦਾ ਆਯੋਜਨ ਕੀਤਾ ਜਾਵੇਗਾ।

ਉਨ੍ਹਾਂ ਅਧਿਕਾਰੀਆਂ ਨੂੰ ਆਪਣੀਆਂ ਡਿਊਟੀਆਂ ਮਿਹਨਤ, ਤਨਦੇਹੀ ਅਤੇ ਸੇਵਾ ਭਾਵਨਾ ਨਾਲ ਨਿਭਾਉਣ ਦੀ ਤਾਕੀਦ ਕੀਤੀ ਤਾਂ ਜੋ ਇਸ ਸਮਾਗਮ ਨੂੰ ਵਧੀਆ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਸਕੇ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸਾਗਰ ਸੇਤੀਆ, ਐਸ.ਡੀ.ਐਮ ਨਵਾਂਸ਼ਹਿਰ ਡਾ. ਅਕਸ਼ਿਤਾ ਗੁਪਤਾ, ਐਸ.ਡੀ.ਐਮ ਬੰਗਾ ਵਿਕਰਮਜੀਤ ਸਿੰਘ ਪਾਂਥੇ, ਐਸ.ਡੀ.ਐਮ ਬਲਾਚੌਰ ਰਵਿੰਦਰ ਬਾਂਸਲ, ਗੁੱਡ ਗਵਰਨੈਂਸ ਫੈਲੋ ਅਸਮਿਤਾ ਪਰਮਾਰ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਵੀ ਮੌਜੂਦ ਸਨ।

# ਗੁਰਦੁਆਰਾ ਸ਼ਹੀਦ ਬਾਬਾ ਮਤੀ ਵਿਖੇ ਐੱਨ ਆਰ ਆਈਜ਼ ਦਾ ਸਨਮਾਨ

**ਆਦਮਪੁਰ (ਪਰਮਜੀਤ ਸਿੰਘ)**-ਸੰਗਰਾਂਦ ਦਾ ਦਿਹਾੜਾ ਮਨਾਉਂਦਿਆਂ ਗੁਰਦੁਆਰਾ ਸ਼ਹੀਦ ਬਾਬਾ ਮਤੀ ਜੀ ਪਿੰਡ ਡਰੋਲੀ ਕਲਾਂ ਵਿਖੇ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਦੀ ਅਗਵਾਈ ਹੇਠ ਐਨ.ਆਰ.ਆਈ.



ਵੀਰਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਜਾਣਕਾਰੀ ਦਿੰਦੇ ਪ੍ਰਧਾਨ ਮਨੋਹਰ ਸਿੰਘ ਨੇ ਦੱਸਿਆ ਕਿ ਐਨ.ਆਰ.ਆਈ. ਭੁਪਿੰਦਰ ਸਿੰਘ, ਸੁਖਵਿੰਦਰ ਸਿੰਘ, ਦਿਲਬਾਗ ਸਿੰਘ ਬਾਸੀ ਡਰੋਲੀ ਕਲਾਂ ਦੇ ਇਲਾਕੇ ਦਾ ਵਿਕਾਸ ਅਤੇ ਗੁਰਦੁਆਰਾ ਸ਼ਹੀਦ ਬਾਬਾ ਮਤੀ ਸਥਾਨ ਲਈ ਨਿਸ਼ਕਾਮ ਸੇਵਾ ਕਰਦੇ ਹਨ। ਪ੍ਰਧਾਨ ਨੇ ਕਿਹਾ ਕਿ ਐਨ.ਆਰ.ਆਈ. ਵੀਰਾਂ ਨੇ ਗੁਰਦੁਆਰਾ ਸਾਹਿਬ ਦੀ ਇਮਾਰਤ ਲਈ ਇੱਕ ਲੱਖ ਰੁਪਏ ਭੇਂਟ ਕੀਤੇ ਹਨ। ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਐਨ.ਆਰ.ਆਈ. ਵੀਰਾਂ ਦਾ ਸਿਰੋਪਾਓ ਪਾ ਕੇ ਸਨਮਾਨ ਕੀਤਾ ਗਿਆ।ਇਸ ਮੌਕੇ ਕਮੇਟੀ ਮੈਂਬਰ ਰਣਜੀਤ ਪਾਲ ਸਿੰਘ, ਜਰਨੈਲ ਸਿੰਘ, ਕਰਮ ਸਿੰਘ, ਨਰਿੰਦਰ ਸਿੰਘ, ਸੁਰਿੰਦਰ ਸਿੰਘ, ਇਕਬਾਲ ਸਿੰਘ, ਦਰਸ਼ਨ ਸਿੰਘ, ਮਨਦੀਪ ਸਿੰਘ ਹਾਜ਼ਰ ਸਨ।

# ਪ੍ਰਾਈਸ ਐਂਡ ਰੈਂਟ ਫਿਕਸੇਸ਼ਨ ਕਮੇਟੀ ਦੀ ਮੀਟਿੰਗ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪ੍ਰਾਈਸ ਐਂਡ ਰੈਂਟ ਫਿਕਸੇਸ਼ਨ ਕਮੇਟੀ ਦੀ ਮੀਟਿੰਗ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਕੋਮਲ ਮਿੱਤਲ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਦਫ਼ਤਰ ਵਿੱਚ ਹੋਈ। ਮੀਟਿੰਗ ਵਿੱਚ ਨਗਰ ਨਿਗਮ ਦੇ ਮੇਅਰ ਸੁਰਿੰਦਰ ਕੁਮਾਰ, ਨਗਰ ਸੁਧਾਰ ਟਰੱਸਟ ਹੁਸ਼ਿਆਰਪੁਰ ਦੇ ਚੇਅਰਮੈਨ ਹਰਮੀਤ ਸਿੰਘ ਔਲਖ, ਨਗਰ ਨਿਗਮ ਦੀ ਕਮਿਸ਼ਨਰ ਅਮਨਦੀਪ ਕੌਰ, ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਦੇ ਨੁਮਾਇੰਦੇ ਜਸਪਾਲ ਸਿੰਘ, ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਦੇ ਨੁਮਾਇੰਦੇ ਸਚਿਨ ਗੁਪਤਾ ਅਤੇ ਨਗਰ ਸੁਧਾਰ ਟਰੱਸਟ ਦੇ ਕਾਰਜਕਾਰੀ ਅਧਿਕਾਰੀ ਪਰਮਜੀਤ ਸਿੰਘ ਹਾਜ਼ਰ ਸਨ।ਇਸ ਮੀਟਿੰਗ ਦੌਰਾਨ ਟਰੱਸਟ ਦੀਆਂ ਵੱਖ-ਵੱਖ ਸਕੀਮਾਂ ਵਿੱਚ ਰਿਹਾਇਸ਼ੀ ਅਤੇ ਵਪਾਰਕ ਵੇਚਣ ਯੋਗ ਜਾਇਦਾਦਾਂ ਦੀ ਰਾਖਵੀਂ ਕੀਮਤ ਨਿਰਧਾਰਤ ਕਰਨ ਲਈ ਵਿਚਾਰ-ਵਟਾਂਦਰਾ ਕੀਤਾ ਗਿਆ।ਜ਼ਿਲ੍ਹਾ ਹੁਸ਼ਿਆਰਪੁਰ ਦੇ ਕਲੈਕਟਰ ਰੇਟ, ਛਾਂਟ ਰੇਟ ਅਤੇ ਬੈਂਕਾਂ ਵਲੋਂ ਦਿੱਤੇ ਗਏ ਰੇਟਾਂ ਨੂੰ ਵਿਚਾਰਨ ਤੋਂ ਬਾਅਦ, ਲੋਕਾਂ ਦੇ ਹਿਤਾਂ ਨੂੰ ਮੁੱਖ ਰੱਖਦੇ ਹੋਏ, ਕੀਮਤਾਂ ਨਿਰਧਾਰਤ ਕੀਤੀਆਂ ਗਈਆਂ।

# ਠੱਗੀਆਂ ਮਾਰਨ ਵਾਲਾ ਟਰੈਵਲ ਏਜੰਟ ਗ੍ਰਿਫ਼ਤਾਰ

**ਫਗਵਾੜਾ, (ਇੰਦਰਜੀਤ ਸਿੰਘ ਮਠਾੜੂ)**-ਲੋਕਾਂ ਨੂੰ ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ ਲੱਖਾਂ ਰੁਪਏ ਦੀਆਂ ਠੱਗੀਆਂ ਮਾਰਨ ਵਾਲੇ ਇੱਕ ਟਰੈਵਲ ਏਜੰਟ ਨੂੰ ਸਿਟੀ ਪੁਲਸ ਨੇ ਗ੍ਰਿਫ਼ਤਾਰ ਕੀਤਾ ਹੈ। ਐਸ.ਪੀ. ਰੁਪਿੰਦਰ ਕੌਰ ਭੱਟੀ ਨੇ ਦੱਸਿਆ ਕਿ ਡਰੀਮ ਵੀਜ਼ਾ ਓਵਰਸੀਜ਼ ਸਿਟੀ ਸੈਂਟਰ ਦੇ ਮਾਲਕ ਅਨਿਕੇਤ ਆਨੰਦ ਉਰਫ਼ ਅੰਕੁਸ਼ ਪੁੱਤਰ ਰਾਜੇਸ਼ ਕੁਮਾਰ ਵਾਸੀ ਹਿਲ ਟਾਪ ਕਲੋਨੀ ਭਾਮੀਆ ਖੁਰਦ ਜੋ ਕਿ ਲੋਕਾਂ ਨੂੰ ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ ਠੱਗੀਆਂ ਮਾਰ ਰਿਹਾ ਸੀ ਜਿਸ 'ਤੇ ਕਾਰਵਾਈ ਕਰਦਿਆਂ ਪੁਲਸ ਨੇ ਟ੍ਰੈਵਲ ਏਜੰਟ ਨੂੰ ਕਾਬੂ ਹੈ ਤੇ ਇਸ ਪਾਸ ਟਰੈਵਲ ਏਜੰਟੀ ਦਾ ਦਫ਼ਤਰ ਖੋਲ੍ਹਣ ਦਾ ਕੋਈ ਸਰਟੀਫ਼ਿਕੇਟ ਨਹੀਂ ਹੈ। ਜਿਸ ਸਬੰਧ 'ਚ ਪੁਲਸ ਨੇ ਵੱਖ ਵੱਖ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਹੈ।

# ਛੋਟੀਆਂ ਕਵਿਤਾਵਾਂ ਗਾਗਰ 'ਚ ਸਾਗਰ ਦਾ ਕੰਮ ਕਰਦੀਆਂ : ਪ੍ਰਿੰਸੀਪਲ ਹਰਜਿੰਦਰ ਸਿੰਘ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਛੋਟੀਆਂ ਕਵਿਤਾਵਾਂ ਗਾਗਰ ਵਿੱਚ ਸਾਗਰ ਵਾਂਗ ਕੰਮ ਕਰਦੀਆਂ ਹਨ।ਕਵੀ ਬਹੁਤ ਘੱਟ ਸ਼ਬਦਾਂ ਵਿੱਚ ਆਪਣੀ ਕਵਿਤਾ ਰਾਹੀਂ ਲੋਕਾਂ ਨੂੰ ਬਹੁਤ ਵੱਡੀ ਸੱਚਾਈ ਲੋਕਾਂ ਨੂੰ ਦੱਸਣ ਦਾ ਕੰਮ ਕਰਦੇ ਹਨ। ਜਿਸ ਕਾਰਨ ਲੋਕਾਂ ਨੂੰ ਜ਼ਿੰਦਗੀ ਜਿਊਣ ਦੇ ਵੱਖ-ਵੱਖ ਤਰੀਕਿਆਂ ਦਾ ਪਤਾ ਚੱਲਦਾ ਹੈ, ਉਪਰੋਕਤ ਸ਼ਬਦ ਪ੍ਰਿੰ: ਹਰਜਿੰਦਰ ਸਿੰਘ ਨੇ ਸੰਭਲ ਸੰਭਾਲ ਸੁਸਾਇਟੀ ਵੱਲੋਂ ਕਵੀ ਚੌਧਰੀ ਇੰਦਰਜੀਤ ਦੀ ਪੁਸਤਕ ਖਵਾਹਿਸ਼ਾਂ ਦਾ ਕਤਲ ਦੇ ਲੋਕ ਅਰਪਣ ਸਮਾਗਮ ਨੂੰ ਸੰਬੋਧਨ ਕਰਦਿਆਂ ਕਹੇ। ਉਨ੍ਹਾਂ ਨੇ ਕਿਹਾ ਕਿ ਉਹ ਜ਼ਿੰਦਗੀ ਦੀਆਂ ਸੱਚਾਈਆਂ ਨੂੰ ਚੰਗੀ ਤਰ੍ਹਾਂ ਜਾਣਦਾ ਹੈ ਕਿਉਂਕਿ ਇਸ ਤੋਂ ਪਹਿਲਾਂ ਉਹ ਸਿਪਾਹੀ ਅਤੇ ਬਾਅਦ ਵਿਚ ਅਧਿਆਪਕ ਵਜੋਂ ਦੇਸ਼ ਦੀ ਸੇਵਾ ਕਰ ਚੁੱਕਾ ਹੈ।ਸਮਾਗਮ ਨੂੰ ਸੰਬੋਧਨ ਕਰਦਿਆਂ ਸਮਾਜ ਸੇਵੀ ਡਾ. ਅਜੈ ਬੱਗਾ ਨੇ ਕਿਹਾ ਕਿ ਬੁੱਧੀਜੀਵੀਆਂ ਨੂੰ ਇਹ ਯਕੀਨੀ ਬਣਾਉਣ ਲਈ ਉਪਰਾਲੇ ਕਰਨੇ ਚਾਹੀਦੇ ਹਨ ਕਿ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਚੰਗਾ ਸਾਹਿਤ ਮਿਲ ਸਕੇ। ਉਨਾਂ ਨੇ ਕਿਹਾ ਕਿ ਇੰਦਰਜੀਤ ਦੀ ਏਕਤਾ ਸਾਰਥਕ ਸੰਦੇਸ਼ ਦੇਣ ਵਿੱਚ ਸਫਲ ਹੋਵੇਗੀ। ਸੰਜੀਵ ਤਲਵਾੜ ਨੇ ਕਿਹਾ ਕਿ ਜੋ ਕੰਮ ਤਲਵਾਰ ਨਹੀਂ ਕਰ ਸਕਦੀ, ਉਹ ਕਵੀ ਦੀ ਕਲਮ ਕਰ ਸਕਦੀ ਹੈ।ਸਮਾਗਮ ਵਿੱਚ ਹਾਜ਼ਰ ਸਾਰਿਆਂ ਦਾ ਧੰਨਵਾਦ ਕਰਦਿਆਂ ਸਭਿਆਚਾਰ ਸੰਭਾਲ ਸੰਮਤੀ ਦੇ ਚੇਅਰਮੈਨ ਮਾਸਟਰ ਕੁਲਵਿੰਦਰ ਜੱਡਾ ਨੇ ਕਿਹਾ ਕਿ ਕਮੇਟੀ ਦੀ ਇਹ ਕੋਸ਼ਿਸ਼ ਹੈ ਕਿ ਜੇਕਰ ਸ਼ਹਿਰ ਦੇ ਕਿਸੇ ਕੋਨੇ ਵਿੱਚ ਕੋਈ ਪ੍ਰਤਿਭਾ ਛੁਪੀ ਹੋਈ ਹੈ ਤਾਂ ਉਸ ਨੂੰ ਹੱਲਾਸ਼ੇਰੀ ਦੇ ਕੇ ਉਸ ਦੀ ਸੰਰਚਨਾ ਵਿੱਚ ਵਰਤਿਆ ਜਾਵੇ।

ਸੁਸਾਇਟੀ ਅਤੇ ਕਮੇਟੀ ਆਪਣੇ ਉਦੇਸ਼ ਵਿੱਚ ਕਾਮਯਾਬ ਹੋ ਰਹੀ ਹੈ। ਉਹਨਾਂ ਇੰਦਰਜੀਤ ਚੌਧਰੀ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀਆਂ ਕਵਿਤਾਵਾਂ ਵਧੀਆ ਜੀਵਨ ਜਿਊਣ ਲਈ ਸਹਾਈ ਹੋਣਗੀਆਂ।

# ਬਾਈਕ ਚੋਰੀ ਕਰਨ ਵਾਲੇ ਗਰੋਹ ਦਾ ਪਰਦਾ ਫਾਸ਼



**ਜਲੰਧਰ : (ਸ਼ੈਲੀ ਐਲਬਰਟ)** ਪੁਲਸ ਕਮਿਸ਼ਨਰੇਟ ਸਵਪਨ ਸ਼ਰਮਾ ਦੀ ਅਗਵਾਈ ਹੇਠ ਜਲੰਧਰ ਪੁਲਸ ਕਮਿਸ਼ਨਰੇਟ ਨੇ ਇੱਕ ਵਿਅਕਤੀ ਨੂੰ ਚੋਰੀ ਦੇ ਪੰਜ ਮੋਟਰਸਾਈਕਲਾਂ ਅਤੇ ਜਾਅਲੀ ਚਾਬੀਆਂ ਸਮੇਤ ਕਾਬੂ ਕਰਕੇ ਮੋਟਰਸਾਈਕਲ ਚੋਰੀ ਕਰਨ ਵਾਲੇ ਗਿਰੋਹ ਦਾ ਪਰਦਾਫਾਸ਼ ਕੀਤਾ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਪੁਲਸ ਕਮਿਸ਼ਨਰ ਨੇ ਦੱਸਿਆ ਕਿ ਪੁਲਸ ਨੇ ਇੱਕ ਇਤਲਾਹ ਦੇ ਅਧਾਰ 'ਤੇ ਯੂਨਿਟੀ ਕ੍ਰਿਟੀਕਲ ਕੇਅਰ ਮਲਟੀ ਸਪੈਸ਼ਲਿਟੀ ਹਸਪਤਾਲ, ਪ੍ਰਤਾਪ ਬਾਗ, ਜਲੰਧਰ ਦੇ ਨੇੜੇ ਪਾਲ ਹਸਪਤਾਲ, ਜਲੰਧਰ ਦੇ ਬਾਹਰੋਂ ਮੋਟਰਸਾਈਕਲ ਚੋਰੀ ਕਰਦੇ ਇੱਕ ਵਿਅਕਤੀ ਨੂੰ ਕਾਬੂ ਕੀਤਾ।ਉਨ੍ਹਾਂ ਦੱਸਿਆ ਕਿ ਧਰਮਿੰਦਰ ਕੁਮਾਰ ਵਾਸੀ ਮਕਾਨ ਨੰਬਰ 10, ਕਮਲ ਪਾਰਕ, ਜਲੰਧਰ, ਜੋ ਕਿ ਹੁਣ ਸ਼ਿਵ ਨਗਰ, ਜਲੰਧਰ ਨੇੜੇ ਰਹਿੰਦਾ ਹੈ, ਦੇ ਬਿਆਨਾਂ ਦੇ ਆਧਾਰ 'ਤੇ ਮੁਕੱਦਮਾ ਦਰਜ ਕੀਤਾ ਗਿਆ ਸੀ।ਸਵਪਨ ਸ਼ਰਮਾ ਨੇ ਦੱਸਿਆ ਕਿ ਜਿਸ ਦੇ ਆਧਾਰ 'ਤੇ ਪੁਲਸ ਨੇ ਬਲਜੀਤ ਸਿੰਘ ਵਾਸੀ ਪਿੰਡ ਗੱਦਈ, ਜ਼ਿਲ੍ਹਾ ਤਰਨ ਤਾਰਨ ਨੂੰ ਗ੍ਰਿਫ਼ਤਾਰ ਕਰ ਲਿਆ ਹੈ।ਪੁਲਸ ਕਮਿਸ਼ਨਰ ਨੇ ਦੱਸਿਆ ਕਿ ਪੁਲਸ ਨੇ ਮੁਲਜ਼ਮਾਂ ਕੋਲੋਂ ਚੋਰੀ ਦੇ ਮੋਟਰਸਾਈਕਲਾਂ ਸਮੇਤ ਜਾਅਲੀ ਚਾਬੀਆਂ ਵੀ ਬਰਾਮਦ ਕੀਤੀਆਂ ਹਨ।ਉਨ੍ਹਾਂ ਦੱਸਿਆ ਕਿ ਪੁੱਛਗਿੱਛ ਦੌਰਾਨ ਮੁਲਜ਼ਮ ਨੇ ਮੰਨਿਆ ਕਿ ਉਹ ਮੋਟਰਸਾਈਕਲ ਚੋਰੀ ਦੀਆਂ ਵਾਰਦਾਤਾਂ ਵਿੱਚ ਸ਼ਾਮਲ ਹੈ ਅਤੇ ਪਹਿਲਾਂ ਵੀ ਅਜਿਹੇ ਕਈ ਮੋਟਰਸਾਈਕਲ ਚੋਰੀ ਕਰ ਚੁੱਕਾ ਹੈ। ਸ੍ਰੀ ਸਵਪਨ ਸ਼ਰਮਾ ਨੇ ਦੱਸਿਆ ਕਿ ਮੁਲਜ਼ਮਾਂ ਦੇ ਬਿਆਨਾਂ ਦੇ ਆਧਾਰ 'ਤੇ ਦਾਨਾਮੰਡੀ ਭੰਗਾਲਾ, ਜ਼ਿਲ੍ਹਾ ਤਰਨਤਾਰਨ ਨੇੜੇ ਝਾੜੀਆਂ ਅਤੇ ਦਰੱਖਤਾਂ ਹੇਠ ਛੁਪਾਏ ਹੋਏ ਬਿਨਾਂ ਨੰਬਰ ਪਲੇਟ ਵਾਲੇ ਤਿੰਨ ਮੋਟਰਸਾਈਕਲ ਬਰਾਮਦ ਕੀਤੇ ਗਏ ਹਨ।

ਪੁਲਸ ਕਮਿਸ਼ਨਰ ਨੇ ਦੱਸਿਆ ਕਿ ਫੜੇ ਗਏ ਵਿਅਕਤੀ ਦੇ ਇਕਬਾਲੀਆ ਬਿਆਨ ਤੋਂ ਬਾਅਦ ਸਿਟੀ ਰੇਲਵੇ ਸਟੇਸ਼ਨ, ਜਲੰਧਰ ਨੇੜੇ ਪਾਰਕਿੰਗ ਤੋਂ ਬਿਨਾਂ ਨੰਬਰ ਪਲੇਟ ਵਾਲਾ ਇੱਕ ਹੋਰ ਮੋਟਰਸਾਈਕਲ ਬਰਾਮਦ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਬਲਜੀਤ ਸਿੰਘ ਖ਼ਿਲਾਫ਼ ਪਹਿਲਾਂ ਹੀ ਸ਼ਹਿਰ, ਅੰਮ੍ਰਿਤਸਰ, ਮੋਗਾ, ਕਪੂਰਥਲਾ ਅਤੇ ਤਰਨਤਾਰਨ ਦੇ ਕਈ ਥਾਣਿਆਂ ਵਿੱਚ ਪੰਜ ਕੇਸ ਚੱਲ ਰਹੇ ਹਨ।

# ਪਾਵਰਕਾਮ ਤੇ ਟ੍ਰਾਂਸਕੋ ਠੇਕਾ ਮੁਲਾਜ਼ਮ ਤਾਲਮੇਲ ਕਮੇਟੀ ਪੰਜਾਬ ਵੱਲੋਂ ਠੇਕਾ ਮੁਲਾਜ਼ਮਾਂ ਨੂੰ ਗ੍ਰਿਫ਼ਤਾਰ ਕਰਨ ਦੀ ਨਿਖੇਧੀ



**ਲੌਂਗੋਵਾਲ, (ਪ੍ਰਦੀਪ ਸਿੰਘ ਸੱਪਲ)** ਪਾਵਰਕਾਮ ਅਤੇ ਟ੍ਰਾਂਸਕੋ ਠੇਕਾ ਮੁਲਾਜ਼ਮ ਤਾਲਮੇਲ ਕਮੇਟੀ ਪੰਜਾਬ ਦੇ ਸੂਬਾਈ ਆਗੂਆਂ ਜਗਰੂਪ ਸਿੰਘ ਲਹਿਰਾ, ਗੁਰਵਿੰਦਰ ਸਿੰਘ ਪਨੂੰ, ਜਗਸੀਰ ਸਿੰਘ ਭੰਗੂ, ਸਿਮਰਨਜੀਤ ਸਿੰਘ ਨੀਲੋਂ, ਖੁਸ਼ਦੀਪ ਸਿੰਘ ਭੁੱਲਰ ਤੇ ਹਰਜੀਤ ਸਿੰਘ ਨੇ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਮੰਨਵਾਉਣ ਲਈ ਖਰੜ ਵਿਖੇ ਧਰਨਾ ਦੇਣ ਜਾ ਰਹੇ ਸੀ.ਐੱਚ.ਬੀ. ਠੇਕਾ ਮੁਲਾਜ਼ਮਾਂ ਨੂੰ ਪੰਜਾਬ ਵਿੱਚ ਵੱਖ-ਵੱਖ ਥਾਵਾਂ ਤੋਂ ਗ੍ਰਿਫ਼ਤਾਰ ਕਰਨ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕੀਤੀ।

ਆਗੂਆਂ ਨੇ ਕਿਹਾ ਕਿ ਪਾਵਰਕਾਮ ਅਤੇ ਟ੍ਰਾਂਸਕੋ ਵਿੱਚ ਪਿਛਲੇ ਲੰਮੇ ਸਮੇਂ ਤੋਂ ਠੇਕਾ ਮੁਲਾਜ਼ਮ ਆਊਟਸੋਰਸਡ ਦੇ ਰੂਪ ਵਿੱਚ ਨਿਗੂਣੀਆਂ ਤਨਖਾਹਾਂ ਤੇ ਕੰਮ ਕਰ ਰਹੇ ਹਨ।ਬਿਜਲੀ ਹਾਦਸਿਆਂ ਦੌਰਾਨ ਤਿੰਨ ਮਹੀਨੇ ਦੇ ਸਮੇਂ ਵਿੱਚ ਹੀ 20 ਠੇਕਾ ਮੁਲਾਜ਼ਮ ਮੌਤ ਦੇ ਮੂੰਹ ਜਾ ਚੁੱਕੇ ਹਨ।ਵੱਖ-ਵੱਖ ਸਮੇਂ ਦੀਆਂ ਸਰਕਾਰਾਂ ਵੱਲੋਂ ਇਨ੍ਹਾਂ ਠੇਕਾ ਮੁਲਾਜ਼ਮਾਂ ਨੂੰ ਵਿਭਾਗ ਅਧੀਨ ਲਿਆ ਕੇ ਰੈਗੂਲਰ ਕਰਨ ਦੇ ਲਾਰੇ ਲਾਏ ਜਾਂਦੇ ਰਹੇ ਹਨ।ਭਗਵੰਤ ਮਾਨ ਸਰਕਾਰ ਨੇ ਵੀ ਸੱਤਾ ਵਿੱਚ ਆਉਣ ਤੋਂ ਪਹਿਲਾਂ ਇਨ੍ਹਾਂ ਨੂੰ ਰੈਗੂਲਰ ਕਰਨ ਦਾ ਭਰੋਸਾ ਦਿੱਤਾ ਸੀ, ਪਰ ਇਹ ਸਰਕਾਰ ਵੀ ਪਹਿਲੀਆਂ ਸਰਕਾਰਾਂ ਦੀ ਤਰ੍ਹਾਂ ਲਾਰਿਆਂ ਨਾਲ ਟਾਈਮ ਟਪਾਉਣ ਵਾਲੀ ਹੀ ਨਿਕਲੀ ਹੈ।ਨੀਤੀ ਪੱਧਰ 'ਤੇ ਇਸ ਸਰਕਾਰ ਦਾ ਵੀ ਪਹਿਲੀਆਂ ਸਰਕਾਰਾਂ ਨਾਲੋਂ ਕੋਈ ਵਖਰੇਂਵਾ ਨਹੀਂ ਹੈ।ਹੁਣ ਜਦੋਂ ਆਪਣੀਆਂ ਮੰਗਾਂ ਦੀ ਖਾਤਰ ਠੇਕਾ ਮੁਲਾਜ਼ਮ ਪੂਰੇ ਪੰਜਾਬ ਵਿੱਚੋਂ ਖਰੜ ਵਿਖੇ ਧਰਨਾ/ਮੁਜ਼ਾਹਰਾ ਕਰਨ ਜਾ ਰਹੇ ਸਨ ਤਾਂ ਉਨ੍ਹਾਂ ਦੀਆਂ ਮੰਗਾਂ ਮਸਲਿਆਂ ਦਾ ਗੱਲਬਾਤ ਰਾਹੀਂ ਹੱਲ ਕਰਨ ਦੀ ਬਜਾਏ ਠੇਕਾ ਮੁਲਾਜ਼ਮਾਂ ਨੂੰ ਪੰਜਾਬ ਸਰਕਾਰ ਦੇ ਇਸ਼ਾਰੇ ਤੇ ਪੁਲਸ ਵੱਲੋਂ ਵੱਖ-ਵੱਖ ਥਾਵਾਂ ਤੋਂ ਗ੍ਰਿਫ਼ਤਾਰ ਕਰ ਲਿਆ ਗਿਆ ਹੈ।

ਕਮੇਟੀ ਆਗੂਆਂ ਨੇ ਸਰਕਾਰ ਦੇ ਇਸ ਲੋਕਤੰਤਰ ਦਾ ਗਲਾ ਘੁੱਟਣ ਦੀ ਕੀਤੀ ਕਾਰਵਾਈ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਮੰਗ ਕੀਤੀ ਹੈ ਕਿ ਗ੍ਰਿਫ਼ਤਾਰ ਕੀਤੇ ਠੇਕਾ ਮੁਲਾਜ਼ਮਾਂ ਨੂੰ ਫੌਰੀ ਰਿਹਾਅ ਕੀਤਾ ਜਾਵੇ। ਠੇਕਾ ਮੁਲਾਜ਼ਮਾਂ ਨੂੰ ਮੀਟਿੰਗ ਦੇ ਕੇ ਗੱਲਬਾਤ ਰਾਹੀਂ ਉਨ੍ਹਾਂ ਦੇ ਮੰਗਾਂ ਮਸਲਿਆਂ ਦਾ ਹੱਲ ਕੀਤਾ ਜਾਵੇ, ਜੇਕਰ ਅਜਿਹਾ ਨਹੀਂ ਕੀਤਾ ਜਾਂਦਾ ਤਾਂ ਪਾਵਰਕਾਮ ਅਤੇ ਟ੍ਰਾਂਸਕੋ ਦੀਆਂ ਸਮੂਹ ਠੇਕਾ ਮੁਲਾਜ਼ਮ ਜਥੇਬੰਦੀਆਂ ਵੀ ਠੇਕਾ ਮੁਲਾਜ਼ਮਾਂ ਦੀ ਹਿਮਾਇਤ ਵਿੱਚ ਪੰਜਾਬ ਸਰਕਾਰ ਦੇ ਖ਼ਿਲਾਫ਼ ਸੰਘਰਸ਼ ਦੇ ਮੈਦਾਨ ਵਿੱਚ ਨਿਕਲਣ ਲਈ ਮਜਬੂਰ ਹੋਣਗੀਆਂ।

# ਪਰਾਲੀ ਨੂੰ ਅੱਗ ਲਾਉਣ ਨਾਲ ਖੁਰਾਕੀ ਤੱਤ, ਜੀਵ-ਜੰਤੂ ਤੇ ਪੌਦੇ ਨਸ਼ਟ ਹੋ ਜਾਂਦੇ ਹਨ : ਖੇਤੀਬਾੜੀ ਅਫ਼ਸਰ



**ਕੋਟਕਪੂਰਾ, (ਰਛਪਾਲ ਭੁੱਲਰ)** ਸਾਲ 2024 ਦੌਰਾਨ ਜ਼ਿਲ੍ਹਾ ਫ਼ਰੀਦਕੋਟ ਵਿੱਚ ਝੋਨੇ ਦੀ ਪਰਾਲੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਜ਼ੀਰੋ ਪੱਧਰ 'ਤੇ ਲਿਆਉਣ ਲਈ ਡਿਪਟੀ ਕਮਿਸ਼ਨਰ ਸ਼੍ਰੀ ਵਿਨੀਤ ਕੁਮਾਰ ਦੀ ਅਗਵਾਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਚਲਾਈ ਜਾ ਰਹੀ ਮੁਹਿੰਮ ਤਹਿਤ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਪਿੰਡ ਪੱਕਾ ਵਿੱਚ ਪਿੰਡ ਪੱਧਰੀ ਕੈਂਪ ਲਗਾਇਆ ਗਿਆ, ਜਿਸ ਦੀ ਪ੍ਰਧਾਨਗੀ ਮੁੱਖ ਖੇਤੀਬਾੜੀ ਅਫਸਰ ਡਾ. ਅਮਰੀਕ ਸਿੰਘ ਨੇ ਕੀਤੀ।ਕੈਂਪ ਵਿੱਚ ਤਹਿਸੀਲਦਾਰ ਰਣਵੀਰ ਸਿੰਘ ਵਿਸ਼ੇਸ਼ ਤੌਰ 'ਤੇ ਪਹੁੰਚੇ।ਜ਼ਿਕਰਯੋਗ ਹੈ ਕਿ ਜ਼ਿਲ੍ਹਾ ਫਰੀਦਕੋਟ ਵਿੱਚ ਸਾਲ 2023-24 ਦੌਰਾਨ 2022 ਝੋਨੇ ਦੀ ਪਰਾਲੀ ਨੂੰ ਅੱਗ ਦੇ ਵਾਕਿਆ ਦਰਜ ਕੀਤੇ ਗਏ ਸਨ ਤੇ 30 ਪਿੰਡ ਅਜਿਹੇ ਹਨ, ਜਿਨ੍ਹਾਂ ਵਿੱਚ 20 ਜਾਂ 20 ਤੋਂ ਵੱਧ ਅੱਗ ਲੱਗਣ ਦੀਆਂ ਘਟਨਾਵਾਂ ਦਰਜ ਕੀਤੀਆਂ ਗਈਆਂ, ਜਿਨ੍ਹਾਂ ਨੂੰ ਹਾਟ ਸਪਾਟ ਪਿੰਡ ਐਲਾਨਿਆ ਗਿਆ ਹੈ।ਹਾਟ ਸਪਾਟ ਪਿੰਡ ਪੱਕਾ ਵਿੱਚ 29 ਅੱਗ ਲੱਗਣ ਦੀਆਂ ਘਟਨਾਵਾਂ ਦਰਜ ਕੀਤੀਆਂ ਗਈਆਂ।ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਅਜਿਹੇ ਪਿੰਡਾਂ ਵਿੱਚ ਕਿਸਾਨਾਂ ਨਾਲ ਵਿਸ਼ੇਸ਼ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਤਾਂ ਜੁ ਪਰਾਲੀ ਨੂੰ ਅੱਗ ਲੱਗਣ ਦੇ ਕਾਰਨਾਂ ਦਾ ਪਤਾ ਲਗਾ ਕੇ ਹੱਲ ਕੀਤਾ ਜਾ ਸਕੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਭਾਸ਼ ਚੰਦਰ ਡਾ. ਗੁਰਿੰਦਰਪਾਲ ਸਿੰਘ ਬਲਾਕ ਖੇਤੀਬਾੜੀ ਅਫਸਰ, ਡਾ. ਦਵਿੰਦਰਪਾਲ ਸਿੰਘ ਗਰੇਵਾਲ, ਡਾ. ਸੁਖਦੀਪ ਸਿੰਘ, ਭਾਰਤੀ ਕਿਸਾਨ ਯੂਨੀਅਨ ਡੱਲੇਵਾਲ ਦੇ ਪ੍ਰਧਾਨ ਤੇਜਾ ਸਿੰਘ, ਸੁਖਜਿੰਦਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।ਕਿਸਾਨਾਂ ਨੂੰ ਸੰਬੋਧਨ ਕਰਦਿਆਂ ਡਾ. ਅਮਰੀਕ ਸਿੰਘ ਨੇ ਕਿਹਾ ਕਿ ਹੈਪੀਸੀਡਰ, ਸਮਾਰਟ ਸੀਡਰ, ਸਰਫੇਸ ਸੀਡਰ ਨਾਲ ਬੀਜੀ ਕਣਕ ਦੇ ਖੇਤਾਂ ਵਿੱਚ ਪਈ ਪਰਾਲੀ ਢਕਣੇ ਦਾ ਕੰਮ ਕਰਦੀ ਹੈ, ਨਦੀਨ ਵੀ ਘੱਟ ਉੱਗਦੇ ਹਨ ਤੇ ਮਿੱਟੀ ਵਿੱਚ ਨਮੀ ਸੰਭਾਲ ਕੇ ਰੱਖਣ ਦੀ ਸਮਰੱਥਾ ਵਧਦੀ ਹੈ।ਉਨ੍ਹਾਂ ਕਿਹਾ ਕਿ ਪਰਾਲੀ ਨੂੰ ਖੇਤਾਂ ਵਿੱਚ ਸੰਭਾਲਣ ਨਾਲ ਪ੍ਰਤੀ ਏਕੜ 1000 ਕਿਲੋ ਜੈਵਿਕ ਕਾਰਬਨ, 14 ਕਿਲੋ ਨਾਈਟਰੋਜਨ, 6 ਕਿਲੋ ਫਾਸਫੋਰਸ, 63 ਕਿਲੋ ਪੋਟਾਸ਼, 4 ਕਿਲੋ ਸਲਫ਼ਰ ਅਤੇ ਹੋਰ ਲਘੂ ਖੁਰਾਕੀ ਤੱਤ ਜ਼ਮੀਨ ਨੂੰ ਮਿਲ ਜਾਂਦੇ ਹਨ, ਜਿਸ ਨਾਲ ਮਿੱਟੀ ਦੀ ਸਿਹਤ ਸੁਧਾਰਨ ਵਿੱਚ ਮਦਦ ਮਿਲਦੀ ਹੈ।ਉਨ੍ਹਾਂ ਦੱਸਿਆ ਕਿ ਜ਼ਮੀਨ ਨੂੰ ਖੁਰਾਕੀ ਤੱਤਾਂ ਦੀ ਬਜ਼ਾਰੀ ਕੀਮਤ ਤਕਰੀਬਨ 6000 ਪ੍ਰਤੀ ਏਕੜ ਬਣਦੀ ਹੈ।ਮਿੱਟੀ ਵਿਚਲੇ ਸੂਖਮ ਜੀਵਾਂ ਦਾ ਦੀ ਮਾਤਰਾ ਵਧਦੀ ਹੈ।ਉਨ੍ਹਾਂ ਕਿਹਾ ਕਿ ਵਾਤਾਵਰਣ ਨੂੰ ਸ਼ੁੱਧ ਰੱਖਣ ਤੇ ਮਿੱਟੀ ਦੀ ਸਿਹਤ ਬਰਕਰਾਰ ਰੱਖਣ ਲਈ ਝੋਨੇ ਦੀ ਪਰਾਲੀ ਨੂੰ ਅੱਗ ਲਾਉਣ ਦੀ ਬਜਾਏ ਖੇਤ ਵਿੱਚ ਵਾਹ ਕੇ ਕਣਕ ਜਾਂ ਹੋਰ ਫ਼ਸਲਾਂ ਦੀ ਬਿਜਾਈ ਕਰਨੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੇਤੀ ਮਸ਼ੀਨਰੀ ਸਬਿਸਿਡੀ 'ਤੇ ਮੁਹੱਈਆ ਕਰਾਉਣ ਲਈ ਆਨਲਾਈਨ ਪੋਰਟਲ 19 ਸਤੰਬਰ ਤੱਕ ਖੋਲ੍ਹਿਆ ਗਿਆ ਹੈ, ਜਿਸ 'ਤੇ ਕੋਈ ਕਿਸਾਨ, ਸਹਿਕਾਰੀ ਸਭਾ ਜਾਂ ਕਿਸਾਨਾਂ ਦਾ ਸਮੂਹ ਆਪਣੀ ਅਰਜ਼ੀ ਜਮ੍ਹਾਂ ਕਰਾ ਸਕਦਾ ਹੈ।ਤਹਿਸੀਲਦਾਰ ਰਣਵੀਰ ਸਿੰਘ ਕਿਸਾਨਾਂ ਨੂੰ ਅਪੀਲ ਕੀਤੀ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜ਼ਿਲ੍ਹਾ ਫ਼ਰੀਦਕੋਟ ਨੂੰ ਪ੍ਰਦੂਸ਼ਣ ਮੁਕਤ ਬਨਾਉਣ ਲਈ ਚਲਾਈ ਮੁਹਿਮ ਵਿੱਚ ਸਹਿਯੋਗ ਕਰਦਿਆਂ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਾਈ ਜਾਵੇ ਤਾਂ ਜੁ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੀ ਜਾਣ ਵਾਲੀ ਕਿਸੇ ਤਰ੍ਹਾਂ ਦੀ ਸਖਤਾਈ ਤੋਂ ਬਚਿਆ ਜਾ ਸਕੇ।

## ਸੰਦੀਪ ਮਦਾਨ ਬਣੇ ਮੋਬਾਇਲ ਹੋਲਸੇਲ ਯੂਨੀਅਨ ਦੇ ਪ੍ਰਧਾਨ



**ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ ਪੂਜਾ/ ਚਾਵਲਾ/ ਪਰਮਜੀਤ ਸਿੰਘ)** ਮੋਬਾਈਲ ਹੋਲਸੇਲ ਯੂਨੀਅਨ ਦੀ ਚੋਣ ਪ੍ਰਕਿਰਿਆ ਹਾਲ ਹੀ ਵਿੱਚ ਮੁਕੰਮਲ ਹੋਈ, ਜਿਸ ਵਿੱਚ ਪ੍ਰਧਾਨ, ਸੰਦੀਪ ਮੈਦਾਨ, ਉਪ ਪ੍ਰਧਾਨ ਰਮਨਦੀਪ ਸਿੰਘ, ਸੈਕਟਰੀ ਗੌਰਵ ਗੋਇਲ ਤੇ ਕੈਸ਼ੀਅਰ ਰਾਕੇਸ਼ ਖੇੜਾ ਦੀ ਚੋਣ ਕੀਤੀ ਗਈ।ਚੋਣਾਂ ਵਿੱਚ ਯੂਨੀਅਨ ਦੇ ਮੈਂਬਰਾਂ ਨੇ ਭਾਰੀ ਭਾਗੀਦਾਰੀ ਕੀਤੀ। ਇਹ ਚੋਣਾਂ ਸ਼ਾਂਤੀਪੂਰਨ ਢੰਗ ਨਾਲ ਹੋਈਆਂ, ਜਿੱਥੇ ਯੂਨੀਅਨ ਦੇ ਮੈਂਬਰਾਂ ਨੇ ਵਧੇਰੇ ਉਤਸ਼ਾਹ ਨਾਲ ਭਾਗ ਲਿਆ। ਰਵੀ ਅਗਰਵਾਲ ਪ੍ਰਧਾਨ ਮੋਬਾਇਲ ਯੂਨੀਅਨ ਨੇ ਇਸ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਅੰਜਾਮ ਦਿੱਤਾ ਤੇ ਸਾਰੇ ਅਧਿਕਾਰੀ ਗ਼ੈਰ ਦਲੀਲਤ ਤਰੀਕੇ ਨਾਲ ਚੁਣੇ ਗਏ।

## ਸਟੇਟ ਐਵਾਰਡੀ ਅਧਿਆਪਕ ਅਵਨੀਸ਼ ਕੁਮਾਰ ਦਾ 'ਆਪ' ਵੱਲੋਂ ਸਨਮਾਨ



**ਲੌਂਗੋਵਾਲ, (ਪ੍ਰਦੀਪ ਸਿੰਘ ਸੱਪਲ)** ਅਧਿਆਪਕ ਅਵਨੀਸ਼ ਕੁਮਾਰ ਨੂੰ ਸਰਕਾਰ ਵੱਲੋਂ ਰਾਜ ਪੱਧਰੀ ਪੁਰਸਕਾਰ ਲਈ ਚੁਣਿਆ ਗਿਆ ਹੈ।ਅਵਨੀਸ਼ ਕੁਮਾਰ ਸਿੱਖਿਆ ਦੇ ਖੇਤਰ ਵਿੱਚ 2011 ਤੋਂ ਆਪਣੀਆਂ ਸੇਵਾਵਾਂ ਨਿਭਾਉਂਦੇ ਆ ਰਹੇ ਹਨ ਅਤੇ ਅੱਜ-ਕੱਲ੍ਹ ਸਰਕਾਰੀ ਸੀਨੀਅਰ ਸਕੰਡਰੀ ਸਕੂਲ ਬਡਬਰ ਵਿਖੇ ਤੈਨਾਤ ਹਨ।ਵਰਨਣਯੋਗ ਹੈ ਕਿ ਪੰਜਾਬ ਸਰਕਾਰ ਵੱਲੋਂ ਸੂਬਾ ਪੱਧਰੀ ਸਮਾਗਮ ਦੌਰਾਨ ਅਵਨੀਸ਼ ਕੁਮਾਰ ਨੂੰ ਇੱਕ ਮੈਡਲ ਅਤੇ ਸਰਟੀਫ਼ਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਪੁਰਸਕਾਰ ਪ੍ਰਾਪਤ ਕਰਨ ਉਪਰੰਤ ਆਮ ਆਦਮੀ ਪਾਰਟੀ ਦੇ ਸਾਰੇ ਵਰਕਰ ਆਹੁਦੇਦਾਰਾਂ ਵੱਲੋਂ ਸਨਮਾਨਤ ਕੀਤਾ ਗਿਆ ਤੇ ਪੁਰਸਕਾਰ ਮਿਲਣ ਤੇ ਮੁਬਾਰਕਾਂ ਦਿੱਤੀਆਂ, ਜਿਸ ਵਿੱਚ ਆਪ ਆਗੂ ਬਲਵਿੰਦਰ ਸਿੰਘ ਢਿੱਲੋਂ ਨੇ ਕਿਹਾ ਕਿ ਮਿਹਨਤੀ ਅਧਿਆਪਕਾਂ ਨੂੰ ਸਰਕਾਰ ਬਣਦਾ ਮਾਣ-ਸਨਮਾਨ ਦਿੰਦੀ ਹੈ ਤਾਂ ਜੁ ਸਾਡੇ ਅਧਿਆਪਕ ਹੋਰ ਮਿਹਨਤ ਕਰਕੇ ਬੱਚਿਆਂ ਦੇ ਭਵਿੱਖ ਨੂੰ ਸੰਵਾਰਨ।ਅਵਨੀਸ਼ ਕੁਮਾਰ ਨੂੰ ਸਟੇਟ ਐਵਾਰਡ ਮਿਲਣ 'ਤੇ ਲੌਂਗੋਵਾਲ ਇਲਾਕੇ 'ਚ ਖੁਸ਼ੀ ਦਾ ਮਾਹੌਲ ਹੈ।

# ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ 'ਚ ਗਰਲਜ਼ ਗਾਈਡ ਤ੍ਰਿਤਿਆ ਸੋਪਾਨ ਕੈਂਪ



**ਜਲਾਲਾਬਾਦ, (ਜੀਤ ਕੁਮਾਰ/ਜੰਗੀਰ ਕੌਰ)** ਸਰਕਾਰੀ ਗਰਲਜ਼ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਵਿਖੇ 4 ਰੋਜ਼ਾ ਗਰਲਜ਼ ਗਾਈਡ ਥਰਡ ਸੌਪਾਨ ਕੈਂਪ ਲਾਇਆ ਗਿਆ। ਸ੍ਰੀਮਤੀ ਅਨੀਤਾ ਨਾਰੰਗ ਅਤੇ ਰਜਨੀਸ਼ ਕੌਰ ਦੀ ਅਗਵਾਈ ਵਿੱਚ ਲਾਏ ਗਏ ਇਸ ਕੈਂਪ ਵਿੱਚ 11 ਤੋਂ 14 ਸਾਲ ਉਮਰ ਵਰਗ ਦੀਆਂ ਵਿਦਿਆਰਥਣਾਂ ਨੇ ਭਾਗ ਲਿਆ। ਅਧਿਆਪਕਾ ਸ਼੍ਰੀਮਤੀ ਰਜਨੀਸ਼ ਕੌਰ ਅਤੇ ਅਨੀਤਾ ਨਾਰੰਗ ਨੇ ਬੱਚਿਆਂ ਨੂੰ ਗਰਲਜ਼ ਗਾਈਡ ਦੇ ਨਿਯਮਾਂ, ਅਰਦਾਸ ਅਤੇ ਉਡੀਕ ਕਰਨ ਬਾਰੇ ਜਾਣੂ ਕਰਾਇਆ। ਵਿਦਿਆਰਥਣਾਂ ਨੂੰ ਅਨੁਸ਼ਾਸਨ ਵਿੱਚ ਰਹਿਣ, ਪ੍ਰਤੀਕੂਲ ਸਥਿਤੀਆਂ ਦਾ ਸਾਹਮਣਾ ਕਰਨ, ਜੰਗਲ ਵਿੱਚ ਚੰਗੇ ਕੰਮ ਕਰਨ, ਸੇਵਾ ਕਰਨ ਅਤੇ ਦੂਜਿਆਂ ਦੀ ਮਦਦ ਕਰਨ ਦੀ ਸਿੱਖਿਆ ਦਿੱਤੀ ਗਈ। ਗਾਈਡ ਸਲਾਮੀ, ਪਰੇਡ, ਵੱਖ-ਵੱਖ ਤਰ੍ਹਾਂ ਦੇ ਕਲੈਂਪ ਅਤੇ ਰੱਸੀ ਦੀਆਂ ਗੰਢਾਂ ਸਿਖਾਈਆਂ ਗਈਆਂ। ਵਿਦਿਆਰਥਣਾਂ ਵੱਲੋਂ ਮਨੋਰੰਜਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ। ਕੈਂਪ ਦੇ ਆਖਰੀ ਦਿਨ ਬੱਚਿਆਂ ਵੱਲੋਂ ਟੈਂਟ ਵੀ ਲਾਏ ਗਏ। ਮਿੱਟੀ ਦੇ ਭਾਂਡੇ ਬਣਾਏ ਜਾਂਦੇ ਸਨ ਅਤੇ ਚੁੱਲ੍ਹੇ 'ਤੇ ਖਾਣ-ਪੀਣ ਦੀਆਂ ਚੀਜ਼ਾਂ ਤਿਆਰ ਕੀਤੀਆਂ ਜਾਂਦੀਆਂ ਸਨ। ਵਿਦਿਆਰਥਣਾਂ ਨੂੰ ਉਤਸ਼ਾਹਿਤ ਕਰਨ ਅਤੇ ਆਸ਼ੀਰਵਾਦ ਦੇਣ ਲਈ ਸਕੂਲ ਦੇ ਪ੍ਰਿੰਸੀਪਲ ਅਮਿਤ ਗਗਨੇਜਾ ਸਮੇਤ ਕੁਝ ਅਧਿਆਪਕ ਅਤੇ ਗਰਲਜ਼ ਗਾਈਡ ਮੈਂਬਰ ਮੌਜੂਦ ਸਨ।

ਸਕੂਲ ਦੇ ਪ੍ਰਿੰਸੀਪਲ ਅਮਿਤ ਗਗਨੇਜਾ ਨੇ ਬੱਚਿਆਂ ਵੱਲੋਂ ਬਣਾਏ ਟੈਂਟ ਦਾ ਨਿਰੀਖਣ ਕੀਤਾ। ਬੱਚਿਆਂ ਵੱਲੋਂ ਤਿਆਰ ਕੀਤੀਆਂ ਆਈਟਮਾਂ ਦਾ ਨਿਰੀਖਣ ਕੀਤਾ ਤੇ ਖੁਸ਼ੀ ਦਾ ਇਜ਼ਹਾਰ ਕੀਤਾ ਅਤੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕੀਤੀ। ਉਨ੍ਹਾਂ ਨੂੰ ਹੁਣ ਤੋਂ ਹੀ ਅਨੁਸ਼ਾਸਨ ਵਿੱਚ ਰਹਿਣ, ਦੂਜਿਆਂ ਦੀ ਮਦਦ ਅਤੇ ਸੇਵਾ ਕਰਨ ਅਤੇ ਚੰਗੀਆਂ ਗਤੀਵਿਧੀਆਂ ਕਰਕੇ ਜੀਵਨ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਗਾਈਡ ਬੂਟਾ ਸਿੰਘ ਅਤੇ ਸੁਖਵਿੰਦਰ ਸਿੰਘ ਨੇ ਬੱਚਿਆਂ ਨੂੰ ਗਾਈਡ ਨਿਯਮਾਂ ਅਤੇ ਗਤੀਵਿਧੀਆਂ ਬਾਰੇ ਜਾਣੂ ਕਰਵਾਇਆ। ਬੱਚਿਆਂ ਨੇ ਪੂਰਾ ਸਮਾਂ ਬੜੇ ਉਤਸ਼ਾਹ ਨਾਲ ਬਤੀਤ ਕੀਤਾ। ਅਮਿਤ ਗਗਨੇਜਾ ਹਮੇਸ਼ਾ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਅਜਿਹੇ ਕੈਂਪ ਲਾਉਣ ਅਤੇ ਸਕੂਲ ਨੂੰ ਹੋਰ ਉਚਾਈਆਂ 'ਤੇ ਲਿਜਾਣ ਲਈ ਪ੍ਰੇਰਿਤ ਕਰਦੇ ਹਨ।

# ਗਾਇਕ ਆਰ ਨੇਤ ਨੂੰ ਮਿਲੀ ਧਮਕੀ, ਮੰਗੀ 1 ਕਰੋੜ ਦੀ ਫਿਰੌਤੀ



**ਮਾਨਸਾ (ਰੀਤਵਾਲ)** ਪੰਜਾਬ ਵਿੱਚ ਗੈਂਗਸਟਰਾਂ ਦਾ ਜਿਵੇਂ ਬੋਲਬਾਲਾ ਹੈ, ਧਮਕੀਆਂ ਆਮ ਜਿਹੀਆਂ ਹੋ ਗਈਆਂ ਹਨ।ਹੁਣ ਗਾਇਕ ਆਰ ਨੇਤ ਨੂੰ ਗੈਂਗਸਟਰਾਂ ਤੋਂ ਧਮਕੀ ਭਰਿਆ ਕਾਲ ਆਈ ਹੈ ਅਤੇ ਕਰੀਬ 1 ਕਰੋੜ ਰੁਪਏ ਦੀ ਫਿਰੌਤੀ ਮੰਗੀ ਗਈ ਹੈ।ਆਰ ਨੇਤ ਨੂੰ ਕਾਫੀ ਸਮੇਂ ਤੋਂ ਅਜਿਹੀਆਂ ਕਾਲਾਂ ਆ ਰਹੀਆਂ ਸਨ। ਆਰ ਨੇਤ ਦੀ ਟੀਮ ਨੇ ਪੰਜਾਬ ਪੁਲਸ ਨੂੰ ਸ਼ਿਕਾਇਤ ਦਿੱਤੀ ਹੈ ਤੇ ਪੁਲਸ ਨੇ ਉਕਤ ਫ਼ੋਨ ਨੰਬਰਾਂ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਦਸੱਣਯੋਗ ਹੈ ਕਿ ਸਾਈਬਰ ਸੈੱਲ ਨੂੰ ਪੰਜਾਬੀ ਗਾਇਕ ਆਰ ਨੇਤ ਦੇ ਮੈਨੇਜਰ ਵੱਲੋਂ ਦਿੱਤੀ ਸ਼ਿਕਾਇਤ ਦਰਜ ਕਰਾਈ ਹੈ ਅਤੇ ਇਸ ਵਿੱਚ ਕਿਹਾ ਗਿਆ ਹੈ ਕਿ ਉਸ ਨੂੰ ਵਾਰ-ਵਾਰ ਵਿਦੇਸ਼ੀ ਨੰਬਰਾਂ ਤੋਂ ਫੋਨ ਆ ਰਹੇ ਹਨ। ਕੁਝ ਰਿਕਾਰਡਿੰਗ ਵੀ ਭੇਜੀ ਗਈ ਹੈ, ਜਿਸ ਵਿੱਚ ਉਹ ਫਿਰੌਤੀ ਦੀ ਮੰਗ ਕਰ ਰਹੇ ਹਨ।ਸ਼ਿਕਾਇਤ ਮਿਲਣ ਤੋਂ ਬਾਅਦ ਪੰਜਾਬ ਪੁਲਸ ਨੇ ਮਾਮਲੇ ਦੀ ਤੇਜ਼ੀ ਨਾਲ ਜਾਂਚ ਸ਼ੁਰੂ ਕਰ ਦਿੱਤੀ ਹੈ।ਦੱਸਣਯੋਗ ਹੈ ਕਿ ਸਿੱਧੂ ਮੂਸੇਵਾਲਾ ਦੇ ਕਤਲ ਤੋਂ ਬਾਅਦ ਇਹ ਰੁਝਾਨ ਹੋਰ ਤੇਜ਼ ਹੋ ਗਿਆ ਹੈ।ਹਾਲ ਹੀ ਕੁਝ ਦਿਨ ਪਹਿਲਾਂ ਏ.ਪੀ ਢਿੱਲੋਂ ਦੇ ਘਰ ਦੇ ਬਾਹਰ ਵੀ ਗੋਲੀਆਂ ਚਲੀਆਂ ਸਨ।ਮਾਨਸਾ ਜਿਲ੍ਹੇ ਦੇ ਲੋਕਾਂ ਦੀ ਪੰਜਾਬ ਸਰਕਾਰ ਤੋਂ ਮੰਗ ਹੈ ਕਿ ਅਜਿਹੇ ਗੈਂਗਸਟਰਾਂ ਨੂੰ ਨੱਥ ਪਾਈ ਜਾਵੇ।

## ਹਰਿਦੁਆਰ ਪੰਜ ਕਰੋੜ ਜਵੈਲਰੀ ਲੁੱਟ ਮਾਮਲੇ ਦੇ ਤਾਰ ਮੁਕਤਸਰ ਸਾਹਿਬ ਨਾਲ ਜੁੜੇ



**ਮਲੋਟ, (ਗੁਰਮੀਤ ਸਿੰਘ ਮੱਕੜ)** ਇੱਕ ਸਤੰਬਰ ਨੂੰ ਉਤਰਾਖੰਡ ਦੇ ਹਰਿਦੁਆਰ ਵਿਖੇ ਹੋਈ ਪੰਜ ਕਰੋੜ ਦੀ ਜਵੈਲਰੀ ਦੀ ਡਕੈਤੀ ਵਿੱਚ ਬੀਤੇਂ ਦਿਨ ਇੱਕ ਕਥਿਤ ਦੋਸ਼ੀ ਦਾ ਐਨਕਾਊਂਟਰ ਕੀਤਾ ਗਿਆ। ਐਨਕਾਊਂਟਰ ਕੀਤੇ ਗਏ ਨੌਜਵਾਨ ਦੀ ਪਛਾਣ ਸਤਿੰਦਰਪਾਲ ਸਿੰਘ ਉਰਫ ਲੱਕੀ, ਵਾਸੀ ਭੁੱਲਰ ਕਾਲੋਨੀ ਸ਼੍ਰੀ ਮੁਕਤਸਰ ਸਾਹਿਬ ਵਜੋਂ ਹੋਈ ਹੈ। ਸਤਿੰਦਰ ਪਾਲ 'ਤੇ ਸ਼੍ਰੀ ਮੁਕਤਸਰ ਸਾਹਿਬ ਵਿਖੇ ਵੀ ਕੁੱਝ ਮਾਮਲੇ ਦਰਜ ਹਨ। ਇਸ ਮਾਮਲੇ ਵਿੱਚ ਪੁਲਸ ਨੇ ਸ਼੍ਰੀ ਮੁਕਤਸਰ ਸਾਹਿਬ ਦੇ ਦੋ ਹੋਰ ਨੌਜਵਾਨਾਂ ਨੂੰ ਵੀ ਹਿਰਾਸਤ ਵਿੱਚ ਲਿਆ ਹੈ।

## ਸਟੇਟ ਐਵਾਰਡ ਮਿਲਣ 'ਤੇ ਅਧਿਆਪਕਾ ਜਸਪ੍ਰੀਤ ਕੌਰ ਨੂੰ ਦਿੱਤੀਆਂ ਸ਼ੁਭਕਾਮਨਾਵਾਂ



**ਪਟਿਆਲਾ, (ਰਾਜਿੰਦਰ ਸਿੰਘ ਥਿੰਦ)** ਪੰਜਾਬ ਸਰਕਾਰ ਵੱਲੋਂ ਪਿਛਲੇ ਦਿਨੀਂ ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ਼ ਮਾਡਲ ਟਾਊਨ, ਪਟਿਆਲਾ ਦੇ ਸੈਂਟਰ ਹੈੱਡ ਟੀਚਰ ਸ੍ਰੀਮਤੀ ਜਸਪ੍ਰੀਤ ਕੌਰ ਨੂੰ ਪੰਜਾਬ ਰਾਜ ਪੁਰਸਕਾਰ ਦਿੱਤਾ ਗਿਆ।ਉਨ੍ਹਾਂ ਨੂੰ ਇਹ ਐਵਾਰਡ ਮਿਲਣ 'ਤੇ ਹਲਕਾ ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਵੱਲੋਂ ਜਸਪ੍ਰੀਤ ਕੌਰ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।ਉਨ੍ਹਾਂ ਖੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਅਧਿਆਪਕਾਂ ਦਾ ਸਮਾਜ ਨੂੰ ਉਸਾਰਨ ਲਈ ਵਿਸ਼ੇਸ ਮਹੱਤਵ ਹੈ।ਉਨ੍ਹਾਂ ਕਿਹਾ ਕਿ ਇਹ ਪਟਿਆਲਾ ਸ਼ਹਿਰ ਲਈ ਮਾਣ ਵਾਲੀ ਗੱਲ ਹੈ ਕਿ ਸਾਡੇ ਸ਼ਹਿਰ ਦੇ ਅਧਿਆਪਕ ਨੂੰ ਪੰਜਾਬ ਸਰਕਾਰ ਵੱਲੋਂ ਰਾਜ ਪੁਰਸਕਾਰ ਨਾਲ ਸਨਮਾਨਤ ਕੀਤਾ ਗਿਆ ਹੈ।

# ਸ਼ਹੀਦ ਊਧਮ ਸਿੰਘ ਕਾਲਜ 'ਚ ਹਿੰਦੀ ਦਿਵਸ ਨੂੰ ਸਮਰਪਤ ਪ੍ਰੋਗਰਾਮ ਕਰਾਇਆ



**ਸੁਨਾਮ, (ਅਸ਼ੋਕ ਬਾਂਸਲ, ਹਾਕਮ ਭੱਟੀ)** ਸ਼ਹੀਦ ਊਧਮ ਸਿੰਘ ਸਰਕਾਰੀ ਕਾਲਜ ਵਿਖੇ ਪ੍ਰਿੰਸੀਪਲ ਪ੍ਰੋਫੈਸਰ (ਡਾ.) ਸੁਖਵਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਹਿੰਦੀ ਵਿਭਾਗ ਵੱਲੋਂ 'ਹਿੰਦੀ ਦਿਵਸ' ਨੂੰ ਸਮਰਪਤ ਇੱਕ ਪ੍ਰੋਗਰਾਮ ਕਰਾਇਆ ਗਿਆ।ਇਸ ਪ੍ਰੋਗਰਾਮ ਅਧੀਨ ਵੱਖ-ਵੱਖ ਮੁਕਾਬਲੇ ਕਰਵਾਏ ਗਏ।ਆਨਲਾਈਨ ਮਾਧਿਅਮ ਰਾਹੀ ਕਰਾਏ ਗਏ ਕੁਇਜ਼ ਮੁਕਾਬਲੇ ਵਿੱਚ ਬੀ.ਏ ਭਾਗ ਪਹਿਲਾ ਦੇ ਵਿਦਿਆਰਥੀ ਗਗਨਦੀਪ ਸਿੰਘ ਪਹਿਲੇ, ਬੀ.ਏ ਭਾਗ ਤੀਜਾ ਦੇ ਵਿਦਿਆਰਥੀ ਗੁਰਵਿੰਦਰ ਸਿੰਘ ਦੂਜੇ ਤੇ ਬੀ.ਏ ਭਾਗ ਪਹਿਲਾ ਦੀ ਵਿਦਿਆਰਥਣ ਪੂਜਾ ਰਾਣੀ ਨੇ ਤੀਜਾ ਸਥਾਨ ਹਾਸਲ ਕੀਤਾ।

ਸਲੋਗਨ ਰਾਈਟਿੰਗ ਮੁਕਾਬਲੇ ਵਿੱਚ ਬੀ.ਏ ਭਾਗ ਤੀਜਾ ਦੀ ਵਿਦਿਆਰਥਣ ਸ਼ਿਵਾਨੀ ਨੇ ਪਹਿਲਾ, ਬੀ.ਏ ਭਾਗ ਪਹਿਲਾਂ ਦੀ ਵਿਦਿਆਰਥਣ ਹਰਪ੍ਰੀਤ ਕੌਰ ਨੇ ਦੂਜਾ ਅਤੇ ਬੀ.ਏ ਭਾਗ ਦੂਜਾ ਦੀ ਵਿਦਿਆਰਥਣ ਨਿਕਿਤਾ ਰਾਣੀ ਨੇ ਤੀਜਾ ਸਥਾਨ ਹਾਸਲ ਕੀਤਾ।ਭਾਸ਼ਣ ਕਲਾ ਮੁਕਾਬਲੇ ਵਿੱਚ ਬੀ.ਏ ਭਾਗ ਪਹਿਲਾ ਦੇ ਗਗਨਦੀਪ ਸਿੰਘ ਨੇ ਪਹਿਲਾ ਅਤੇ ਗੁਰਮੁੱਖ ਸਿੰਘ ਨੇ ਦੂਜਾ ਸਥਾਨ ਹਾਸਲ ਕੀਤਾ।ਇਸ ਦੌਰਾਨ ਪ੍ਰਿੰਸੀਪਲ ਪ੍ਰੋਫੈਸਰ (ਡਾ.) ਸੁਖਵਿੰਦਰ ਸਿੰਘ ਨੇ ਹਿੰਦੀ ਦਿਵਸ ਮਨਾਏ ਜਾਣ ਦੇ ਮੁੱਖ ਕਾਰਨਾਂ 'ਤੇ ਚਾਨਣਾਂ ਪਾਉਂਦੇ ਹੋਏ ਹਿੰਦੀ ਦੇ ਮਹੱਤਵ ਬਾਰੇ ਦੱਸਿਆ।ਉਨ੍ਹਾਂ ਨੇ ਹਿੰਦੀ ਭਾਸ਼ਾ ਨੂੰ ਅਪਨਾਉਣ ਦੀ ਗੱਲ ਕਰਦੇ ਕਿਹਾ ਕਿ ਇਸ ਸਾਡੇ ਲਈ ਮਾਣ ਦੀ ਗੱਲ ਹੈ ਕਿ ਹਿੰਦੀ ਸਾਨੂੰ ਸਾਰਿਆਂ ਏਕਤਾ ਦੇ ਸੂਤਰ ਵਿੱਚ ਬੰਨ੍ਹਣ ਦਾ ਕੰਮ ਕਰਦੀ ਹੈ।

ਇਸ ਮੌਕੇ ਉਹਨਾਂ ਵੱਲੋਂ ਹਿੰਦੀ ਵਿੱਚ ਇੱਕ ਕਵਿਤਾ ਵੀ ਪੜ੍ਹੀ ਗਈ। ਇਸ ਮੌਕੇ ਹਿੰਦੀ ਵਿਭਾਗ ਦੇ ਮੁਖੀ ਡਾ ਵਿਕਾਸ ਕੁਮਾਰ ਨੇ ਹਿੰਦੀ ਦਿਵਸ ਨਾਲ ਸੰਬੰਧਤ ਇਤਿਹਾਸਕ ਤੱਥਾਂ ਦੀ ਜਾਣਕਾਰੀ ਸਾਂਝੀ ਕੀਤੀ

# ਬਾਬਾ ਫ਼ਰੀਦ ਪਬਲਿਕ ਸਕੂਲ ਵਿਖੇ ਸਟੂਡੈਂਟ ਕੌਂਸਲ ਦਾ ਕੀਤਾ ਗਠਨ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)** ਬਾਬਾ ਫ਼ਰੀਦ ਪਬਲਿਕ ਸਕੂਲ ਵਿਖੇ ਸਵੇਰ ਦੀ ਸਭਾ ਵਿੱਚ ਵੀ.ਐਮ.ਸਟੇਡੀਅਮ ਵਿਖੇ ਵੱਖ-ਵੱਖ ਹਾਊਸਾਂ ਨਾਲ ਸਬੰਧਤ ਸਟੂਡੈਂਟ ਕੌਂਸਲ ਦਾ ਗਠਨ ਕੀਤਾ ਗਿਆ।ਐਨ.ਸੀ.ਸੀ. ਕੈਡਿਟ ਦੇ ਬੈਂਡ ਰਾਹੀਂ ਮਾਰਚ ਪਾਸਟ ਕਰਦੇ ਹੋਏ ਇਨ੍ਹਾਂ ਵਿਦਿਆਰਥੀਆਂ ਨੂੰ ਸਟੇਜ 'ਤੇ ਬੁਲਾ ਕੇ ਸਬੰਧਤ ਹਾਊਸ ਦੇ ਹਾਊਸ ਮਾਸਟਰ, ਕੋਆਰਡੀਨੇਟਰ ਤੇ ਸਕੂਲ ਅਧਿਕਾਰੀਆਂ ਵਲੋਂ ਉਨ੍ਹਾਂ ਦੇ ਵੱਖ-ਵੱਖ ਅਹੁਦਿਆਂ ਨਾਲ ਨਿਵਾਜਿਆ ਗਿਆ, ਜਿਸ ਵਿੱਚ ਹਾਊਸ ਦੇ ਕੈਪਟਨ, ਵਾਈਸ ਕੈਪਟਨ, ਪ੍ਰੀਫ਼ੈਕਟ ਡਿਸਪਲਿਨ ਤੇ ਲਿਟਰੇਰੀ ਲੀਡਰ ਦੇ ਵੱਖ-ਵੱਖ ਅਹੁਦੇ ਦਿੱਤੇ ਗਏ।ਇਸ ਤੋਂ ਇਲਾਵਾ ਅਦਾਰੇ ਦੇ ਹੈਡ ਗਰਲ, ਹੈਡ ਬੁਆਏ, ਵਾਈਸ ਹੈੱਡ ਗਰਲ, ਵਾਈਸ ਹੈਡ ਬੁਆਏ, ਸਪੋਰਟਸ ਹੈੱਡ, ਗੁਣਾਤਮਕ ਗਤੀਵਿਧੀਆਂ ਦੇ ਹੈੱਡ ਦਾ ਵੀ ਗਠਨ ਕੀਤਾ ਗਿਆ।ਵਿਦਿਆਰਥੀਆਂ ਅੰਦਰ ਲੀਡਰਸ਼ਿਪ ਦੀ ਭਾਵਨਾ ਪੈਦਾ ਕਰਨ ਹਿੱਤ ਇਹ ਚੋਣ ਕਰਦੇ ਹੋਏ ਉਨ੍ਹਾਂ ਨੂੰ ਸਹੁੰ ਚੁਕਾਈ ਗਈ ਤਾਂ ਜੁ ਉਹ ਪੂਰੀ ਇਮਾਨਦਾਰੀ, ਤਨਦੇਹੀ ਨਾਲ ਅਨੁਸ਼ਾਸਨ ਵਿਚ ਰਹਿ ਕੇ ਆਪਣੀਆਂ ਜ਼ਿੰਮੇਵਾਰੀਆਂ ਨੂੰ ਬਾਖ਼ੂਬੀ ਨਿਭਾ ਸਕਣ।ਕੌਂਸਲ ਦੇ ਗਠਨ ਕਰਨ ਦਾ ਅਸਲ ਮੰਤਵ ਇਹ ਹੈ ਕਿ ਵਿਦਿਆਰਥੀਆਂ ਨੂੰ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਕੇ ਇਕ ਚੰਗੇ ਨਾਗਰਿਕ ਬਣਨ ਲਈ ਪ੍ਰੇਰਿਤ ਕਰਨਾ ਹੈ।ਉਪਰੰਤ ਵਿਦਿਆਰਥੀਆਂ ਨੇ ਗੁਰਦੁਆਰਾ ਸਾਹਿਬ ਵਿਚ ਮੱਥਾ ਟੇਕ ਕੇ ਆਪਣੇ ਅਹੁਦਿਆਂ ਪ੍ਰਤੀ ਸਿਰੜ ਤੇ ਸਿਦਕ ਨਾਲ ਨਿਭਾਉਣ ਲਈ ਅਰਦਾਸ ਕੀਤੀ।ਅਦਾਰੇ ਦੀ ਸਮੁੱਚੀ ਮੈਨੇਜਮੈਂਟ ਕਮੇਟੀ ਪ੍ਰੈਜੀਡੈਂਟ ਸਿਮਰਜੀਤ ਸਿੰਘ ਸੇਖੋਂ, ਦੀਪਇੰਦਰ ਸਿੰਘ ਸੇਖੋਂ ਸੀਨੀਅਰ ਵਾਈਸ ਪ੍ਰੈਜੀਡੈਂਟ, ਡਾ. ਗੁਰਇੰਦਰ ਮੋਹਨ ਸਿੰਘ ਪ੍ਰਬੰਧਕ ਅਤੇ ਖਜ਼ਾਨਚੀ, ਸੁਰਿੰਦਰ ਸਿੰਘ ਰੋਮਾਣਾ ਜਨਰਲ ਸੈਕਟਰੀ ਤੇ ਐਕਜ਼ੀਕਿਊਟਿਵ ਮੈਂਬਰ ਚਰਨਜੀਤ ਸਿੰਘ ਸੇਖੋਂ, ਗੁਰਜਾਪ ਸਿੰਘ ਸੇਖੋਂ ਤੇ ਨਰਿੰਦਰਪਾਲ ਸਿੰਘ ਨੇ ਸ਼ਲਾਘਾ ਕਰਦੇ ਹੋਏ ਕਿਹਾ ਕਿ ਸੰਸਥਾ ਦਾ ਅਸਲ ਮੰਤਵ ਵਿਦਿਆਰਥੀਆਂ ਦਾ ਸਰਵ ਪੱਖੀ ਵਿਕਾਸ ਕਰਨਾ ਹੈ ਤਾਂ ਜੁ ਵਿਦਿਆਰਥੀ ਭਵਿੱਖ ਵਿਚ ਉਚੇਰੀਆਂ ਮੰਜ਼ਲਾਂ ਦੀ ਪ੍ਰਾਪਤੀ ਕਰ ਸਕਣ ਤੇ ਆਪਣੇ ਮਾਪਿਆਂ ਅਧਿਆਪਕਾਂ ਅਤੇ ਸੰਸਥਾ ਦਾ ਨਾਂਅ ਰੌਸ਼ਨ ਕਰਨ।

## ਡੀ ਸੀ ਸੰਦੀਪ ਰਿਸ਼ੀ ਨੂੰ ਗੁਲਦਸਤਾ ਭੇਟ ਕਰਕੇ ਜੀ ਆਇਆਂ ਕਿਹਾ



**ਸੰਗਰੂਰ (ਪ੍ਰਵੀਨ ਸਿੰਘ)** ਆਲ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦਾ ਇੱਕ ਵਫਦ ਸਰਪ੍ਰਸਤ ਜਗਦੀਸ਼ ਸ਼ਰਮਾ, ਪ੍ਰਧਾਨ ਸੁਰਿੰਦਰ ਵਾਲੀਆਂ ਦੀ ਅਗਵਾਈ ਵਿੱਚ ਡਿਪਟੀ ਕਮਿਸ਼ਨਰ ਸੰਗਰੂਰ, ਸ੍ਰੀ ਸੰਦੀਪ ਰਿਸ਼ੀ ਆਈ ਏ ਐਸ ਨੂੰ ਉਨ੍ਹਾਂ ਦੇ ਦਫ਼ਤਰ ਵਿਚ ਮਿਲ ਕੇ ਗੁਲਦਸਤਾ ਭੇਟ ਕਰਕੇ ਜੀ ਆਇਆਂ ਆਖਿਆ ਤੇ ਐਸੋਸੀਏਸ਼ਨ ਵੱਲੋਂ ਸਮਾਜਿਕ, ਧਾਰਮਿਕ ਅਤੇ ਪ੍ਰਸ਼ਾਸਨਿਕ ਗਤੀਵਿਧੀਆਂ ਵਿੱਚ ਪੂਰਨ ਸਹਿਯੋਗ ਦੇਣ ਦਾ ਵਿਸ਼ਵਾਸ ਦਿਵਾਇਆ ਗਿਆ।ਮਾਨਯੋਗ ਡਿਪਟੀ ਕਮਿਸ਼ਨਰ ਵੱਲੋਂ ਬਜ਼ੁਰਗ ਪੈਨਸ਼ਨਰਾਂ ਤੇ ਸੁਪਰ ਸਿਟੀਜ਼ਨ ਦੀ ਹਰ ਤਰ੍ਹਾਂ ਨਾਲ ਸੁਰੱਖਿਆ, ਸਾਂਭ ਸੰਭਾਲ ਤੇ ਪੂਰਨ ਸਤਿਕਾਰ ਕਰਨ ਦਾ ਭਰੋਸਾ ਦਿੱਤਾ ਗਿਆ।

## ਭਾਜਪਾ ਨੂੰ ਪਿੰਡਾਂ 'ਚ ਵੀ ਮਿਲ ਰਿਹੇ ਭਰਪੂਰ ਸਮਰਥਨ : ਗਗਨਦੀਪ ਸ਼ਰਮਾ



**ਬਰੇਟਾ (ਰੀਤਵਾਲ)** ਭਾਰਤੀ ਜਨਤਾ ਪਾਰਟੀ ਦੀ ਮੀਟਿੰਗ ਪਿੰਡ ਖੁਡਾਲ ਕਲਾਂ ਵਿਖੇ ਮੰਡਲ ਪ੍ਰਧਾਨ ਗਗਨਦੀਪ ਸ਼ਰਮਾ ਦੀ ਅਗਵਾਈ ਹੇਠ ਪਾਰਟੀ ਦੇ ਸੀਨੀਅਰ ਆਗੂ ਤੇ ਸਾਬਕਾ ਸਰਪੰਚ ਸੁਖਦੇਵ ਸਿੰਘ ਬੋਘਾ ਖੁਡਾਲ ਦੇ ਘਰ ਵਿਖੇ ਹੋਈ। ਗਗਨਦੀਪ ਸ਼ਰਮਾ ਨੇ ਕਿਹਾ ਕਿ ਪਾਰਟੀ ਵੱਲੋਂ ਮੈਂਬਰਸ਼ਿਪ ਅਭਿਆਨ ਚਲਾਇਆ ਜਾ ਰਿਹਾ ਹੈ, ਜਿਸ ਨੂੰ ਪੂਰਾ ਪਕਰਨ ਲਈ ਲੋਕ ਆਪ ਮੁਹਾਰੇ ਪਾਰਟੀ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਵੀ ਲੋਕ ਵੱਡੀ ਗਿਣਤੀ ਵਿੱਚ ਲੋਕ ਭਾਜਪਾ ਦੇ ਮੈਂਬਰ ਬਣ ਰਹੇ ਹਨ। ਇਸ ਮੌਕੇ ਉਨ੍ਹਾਂ ਵੱਲੋਂ ਕੇਂਦਰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਪੱਖੀ ਸਕੀਮਾਂ ਦੀ ਜਾਣਕਾਰੀ ਦਿੱਤੀ। ਇਸ ਸਮੇਂ ਇਕੱਤਰ ਸਮੁੱਚੇ ਅਹੁਦੇਦਾਰਾਂ ਅਤੇ ਵਰਕਰਾਂ ਨੇ ਮੈਂਬਰਸ਼ਿਪ ਅਭਿਆਨ ਨੂੰ ਸਫਲ ਬਨਾਉਣ ਅਤੇ ਵੱਧ ਤੋਂ ਵੱਧ ਘਰ-ਘਰ ਜਾ ਕੇ ਲੋਕਾਂ ਨੂੰ ਮਿਲਣ ਅਤੇ ਪਾਰਟੀ ਦੀ ਹੋਰ ਮਜਬੂਤੀ ਕਰਨ ਦਾ ਫੈਸਲਾ ਲਿਆ।

## ਨਗਰ ਕੌਂਸਲ ਵੱਲੋਂ ਸਵੱਛਤਾ ਹੀ ਸੇਵਾ ਮੁਹਿੰਮ ਦੀ ਸ਼ੁਰੂਆਤ




**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਨਗਰ ਕੌਂਸਲ ਮਾਛੀਵਾੜਾ ਵੱਲੋਂ ਸਵੱਛਤਾ ਹੀ ਸੇਵਾ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਹਲਕਾ ਸਮਰਾਲਾ ਦੇ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਦੇ ਸਹਿਯੋਗ ਅਤੇ ਨਗਰ ਕੌਂਸਲ ਦੇ ਕਾਰਜ ਸਾਧਕ ਅਫਸਰ ਬਲਵੀਰ ਸਿੰਘ ਦੀ ਅਗਵਾਈ ਹੇਠ ਇੱਕ ਰੈਲੀ ਵੀ ਕੱਢੀ ਗਈ, ਜਿਸ ਵਿਚ ਗਰੁੱਪ ਮਹਿਲਾਵਾਂ ਤੇ ਐੱਨ.ਜੀ.ਓ. ਮੈਂਬਰਾਂ ਨੇ ਸ਼ਮੂਲੀਅਤ ਕੀਤੀ। ਇਹ ਰੈਲੀ ਨਗਰ ਕੌਂਸਲ ਮਾਛੀਵਾੜਾ ਸਾਹਿਬ ਦੇ ਦਫ਼ਤਰ ਤੋਂ ਸਮਰਾਲਾ ਰੋਡ ਤੱਕ ਕੱਢੀ ਗਈ, ਜਿਸ ਦਾ ਮਕਸਦ ਲੋਕਾਂ ਨੂੰ ਆਪਣੇ ਆਲੇ-ਦੁਆਲੇ ਅਤੇ ਸ਼ਹਿਰ ਦੀ ਸਫ਼ਾਈ ਪ੍ਰਤੀ ਜਾਗਰੂਕ ਕਰਨਾ ਸੀ। ਇਸ ਮੌਕੇ 'ਆਪ' ਆਗੂ ਸੁਖਵਿੰਦਰ ਸਿੰਘ ਗਿੱਲ, ਆੜ੍ਹਤੀ ਐਸੋ. ਦੇ ਪ੍ਰਧਾਨ ਮੋਹਿਤ ਕੁੰਦਰਾ, ਪ੍ਰਵੀਨ ਮੱਕੜ, ਬ੍ਰੈਂਡ ਅੰਬੈਸਟਰ ਜਗਮੀਤ ਸਿੰਘ, ਦਲੀਪ ਸਿੰਘ, ਅਕਾਊਂਟੈਂਟ ਸੰਜੀਵ ਕੁਮਾਰ, ਸੈਨੇਟਰੀ ਇੰਸਪੈਕਟਰ ਸੁਖਦੇਵ ਸਿੰਘ ਬਿੱਟੂ, ਇੰਸਪੈਕਟਰ ਸੁਖਵਿੰਦਰ ਸਿੰਘ, ਜੂਨੀਅਰ ਸਹਾਇਕ ਰਾਜ ਕੁਮਾਰ, ਰੋਹਿਤ ਜੈਨ ਕਲਰਕ, ਭੁਪਿੰਦਰ ਸਿੰਘ, ਕਲਰਕ ਦੀਪਕ ਸ਼ਰਮਾ, ਸੀ.ਐੱਫ ਨਵਰੀਤ ਕੌਰ, ਮੇਜਰ ਸਿੰਘ, ਲਾਭ ਸਿੰਘ, ਕਰਨਪ੍ਰੀਤ ਸਿੰਘ, ਗਗਨਦੀਪ ਕੌਰ, ਸੋਮਨ, ਮੋਟੀਵੇਟਰ ਰਮਨਦੀਪ ਕੌਰ, ਰਮਨਪ੍ਰੀਤ ਕੌਰ, ਹਰਵਿੰਦਰ ਕੌਰ, ਬਲਜੀਤ ਕੌਰ, ਚਰਨਜੀਤ ਸਿੰਘ ਆਦਿ ਮੌਜੂਦ ਸਨ।

# ਅਨੀਮੀਆ ਦੀ ਰੋਕਥਾਮ ਬਾਰੇ ਜਾਗਰੂਕਤਾ ਭਾਸ਼ਣ ਕਰਵਾਇਆ



**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਰਾਸ਼ਟਰੀ ਸੇਵਾ ਯੋਜਨਾ (ਐਨਐਸਐਸ) ਨੇ ਰਾਸ਼ਟਰੀ ਪੋਸ਼ਣ ਮਾਹ ਦੇ ਹਿੱਸੇ ਵਜੋਂ ਅਨੀਮੀਆ ਤੇ ਇਸ ਦੀ ਰੋਕਥਾਮ ਬਾਰੇ ਪ੍ਰਭਾਵਸ਼ਾਲੀ ਜਾਗਰੂਕਤਾ ਭਾਸ਼ਣ ਦਾ ਆਯੋਜਨ ਕੀਤਾ। ਸਮਾਗਮ ਵਿੱਚ ਡਾ. ਅਨਾਮਿਕਾ ਸੋਨੀ ਤੇ ਡਾ ਆਭਾ ਨੇ ਅਨੀਮੀਆ ਅਤੇ ਇਸ ਦੇ ਰੋਕਥਾਮ ਉਪਾਵਾਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ 100 ਐਨਐਸਐਸ ਵਲੰਟੀਅਰਾਂ ਨਾਲ ਗੱਲਬਾਤ ਕੀਤੀ।ਡਾ. ਮੋਨਿਕਾ ਐਰੀ, ਪ੍ਰੋਗਰਾਮ ਅਫ਼ਸਰ, ਐਨਐਸਐਸ ਨੇ ਦੱਸਿਆ ਕਿ ਦਿਨ ਭਰ ਚੱਲਣ ਵਾਲੀ ਵਰਕਸ਼ਾਪ ਵਿੱਚ ਪ੍ਰੀ-ਟੈਸਟਿੰਗ, ਇੱਕ ਸਰੋਤ ਗੱਲਬਾਤ, ਪੋਸਟ-ਟੈਸਟਿੰਗ ਤੇ ਇੱਕ ਇੰਟਰ ਐਕਟਿਵ ਵਿਚਾਰ ਵਟਾਂਦਰੇ ਸੈਸ਼ਨ ਸ਼ਾਮਲ ਸਨ।

ਡਾ ਅਨਾਮਿਕਾ ਸੋਨੀ ਨੇ ਆਪਣੀ ਵਿਸਥਾਰ ਪੂਰਵਕ ਪੇਸ਼ਕਾਰੀ ਵਿੱਚ ਅਨੀਮੀਆ ਦੇ ਕਾਰਨਾਂ ਤੇ ਨਤੀਜਿਆਂ, ਖਾਸ ਕਰਕੇ ਔਰਤਾਂ ਤੇ ਬੱਚਿਆਂ ਵਿੱਚ ਚਾਨਣਾ ਪਾਇਆ।ਉਨ੍ਹਾਂ ਅਨੀਮੀਆ ਦੀਆਂ ਵੱਖ-ਵੱਖ ਕਿਸਮਾਂ ਬਾਰੇ ਵਿਚਾਰ ਵਟਾਂਦਰਾ ਕੀਤਾ, ਜਿਸ ਵਿੱਚ ਆਇਰਨ ਦੀ ਘਾਟ ਵਾਲਾ ਅਨੀਮੀਆ, ਸਭ ਤੋਂ ਆਮ ਰੂਪ ਸ਼ਾਮਲ ਹੈ ਤੇ ਸਿਹਤ 'ਤੇ ਇਸ ਦੇ ਗੰਭੀਰ ਪ੍ਰਭਾਵਾਂ ਨੂੰ ਉਜਾਗਰ ਕੀਤਾ, ਜਿਵੇਂ ਥਕਾਵਟ, ਕਮਜ਼ੋਰੀ ਤੇ ਕਮਜ਼ੋਰ ਬੌਧਿਕ ਕਾਰਜ।

ਡਾ. ਸੋਨੀ ਨੇ ਗੰਭੀਰ ਉਲਝਣਾਂ ਨੂੰ ਰੋਕਣ ਲਈ ਜਲਦੀ ਨਿਦਾਨ ਤੇ ਸਮੇਂ ਸਿਰ ਦਖਲ ਅੰਦਾਜ਼ੀ ਦੀ ਮਹੱਤਤਾ ਬਾਰੇ ਵੀ ਵਿਸਥਾਰ ਨਾਲ ਦੱਸਿਆ ਤੇ ਵਲੰਟੀਅਰਾਂ ਨੂੰ ਆਪਣੇ ਭਾਈਚਾਰਿਆਂ ਵਿੱਚ ਸਰਗਰਮੀ ਨਾਲ ਜਾਗਰੂਕਤਾ ਫੈਲਾਉਣ ਲਈ ਉਤਸ਼ਾਹਤ ਕੀਤਾ।

# ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਪੰਜਾਬ ਸਰਕਾਰ ਵਚਨਬੱਧ : ਭਰਾਜ



**ਸੰਗਰੂਰ (ਪ੍ਰਵੀਨ ਸਿੰਘ)** ਹਲਕਾ ਸੰਗਰੂਰ ਤੋਂ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਹਲਕੇ ਦੇ ਸਰਵਪੱਖੀ ਵਿਕਾਸ ਲਈ 20 ਪਿੰਡਾਂ ਨੂੰ ਵੱਖ-ਵੱਖ ਵਿਕਾਸ ਕਾਰਜਾਂ ਲਈ ਤਕਰੀਬਨ 86 ਲੱਖ ਰੁਪਏ ਦੀ ਰਾਸ਼ੀ ਜਾਰੀ ਕੀਤੀ।ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਦੇਸ਼ਾਂ ਤਹਿਤ ਸੂਬੇ ਨੂੰ ਮੁੜ ਤੋਂ ਰੰਗਲਾ ਪੰਜਾਬ ਬਣਾਉਣ ਲਈ ਲਗਾਤਾਰ ਸਾਰਥਿਕ ਉਪਰਾਲੇ ਕੀਤੇ ਜਾ ਰਹੇ ਹਨ।

ਵਿਧਾਇਕ ਭਰਾਜ ਨੇ ਕਿਹਾ ਕਿ ਕੇਂਦਰ ਵੱਲੋਂ ਪੰਜਾਬ ਦੇ ਪਿੰਡਾਂ ਦੇ ਵਿਕਾਸ ਲਈ ਦਿੱਤਾ ਜਾਣ ਵਾਲਾ ਕਰੋੜਾਂ ਰੁਪਇਆ ਰੋਕੇ ਜਾਣ ਦੇ ਬਾਵਜੂਦ ਵੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪਿੰਡਾਂ ਦੇ ਵਿਕਾਸ ਲਈ ਲਗਾਤਾਰ ਫੰਡ ਜਾਰੀ ਕੀਤੇ ਜਾ ਰਹੇ ਹਨ ਤੇ ਪਿੰਡ ਵਾਸੀਆਂ ਵੱਲੋਂ ਜਿਹੜੇ ਵੀ ਕੰਮ ਦੱਸੇ ਗਏ ਹਨ, ਉਹ ਪਹਿਲ ਦੇ ਆਧਾਰ 'ਤੇ ਪੂਰੇ ਕੀਤੇ ਜਾਣਗੇ।ਉਨ੍ਹਾਂ ਕਿਹਾ ਕਿ ਪਿੰਡਾਂ ਦੀਆਂ ਬਹੁਤੀਆਂ ਮੁਸ਼ਕਲਾਂ ਇਕਸਮਾਨ ਹੀ ਹਨ, ਜਿਸ ਵਿੱਚ ਪਾਣੀ ਦੀ ਨਿਕਾਸੀ ਦੀ ਸਮੱਸਿਆ, ਸੜਕਾਂ ਦੇ ਆਲੇ-ਦੁਆਲੇ ਨਜਾਇਜ਼ ਕਬਜ਼ੇ, ਰੂੜੀਆਂ ਦੀ ਸਮੱਸਿਆ ਅਤੇ ਗਲੀਆਂ-ਨਾਲੀਆਂ ਦੀ ਸਮੱਸਿਆ।ਇਨ੍ਹਾਂ ਸਾਰੀਆਂ ਮਸ਼ਕਲਾਂ ਦੇ ਹੱਲ ਲਈ ਹੁਣ ਸਮਾਂਬੱਧ ਤਰੀਕੇ ਨਾਲ ਕੰਮ ਕੀਤਾ ਜਾ ਰਿਹਾ ਹੈ, ਜਿਸ ਤਹਿਤ ਕੂੜੇ ਤੇ ਰੂੜੀਆਂ ਦੀ ਸਮੱਸਿਆ ਦੇ ਹੱਲ ਲਈ ਪਿੰਡਾਂ 'ਚ ਠੋਸ ਤੇ ਤਰਲ ਕੂੜਾ ਪ੍ਰਬੰਧਨ ਲਈ ਵੀ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।

## ਮਹਾਰਾਸ਼ਟਰ, ਰਾਜਸਥਾਨ ਦੀ ਤਰਜ਼ 'ਤੇ ਪੰਜਾਬ ਸਰਕਾਰ ਇਲੈਕਟ੍ਰੋ ਹੋਮਿਓਪੈਥਿਕ ਡਾਕਟਰਾਂ ਨੂੰ ਦੇਵੇ ਮਾਨਤਾ : ਡਾ. ਸੇਖੋਂ



**ਮੋਗਾ, (ਇਕਬਾਲ ਸਿੰਘ ਖਹਿਰਾ)** ਇਲੈਕਟ੍ਰੋਹੋਮਿਓਪੈਥਿਕ ਡਾਕਟਰਜ਼ ਮੈਡੀਕਲ ਐਸੋਸੀਏਸ਼ਨ ਪੰਜਾਬ ਦੀ ਸਤੰਬਰ ਮਹੀਨੇ ਦੀ ਮੀਟਿੰਗ ਬੁੱਗੀਪੁਰਾ ਚੌਂਕ ਚੋਖਾ ਅੰਪਾਇਰ ਮੋਗਾ ਵਿਖੇ ਹੋਈ ਮੀਟਿੰਗ ਵਿੱਚ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਦਿੱਲੀ ਤੇ ਉੱਤਰ ਪ੍ਰਦੇਸ਼ ਤੋਂ 130 ਤੋਂ ਵੱਧ ਡਾਕਟਰਾਂ ਨੇ ਹਿੱਸਾ ਲਿਆ। ਮੀਟਿੰਗ ਦੀ ਸ਼ੁਰੂਆਤ ਡਾ. ਜਗਜੀਤ ਸਿੰਘ ਗਿੱਲ ਨੇ ਕੀਤੀ। ਉਨ੍ਹਾਂ ਐਸੋਸੀਏਸ਼ਨ ਦੀਆਂ ਗਤੀਵਿਧੀਆਂ 'ਤੇ ਚਾਨਣਾ ਪਾਇਆ। ਮੀਟਿੰਗ ਦੌਰਾਨ ਚੇਅਰਮੈਨ ਡਾ. ਜਗਤਾਰ ਸਿੰਘ ਸੇਖੋਂ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਜਿਸ ਤਰ੍ਹਾਂ ਮਹਾਰਾਸ਼ਟਰ ਤੇ ਰਾਜਸਥਾਨ ਵਿੱਚ ਇਲੈਕਟ੍ਰੋਹੋਮਿਓਪੈਥੀ ਨੂੰ ਮਾਨਤਾ ਦਿੱਤੀ ਗਈ ਹੈ। ਉਸੇ ਤਰਜ਼ ਅਧੀਨ ਪੰਜਾਬ ਵਿੱਚ ਵੀ ਇਲੈਕਟ੍ਰੋਹੋਮਿਓਪੈਥੀ ਨੂੰ ਮਾਨਤਾ ਦਿੱਤੀ ਜਾਵੇ ਤਾਂ ਜੁ ਇਸ ਅਧੀਨ ਆਉਂਦੇ ਹਜ਼ਾਰਾਂ ਡਾਕਟਰ ਸਹੀ ਤਰੀਕੇ ਨਾਲ ਆਪਣਾ ਲੋਕਾਂ ਨੂੰ ਸਿਹਤ ਸਹੂਲਤਾਂ ਮੁਹੱਈਆ ਕਰਾ ਸਕਣ। ਮੀਟਿੰਗ ਵਿੱਚ ਡਾ. ਜਗਤਾਰ ਸਿੰਘ ਸੇਖੋਂ ਵੱਲੋਂ ਖੂਨ ਪ੍ਰਣਾਲੀ ਵਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ। ਉਸ ਤੋਂ ਬਾਅਦ ਡਾਕਟਰ ਜਗਤਾਰ ਸਿੰਘ ਸੇਖੋਂ ਵੱਲੋਂ ਕੁੱਝ ਸਫ਼ਲ ਇਲੈਕਟ੍ਰੋਹੋਮਿਓਪੈਥੀ ਤਜਰਬੇ ਵੀ ਸਾਂਝੇ ਕੀਤੇ। ਇਸ ਮੌਕੇ ਡਾ. ਜਗਪ੍ਰੀਤ ਸਿੰਘ ਖੋਖਰ ਵਲੋਂ ਰੀੜ ਦੀ ਹੱਡੀ ਦੀ ਬਣਤਰ ਤੇ ਕੰਮਾਂ ਬਾਰੇ ਦੱਸਿਆ ਇਸ ਸਮੇਂ ਜਰਨਲ ਸਕੱਤਰ ਡਾ ਪਰਮਿੰਦਰ ਪਾਠਕ ਦੁਆਰਾ ਕੈਨਸਰੋਸੋਸ 10 ਦਵਾਈ ਦੀਆਂ ਵਿਸ਼ੇਸ਼ਤਾਵਾਂ ਦੱਸੀਆਂ ਅਤੇ ਇਹ ਵੀ ਜਾਣਕਾਰੀ ਸ਼ਾਝੀ ਕੀਤੀ। ਡਾ. ਕਮਲਜੀਤ ਕੌਰ ਸੇਖੋਂ ਦੁਆਰਾ ਇਲੈਕਟਰੋਹੋਮਿਓਪੈਥੀ ਦੇ 2 ਪੌਦਿਆਂ ਦੇ ਗੁਣਾਂ ਤੇ ਕੰਮਾਂ ਬਾਰੇ ਜਾਣਕਾਰੀ ਦਿੱਤੀ। ਡਾ. ਅਵਤਾਰ ਸਿੰਘ ਦੁਆਰਾ ਟਾਈਫਾਇਡ ਬਿਮਾਰੀ ਦੇ ਕਾਰਨ ਤੇ ਇਲਾਜ ਬਾਰੇ ਦੱਸਿਆ ਗਿਆ। ਡਾ. ਅੰਮ੍ਰਿਤਪਾਲ ਸਿੰਘ ਗੋਨਿਆਨਾ ਲਫੈਟਿਕ ਸਿਸਟਮ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ।

# ਆਕਸਫੋਰਡ ਦੇ ਵਿਦਿਆਰਥੀਆਂ ਦੀ ਟੈਕਨੀਕਲ ਪੇਸ਼ਕਾਰੀ 'ਚ ਅਹਿਮ ਪ੍ਰਾਪਤੀ



**ਭਗਤਾ ਭਾਈ ਕਾ, (ਰਾਜੀਵ ਗੋਇਲ)** ਦਾ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ ਦੇ ਵਿਦਿਆਰਥੀ ਪ੍ਰਾਂਜਲ ਸੁਖੀਜਾ ਤੇ ਗੁਰਮਨਪ੍ਰੀਤ ਸਿੰਘ ਨੇ 'ਸਮਾਰਟ ਸਕੂਲ਼ ਐਂਡ ਵਾਟਰਮਨੀਟਰ ਸਿਸਟਮ' ਦੀ ਟੈਕਨੀਕਲ ਪੇਸ਼ਕਾਰੀ ਕਰਕੇ 900 ਰੁਪਏ ਦਾ ਇਨਾਮ ਅਤੇ ਦੂਜਾ ਸਥਾਨ ਹਾਸਲ ਕੀਤਾ। ਇਸ ਤਰ੍ਹਾਂ ਆਕਸਫੋਰਡ ਦੇ ਵਿਦਿਆਰਥੀਆਂ ਨੇ 15 ਸਤੰਬਰ ਨੂੰ ਇੰਜੀਨੀਅਰ ਡੇਅ ਦੀ 57ਵੀ ਵਰ੍ਹੇਗੰਢ 'ਤੇ ਬਠਿੰਡਾ ਲੋਕਲ ਸੈਂਟਰ ਵਿਖੇ ਲਗਭਗ ਪੰਦਰਾਂ ਵਿਦਿਆਰਥੀਆਂ ਨੇ 'ਦ ਇੰਸਟੀਚਿਊਟ ਆਫ਼ ਇੰਜੀਨੀਅਰ (ਇੰਡੀਆ), ਬਠਿੰਡਾ ਲੋਕਲ ਸੈਂਟਰ' ਵਿੱਚ ਹੋਈ ਇੱਕ ਪ੍ਰੋਜੈਕਟ ਪੇਸ਼ਕਾਰੀ ਵਿੱਚ ਹਿੱਸਾ ਲਿਆ। ਗਿਆਰ੍ਹਵੀਂ ਜਮਾਤ ਦੀਆਂ ਵਿਦਿਆਰਥਣਾਂ ਦਿਵਾਂਸ਼ੀ, ਜੈਸਮੀਨ ਕੌਰ, ਸੁਖਨੂਰ ਕੌਰ, ਪਵਨਪ੍ਰੀਤ ਕੌਰ ਨੇ ਇੱਕ 'ਫਾਈਵ ਇਨ ਵੰਨ ਐਕਊਸੇਵਰ' (ਜਲ ਬਚਾਓ) ਦੀ ਟੈਕਨੀਕਲ ਪੇਸ਼ਕਾਰੀ ਕਰਕੇ 1100 ਰੁਪਏ ਨਕਦ ਇਨਾਮ ਅਤੇ ਪਹਿਲਾ ਸਥਾਨ ਹਾਸਲ ਕੀਤਾ। ਸੱਤਵੀਂ ਜਮਾਤ ਦੇ ਆਪਣੀ ਤੀਖਣਬੁੱਧੀ ਦਾ ਪ੍ਰਗਟਾਵਾ ਕੀਤਾ। ਤਰੁਣ ਕੁਮਾਰ ਬੱਤਰਾ (ਚੀਫ਼ ਜਨਰਲ ਮੈਨੇਜਰ ਐਨ.ਐੱਫ.ਐੱਲ਼), ਡਾ. ਆਰ.ਕੇ. ਬਾਂਸਲ (ਡਾਇਰੈਕਟਰ, ਪੰਜਾਬ ਇੰਸਟੀਚਿਊਟ ਆਫ਼ ਟੈਕਨਾਲੋਜੀ, ਨੰਦਗੜ੍ਹ), ਡਾ. ਜਗਤਾਰ ਸਿੰਘ ਸਿਵੀਆ ਨੇ ਵਿਦਿਆਰਥੀਆਂ ਨੂੰ ਇਹ ਨਕਦ ਇਨਾਮ ਦੇ ਕੇ ਸਨਮਾਨਤ ਕੀਤਾ। ਸਕੂਲ਼ ਦੇ ਪ੍ਰਿੰਸੀਪਲ ਰੂਪ ਲਾਲ ਬਾਂਸਲ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਪ੍ਰਾਪਤੀ 'ਤੇ ਵਧਾਈ ਦਿੱਤੀ ਅਤੇ ਹੋਰ ਅੱਗੇ ਵਧਣ ਦੀ ਕਾਮਨਾ ਕੀਤੀ।

# ਸਵੱਛਤਾ ਦੀ ਸ਼ੁਰੂਆਤ ਘਰਾਂ ਤੋਂ ਕਰਕੇ ਜ਼ਿਲ੍ਹੇ, ਰਾਜ ਤੇ ਦੇਸ਼ ਨੂੰ ਸਵੱਛ ਬਣਾਇਆ ਜਾ ਸਕਦਾ : ਡਾ. ਬਲਬੀਰ ਸਿੰਘ



**ਪਟਿਆਲਾ, (ਰਾਜਿੰਦਰ ਸਿੰਘ ਥਿੰਦ)** ਪੰਜਾਬ ਦੇ ਸਿਹਤ ਤੇ ਪਰਵਾਰ ਭਲਾਈ ਤੇ ਮੈਡੀਕਲ ਸਿੱਖਿਆ ਤੇ ਖੋਜ ਮੰਤਰੀ ਡਾ. ਬਲਬੀਰ ਸਿੰਘ ਨੇ ਸਵੱਛਤਾ ਹੀ ਸੇਵਾ ਮੁਹਿੰਮ ਦੀ ਜਾਗਰੂਕਤਾ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਰਾਈ ਮੈਰਾਥਨ ਨੂੰ ਰਵਾਨਾ ਕੀਤਾ।ਸਿਹਤ ਮੰਤਰੀ ਨੇ ਵਿਦਿਆਰੀਆਂ ਤੇ ਆਮ ਲੋਕਾਂ ਨੂੰ ਸਵੱਛਤਾ ਦੀ ਸ਼ੁਰੂਆਤ ਆਪਣੇ ਘਰਾਂ ਤੋਂ ਕਰਕੇ ਸ਼ਹਿਰ, ਜ਼ਿਲ੍ਹਾ, ਰਾਜ ਤੇ ਅੱਗੇ ਆਪਣੇ ਪੂਰੇ ਦੇਸ਼ ਨੂੰ ਸਾਫ਼ ਕਰਨ ਦਾ ਸੱਦਾ ਦਿੱਤਾ।ਸਿਹਤ ਮੰਤਰੀ ਨੇ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਸਾਨੂੰ ਸਭ ਨੂੰ ਇਕਜੁਟ ਹੋ ਕੇ ਵਾਤਾਵਰਣ ਬਚਾਉਣ ਲਈ ਪੋਲੀਥੀਨ ਲਿਫ਼ਾਫ਼ਿਆਂ ਦੀ ਥਾਂ ਕੱਪੜੇ ਜਾਂ ਜੂਟ ਦੇ ਬੈਗ ਤੇ ਝੋਲੇ ਆਦਿ ਵਰਤਣੇ ਚਾਹੀਦੇ ਹਨ।ਉਨ੍ਹਾਂ ਨੇ ਇਸ ਦੌਰਾਨ ਬੱਚਿਆਂ ਨੂੰ ਡੇਂਗੂ ਤੋਂ ਬਚਣ ਲਈ ਸਫ਼ਾਈ ਰੱਖਣ ਤੇ ਖਾਸ ਕਰਕੇ ਸਾਫ਼ ਪਾਣੀ ਦੇ ਸਰੋਤ ਚੈੱਕ ਕਰਕੇ ਡੇਂਗੂ ਦਾ ਲਾਰਵਾ ਖ਼ਤਮ ਕਰਨ ਦਾ ਵੀ ਸੱਦਾ ਦਿੱਤਾ।

ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਇਹ ਸਵੱਛਤਾ ਹੀ ਸੇਵਾ ਮੁਹਿੰਮ ਮਹਾਤਮਾ ਗਾਂਧੀ ਜੈਯੰਤੀ 2 ਅਕਤੂਬਰ ਤੱਕ ਚੱਲੇਗੀ ਤੇ ਇਸ ਪੰਦਰਵਾੜੇ ਦੌਰਾਨ ਵੱਖ-ਵੱਖ ਪ੍ਰੋਗਰਾਮ ਕਰਾਏ ਜਾਣਗੇ, ਜਿਸ ਨਾਲ ਸਾਰੇ ਨਾਗਰਿਕਾਂ ਨੂੰ ਸਫ਼ਾਈ ਬਾਰੇ ਜਾਗਰੂਕ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਸਵੱਛਤਾ ਦਾ ਸਾਡੇ ਜੀਵਨ ਨੂੰ ਤੰਦਰੁਸਤ ਰੱਖਣ ਵਿੱਚ ਵੱਡਾ ਯੋਗਦਾਨ ਹੈ, ਇਸ ਲਈ ਹਰੇਕ ਨਾਗਰਿਕ ਸਵੱਛਤਾ ਮੁਹਿੰਮ ਦਾ ਹਿੱਸਾ ਜ਼ਰੂਰ ਬਣੇ।ਉਨ੍ਹਾਂ ਨੇ ਗਿੱਲੇ ਤੇ ਸੁੱਕੇ ਕੂੜੇ ਬਾਰੇ ਸੁਚੇਤ ਹੋਣ ਬਾਰੇ ਵੀ ਦੱਸਿਆ।

ਇਸ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਦਿਹਾਤੀ ਵਿਕਾਸ) ਡਾ. ਹਰਜਿੰਦਰ ਸਿੰਘ ਬੇਦੀ ਅਤੇ ਏ.ਡੀ.ਸੀ. (ਜ) ਕੰਚਨ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਦੀ ਅਗਵਾਈ ਹੇਠ 2 ਅਕਤੂਬਰ ਤੱਕ ਜ਼ਿਲ੍ਹੇ ਵਿੱਚ ਵੱਖ-ਵੱਖ ਸਮਾਗਮ ਕਰਾਏ ਜਾਣਗੇ। ਏ.ਡੀ.ਸੀ. ਨੇ ਦੱਸਿਆ ਕਿ ਸਵੱਛਤਾ ਦਿਵਸ ਮੌਕੇ ਸਾਰੇ ਭਾਗੀਦਾਰਾਂ ਨੂੰ ਸਨਮਾਨਤ ਕੀਤਾ ਜਾਵੇਗਾ।ਉਨ੍ਹਾਂ ਨੇ ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਤੋਂ ਵਾਤਾਵਰਣ ਇੰਜ: ਗੁਰਕਰਨ ਸਿੰਘ ਵੱਲੋਂ ਲਿਆਂਦੇ ਗਏ ਕੱਪੜੇ ਦੇ ਬੈਗ ਵੀ ਤਕਸੀਮ ਕੀਤੇ।

ਮੈਰਾਥਨ ਮੌਕੇ ਇੰਪਰੂਵਮੈਂਟ ਟਰੱਸਟ ਪਟਿਆਲਾ ਦੇ ਚੇਅਰਮੈਨ ਮੇਘ ਚੰਦ ਸ਼ੇਰਮਾਜਰਾ, ਕਰਨਲ ਜੇ.ਵੀ. ਸਿੰਘ, ਐਸ.ਡੀ.ਐਮ. ਅਰਵਿੰਦ ਕੁਮਾਰ ਵੀ ਮੌਜੂਦ ਸਨ।

## ਅਨੀਮੀਆ ਦੀ ਰੋਕਥਾਮ ਸੰਬੰਧੀ ਜਾਗਰੂਕਤਾ ਕੈਂਪ ਲਾਇਆ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)** ਡਾਇਰੈਕਟਰ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ, ਚੰਡੀਗੜ੍ਹ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਤੇ ਸ੍ਰੀਮਤੀ ਰਤਨਦੀਪ ਸੰਧੂ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਦੀ ਯੋਗ ਅਗਵਾਈ ਵਿੱਚ ਫ਼ਰੀਦਕੋਟ ਦੇ ਆਂਗਣਵਾੜੀ ਸੈਂਟਰ ਬਲਬੀਰ ਬਸਤੀ ਵਿਖੇ ਅਨੀਮੀਆਂ ਦੀ ਰੋਕਥਾਮ ਸਬੰਧੀ ਜਾਗਰੂਕਤਾ ਕੈਂਪ ਲਾਇਆ ਗਿਆ। ਕੈਂਪ ਦੌਰਾਨ ਸੁਖਦੀਪ ਸਿੰਘ ਬਲਾਕ ਕੋਆਰਡੀਨੇਟਰ ਪੋਸ਼ਣ ਅਭਿਆਨ ਵੱਲੋਂ ਕੈਂਪ ਵਿੱਚ ਹਾਜ਼ਰ ਲਾਭਪਾਤਰੀਆਂ ਨੂੰ ਅਨੀਮੀਆ ਦੇ ਲੱਛਣ ਤੇ ਅਨੀਮੀਆ ਦੀ ਰੋਕਥਾਮ ਸਬੰਧੀ ਲੈਕਚਰ ਰਾਹੀ ਜਾਗਰੂਕ ਕੀਤਾ ਗਿਆ।ਉਨ੍ਹਾਂ ਲੈਕਚਰ ਦੌਰਾਨ ਗਰਭਵਤੀ ਔਰਤਾਂ ਨੂੰ ਆਇਰਨ ਟੈਬਲਟ ਦੇ ਨਾਲ ਵਿਟਾਮਿਨ 'ਸੀ' ਦਾ ਸੇਵਨ ਕਰਨ ਦੇ ਲਾਭਾਂ ਬਾਰੇ ਜਾਗਰੂਕ ਕੀਤਾ।ਇਸ ਉਪਰੰਤ ਸ੍ਰੀ ਕੁਲਦੀਪ ਸਿੰਘ ਜ਼ਿਲ੍ਹਾ ਕੋਆਰਡੀਨੇਟਰ ਪੋਸ਼ਣ ਅਭਿਆਨ ਵੱਲੋਂ ਲਾਭਪਾਤਰੀਆਂ ਨੂੰ ਸਹੀ ਪਸ਼ਟਿਕ ਆਹਾਰ ਬਾਰੇ ਬੱਚੇ ਨੂੰ ਮਾਂ ਦੇ ਦੁੱਧ ਦੀ ਮਹੱਤਤਾ ਬਾਰੇ ਦੱਸਿਆ ਗਿਆ।ਸ੍ਰੀਮਤੀ ਮਹਿੰਦਰ ਕੌਰ ਸਰਕਲ ਸੁਪਰਵਾਈਜ਼ਰ ਸਰਕਲ ਸਲੇਮ ਫ਼ਰੀਦਕੋਟ ਵੱਲੋਂ ਕੈਂਪ ਵਿੱਚ ਆਏ ਹੋਏ ਲਾਭਪਾਤਰੀਆਂ ਦਾ ਧੰਨਵਾਦ ਕੀਤਾ ਗਿਆ।

## ਦਸਮੇਸ਼ ਸਕੂਲ ਦੇ ਵਿਦਿਆਰਥੀ ਬਾਬਾ ਫ਼ਰੀਦ ਆਗਮਨ ਪੁਰਬ ਮੌਕੇ ਕਰਾਏ ਮੁਕਾਬਲਿਆਂ 'ਚ ਜੇਤੂ



**ਕੋਟਕਪੂਰਾ, (ਰਛਪਾਲ ਭੁੱਲਰ)** ਦਸਮੇਸ਼ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਬਾਬਾ ਫ਼ਰੀਦ ਆਗਮਨ ਪੁਰਬ ਮੌਕੇ ਪ੍ਰਬੰਧਕੀ ਕਮੇਟੀ ਵੱਲੋਂ ਕਰਾਏ ਗਏ ਵੱਖ-ਵੱਖ ਮੁਕਾਬਲਿਆਂ ਵਿੱਚ ਸਕੂਲ ਮੁਖੀ ਸੁਰਿੰਦਰ ਸਿੰਘ ਤੇ ਕੋਆਰਡੀਨੇਟਰ ਗਗਨਦੀਪ ਸਿੰਘ ਬਰਾੜ ਦੀ ਸੁਚਾਰੂ ਕਾਰਜਸ਼ੈਲੀ ਅਤੇ ਪ੍ਰੇਰਨਾ ਤਹਿਤ ਹਿੱਸਾ ਲੈ ਕੇ ਸਕੂਲ ਦਾ ਨਾਂਅ ਚਮਕਾਇਆ।ਸੰਸਥਾ ਦੇ ਦਸਵੀਂ ਜਮਾਤ ਦੇ ਹੋਣਹਾਰ ਵਿਦਿਆਰਥੀ ਮਨਤੇਗ ਸਿੰਘ ਨੇ ਪ੍ਰਸ਼ਨੋਤਰੀ ਤੇ ਭਾਸ਼ਣ ਮੁਕਾਬਲੇ ਵਿੱਚ ਕ੍ਰਮਵਾਰ ਤੀਸਰਾ ਸਥਾਨ ਹਾਸਲ ਕਰਕੇ ਇਨਾਮ ਦੇ ਤੌਰ 'ਤੇ ਪੰਜ-ਪੰਜ ਹਜ਼ਾਰ ਰੁਪਏ ਦੀ ਨਕਦ ਰਾਸ਼ੀ ਅਤੇ ਦਸਵੀਂ ਜਮਾਤ ਦੀ ਵਿਦਿਆਰਥਣ ਤਨਿਸ਼ਕਾ ਨੇ ਪ੍ਰਸ਼ਨੋਤਰੀ ਮੁਕਾਬਲੇ ਵਿੱਚ ਦੂਜਾ ਸਥਾਨ ਹਾਸਲ ਕਰ ਕੇ ਇਨਾਮ ਦੇ ਤੌਰ 'ਤੇ 7 ਹਜ਼ਾਰ ਦੀ ਨਕਦ ਰਾਸ਼ੀ ਹਾਸਲ ਕੀਤੀ।ਇਸ ਵਿਸ਼ੇਸ਼ ਪ੍ਰਾਪਤੀ ਦੀ ਸਰਾਹਨਾ ਕਰਦਿਆਂ ਸਕੂਲ ਪ੍ਰਬੰਧਕੀ ਕਮੇਟੀ ਦੇ ਜਨਰਲ ਡਾਇਰੈਕਟਰ ਜਸਬੀਰ ਸਿੰਘ ਸੰਧੂ ਸਮੇਤ ਹੋਰ ਅਹੁਦੇਦਾਰਾਂ ਨੇ ਸਕੂਲ ਮੁਖੀ ਸੁਰਿੰਦਰ ਸਿੰਘ ਤੇ ਸਬੰਧਤ ਵਿਭਾਗ ਦੇ ਕੋਆਰਡੀਨੇਟਰ, ਵਿਦਿਆਰਥੀਆਂ ਤੇ ਮਾਪਿਆਂ ਨੂੰ ਵਧਾਈ ਸੰਦੇਸ਼ ਭੇਜਿਆ।

19-Sept-PAGE-11-Majha-24-Final.qxd 9/18/2024 10:49 PM Page 1



# ਕਿਸਾਨ ਮਜ਼ਦੂਰ ਯੂਨੀਅਨ ਵੱਲੋਂ ਕਿਸਾਨੀ ਮੁੱਦਿਆਂ ਨੂੰ ਲੈ ਕੇ ਗੰਭੀਰ ਵਿਚਾਰ-ਵਟਾਂਦਰਾ



ਡੇਰਾ ਬਾਬਾ ਨਾਨਕ (ਡੇਰਾ ਬਾਬਾ ਨਾਨਕ)- ਕਿਸਾਨ ਮਜ਼ਦੂਰ ਯੂਨੀਅਨ ਡੇਰਾ ਬਾਬਾ ਨਾਨਕ ਦੀ ਇੱਕ ਵਿਸ਼ੇਸ਼ ਮੀਟਿੰਗ ਸਥਾਨਕ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਦੇ ਦੀਵਾਨ ਹਾਲ ਵਿੱਚ ਮਾਸਟਰ ਸੁੱਚਾ ਸਿੰਘ, ਸਤਬੀਰ ਸਿੰਘ ਖੋਦੇ ਬੇਟ ਅਤੇ ਜੋਗਿੰਦਰ ਸਿੰਘ ਖੰਨਾ ਚਮਾਰਾਂ ਦੀ ਅਗਵਾਈ ਹੇਠ ਹੋਈ।ਇਸ ਮੀਟਿੰਗ ਵਿੱਚ ਮੁੱਖ ਤੌਰ 'ਤੇ ਕੇਂਦਰ ਸਰਕਾਰ ਦੇ ਅਦਾਰੇ ਐੱਫਸੀਆਈ ਵੱਲੋਂ ਪੰਜਾਬ ਦੇ ਸ਼ੈੱਲਰਾਂ ਅਤੇ ਹੋਰ ਗੁਦਾਮਾਂ ਵਿੱਚੋਂ ਪਿਛਲੇ ਸਾਲ ਦੇ ਚੌਲ ਨਾ ਚੁੱਕਣ ਕਰਕੇ ਸ਼ੈਲਰ ਮਾਲਕਾਂ ਵੱਲੋਂ ਕੀਤੇ ਗਏ ਹੜਤਾਲ ਦੇ ਐਲਾਨ, ਝੋਨੇ ਦੀ ਫਸਲ ਦੇ ਮੰਡੀਆਂ ਵਿੱਚ ਰੁਲ ਜਾਣ ਦੇ ਪੈਦਾ ਹੋ ਗਏ ਆਸਾਰ ਦੇ ਸੰਬੰਧੀ ਅਤੇ ਇਲਾਕਾ ਡੇਰਾ ਬਾਬਾ ਨਾਨਕ ਵਿੱਚ ਸਾਲ 2021 ਦੌਰਾਨ ਹੋਈ ਬੇਮੌਸਮੀ ਬਰਸਾਤ ਅਤੇ ਗੜੇਮਾਰੀ ਨਾਲ ਬਰਬਾਦ ਹੋਈ ਬਾਸਮਤੀ ਦੀ ਫਸਲ ਦਾ ਸਰਕਾਰ ਵੱਲੋਂ ਅਜੇ ਤੱਕ ਮੁਆਵਜ਼ਾ ਨਾ ਦੇਣ ਦੇ ਮੁੱਦੇ ਬਾਰੇ ਗੰਭੀਰ ਵਿਚਾਰ ਚਰਚਾ ਕੀਤੀ ਗਈ।ਮੀਟਿੰਗ ਵਿੱਚ ਹੋਏ ਇਸ ਵਿਚਾਰ ਵਟਾਂਦਰੇ ਉਪਰੰਤ ਫੈਸਲਾ ਕੀਤਾ ਗਿਆ ਕਿ 20 ਸਤੰਬਰ ਨੂੰ ਇਨ੍ਹਾਂ ਦੋਹਾਂ ਮੁੱਦਿਆਂ ਨੂੰ ਲੈ ਕੇ ਜਥੇਬੰਦੀ ਆਪਣੀ ਭਰਾਤਰੀ ਜਥੇਬੰਦੀ ਕਿਸਾਨ ਤੇ ਜਵਾਨ ਭਲਾਈ ਯੂਨੀਅਨ ਪੰਜਾਬ ਨਾਲ ਮਿਲ ਕੇ ਸਾਂਝੇ ਤੌਰ ਤੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਨੂੰ ਮੰਗ ਪੱਤਰ ਦੇਵੇਗੀ ,ਜਿਸ ਵਿੱਚ ਕੇਂਦਰ ਸਰਕਾਰ ਤੋਂ ਮੰਗ ਕੀਤੀ ਜਾਵੇਗੀ ਕਿ ਐੱਫਸੀਆਈ ਨੂੰ ਤੁਰੰਤ ਪੰਜਾਬ ਅੰਦਰ ਗੁਦਾਮਾਂ ਅਤੇ ਸ਼ੈਲਰਾਂ ਉੱਪਰ ਪਿਛਲੇ ਸਾਲ ਦੇ ਪਏ ਚਾਵਲ ਜੰਗੀ ਪੱਧਰ ਉੱਪਰ ਚੁੱਕਣ ਦੀਆਂ ਹਦਾਇਤਾਂ ਜਾਰੀ ਕੀਤੀਆਂ ਜਾਣ। ਮੀਟਿੰਗ ਨੂੰ ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਦੇ ਪ੍ਰਧਾਨਗੀ ਮੰਡਲ ਮੈਂਬਰ ਬਲਬੀਰ ਸਿੰਘ ਰੰਧਾਵਾ ਤੋਂ ਇਲਾਵਾ ਹਰਜੀਤ ਸਿੰਘ ਠੇਠਰ ਕੇ, ਮਾਸਟਰ ਸੁੱਚਾ ਸਿੰਘ ਰਾਮ ਦਿਵਾਲੀ, ਸਤਬੀਰ ਸਿੰਘ ਖੋਦੇ ਬੇਟ, ਜੋਗਿੰਦਰ ਸਿੰਘ ਖੰਨਾ ਚਮਾਰਾ ਅਤੇ ਝਿਰਮਲ ਸਿੰਘ ਝੰਗੀ ਨੇ ਸੰਬੋਧਨ ਕੀਤਾ। ਮੀਟਿੰਗ ਵਿੱਚ ਸਰਬਸੰਮਤੀ ਨਾਲ ਇੱਕ ਮਤਾ ਪਾਸ ਕਰਕੇ ਪਟਿਆਲਾ ਤੋਂ ਸੋਸ਼ਲ ਮੀਡੀਆ ਪੱਤਰਕਾਰ ਮਾਲਵਿੰਦਰ ਸਿੰਘ ਮਾਲੀ ਦੀ ਪੰਜਾਬ ਪੁਲਸ ਵੱਲੋਂ ਕੀਤੀ ਗਈ ਗ੍ਰਿਫਤਾਰੀ ਦੀ ਘੋਰ ਨਿੰਦਾ ਕਰਦਿਆਂ ਮਾਲੀ ਨੂੰ ਤੁਰੰਤ ਰਿਹਾਅ ਕਰਨ ਦੀ ਮੰਗ ਕੀਤੀ ਗਈ।ਮੀਟਿੰਗ ਵੱਡੀ ਗਿਣਤੀ ਵਿੱਚ ਕਿਸਾਨ ਤੇ ਮਜ਼ਦੂਰ ਹਾਜ਼ਰ ਸਨ।

## ਭੇਦ ਭਰੇ ਹਾਲਾਤ 'ਚ 34 ਸਾਲਾ ਨੌਜਵਾਨ ਦੀ ਮੌਤ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਬਲਾਕ ਕਾਦੀਆਂ ਅਧੀਨ ਆਉਂਦੇ ਪਿੰਡ ਕਾਹਲਵਾਂ ਦੇ ਵਿੱਚ ਭੇਦ ਭਰੇ ਹਾਲਾਤ ਦੇ ਵਿੱਚ ਇੱਕ ਨੌਜਵਾਨ ਦੀ ਮੌਤ ਹੋਣ ਦਾ ਸਮਾਚਾਰ ਮਿਲਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਜਸਬੀਰ ਸਿੰਘ ਉਰਫ ਸੋਨੀ (34) ਪੁੱਤਰ ਕਪੂਰ ਸਿੰਘ ਵਾਸੀ ਪਿੰਡ ਕਾਹਲਵਾਂ ਦੀ ਮੌਤ ਹੋ ਚੁੱਕੀ ਹੈ। ਉਧਰ ਜਸਬੀਰ ਸਿੰਘ ਉਰਫ ਸੋਨੀ ਦੀ ਮੌਤ ਹੋਣ ਤੋਂ ਬਾਅਦ ਜਦੋਂ ਉਸਦੀਆਂ ਭੈਣਾਂ ਨੂੰ ਪਤਾ ਲੱਗਾ ਤਾਂ ਉਨਾਂ ਦਾ ਰੋ ਰੋ ਕੇ ਬੁਰਾ ਹਾਲ ਸੀ। ਅਚਾਨਕ ਹੋਈ ਨੌਜਵਾਨ ਦੀ ਮੌਤ ਤੇ ਇਲਾਕੇ ਵਿੱਚ ਸੋਗ ਦੀ ਲਹਿਰ ਪਾਈ ਜਾ ਰਹੀ ਸੀ। ਨੌਜਵਾਨ ਦੀ ਮੌਤ ਦੇ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ। ਉਧਰ ਦੂਜੇ ਪਾਸੇ ਸੂਤਰਾਂ ਦੇ ਹਵਾਲੇ ਤੋਂ ਇਹ ਪਤਾ ਲੱਗਾ ਹੈ ਕਿ ਮ੍ਰਿਤਕ ਨੌਜਵਾਨ ਨਸ਼ੇ ਦਾ ਆਦੀ ਸੀ ਜਿਸ ਦੀ ਪਤਨੀ ਪਹਿਲਾਂ ਹੀ ਉਸ ਨੂੰ ਛੱਡ ਕੇ ਜਾ ਚੁੱਕੀ ਸੀ ਅਤੇ ਉਸਦੀ ਇੱਕ ਬੱਚੀ ਸੀ ਜਿਸ ਨੂੰ ਕਿ ਮ੍ਰਿਤਕ ਦੀਆਂ ਭੈਣਾਂ ਹੀ ਪਾਲ ਰਹੀਆਂ ਸਨ।

# ਸੱਚਰ ਦੀ ਅਗਵਾਈ 'ਚ ਲੱਗਾ ਮਾਨ ਸਰਕਾਰ ਵਿਰੁੱਧ ਵਿਸ਼ਾਲ ਰੋਸ ਧਰਨਾ





ਮਜੀਠਾ (ਸੋਇਮ ਆਨੰਦ)-ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਤੇ ਮੈਂਬਰ ਲੋਕ ਸਭਾ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਾਰੇ ਪੰਜਾਬ ਵਿੱਚ ਹਰੇਕ ਸਬ ਡਵੀਜ਼ਨ 'ਤੇ ਡੀਐੱਸਪੀ ਦੇ ਦਫ਼ਤਰਾਂ ਬਾਹਰ ਰੋਸ ਧਰਨੇ ਦਿੱਤੇ ਗਏ। ਇਸੇ ਕੜੀ ਦੇ ਤਹਿਤ ਪੰਜਾਬ ਦੇ ਬਹੁਤ ਹੀ ਚਰਚਿਤ ਵਿਧਾਨ ਸਭਾ ਹਲਕਾ ਮਜੀਠਾ ਵਿੱਚ ਇਸ ਹਲਕੇ ਦੇ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਦੀ ਅਗਵਾਈ ਵਿੱਚ ਵਿਸ਼ਾਲ ਰੋਸ ਧਰਨਾ ਦਿੱਤਾ ਗਿਆ ਜਿਸ ਵਿੱਚ ਵੱਖ-ਵੱਖ ਪਿੰਡਾਂ ਵਿੱਚੋਂ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਮੂਲੀਅਤ ਕੀਤੀ। ਰੋਸ ਧਰਨੇ ਵਿੱਚ ਬੁਲਾਰਿਆਂ ਨੇ ਪੰਜਾਬ ਦੀ ਭਗਵੰਤ ਮਾਨ ਦੀ ਸਰਕਾਰ ਨੂੰ ਆੜੇ ਹੱਥੀਂ ਲੈਂਦਿਆਂ ਖੂਬ ਰਗੜੇ ਲਾਏ। ਅਖੀਰ ਵਿੱਚ ਹਲਕਾ ਇੰਚਾਰਜ ਸੱਚਰ ਨੇ ਬੋਲਦਿਆਂ ਕਿਹਾ ਕਿ ਭਗਵੰਤ ਮਾਨ ਦੀ ਸਰਕਾਰ ਪਿਛਲੇ ਢਾਈ ਤਿੰਨ ਸਾਲਾਂ ਵਿੱਚ ਬੁਰੀ ਤਰਾਂ ਫੇਲ ਸਾਬਿਤ ਹੋਈ ਹੈ ਚਾਹੇ ਉਹ ਨਸ਼ਿਆਂ ਦਾ ਕਾਰੋਬਾਰ ਹੋਵੇ ਜਾਂ ਹਰ ਰੋਜ਼ ਹੁੰਦੇ ਕਤਲ, ਫਿਰੌਤੀਆਂ, ਗੈਂਗਵਾਰ , ਲੁੱਟਾਂ-ਖੋਹਾਂ, ਡਕੈਤੀਆਂ, ਚੋਰੀਆਂ ਤੇ ਕਾਨੂੰਨ ਵਿਵਸਥਾ ਦੀ ਹੋਵੇ। ਇਨ੍ਹਾਂ ਨੂੰ ਕਾਬੂ ਕਰਨ ਵਿੱਚ ਸਰਕਾਰ ਬੁਰੀ ਤਰ੍ਹਾਂ ਫੇਲ ਸਾਬਿਤ ਹੋਈ ਹੈ। ਸੱਚਰ ਨੇ ਪੁਲਸ ਦੀ ਢਿੱਲੀ ਕਾਰਗੁਜ਼ਾਰੀ ਤੇ ਵੀ ਕਈ ਤਰ੍ਹਾਂ ਦੇ ਤੰਜ਼ ਕੱਸਦਿਆਂ ਇਸ਼ਾਰਿਆਂ ਵਿੱਚ ਕਿਹਾ ਕਿ ਪੁਲਸ ਨੇ ਅਜੇ ਵੀ ਆਪਣੀਆਂ ਪੁਰਾਣੀਆਂ ਆਦਤਾਂ ਨੂੰ ਨਹੀਂ ਬਦਲਿਆ ਜਿਸ ਕਰਕੇ ਦੋਸ਼ੀ, ਮੁਲਜ਼ਮ ਵਾਰਦਾਤ ਨੂੰ ਅੰਜਾਮ ਦੇ ਕੇ ਸ਼ਰੇਆਮ ਘੁੰਮਦੇ ਫਿਰਦੇ ਹਨ। ਪੁਲਸ ਹੱਥ ਪਾਉਣ ਤੋਂ ਗੁਰੇਜ਼ ਕਰਦੀ ਹੈ। ਇਸ ਮੌਕੇ ਸਾਬਕਾ ਚੇਅਰਮੈਨ ਗੁਰਮੀਤ ਸਿੰਘ ਭੀਲੋਵਾਲ, ਬਲਾਕ ਪ੍ਰਧਾਨ ਨਵਤੇਜ ਪਾਲ ਸਿੰਘ, ਬਲਾਕ ਪ੍ਰਧਾਨ ਨਵਦੀਪ ਸਿੰਘ ਸੋਨਾ, ਬਲਾਕ ਪ੍ਰਧਾਨ ਸਤਨਾਮ ਸਿੰਘ ਕਾਜ਼ੀਕੋਟ, ਸਾਬਕਾ ਚੇਅਰਮੈਨ ਜਗਦੇਵ ਸਿੰਘ ਬੱਗਾ, ਸਤਨਾਮ ਸਿੰਘ ਪਾਖਰਪੁਰ, ਨਿਸ਼ਾਨ ਸਿੰਘ ਭੰਗਾਲੀ, ਸੁੱਖਜਿੰਦਰ ਸਿੰਘ ਸੁੱਖ, ਸ਼ਮਸ਼ੇਰ ਸਿੰਘ ਬਾਬੋਵਾਲ, ਮਾਸਟਰ ਬਖਸੀਸ ਸਿੰਘ ਉਦੋਕੇ, ਦਿਲਬਾਗ ਸਿੰਘ ਬਾਬੋਵਾਲ, ਦਲਜੀਤ ਸਿੰਘ ਪਾਖਰਪੁਰ, ਸਰਪੰਚ ਸਤਨਾਮ ਸਿੰਘ ਚਾਚੋਵਾਲੀ, ਝਿਲਮਿਲ ਸਿੰਘ ਸਾਧਪੁਰ, ਤਜਿੰਦਰ ਸਿੰਘ ਤਰਫਾਨ, ਦਲਜੀਤ ਸਿੰਘ ਭੋਏ, ਮਹਿੰਦਰ ਸਿੰਘ ਕਲੇਰ ਮਾਂਗਟ, ਕੌਂਸਲਰ ਪੱਪੀ ਭੱਲਾ, ਬਲਵਿੰਦਰ ਸਿੰਘ ਰੋੜੀ, ਸੁੱਖਵਿੰਦਰ ਸਿੰਘ ਸੋਨੂੰ, ਮਨੋਹਰ ਗਾਲੋਵਾਲੀ, ਜਸਪਾਲ ਸਿੰਘ ਜਲਾਲਪੁਰ, ਗੋਲਡੀ ਸੋਹੀ ਅਬਦਾਲ, ਹਰਪਿੰਦਰ ਸਿੰਘ ਮੁੱਗੋਸੋਹੀ, ਨੰਬਰਦਾਰ ਹਰਿੰਦਰ ਸਿੰਘ, ਗੌਬਿਨ ਲਹਰਕਾ, ਨੰਬਰਦਾਰ ਰਸ਼ਪਾਲ ਸਿੰਘ ਸੋਡੀ, ਸੁਲੱਖਣ ਸਿੰਘ ਕੱਥੂਨੰਗਲ, ਡਾ ਮੋਹਨ ਸਿੰਘ, ਜੋਗਿੰਦਰ ਸਿੰਘ ਉਦੋਕੇ, ਰਣਜੀਤ ਸਿੰਘ ਭੈਣੀ ਲਿੱਧੜ, ਮਨਜੀਤ ਸਿੰਘ ਹਰੀਆ, ਸਰਪੰਚ ਜੱਗੀ ਢਿੰਗਨੰਗਲ, ਡਾ. ਭੁਪਿੰਦਰ ਸਿੰਘ, ਸੁਖਵਿੰਦਰ ਸਿੰਘ ਰੰਧਾਵਾ, ਰਣਜੀਤ ਸਿੰਘ ਮਜਵਿੰਡ, ਜਗਦੀਸ਼ ਸਿੰਘ ਖ਼ੁਸ਼ੀਪੁਰ, ਸਰਪੰਚ ਜਰਮਨਜੀਤ ਸਿੰਘ, ਸਰਪੰਚ ਜੋਬਿਨ ਦੁਧਾਲਾ, ਜੱਸ ਮਾਗਾ ਸਰਾਏ, ਗੁਰਪ੍ਰੀਤ ਸਿੰਘ ਬੱਲੋਵਾਲੀ, ਅਮਰਜੀਤ ਸਿੰਘ ਜੱਜੇਆਣੀ, ਮੰਗਲ ਸਿੰਘ ਭੱਠੇ ਵਾਲੇ, ਅਜੈਬ ਸਿੰਘ ਮੁੱਗੋਸੋਹੀ, ਬਲਬੀਰ ਸਿੰਘ ਬੰਟੀ, ਅੰਮ੍ਰਿਤ ਪਾਖਰਪੁਰ, ਗੁਰਿੰਦਰ ਨਾਗ ਕਲਾਂ, ਬੀਰਾ ਨਾਗਕਲਾਂ, ਬਲਬੀਰ ਸਿੰਘ ਵਡਾਲਾ, ਸੁੱਖਦੀਪ ਸਿੰਘ ਅਬਦਾਲ, ਸਰਪੰਚ ਮੰਗਲ ਸਿੰਘ ਵੀਰਮ, ਸੋਨੀ ਗਿੱਲ ਪੰਧੇਰ ਤੇ ਹੋਰ ਵੀ ਆਗੂ ਹਾਜ਼ਰ ਸਨ।

# ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਵੱਲੋਂ ਜ਼ਿਲ੍ਹਾ ਪੱਧਰੀ ਰੈਲੀ



ਗੁਰਦਾਸਪੁਰ,ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)- ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਜ਼ਿਲ੍ਹਾ ਗੁਰਦਾਸਪੁਰ ਦੇ ਪੈਨਸ਼ਨਰਾਂ ਵੱਲੋਂ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ ਪ੍ਰਤੀ ਅਪਨਾਏ ਗਏ ਬੇਰੁਖ਼ੀ ਅਤੇ ਡੰਗ ਟਪਾਊ ਵਰਤਾਰੇ ਦਾ ਵਿਰੋਧ ਕਰਨ ਹਿੱਤ ਅਤੇ ਆਪਣਾ ਰੋਸ ਪ੍ਰਗਟ ਕਰਨ ਲਈ ਜਵੰਦ ਸਿੰਘ, ਮਹੇਸ਼ ਲਾਲ, ਪ੍ਰੀਤਮ ਸਿੰਘ, ਦਵਿੰਦਰ ਸਿੰਘ, ਮੱਖਣ ਕੁਹਾੜ, ਸੁਰੇਸ਼ ਸ਼ਰਮਾ, ਸਵਿੰਦਰ ਸਿੰਘ ਔਲਖ, ਅਮਰਜੀਤ ਸੈਣੀ ਅਤੇ ਮੰਗਤ ਚੰਚਲ ਦੀ ਅਗਵਾਈ ਹੇਠ ਗੁਰੂ ਨਾਨਕ ਪਾਰਕ ਗੁਰਦਾਸਪੁਰ ਵਿਖੇ ਵੱਡੀ ਰੈਲੀ ਕੀਤੀ ਗਈ।

ਇਸ ਰੈਲੀ ਦੌਰਾਨ ਬੋਲਦਿਆਂ ਵੱਖ ਵੱਖ ਬੁਲਾਰਿਆਂ ਨੇ ਪੰਜਾਬ ਸਰਕਾਰ ਵੱਲੋਂ ਚੋਣਾਂ ਦੌਰਾਨ ਵਿਖਾਏ ਗਏ ਸਬਜ਼ਬਾਗਾਂ ਅਤੇ ਲਾਏ ਗਏ ਲਾਰਿਆਂ ਦੀ ਤਫ਼ਸੀਲ ਪੇਸ਼ ਕੀਤੀ ਗਈ। ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਮਸਲਿਆਂ ਨੂੰ ਵਾਧੂ ਸਮਝਦੀ ਆ ਰਹੀ ਹੈ ਅਤੇ ਆਪਣੇ ਵੱਲੋਂ ਵਿਖਾਏ ਗਏ ਸਬਜ਼ਬਾਗਾਂ ਨੂੰ ਜਮ੍ਹਾ ਹੀ ਭੁੱਲ ਭੁਲਾ ਬੈਠੀ ਹੈ। ਇਸ ਸਾਰੇ ਵਰਤਾਰੇ ਦਾ ਜ਼ੋਰਦਾਰ ਖੰਡਨ ਅਤੇ ਭੰਡਣ ਕੀਤਾ ਗਿਆ ਅਤੇ ਸਰਕਾਰ ਦੇ ਨਾਂਹਪੱਖੀ ਰਵੱਈਏ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।

ਇਸ ਮੌਕੇ ਬੋਲਦਿਆਂ ਵੱਖ-ਵੱਖ ਬੁਲਾਰਿਆਂ ਨੇ 1-1-16 ਤੋਂ ਪਹਿਲਾਂ ਰਿਟਾਇਰ ਹੋਏ ਪੈਨਸ਼ਨਰਾਂ ਨੂੰ 2.59 ਦੇ ਗੁਣਾਂਕ ਨਾਲ ਪੈਨਸ਼ਨ ਨਿਰਧਾਰਤ ਕਰਨ,1-1-16 ਤੋਂ 30-6-21 ਤੱਕ ਦਾ ਪੇ ਕਮਿਸ਼ਨ ਦਾ ਬਕਾਇਆ ਯਕਮੁਸ਼ਤ ਦੇਣ, ਮਹਿੰਗਾਈ ਭੱਤੇ ਦਾ 227 ਮਹੀਨਿਆਂ ਦਾ ਬਕਾਇਆ ਅਤੇ 2000 ਰੁਪਏ ਫਿਕਸ ਮੈਡੀਕਲ ਭੱਤਾ ਦਿੱਤਾ ਜਾਣ ਆਦਿ ਦੀਆਂ ਮੰਗਾਂ ਜ਼ੋਰਦਾਰ ਢੰਗ ਨਾਲ ਉਭਾਰੀਆਂ ਗਈਆਂ।

# ਗੁ. ਸ਼ਾਮਗੜ੍ਹ ਨੇੜੇ ਵਾਪਰੀ ਘਟਨਾ ਦਾ ਤੁਰੰਤ ਨੋਟਿਸ ਲੈਣ ਦੀ ਮੰਗ

*** ਹਰਿਆਣਾ ਸਰਕਾਰ ਦੋਸ਼ੀਆਂ ਵਿਰੁੱਧ ਤੁਰੰਤ ਕਾਰਵਾਈ ਯਕੀਨੀ ਬਣਾਵੇ: ਬਾਬਾ ਬਲਬੀਰ ਸਿੰਘ**

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**- ਪੰਜਾਬ ਅੰਦਰ ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ-ਜੋਤ ਅਤੇ ਗੁਰੂ ਰਾਮਦਾਸ ਜੀ ਦੇ ਗੁਰਿਆਈ ਪੁਰਬ ਦੇ 450 ਸਾਲਾ ਸ਼ਤਾਬਦੀ ਸਮਾਗਮ ਚੱਲ ਰਹੇ ਹਨ, ਹਰਿਆਣਾ ਪ੍ਰਾਂਤ ਵਿੱਚ ਅਸੈਂਬਲੀ ਚੋਣਾਂ ਦਾ ਪ੍ਰਚਾਰ ਸਿਖਰਾਂ ਤੇ ਚੱਲ ਰਿਹਾ ਹੈ।

ਦੂਜੇ ਪਾਸੇ ਹਰਿਆਣੇ ਸੂਬੇ ਦੇ ਗੁਰਦੁਆਰਾ ਸਾਹਿਬ ਪਿੰਡ ਸ਼ਾਮਗੜ੍ਹ ਨੇੜੇ ਤਰਾਵੜੀ ਜ਼ਿਲ੍ਹਾ ਕਰਨਾਲ ਵਿਖੇ ਜਗਰਾਤਾ ਹੋਣ ਸਮੇਂ ਡਾਂਸ ਹੋਣ 'ਤੇ ਦੋ ਫਿਰਕਿਆਂ ਦੇ ਲੋਕਾਂ ਵਿੱਚ ਜ਼ੋਰਦਾਰ ਤਨਾਅ ਹੈ।

ਗੁਰਦੁਆਰਾ ਮਰਯਾਦਾ ਦਾ ਉਲੰਘਣ ਹੋਇਆ ਹੈ। ਇਹ ਘਟਨਾ ਨਿੰਦਣਯੋਗ ਹੈ। ਨਿਹੰਗ ਸਿੰਘਾਂ ਦੀ ਮੁੱਖ ਸੰਸਥਾ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਸ਼ਾਮਗੜ੍ਹ ਵਿੱਚ ਵਾਪਰੀ ਘਟਨਾ ਦਾ ਸਖ਼ਤ ਨੋਟਿਸ ਲਿਆ ਹੈ ਅਤੇ ਪ੍ਰਧਾਨ ਸ਼੍ਰੋ:ਗੁ:ਪ੍ਰ ਕਮੇਟੀ ਅਤੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਗੁ: ਸ਼ਾਮਗੜ੍ਹ ਵਿੱਚ ਵਾਪਰੀ ਘਟਨਾ ਦਾ ਸਖ਼ਤ ਨੋਟਿਸ ਲੈਣਾ ਚਾਹੀਦਾ ਹੈ ਅਤੇ ਬਣਦੀ ਤੁਰੰਤ ਕਾਰਵਾਈ ਕਰਨੀ ਚਾਹੀਦੀ ਹੈ। ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਹਰਿਆਣਾ ਸਰਕਾਰ ਨੂੰ ਤਾੜਨਾ ਕੀਤੀ ਹੈ ਕਿ ਮਰਯਾਦਾ ਤੇ ਪਹਿਰਾ ਦੇਣ ਵਾਲੇ ਕਾਫੀ ਨਾਮ ਦੇ ਸਿੱਖ ਨੌਜਵਾਨ ਦਾ ਜੇਕਰ ਕੋਈ ਨੁਕਸਾਨ ਹੋਇਆ ਤਾਂ ਉਸ ਲਈ ਸਿਧੇ ਰੂਪ ਵਿੱਚ ਜ਼ਿੰਮੇਵਾਰੀ ਮੌਜੂਦਾ ਪ੍ਰਸ਼ਾਸਨ ਤੇ ਸਰਕਾਰ ਦੀ ਹੋਵੇਗੀ।

ਉਨ੍ਹਾਂ ਕਿਹਾ ਸਿੱਖ ਨੌਜਵਾਨ ਨੂੰ ਧਮਕੀਆਂ ਦੇਣ ਤੇ ਉਸ ਦੇ ਘਰ ਉੱਪਰ ਹਮਲਾ ਕਰਨ ਵਾਲੇ ਕਥਿਤ ਕ੍ਰਿਸ਼ਨ ਨਾਮੀ ਟੋਲੇ ਦੇ ਲੋਕਾਂ ਵਿਰੁੱਧ ਤੁਰੰਤ ਪਰਚਾ ਦਰਜ਼ ਕਰਕੇ ਉਨ੍ਹਾਂ ਦੀ ਗ੍ਰਿਫਤਾਰੀ ਕੀਤੀ ਜਾਵੇ ਨਹੀਂ ਤਾਂ ਸਿੱਖਾਂ ਨੂੰ ਖੁਦ ਕਾਰਵਾਈ ਕਰਨੀ ਪਵੇਗੀ। ਉਨ੍ਹਾਂ ਕਿਹਾ ਅਸੀਂ ਨਹੀਂ ਚਾਹੁੰਦੇ ਕਿਧਰੇ ਵੀ ਫਿਰਕਾਪ੍ਰਸਤੀ ਕਾਰਨ ਮਾਹੌਲ ਅਸ਼ਾਂਤ ਹੋਵੇ, ਪਰ ਜੇਕਰ ਪੁਲਸ ਨੇ ਲੋੜੀਂਦੀ ਕਾਰਵਾਈ ਨਾ ਕੀਤੀ ਤਾਂ ਫਿਰ ਨਿਕਲਣ ਵਾਲੇ ਸਿੱਟਿਆਂ ਲਈ ਜ਼ੁੰਮੇਵਾਰੀ ਵੀ ਸਰਕਾਰ ਦੀ ਹੋਵੇਗੀ।

# ਕਿਸਾਨਾਂ ਨੇ ਮੰਗਾਂ ਮੰਨੇ ਜਾਣ ਤੱਕ ਸੰਘਰਸ਼ ਜਾਰੀ ਰੱਖਣ ਦਾ ਲਿਆ ਅਹਿਦ

*** ਸਰਕਾਰ ਦੇ ਨੱਕ ਹੇਠ ਸੂਬੇ 'ਚ ਵਹਿ ਰਿਹਾ ਨਸ਼ਿਆਂ ਦਾ ਛੇਵਾਂ ਦਰਿਆ : ਕੋਟ ਬੁੱਢਾ**



ਅੰਮ੍ਰਿਤਸਰ 18 ਸਤੰਬਰ (ਜਸਬੀਰ ਸਿੰਘ ਪੱਟੀ)-ਕਿਸਾਨ ਸੰਘਰਸ਼ ਕਮੇਟੀ ਕੋਟ ਬੁੱਢਾ ਦੀ ਮੀਟਿੰਗ ਜਥੇਦਾਰ ਬਲਵੰਤ ਸਿੰਘ ਪਡੋਰੀ ਦੇ ਘਰ ਜੰਡਿਆਲਾ ਗੁਰੂ ਵਿਖੇ ਹੋਈ ਜਿਸ ਵਿੱਚ ਜਥੇਬੰਦੀ ਦੇ ਸੂਬਾ ਪ੍ਰਧਾਨ ਇੰਦਰਜੀਤ ਸਿੰਘ ਕੋਟ ਬੁੱਢਾ ਜ਼ਿਲਾ ਪ੍ਰਧਾਨ ਪਰਮਜੀਤ ਸਿੰਘ ਚਾਟੀਵਿੰਡ, ਸਾਹਿਬ ਸਿੰਘ ਸਭਰਾ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦੇ ਛੇਵਾਂ ਦਰਿਆ ਪੰਜਾਬ ਦੀ ਜਵਾਨੀ ਨੂੰ ਮੌਤ ਦੇ ਮੂੰਹ ਵਿੱਚ ਧੱਕ ਰਿਹਾ ਹੈ ਤੇ ਹਰ ਦਿਨ ਨਸ਼ੇ ਨਾਲ ਮੌਤਾਂ ਹੋ ਰਹੀਆਂ ਹਨ ਪਰ ਪੰਜਾਬ ਸਰਕਾਰ ਕੁੰਭਕਰਨੀ ਨੀਂਦ ਸੁੱਤੀ ਪਈ ਹੈ। ਪੰਜਾਬ ਅੰਦਰ ਨਸ਼ਾ ਤਾਂ ਸ਼ਰੇਆਮ ਮਿਲ ਰਿਹਾ ਹੈ ਪਰ ਕਿਸਾਨਾਂ ਨੂੰ ਖੇਤੀ ਵਾਸਤੇ ਡੀ ਏ ਪੀ ਖਾਦ ਨਹੀਂ ਮਿਲ ਰਹੀ ਜਿਸ ਦੀ ਇਸ ਵੇਲੇ ਕਿਸਾਨ ਨੂੰ ਸਖਤ ਲੋੜ ਹੈ। ਇਸ ਮੌਕੇ ਕਿਸਾਨ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਛੇਤੀ ਤੋਂ ਛੇਤੀ ਕਿਸਾਨਾਂ ਵਾਸਤੇ ਡੀਏਪੀ ਦਾ ਪ੍ਰਬੰਧ ਕਰੇ। ਜੇਕਰ ਸਰਕਾਰ ਇਨ੍ਹਾਂ ਮਸਲਿਆਂ ਤੇ ਧਿਆਨ ਨਹੀਂ ਦਿੰਦੀ ਤਾਂ ਆਉਣ ਵਾਲੇ ਸਮੇਂ ਵਿੱਚ ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਿਕ ਨਾਲ ਮੀਟਿੰਗ ਕਰਕੇ ਕਿਸੇ ਸੰਘਰਸ਼ ਦੀ ਰੂਪ ਰੇਖਾ ਤਿਆਰ ਕੀਤੀ ਜਾਵੇਗੀ। ਇਸ ਮੌਕੇ ਗੁਰਸਾਹਿਬ ਸਿੰਘ ਚਾਟੀਵਿੰਡ, ਮੰਗਲ ਸਿੰਘ ਰਾਮਪੁਰਾ, ਗੁਰਭੇਜ ਸਿੰਘ ਸੋਨੂ, ਸਤਨਾਮ ਸਿੰਘ ਜੰਡਿਆਲਾ ਗੁਰੂ ਨੇ ਕਿਹਾ ਕਿ ਸੈਂਟਰ ਦੀ ਮੋਦੀ ਸਰਕਾਰ ਜੋ ਕਿ ਆਪਣੇ ਵਾਅਦਿਆਂ ਤੋਂ ਭੱਜ ਚੁੱਕੀ ਜਿਨ੍ਹਾਂ ਵਿੱਚ ਐੱਮਐੱਸਪੀ ਗਰੰਟੀ ਕਾਨੂੰਨ, ਸਮੁੱਚਾ ਕਿਸਾਨਾਂ ਮਜ਼ਦੂਰਾਂ ਦਾ ਕਰਜ਼ਾ ਮਾਫੀ, ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਨੂੰ ਲਾਗੂ ਕਰਨਾ, ਚਲ ਰਹੇ ਸੰਘਰਸ਼ ਦੌਰਾਨ ਸ਼ਹੀਦ ਹੋਏ ਕਿਸਾਨਾਂ ਨੂੰ ਮੁਆਵਜ਼ਾ ਦੇਣਾ, ਲਖੀਨਪੁਰ ਖੀਰੀ ਵਾਲੇ ਸ਼ਹੀਦਾਂ ਨੂੰ ਇਨਸਾਫ ਨਾ ਮਿਲਣਾ ਅਤੇ ਦੂਜੀਆਂ ਮੰਗਾਂ ਨੂੰ ਲੈ ਕੇ ਅੱਜ ਵੀ ਪੰਜਾਬ ਦੇ ਬਾਰਡਰਾਂ ਉੱਪਰ ਚੱਲ ਰਹੇ ਸੰਘਰਸ਼ ਇਨਸਾਫ ਦੀ ਉਡੀਕ ਕਰ ਰਹੇ ਕਿਸਾਨ ਹੋਰ ਸ਼ਹੀਦ ਹੋ ਰਹੇ ਹਨ ਪਰ ਮੋਦੀ ਸਰਕਾਰ ਆਪਣੀਆਂ ਰੰਗਰਲੀਆਂ ਵਿੱਚ ਮਸਤ ਹੈ। ਇਸ ਮੌਕੇ ਕਿਸਾਨ ਆਗੂਆਂ ਬੋਲਦਿਆਂ ਕਿਹਾ ਕਿ ਜਿੰਨਾ ਚਿਰ ਤੱਕ ਇਨ੍ਹਾਂ ਸਾਰੀਆਂ ਮੰਗਾਂ ਨੂੰ ਲੈ ਕੇ ਹੱਲ ਨਹੀਂ ਕੀਤਾ ਜਾਂਦਾ ਉਨਾ ਚਿਰ ਕਿਸਾਨ ਆਪਣੀਆਂ ਹੱਕੀ ਮੰਗਾਂ ਵਾਸਤੇ ਸੰਘਰਸ਼ ਕਰਦੇ ਰਹਿਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਾਜਪਾਲ ਸਿੰਘ ਸੁਲਤਾਨਵਿੰਡ ਸਰਬਜੀਤ ਸਿੰਘ ਸਰਪੰਚ ਰਾਮਪੁਰਾ, ਸੱਜਣ ਸਿੰਘ ਨੰਬਰਦਾਰ, ਕਸ਼ਮੀਰ ਸਿੰਘ, ਚੇਅਰਮੈਨ ਸੰਦੀਪ ਸਿੰਘ ਮਿੱਠਾ ਚਾਟੀਵਿੰਡ, ਹਰਪਾਲ ਸਿੰਘ ਪੰਡੋਰੀ, ਗੁਰਪ੍ਰੀਤ ਸਿੰਘ ਪੰਡੋਰੀ, ਸੋਨੂ ਚੱਬਾ, ਮਹਿੰਦਰ ਸਿੰਘ ਸੁਲਤਾਨਵਿੰਡ, ਮਿਲਖਾ ਸਿੰਘ ਸੁਲਤਾਨਵਿੰਡ, ਗੁਰਜੰਟ ਸਿੰਘ ਚੱਬਾ, ਕਸ਼ਮੀਰ ਸਿੰਘ ਜਾਣੀਆ, ਚਮਕੌਰ ਸਿੰਘ ਚੱਬਾ, ਹਰਪਾਲ ਸਿੰਘ ਚੀਤੇ, ਸਰਬਜੀਤ ਸਿੰਘ ਖਾਲਸਾ ਰਾਮਪੁਰਾ ਆਦਿ ਆਗੂ ਹਾਜ਼ਰ ਸਨ।

# ਮੰਦਰ ਠਾਕੁਰ ਧਾਮ ਵਿਖੇ ਬਾਬਾ ਸ੍ਰੀ ਚੰਦ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵੱਡੇ ਸਪੁੱਤਰ ਭਗਵਾਨ ਬਾਬਾ ਸ੍ਰੀ ਚੰਦ ਜੀ ਦਾ 530ਵਾਂ ਜਨਮ ਦਿਹਾੜਾ ਡੇਰਾ ਬਾਬਾ ਨਾਨਕ ਦੇ ਮੁਹੱਲਾ ਅਤਰ ਸਿੰਘ ਸਥਿਤ ਉਦਾਸੀਨ ਡੇਰਾ ਧੰਨ ਧੰਨ ਬਾਬਾ ਸ੍ਰੀ ਚੰਦ ਜੀ ਮਹਾਰਾਜ ਮੰਦਰ ਠਾਕੁਰ ਧਾਮ ਸੱਚਖੰਡ ਵਾਸੀ ਸ੍ਰੀ ਮਾਨ 108 ਬਾਬਾ ਕ੍ਰਿਪਾ ਦਾਸ ਜੀ ਡੇਰੇ ਦੇ ਮੁੱਖ ਸੇਵਾਦਾਰ ਮਹੰਤ ਬਾਬਾ ਮੇਜਰ ਦਾਸ ਦੀ ਅਗਵਾਈ ਹੇਠ ਸੰਗਤਾਂ ਵੱਲੋਂ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਪਹਿਲਾਂ ਤੋਂ ਰੱਖੇ (8) ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਭਾਈ ਮਹਿੰਗਾ ਸਿੰਘ ਮੌਜੀ ਕਲਾਨੌਰ ਵਾਲਿਆਂ ਦੇ ਕੀਰਤਨੀ ਜਥੇ ਵੱਲੋਂ ਗੁਰਬਾਣੀ ਦਾ ਇਲਾਹੀ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਇਸ ਮੌਕੇ ਭਾਈ ਮਲੂਕ ਸਿੰਘ, ਭਾਈ ਸਵਿੰਦਰ ਸਿੰਘ ਤੇ ਬਾਬਾ ਰਣਧੀਰ ਸਿੰਘ ਦੇ ਕਵੀਸ਼ਰੀ ਜਥੇ ਵੱਲੋਂ ਭਗਵਾਨ ਬਾਬਾ ਸ੍ਰੀ ਚੰਦਰ ਜੀ ਦਾ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਮਹੰਤ ਬਾਬਾ ਮੇਜਰ ਦਾਸ, ਮਹੰਤ ਬਾਬਾ ਮੰਗਲ ਦਾਸ, ਪੰਡਤ ਸੱਤ ਪ੍ਰਕਾਸ਼ ਅਤੇ ਸਮੂਹ ਸੰਗਤਾਂ ਵੱਲੋਂ ਬਾਬਾ ਸ੍ਰੀ ਚੰਦ ਜੀ ਦਾ ਆਰਤਾ ਗਾਇਨ ਕੀਤਾ ਗਿਆ। ਉਪਰੰਤ ਭਾਈ ਸੁਖਵਿੰਦਰ ਸਿੰਘ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ।

ਇਸ ਮੌਕੇ ਚੇਅਰਮੈਨ ਬਾਬਾ ਰਜਿੰਦਰ ਸਿੰਘ ਬੇਦੀ, ਜਥੇਦਾਰ ਮਾਸਟਰ ਰਣਧੀਰ ਸਿੰਘ ਪੈਦਲ ਸੰਗ ਸ੍ਰੀ ਚੋਲਾ ਸਾਹਿਬ ਵਾਲੇ (ਖੰਡਿਆਲਾ ਸੈਣੀਆਂ) ਮਹੰਤ ਬਾਬਾ ਮੰਗਲ ਦਾਸ, ਮਹੰਤ ਚੇਤਨ ਦਾਸ, ਰਣਜੀਤ ਸਿੰਘ, ਭਗਵੰਤ ਕਿਸ਼ੋਰ, ਮਹੰਤ ਮਹਿੰਦਰ ਸਿੰਘ ਚੀਮਾ ਖੁੰਡੀ, ਮਹੰਤ ਸ਼ਾਮ ਦਾਸ ਬਟਾਲਾ, ਮਹੰਤ ਬਾਬਾ ਅਮਰਦਾਸ ਬਾਠ ਸਾਹਿਬ ਪਠਾਨਕੋਟ, ਮਹੰਤ ਰਵੀਦਾਸ ਡਫਰਵਾਲ, ਮਹੰਤ ਲਵ ਮੁਨੀ ਨਾਂਗਾ ਵਾਲਾ ਦੀਨਾਨਗਰ, ਬਾਬਾ ਧੀਰ ਦਾਸ ਸੁੱਕਾ ਤਲਾਅ ਬਟਾਲਾ, ਮਹੰਤ ਬਾਬਾ ਸ਼ੇਰ ਦਾਸ ਬਟਾਲਾ, ਬਾਬਾ ਰਣਧੀਰ ਸਿੰਘ ਨਿਹੰਗ ਅਬਦਾਲ, ਸਰਪੰਚ ਕਰਮ ਸਿੰਘ ਤਾਜਪੁਰ, ਨਿਰਮਲ ਸਿੰਘ ਤਾਜਪੁਰ ਅਸ਼ਵਨੀ ਕੁਮਾਰ, ਭਾਈ ਰਣਜੀਤ ਸਿੰਘ ਡੇਰਾ, ਵਜ਼ੀਰ ਸਿੰਘ ਰੰਧਾਵਾ, ਮਾਸਟਰ ਸਵਿੰਦਰ ਸਿੰਘ ਸੂਰੀ, ਬਾਬਾ ਭੁਪਿੰਦਰ ਸਿੰਘ ਗ੍ਰੰਥੀ, ਕਾਨੂੰਗੋ ਦੇਸ ਰਾਜ, ਡਾ: ਗੁਰਦੇਵ ਸਿੰਘ, ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।ਇਸ ਮੌਕੇ ਪ੍ਰਬੰਧਕਾਂ ਵਲੋਂ ਅਤੁੱਟ ਲੰਗਰ ਭੰਡਾਰਾ ਵਰਤਾਇਆ ਗਿਆ ਅਤੇ ਸੰਤਾਂ ਮਹਾਂਪੁਰਸ਼ਾਂ ਨੂੰ ਭੇਟਾ ਦਿੱਤੀ ਗਈ।

# ਨਸ਼ਿਆਂ ਨੂੰ ਕਾਬੂ ਕਰਨ 'ਚ ਫੌਜ ਦੀ ਸਰਗਰਮ ਭੂਮਿਕਾ : ਕਰਨਲ ਆਰ. ਐੱਸ. ਸ਼ੇਖਾਵਤ



ਗੁਰਦਾਸਪੁਰ, (ਦਿਨੇਸ਼ ਕੁਮਾਰ)-ਨਸ਼ਾਖੋਰੀ ਦੀ ਗੰਭੀਰਤਾ ਨੂੰ ਧਿਆਨ ਵਿੱਚ ਰੱਖਦੇ ਹੋਏ ਫੌਜ ਦੇ ਅਧਿਕਾਰੀਆਂ ਨੇ ਵੱਖ-ਵੱਖ ਥਾਵਾਂ 'ਤੇ ਨਸ਼ਾ ਜਾਗਰੂਕਤਾ ਮੁਹਿੰਮਾਂ ਸ਼ੁਰੂ ਕੀਤੀਆਂ ਹਨ।ਬ੍ਰਿਗੇਡੀਅਰ ਪੀ. ਐੱਸ. ਸੰਧੂ ਦੇ ਦਿਸ਼ਾ-ਨਿਰਦੇਸ਼ਾਂ ਹੇਠ ਆਈ. ਟੀ. ਆਈ. ਲੜਕੇ ਕਾਲਜ ਗੁਰਦਾਸਪੁਰ ਵਿਖੇ 14 ਜਾਟ ਰੈਜੀਮੈਂਟ ਦੇ ਅਧਿਕਾਰੀਆਂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਿੱਥੇ ਵੱਡੀ ਗਿਣਤੀ ਵਿਚ ਵਿਦਿਆਰਥੀਆਂ ਨੇ ਪ੍ਰਿੰਸੀਪਲ ਸੰਦੀਪ ਸਿੰਘ ਅਤੇ ਬਲਵੰਤ ਸਿੰਘ ਵਾਈਸ ਪ੍ਰਿੰਸੀਪਲ ਸਮੇਤ ਹੋਰ ਲੈਕਚਰਾਰਾਂ ਜਿਵੇਂ ਕਿ ਰੋਮੇਸ਼ ਮਹਾਜਨ ਡਾਇਰੈਕਟਰ ਰੈੱਡ ਕਰਾਸ ਅਤੇ ਰਘਬੀਰ ਸਿੰਘ ਕੌਂਸਲਰ ਰੈੱਡ ਕਰਾਸ ਨਸ਼ਾ ਛੁਡਾਊ ਕੇਂਦਰ ਨੇ ਸ਼ਿਰਕਤ ਕੀਤੀ।ਇਸ ਮੌਕੇ ਸੰਬੋਧਨ ਕਰਦਿਆਂ ਕਰਨਲ ਆਰ. ਐੱਸ. ਸ਼ੇਖਾਵਤ, 14 ਜਾਟ ਰੈਜੀਮੈਂਟ, ਵਲੋਂ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ।ਉਨ੍ਹਾਂ ਨਸ਼ਿਆਂ ਦੇ ਜਾਲ ਵਿੱਚ ਫਸੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਨੂੰ ਤਿਆਗ ਕੇ ਦੇਸ਼ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾਉਣ ਲਈ ਅੱਗੇ ਆਉਣ।ਇਸ ਮੌਕੇ ਸੰਬੋਧਨ ਕਰਦਿਆਂ ਨੈਸ਼ਨਲ ਐਵਾਰਡੀ ਰੋਮੇਸ ਮਹਾਜਨ ਨੇ ਵਿਦਿਆਰਥੀਆਂ ਨੂੰ ਜ਼ੋਰ ਦੇ ਕੇ ਕਿਹਾ ਕਿ ਨਸ਼ਿਆਂ ਨੂੰ ਆਪਣੇ ਸੁਪਨੇ ਚੁਰਾਉਣ ਨਾ ਦਿਓ, ਸਗੋਂ ਆਪਣੇ ਸੁਪਨਿਆਂ ਨੂੰ ਪੂਰਾ ਕਰੋ ਅਤੇ ਨਸ਼ਿਆਂ ਤੋਂ ਦੂਰ ਰਹੋ।ਉਨ੍ਹਾਂ ਨੂੰ ਨਸ਼ਾ ਮੁਕਤ ਭਾਰਤ ਅਭਿਆਨ ਦਾ ਹਿੱਸਾ ਬਣਨ ਅਤੇ ਸਮਾਜ ਵਿੱਚ ਜਾਗਰੂਕਤਾ ਫੈਲਾ ਕੇ ਇਸ ਮੁਹਿੰਮ ਨੂੰ ਮਜ਼ਬੂਤ ਕਰਨ ਲਈ ਵੀ ਪ੍ਰੇਰਿਤ ਕੀਤਾ ਗਿਆ।

# ਕੱਥੂਨੰਗਲ 'ਚ ਬਿਜਲੀ ਬੋਰਡ ਦੀ ਖੰਡਰ ਨੁਮਾ ਇਮਾਰਤ ਬਣੀ ਨਸ਼ੇੜੀਆਂ ਦਾ ਰੈਣ ਬਸੇਰਾ



ਮਜੀਠਾ (ਸੋਇਮ ਆਨੰਦ)-ਮਜੀਠਾ ਹਲਕੇ ਦੇ ਪੁਲਸ ਥਾਣਾ ਕੱਥੂਨੰਗਲ ਤੋਂ ਮਹਿਜ਼ ਕੁੱਝ ਕਦਮਾਂ 'ਤੇ ਬਿਜਲੀ ਬੋਰਡ ਦੀ ਖਾਲੀ ਪਈ ਇਮਾਰਤ ਇਨੀਂ ਦਿਨੀਂ ਨਸ਼ੇੜੀਆਂ ਦਾ ਅੱਡਾ ਬਣ ਚੁੱਕੀ ਹੈ।ਨਸ਼ੇੜੀਆਂ ਵਲੋਂ ਇਸ ਇਮਾਰਤ ਨੂੰ ਆਪਣੀ ਆਰਾਮ ਗਾਹ ਬਣਾਉਣ ਦੇ ਨਾਲ ਨਾਲ ਇਥੇ ਆਪਣੇ ਨਸ਼ਿਆਂ ਦੀ ਪੂਰਤੀ ਕਰਨ ਲਈ ਸੁਰੱਖਿਅਤ ਥਾ ਵਜੋਂ ਚੁਣ ਰੱਖਿਆ ਹੈ। ਉਕਤ ਇਮਾਰਤ ਦੇ ਕਮਰਿਆਂ ਦੇ ਵਿਚ ਟੀਕੇ , ਸਰਿੰਜਾਂ , ਪੰਨੀਆਂ , ਮੈਡੀਕਲ ਨਸ਼ੇ ਦੇ ਪੱਤੇ ਆਮ ਖਿਲਰੇ ਵੇਖੇ ਜਾ ਸਕਦੇ ਹਨ ਤੇ ਆਮ ਤੌਰ 'ਤੇ ਦਿਨ ਰਾਤ ਨਸ਼ੇੜੀ ਅੰਦਰ ਨਸ਼ੇ ਕਰਦੇ ਵੇਖੇ ਜਾ ਸਕਦੇ ਹਨ।ਬਿਜਲੀ ਬੋਰਡ ਦੀ ਇਮਾਰਤ ਨਸ਼ੇੜੀਆਂ ਦੀ ਆਮਦ ਕਰਕੇ ਨੇੜਲੇ ਲੋਕਾਂ ਦੇ ਮਨਾਂ ਅੰਦਰ ਭਾਰੀ ਸਹਿਮ ਪਾਇਆ ਜਾ ਰਿਹਾ ਹੈ ਕਿਤੇ ਇਹ ਨਸ਼ੇ ਦੀ ਹਾਲਤ 'ਚ ਲੋਕ ਉਨ੍ਹਾਂ ਨੂੰ ਨੁਕਸਾਨ ਨਾ ਪਹੁੰਚਾਉਣ। ਰਾਤ ਨੂੰ ਰਾਹਗੀਰਾਂ ਨਾਲ ਲੁੱਟਾਂ-ਖੋਹਾਂ ਅਤੇ ਚੋਰੀ ਦੀਆਂ ਵਾਰਦਾਤਾਂ ਨੂੰ ਅੰਜਾਮ ਦਿੱਤਾ ਜਾਂਦਾ ਹੈ। ਇਥੇ ਜ਼ਿਕਰਯੋਗ ਹੈ ਕਿ ਥਾਣਾ ਕੱਥੂਨੰਗਲ ਮਹਿਜ਼ ਇਥੋਂ ਕੁਝ ਹੀ ਦੂਰੀ ਤੇ ਹੋਣ ਦੇ ਬਾਵਜੂਦ ਇਨ੍ਹਾਂ ਨਸ਼ੇੜੀਆਂ 'ਚ ਪੁਲਸ ਦਾ ਕੋਈ ਡਰ ਨਹੀਂ ਹੈ ਤੇ ਨਾ ਹੀ ਪੁਲਸ ਵਲੋਂ ਇਨ੍ਹਾਂ ਵਿਰੁੱਧ ਕੋਈ ਕਾਰਵਾਈ ਕਰਨੀ ਉਚਿਤ ਸਮਝੀ ਜਾਂਦੀ ਹੈ।ਸਥਾਨਕ ਵਾਸੀ ਸੂਰਜ ਪ੍ਰਕਾਸ਼ ਨੇ ਦੱਸਿਆ ਕਿ ਇਸ ਇਮਾਰਤ 'ਚ ਨਸ਼ਾ ਕਰਨ ਵਾਲਿਆਂ ਤੋਂ ਉਹ ਪ੍ਰੇਸ਼ਾਨ ਹੋ ਚੁੱਕੇ ਹਨ ਤੇ ਡਰ ਤੇ ਸਹਿਮ 'ਚ ਜਿੰਦਗੀ ਬਸਰ ਕਰਨ ਲਈ ਮਜਬੂਰ ਹਨ। ਇਥੇ 15 ਸਾਲਾਂ ਤੱਕ ਦੇ ਬੱਚੇ ਵੀ ਚਿੱਟੇ ਦੇ ਟੀਕੇ ਲਾਉਂਦੇ ਵੇਖੇ ਜਾ ਸਕਦੇ ਹਨ।ਇਕ ਨਸ਼ਈ ਨੇ ਆਪਣਾ ਨਾਂਅ ਗੁਪਤ ਰੱਖਣ ਦੀ ਸ਼ਰਤ 'ਤੇ ਦੱਸਿਆ ਕਿ ਕੱਥੂਨੰਗਲ ਵਿਚ ਚਿੱਟਾ ਇਸ ਕਦਰ ਵਿਕ ਰਿਹਾ ਹੈ ਕਿ ਨਸ਼ਾ ਵੇਚਣ ਵਾਲੇ ਗਾਹਕਾਂ ਨੂੰ ਲੈ ਕੇ ਇਕ ਦੂਜੇ ਨਾਲ ਲੜਾਈ ਝਗੜਾ ਵੀ ਹੁੰਦਾ ਹੈ। ਉਸ ਦੱਸਿਆ ਕਿ ਪਹਿਲਾਂ ਤਾਂ ਸਾਰੇ ਪਿੰਡ ਵਿੱਚ ਕੋਈ ਇਕ ਅੱਧਾ ਨਸ਼ਾ ਵੇਚਣ ਵਾਲਾ ਹੁੰਦਾ ਸੀ ਪਰ ਹੁਣ ਤਾਂ ਹਰੇਕ ਗਲੀ/ਮੁਹੱਲੇ ਵਿੱਚ ਚਾਰ ਪੰਚ ਨਸ਼ਾ ਵੇਚਣ ਵਾਲੇ ਮਿਲ ਜਾਂਦੇ ਹਨ।ਇਸ ਖੁਲਾਸੇ ਨੇ ਪੁਲਸ ਦੀ ਕਾਰਗੁਜ਼ਾਰੀ 'ਤੇ ਵੀ ਸਵਾਲੀਆ ਚਿੰਨ ਲੱਗਾ ਦਿੱਤਾ।

# ਸੰਗਤਾਂ ਦਾ ਵੱਡਾ ਜਥਾ ਗੁ. ਬਾਉਲੀ ਸਾਹਿਬ ਲਈ ਰਵਾਨਾ



ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਵਿਸ਼ੇਸ਼ ਸਹਿਯੋਗ ਨਾਲ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਗੋਇੰਦਵਾਲ ਸਾਹਿਬ ਵਿਖੇ ਸ੍ਰੀ ਗੁਰੂ ਅਮਰਦਾਸ ਜੀ ਦਾ 450 ਸਾਲਾ ਜੋਤੀ-ਜੋਤਿ ਦਿਵਸ ਸ਼ਤਾਬਦੀ ਅਤੇ ਸ੍ਰੀ ਗੁਰੂ ਰਾਮਦਾਸ ਜੀ ਦਾ 450 ਸਾਲਾ ਗੁਰਤਾਗੱਦੀ ਦਿਵਸ ਸ਼ਤਾਬਦੀ ਸਮਾਗਮ ਬਹੁਤ ਸ਼ਰਧਾ ਸਤਿਕਾਰ ਨਾਲ ਮਨਾਇਆ ਗਿਆ।

450 ਸਾਲਾ ਸਤਾਬਦੀ ਸਮਾਗਮ ਵਿੱਚ ਸ਼ਾਮਲ ਹੋਣ ਲਈ ਸ਼੍ਰੋਮਣੀ ਕਮੇਟੀ ਹਲਕਾ ਬਟਾਲਾ ਤੋਂ ਧਾਰਮਿਕ ਨੁਮਾਇੰਦਗੀ ਕਰ ਰਹੇ ਧਾਰਮਿਕ ਆਗੂ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅਗਵਾਈ ਵਿੱਚ ਸੰਗਤਾਂ ਦਾ ਵੱਡਾ ਜਥਾ ਅਕਾਸ਼ ਗੁੰਜਾਊ ਜੈਕਾਰਿਆਂ ਨਾਲ ਸਤਿਨਾਮ ਵਾਹਿਗੁਰੂ ਦਾ ਜਾਪ ਕਰਦਿਆਂ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਗੋਇੰਦਵਾਲ ਸਾਹਿਬ ਵਿਖੇ ਨਤਮਸਤਕ ਹੋਣ ਲਈ ਰਵਾਨਾ ਹੋਇਆ।

# ਜ਼ਿਲ੍ਹਾ ਗਤਕਾ ਐਸੋਸੀਏਸ਼ਨ ਵੱਲੋਂ ਮਾਨਯੋਗ ਜੱਜਾਂ ਦਾ ਵਿਸ਼ੇਸ਼ ਸਨਮਾਨ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਜਗਤ ਗੁਰੂ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਜਗਤ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਨੂੰ ਸਮਰਪਿਤ ਸਜਾਏ ਗਏ ਨਗਰ ਕੀਰਤਨ ਦੌਰਾਨ ਜ਼ਿਲ੍ਹਾ ਗਤਕਾ ਐਸੋਸੀਏਸਨ ਗੁਰਦਾਸਪੁਰ ਦੇ ਪ੍ਰਧਾਨ ਕਮ ਚੇਅਰਮੈਨ ਰਵਿੰਦਰ ਸਿੰਘ ਮਠਾਰੂ ਦੀ ਅਗਵਾਈ ਹੇਠ ਜ਼ਿਲ੍ਹਾ ਗਤਕਾ ਐਸੋਸੀਏਸਨ ਗੁਰਦਾਸਪੁਰ ਦੇ ਸੀਨੀਅਰ ਅਹੁਦੇਦਾਰ ਤੇਜਪਾਲ ਸਿੰਘ ਪਾਲ, ਰਜਿੰਦਰ ਸਿੰਘ ਹੈਪੀ, ਹਰਵਿੰਦਰ ਸਿੰਘ ਟਿੰਕੂ, ਐਡਵੋਕੇਟ ਹਰਸਮੀਤ ਸਿੰਘ, ਜੋਧਵੀਰ ਸਿੰਘ, ਇੰਦਰਪ੍ਰੀਤ ਸਿੰਘ, ਗਗਨਦੀਪ ਸਿੰਘ ਤੇ ਹੋਰ ਮੈਂਬਰਾਂ ਵੱਲੋਂ ਮਿਲ ਕੇ ਜ਼ਿਲ੍ਹਾ ਗੁਰਦਾਸਪੁਰ ਦੀ ਅਦਾਲਤ ਦੇ ਮਾਣਯੋਗ ਜੱਜ ਹਰਜਿੰਦਰ ਸਿੰਘ, ਬਟਾਲਾ ਅਦਾਲਤ ਦੇ ਮਾਣਯੋਗ ਜੱਜ ਰਜਿੰਦਰ ਸਿੰਘ, ਬਟਾਲਾ ਅਦਾਲਤ ਦੇ ਮਾਨਯੋਗ ਜੱਜ ਰੀਟਾ ਹੰਸ, ਬਟਾਲਾ ਅਦਾਲਤ ਦੇ ਮਾਨਯੋਗ ਜੱਜ ਬਲਜਿੰਦਰ ਕੌਰ ਨੂੰ ਵਿਸ਼ੇਸ਼ ਤੌਰ ਤੇ ਸਿਰੋਪਾਓ ਅਤੇ ਸਨਮਾਨ ਚਿੰਨ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹੋਰ ਵੀ ਮੈਂਬਰ ਅਤੇ ਪੁਲਸ ਦੇ ਅਧਿਕਾਰੀ ਹਾਜ਼ਰ ਸਨ।

# ਟੀ ਸੀ ਐੱਸ ਰੂਰਲ ਆਈਟੀ ਕੁਇਜ਼ ਦੇ 25ਵੇਂ ਐਡੀਸ਼ਨ ਦਾ ਐਲਾਨ

ਰਾਜਪੁਰਾ:ਆਈਟੀ ਸਰਵਿਸਿਜ਼ ਕੰਸਲਟਿੰਗ ਅਤੇ ਬਿਜ਼ਨੈਸ ਸਲਿਊਸ਼ਨ ਵਿੱਚ ਇੱਕ ਗਲੋਬਲ ਲੀਡਰ, ਟਾਟਾ ਕੰਸਲਟੈਂਸੀ ਸਰਵਿਸਿਜ਼ ਅਤੇ ਕਰਨਾਟਕ ਸਰਕਾਰ ਦੇ ਇਲੈਕਟ੍ਰੌਨਿਕਸ, ਆਈਟੀ,ਬੀਟੀ ਅਤੇ ਸਾਇੰਸ ਐਂਡ ਟੈਕਨੋਲੋਜੀ ਡਿਪਾਰਟਮੈਂਟ ਨੇ ਐਲਾਨ ਕੀਤਾ ਹੈ ਕਿ 25ਵੇਂ ਟੀਸੀਐੱਸ ਰੂਰਲ ਆਈਟੀ ਕੁਇਜ਼ ਪ੍ਰੋਗਰਾਮ ਦੇ ਲਈ ਰਜਿਸਟ੍ਰੇਸ਼ਨ ਸ਼ੁਰੂ ਹੋ ਚੁੱਕੇ ਹਨ।ਬੈਂਗਲੁਰੂ ਟੈਕ ਸਮਿਟ 2024 ਦੇ ਇੱਕ ਹਿੱਸੇ ਦੇ ਰੂਪ ਵਿਚ ਇਸ ਕੁਇਜ਼ ਦਾ ਆਯੋਜਨ ਕੀਤਾ ਜਾਵੇਗਾ। ਇਸ ਕੁਇਜ਼ ਵਿੱਚ ਆਨਲਾਈਨ ਟੈਸਟ, ਵਰਚੁਅਲ ਅਤੇ ਫਿਜ਼ੀਕਲ ਕੁਇਜ਼ ਸ਼ੋਅਜ਼ ਵੀ ਸ਼ਾਮਲ ਹੋਣਗੇ।ਪੂਰੇ ਭਾਰਤ ਦੇ ਛੋਟੇ ਕਸਬਿਆਂ ਅਤੇ ਜ਼ਿਲ੍ਹਿਆਂ ਦੇ 8ਵੀਂ ਤੋਂ 12ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਇਸ ਵਿਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਜਾਂਦਾ ਹੈ।ਸਾਰੇ ਖੇਤਰੀ ਜੇਤੂਆਂ ਨੂੰ 10,000 ਰੁਪਏ ਅਤੇ ਉਪ ਜੇਤੂਆਂ ਨੂੰ 7,000 ਰੁਪਏ ਦੇ ਗਿਫਟ ਵਾਊਚਰ ਇਨਾਮ ਵਿਚ ਦਿੱਤੇ ਜਾਣਗੇ।ਟੀਸੀਐੱਸ ਰੂਰਲ ਆਈਟੀ ਕੁਇਜ਼ ਦੇ ਲੱਕੀ ਰਾਸ਼ਟਰੀ ਜੇਤੂ ਅਤੇ ਉਪ ਜੇਤੂ ਨੂੰ ਕ੍ਰਮਵਾਰ 100,000 ਰੁਪਏ ਅਤੇ 50,000 ਰੁਪਏ ਦੀ ਟੀਸੀਐੱਸ ਸਿੱਖਿਆ ਸਕਾਲਰਸ਼ਿਪ ਵੀ ਮਿਲੇਗੀ।ਵਿਦਿਆਰਥੀ 1 ਅਕਤੂਬਰ ਤੋਂ ਪਹਿਲਾਂ ਕੁਇਜ਼ ਲਈ ਰਜਿਸਟਰ ਕਰ ਸਕਦੇ ਹਨ।

# ਐੱਸਸੀ ਵਰਗ ਲਈ 1/3 ਸ਼ਾਮਲਾਟ ਜ਼ਮੀਨ ਯਕੀਨੀ ਬਣਾਉਣ ਲਈ ਸਮਾਜਿਕ ਨਿਆਂ ਅਧਿਕਾਰਤ ਅਫ਼ਸਰ ਨੇ ਪੱਤਰ ਲਿਖਿਆ

**ਵੇਰਕਾ (ਰਾਣਾ)**-ਜ਼ਿਲਾ ਸਮਾਜਿਕ ਨਿਆਂ, ਅਧਿਕਾਰਤ ਅਫ਼ਸਰ ਅੰਮ੍ਰਿਤਸਰ ਪਲਵ ਸ੍ਰੇਸ਼ਟਾ ਨੇ ਸ਼ਾਮਲਾਟ ਜ਼ਮੀਨ (ਇੱਕ ਤਿਹਾਈ ਅਨੁਸੂਚਿਤ ਜਾਤੀ ਲਈ) ਨੂੰ ਵੇਚਣ ਲਈ ਸਮਾਜਿਕ ਨਿਆਂ, ਵਿਭਾਗ ਤੋਂ ਐੱਨਓਸੀ/ਸਰਟੀਫਿਕੇਟ/ਹਲਫ਼ੀਆ ਬਿਆਨ ਲਾਜ਼ਮੀ ਕਰਨ ਸੰਬੰਧੀ ਡਾਇਰੈਕਟਰ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਪੰਜਾਬ ਮੋਹਾਲੀ ਨੂੰ ਪੱਤਰ ਨੰ: 1425 ਲਿਖਿਆ ਹੈ ਕਿ ਪੇਂਡੂ ਖੇਤਰ ਨਾਲ ਸੰਬੰਧਿਤ ਸ਼ਾਮਲਾਟ ਜ਼ਮੀਨ ਜੋ ਕਿ ਪੇਂਡੂ ਵਿਕਾਸ ਵਿਭਾਗ ਵੱਲੋਂ ਖੇਤੀਬਾੜੀ ਲਈ ਪਿੰਡ ਦੇ ਵਸਨੀਕਾਂ ਨੂੰ ਬੋਲੀ 'ਤੇ ਦਿੱਤੀ ਜਾਂਦੀ ਹੈ, ਤਹਿਤ ਇਕ ਤਮਾਹੀ ਅਨੁਸੂਚਿਤ ਜਾਤੀ ਲਈ ਰਾਖਵੀਂ ਰੱਖੀ ਜਾਣੀ ਲਾਜ਼ਮੀ ਹੁੰਦੀ ਹੈ।ਪ੍ਰੰਤੂ ਇਹ ਇੱਕ ਤਿਮਾਹੀ ਜ਼ਮੀਨ ਕਾਗਜ਼ਾਂ ਵਿੱਚ ਤਾਂ ਅਨੁਸੂਚਿਤ ਜਾਤੀ ਨੂੰ ਬੋਲੀ 'ਤੇ ਦੇ ਦਿੱਤੀ ਜਾਂਦੀ ਹੈ।ਪ੍ਰੰਤੂ ਅਸਲੀਅਤ ਵਿੱਚ ਇਸ 'ਤੇ ਖੇਤੀਬਾੜੀ ਕੋਈ ਹੋਰ ਵਿਅਕਤੀਆਂ ਵੱਲੋਂ ਜਾਂ ਜਨਰਲ ਸ਼੍ਰੇਣੀ ਵੱਲੋਂ ਹੀ ਕੀਤੀ ਜਾਂਦੀ ਹੈ ਜਿਸ ਨਾਲ ਅਨੁਸੂਚਿਤ ਜਾਤੀ ਦੀ ਆਮਦਨ ਨੂੰ ਵਧਾਉਣ ਦੇ ਮੰਤਵ ਨਾਲ ਸਰਕਾਰ ਵੱਲੋਂ ਜੋ ਇਹ ਪ੍ਰਯੋਜਨ ਕੀਤਾ ਜਾਂਦਾ ਹੈ, ਦੀ ਸਹੀ ਢੰਗ ਨਾਲ ਲਾਗੂ ਨਾ ਹੋਣ ਕਾਰਨ ਇਹ ਮੰਤਵ ਦਾ ਲਾਭ ਸੰਬੰਧਿਤ ਵਿਅਕਤੀ ਨੂੰ ਨਹੀਂ ਮਿਲਦਾ ਹੈ।ਇਸ ਸਬੰਧ ਵਿੱਚ ਪੇਂਡੂ ਵਿਕਾਸ ਵਿਭਾਗ ਬੋਲੀਆਂ ਉਪਰੰਤ ਸਰਟੀਫਿਕੇਟ ਲੈਣਾ ਉਚਿਤ ਹੋਵੇਗਾ ਕਿ ਸੰਬੰਧਿਤ ਅਨੁਸੂਚਿਤ ਜਾਤੀਆਂ ਦੇ ਵਿਅਕਤੀਆਂ ਨੂੰ ਦਿੱਤੀ ਗਈ ਜ਼ਮੀਨ ਨੂੰ ਉਨ੍ਹਾਂ ਵੱਲੋਂ ਹੀ ਵਰਤੀ ਜਾ ਰਹੀ ਹੈ ਸਮੇਂ-ਸਮੇਂ ਤੇ ਸਮਾਜਿਕ ਨਿਆਂ ਵਿਭਾਗ ਦੇ ਅਧਿਕਾਰੀਆਂ ਵੱਲੋਂ ਇਸ ਸਬੰਧੀ ਚੈਕਿੰਗ/ਸੋਸ਼ਲ ਆਡਿਟ ਲਾਜ਼ਮੀ ਕਰਨਾ ਉਚਿਤ ਹੋਵੇਗਾ।ਇਸ ਤੋਂ ਇਲਾਵਾ ਕਈ ਕਲੋਨਾਈਜ਼ਰਾਂ ਵੱਲੋਂ ਪੇਂਡੂ ਖੇਤਰ ਵਿੱਚ ਕੱਟੀਆਂ ਜਾ ਰਹੀਆਂ ਕਲੋਨੀਆਂ ਵਿੱਚ ਸਰਕਾਰੀ ਜ਼ਮੀਨਾਂ, ਰਾਹ, ਖਾਲਾਂ ਆਦਿ ਤੇ ਵੀ ਕਬਜ਼ਾ ਕਰ ਲਿਆ ਜਾਂਦਾ ਜਿਸਦਾ ਸਿੱਧਾ ਅਸਰ ਕਿਸਾਨ ਵਰਗ ਖਾਸ ਕਰਕੇ ਅਨੁਸੂਚਿਤ ਜਾਤੀ ਅਤੇ ਗਰੀਬ ਕਿਸਾਨ ਵਰਗ 'ਤੇ ਪੈਂਦਾ ਹੈ।ਖਾਲ ਜਾਂ ਰਾਹ 'ਤੇ ਕਬਜ਼ਾ ਹੋਣ ਕਾਰਨ ਖੇਤੀਬਾੜੀ ਕਰਨ ਵਿੱਚ ਮੁਸ਼ਕਿਲ ਪੇਸ਼ ਆਉਂਦੀ ਹੈ। ਇਸ ਸਬੰਧ ਵਿੱਚ ਪੇਂਡੂ ਖੇਤਰ ਵਿੱਚ ਕੱਟੀਆਂ ਜਾ ਰਹੀਆਂ ਕਲੋਨੀਆਂ ਸਬੰਧੀ ਕਲੋਨਾਈਜ਼ਰਾਂ ਕੋਲੋਂ ਸਮਾਜਿਕ ਨਿਆਂ ਵਿਭਾਗ ਨੂੰ ਇਨ੍ਹਾਂ ਕੱਟੀਆਂ ਗਈਆਂ ਕਲੋਨੀਆਂ ਦਾ ਦੂਰ ਪ੍ਰਭਾਵ ਉਸ ਪਿੰਡ ਵਿੱਚ ਰਹਿੰਦੇ ਅਨੁਸੂਚਿਤ ਜਾਤੀਆਂ ਤੇ ਉਨ੍ਹਾਂ ਦੇ ਕੰਮ ਕਾਰ/ਕਿੱਤੇ/ਖੇਤੀਬਾੜੀ ਤੇ ਨਾ ਪੈਣ ਬਾਰੇ ਹਲਫੀਆ ਬਿਆਨ ਲੈਣਾ ਲਾਜ਼ਮੀ ਕੀਤਾ ਜਾਣਾ ਉਚਿਤ ਹੋਵੇਗਾ।

# ਉੱਘੇ ਚਿੰਤਕ ਮਾਲਵਿੰਦਰ ਸਿੰਘ ਮਾਲੀ 'ਤੇ ਝੂਠਾ ਮਾਮਲਾ ਦਰਜ ਕਰਨ ਦੀ ਸਖਤ ਨਿਖੇਧੀ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਪੰਜਾਬ ਜ਼ਿਲਾ ਗੁਰਦਾਸਪੁਰ ਕਮੇਟੀ ਅਤੇ ਲੋਕ ਸੰਗਰਾਮ ਮੋਰਚਾ (ਪੰਜਾਬ), ਪੰਜਾਬ ਸਰਕਾਰ ਵਲੋਂ ਉੱਘੇ ਚਿੰਤਕ ਅਤੇ ਸਿਆਸੀ ਟਿੱਪਣੀਕਾਰ ਮਾਲਵਿੰਦਰ ਸਿੰਘ ਮਾਲੀ ਉਤੇ ਝੂਠਾ ਮਾਮਲਾ ਦਰਜ ਕਰਕੇ ਗ੍ਰਿਫਤਾਰ ਕਰਨ ਦੀ ਸਖਤ ਸ਼ਬਦਾਂ ਵਿਚ ਨਿਖੇਧੀ ਕੀਤੀ ਜਾਂਦੀ ਹੈ।ਜਥੇਬੰਦੀ ਦੇ ਪ੍ਰੈੱਸ ਸਕੱਤਰ ਅਸ਼ੋਕ ਭਾਰਤੀ ਨੇ ਕਿਹਾ ਕਿ ਪੰਜਾਬ ਸਰਕਾਰ ਕੇਂਦਰ ਦੀ ਮੋਦੀ ਸਰਕਾਰ ਦੇ ਨਕਸ਼ੇ ਕਦਮ ਤੇ ਚੱਲਦਿਆਂ ਹਰ ਵਿਰੋਧੀ ਆਵਾਜ਼ ਨੂੰ ਚੁੱਪ ਕਰਵਾਉਣ ਲਈ ਪੱਬਾਂ ਭਾਰ ਹੋਈ ਪਈ ਹੈ। ਅਖੌਤੀ ਗਊ ਰੱਖਿਅਕ ਤੋਂ ਸ਼ਿਕਾਇਤ ਦਰਜ ਕਰਵਾਉਣਾ ਅਤੇ ਝੂਠੀ ਸ਼ਿਕਾਇਤ ਦੇ ਆਧਾਰ ਤੇ ਪਰਚਾ ਕਰ ਕੇ ਅਸੱਭਿਅਕ ਢੰਗ ਨਾਲ ਗ੍ਰਿਫਤਾਰ ਕਰਕੇ ਜੇਲ ਬੰਦ ਕਰਨਾ ਇਹ ਦਰਸਾਉਂਦਾ ਹੈ ਕਿ ਭਗਵੰਤ ਮਾਨ ਦੀ ਅਖੌਤੀ ਇਨਕਲਾਬੀ ਸਰਕਾਰ ਅਤੇ ਕੇਂਦਰ ਦੀ ਫਾਸ਼ੀਵਾਦੀ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਵਿਚ ਭੋਰਾ ਭਰ ਵੀ ਫਰਕ ਨਹੀਂ ਹੈ।ਲੋਕ ਸੰਗਰਾਮ ਮੋਰਚਾ ਪੰਜਾਬ ਦੇ ਸੀਨੀਅਰ ਸੂਬਾਈ ਆਗੂ ਮਾਸਟਰ ਗੁਰਚਰਨ ਸਿੰਘ ਟਾਹਲੀ, ਜ਼ਿਲ੍ਹਾ ਪ੍ਰਧਾਨ ਕੁਲਦੀਪ ਸਿੰਘ ਦਾਦੂਜੋਧ, ਜ਼ਿਲ੍ਹਾ ਸਕੱਤਰ ਕੁਲਵਿੰਦਰ ਜੀਤ ਸਿੰਘ ਅਠਵਾਲ, ਜ਼ਿਲ੍ਹਾ ਖਜ਼ਾਨਚੀ ਪਾਲ ਸਿੰਘ ਚੀਮਾ ਖੁੱਡੀ ਨੇ ਕਿਹਾ ਕਿ ਆਪਣੇ ਹੱਕਾਂ ਲਈ ਲੜ ਰਹੇ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ, ਵਿਦਿਆਰਥੀਆਂ ਅਤੇ ਹੋਰ ਤਬਕਿਆਂ ਦੇ ਮਸਲਿਆਂ ਪ੍ਰਤੀ ਗੈਰ-ਗੰਭੀਰ ਹੋਣ ਸਰਕਾਰ ਸਮਾਂ ਲੰਘਾ ਰਹੀ ਹੈ।

ਪੰਜਾਬ ਪ੍ਰਸਤ ਅਤੇ ਜਮਹੂਰੀ ਹੱਕਾਂ, ਧਾਰਮਿਕ ਘੱਟ ਗਿਣਤੀਆਂ ਦੇ ਹੱਕ ਵਿਚ ਆਵਾਜ਼ ਉਠਾਉਣ ਵਾਲੇ ਮਾਲਵਿੰਦਰ ਸਿੰਘ ਮਾਲੀ 'ਤੇ ਦਰਜ ਕੀਤਾ ਗਿਆ ਮਾਮਲਾ ਤੁਰੰਤ ਰੱਦ ਕਰਕੇ ਉਸ ਨੂੰ ਰਿਹਾਅ ਕੀਤਾ ਜਾਵੇ।

# ਕਟਾਰੂਚੱਕ ਵੱਲੋਂ 'ਪ੍ਰੋਸੈਸ ਟੂ ਪੁਜ਼ੀਸ਼ਨ' ਪੁਸਤਕ ਰਿਲੀਜ਼



ਪਠਾਨਕੋਟ (ਦਵਿੰਦਰ ਸਿੰਘ)- ਪਿੰਡ ਕਟਾਰੂਚੱਕ ਵਿਖੇ ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਨੇ ਜ਼ਿਲ੍ਹਾ ਗੁਰਦਾਸਪੁਰ ਦੇ ਨਿਵਾਸੀ ਹਰਦੀਪ ਸਿੰਘ ਵੱਲੋਂ ਲਿਖੀ ਗਈ ਪੁਸਤਕ 'ਪ੍ਰੋਸੈਸ ਟੂ ਪੁਜ਼ੀਸ਼ਨ' ਦਾ ਲੋਕ ਅਰਪਣ ਕੀਤਾ।ਇਸ ਮੌਕੇ ਕਿਤਾਬ ਦੇ ਲੇਖਕ ਹਰਦੀਪ ਸਿੰਘ ਵੱਲੋਂ ਇਹ ਪੁਸਤਕ ਕੈਬਨਿਟ ਮੰਤਰੀ ਕਟਾਰੂਚੱਕ ਨੂੰ ਭੇਟ ਕੀਤੀ।ਕੈਬਨਿਟ ਮੰਤਰੀ ਵੱਲੋਂ ਕਿਤਾਬ ਦੇ ਲੇਖਕ ਹਰਦੀਪ ਸਿੰਘ ਨੂੰ ਪਹਿਲੀ ਕਿਤਾਬ ਦੇ ਆਉਣ 'ਤੇ ਹਾਰਦਿਕ ਸ਼ੁਭਕਾਮਨਾਵਾਂ ਦਿੱਤੀਆਂ। ਜਾਣਕਾਰੀ ਦਿੰਦਿਆਂ ਅਧਿਆਪਕ ਹਰਦੀਪ ਸਿੰਘ ਨੇ ਦੱਸਿਆ ਕਿ ਇਹ ਕਿਤਾਬ ਉਨ੍ਹਾਂ ਬੱਚਿਆਂ ਲਈ ਲਿਖੀ ਹੈ ਜੋ ਸਰਕਾਰੀ ਨੌਕਰੀ ਪ੍ਰਾਪਤ ਕਰਨ ਲਈ ਤਿਆਰੀ ਕਰਦੇ ਹਨ।ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾ ਇਸ ਵਿਸ਼ੇ 'ਤੇ ਬਹੁਤ ਸਾਰੀਆਂ ਕਿਤਾਬਾਂ ਲਿਖੀਆਂ ਗਈਆਂ ਹੋਣਗੀਆਂ ਕਿ ਸਰਕਾਰੀ ਨੌਕਰੀ ਲਈ ਕੀ ਤਿਆਰੀ ਕੀਤੀ ਜਾਵੇ ਪਰ ਇਹ ਪਹਿਲੀ ਅਗਰੇਜ਼ੀ ਭਾਸ਼ਾ ਵਿੱਚ ਅਜਿਹੀ ਕਿਤਾਬ ਹੈ ਜਿਸ ਵਿੱਚ ਇਹ ਦੱਸਿਆ ਗਿਆ ਹੈ ਕਿ ਸਰਕਾਰੀ ਨੌਕਰੀ ਪ੍ਰਾਪਤ ਕਰਨ ਦੇ ਲਈ ਕਿਵੇਂ ਤਿਆਰੀ ਕਰਨੀ ਹੈ।ਉਨ੍ਹਾਂ ਦੱਸਿਆ ਕਿ ਇਹ ਕਿਤਾਬ ਐਮਾਜੋਨ ਤੇ ਵੀ ਉਪਲੱਬਦ ਹੈ।ਕਿਤਾਬ ਵਿੱਚ ਬਹੁਤ ਸਾਰੇ ਅਜਿਹੇ ਲੋਕਾਂ ਦੇ ਤਜਰਬੇ ਵੀ ਸ਼ਾਮਲ ਕੀਤੇ ਹਨ ਜੋ ਆਈਪੀਐੱਸ., ਆਈਏਐੱਸ, ਪੀਸੀਐੱਸ ਆਦਿ ਪੋਸਟਾਂ 'ਤੇ ਪਹੁੰਚੇ ਹਨ।ਉਨ੍ਹਾਂ ਕਿਹਾ ਕਿ ਨੌਜਵਾਨਾਂ ਦੇ ਲਈ ਇਹ ਕਿਤਾਬ ਵਰਦਾਨ ਸਿੱਧ ਹੋ ਸਕਦੀ ਹੈ।

# ਸੁਖਮਨੀ ਸਾਹਿਬ ਸੇਵਾ ਸੁਸਾਇਟੀ ਦੀਆਂ ਬੀਬੀਆਂ ਸਨਮਾਨਿਤ



ਡੇਰਾ ਬਾਬਾ ਨਾਨਕ(ਰਮੇਸ਼ ਸ਼ਰਮਾ)-ਕਸਬਾ ਡੇਰਾ ਬਾਬਾ ਨਾਨਕ ਦੇ ਦਸ ਡੋਗਰਾ ਮਾਰਗ ਸਥਿਤ ਗੁਰਦੁਆਰਾ ਬਾਬਾ ਸ੍ਰੀ ਚੰਦ ਜੀ ਵਿਖੇ ਪੂਰਨਮਾਸ਼ੀ ਦੇ ਦਿਹਾੜੇ ਮੌਕੇ ਬਾਬਾ ਸ੍ਰੀ ਚੰਦ ਚੈਰੀਟੇਬਲ ਟਰੱਸਟ ਡੇਰਾ ਬਾਬਾ ਨਾਨਕ ਦੇ ਚੇਅਰਮੈਨ ਤੇ ਉੱਘੇ ਸਮਾਜ ਸੇਵਕ ਬਾਬਾ ਰਜਿੰਦਰ ਸਿੰਘ ਬੇਦੀ ਅਤੇ ਬੀਬੀ ਆਤਮ ਜੀਤ ਕੌਰ ਵੱਲੋਂ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਡੇਰਾ ਬਾਬਾ ਨਾਨਕ ਦੀਆ ਬੀਬੀਆਂ ਦਾ ਮਾਨ ਸਨਮਾਨ ਕੀਤਾ ਗਿਆ।ਇਸ ਮੌਕੇ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਦੀਆਂ ਬੀਬੀਆਂ ਵੱਲੋਂ ਸੁਖਮਨੀ ਸਾਹਿਬ ਦਾ ਪਾਠ ਕਰਨ ਉਪਰੰਤ ਕੀਰਤਨ ਕਰਕੇ ਸੰਗਤਾਂ ਨੂੰ ਨੂੰ ਨਿਹਾਲ ਕੀਤਾ ਗਿਆ।ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਬਾਬਾ ਭੁਪਿੰਦਰ ਸਿੰਘ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ।ਇਸ ਮੌਕੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਬਾਬਾ ਰਜਿੰਦਰ ਸਿੰਘ ਬੇਦੀ ਨੇ ਦੱਸਿਆ ਕਿ ਗੁਰਦੁਆਰਾ ਬਾਬਾ ਸ੍ਰੀ ਚੰਦ ਸਾਹਿਬ ਡੇਰਾ ਬਾਬਾ ਨਾਨਕ ਵਿਖੇ ਪੂਰਨਮਾਸ਼ੀ ਵਾਲੇ ਦਿਨ ਹਰ ਮਹੀਨੇ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਦੀਆਂ ਬੀਬੀਆਂ ਵੱਲੋਂ ਸੁਖਮਨੀ ਸਾਹਿਬ ਦਾ ਪਾਠ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਜਾਂਦੀ ਹੈ।ਇਸ ਸੇਵਾ ਨੂੰ ਦੇਖਦਿਆਂ ਸਾਡੀ ਸੰਸਥਾ ਵੱਲੋਂ ਹਰ ਸਾਲ ਦੀ ਤਰਾਂ ਅੱਜ ਵੀ ਸੁਖਮਨੀ ਸੇਵਾ ਸੁਸਾਇਟੀ ਦੀਆਂ ਬੀਬੀਆਂ ਦਾ ਮਾਨ ਸਨਮਾਨ ਕਰਦਿਆਂ ਗੁਰੂ ਘਰ ਦੀ ਬਖ਼ਸ਼ਿਸ਼ ਸਿਰਪਾਉ ਸਾਹਿਬ ਦੇ ਕੇ ਸਨਮਾਨਿਤ ਕੀਤਾ ਗਿਆਂ ਹੈ।ਇਸ ਮੌਕੇ ਚੇਅਰਮੈਨ ਨਿਰਮਲ ਸਿੰਘ ਹਰੁਵਾਲ, ਸੈਕਟਰੀ ਸੁੱਚਾ ਸਿੰਘ ਸ਼ਿਕਾਰ, ਬਿੱਟਾ ਚੰਦੂ ਨੰਗਲ, ਬਲਜਿੰਦਰ ਸਿੰਘ ਰੱਤਾ, ਵਿਕਰਮਜੀਤ ਸਿੰਘ ਵਿੱਕੀ, ਪਰਮਜੀਤ ਸਿੰਘ ਸਾਬੀ, ਕਰਮਜੀਤ ਸਿੰਘ ਮੋਨੂੰ, ਬੀਬੀ ਮਹਿੰਦਰ ਕੌਰ, ਬੀਬੀ ਮਨਜੀਤ ਕੌਰ, ਬੀਬੀ ਗੁਰਬੀਰ ਕੌਰ, ਬੀਬੀ ਰਾਜ ਕੌਰ, ਬੀਬੀ ਸਲਿੰਦਰ ਕੌਰ, ਬੀਬੀ ਬਲਬੀਰ ਕੌਰ, ਬੀਬੀ ਗੁਰਮੀਤ ਕੌਰ, ਬੀਬੀ ਰਣਜੀਤ ਕੌਰ, ਬੀਬੀ ਹਰਜਿੰਦਰ ਕੌਰ, ਬੀਬੀ ਕਿਰਨਦੀਪ ਕੌਰ, ਬੀਬੀ ਕੁਲਵਿੰਦਰ ਕੌਰ, ਬੀਬੀ ਸਵਰਨ ਕੌਰ, ਬੀਬੀ ਰਣਜੀਤ ਕੌਰ ਸਮੇਤ ਸੰਗਤਾਂ ਹਾਜ਼ਰ ਸਨ।

# ਅਭੈਦੀਪ ਸਿੰਘ ਤੇ ਸਨੇਹਾ ਦੀ ਰਾਜ ਪੱਧਰੀ ਬਾਕਸਿੰਗ ਮੁਕਾਬਲੇ ਲਈ ਚੋਣ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭੁੰਬਲੀ ਦੇ ਵਿਦਿਆਰਥੀਆਂ ਨੇ ਜ਼ਿਲ੍ਹਾ ਪੱਧਰੀ ਬਾਕਸਿੰਗ ਅਤੇ ਕਿੱਕ ਬਾਕਸਿੰਗ ਮੁਕਾਬਲਿਆਂ ਵਿੱਚ ਮੱਲਾਂ ਮਾਰ ਕੇ ਆਪਣੇ ਸਕੂਲ ਅਤੇ ਮਾਤਾ ਪਿਤਾ ਦਾ ਨਾਮ ਰੌਸ਼ਨ ਕੀਤਾ ਹੈ। ਸਕੂਲ ਦੇ ਬਾਕਸਿੰਗ ਖਿਡਾਰੀ ਅਭੈਦੀਪ ਸਿੰਘ ਅਤੇ ਖਿਡਾਰਨ ਸਨੇਹਾ ਦੀ ਰਾਜ ਪੱਧਰੀ ਮੁਕਾਬਲੇ ਲਈ ਚੋਣ ਹੋਈ ਹੈ। ਸਕੂਲ ਦੇ ਪ੍ਰਿੰਸੀਪਲ ਜਤਿੰਦਰ ਕੌਰ ਨੇ ਦੱਸਿਆ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭੁੰਬਲੀ ਦੇ ਵਿਦਿਆਰਥੀਆਂ ਨੇ ਡੀਪੀਈ ਕਵਲਪ੍ਰੀਤ ਸਿੰਘ ਦੀ ਅਗਵਾਈ ਵਿੱਚ ਭਾਗ ਲੈ ਕੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਗੁਰੂ ਗੋਬਿੰਦ ਸਿੰਘ ਮਾਡਰਨ ਸਕੂਲ ਬਖਤਪੁਰ ਵਿਖੇ ਹੋਏ ਬਾਕਸਿੰਗ ਮੁਕਾਬਲਿਆਂ ਵਿੱਚ ਭੁੰਬਲੀ ਸਕੂਲ ਦੇ ਲੜਕੇ ਅਭੈਦੀਪ ਸਿੰਘ ਨੇ ਅੰਡਰ -17 ਵਿੱਚ ਸੋਨ ਤਮਗਾ ਅਤੇ ਲੜਕੀ ਸਨੇਹਾ ਨੇ ਵੀ ਸੋਨ ਤਮਗਾ ਜਿੱਤਿਆ, ਜਦਕਿ ਅੰਡਰ 14 ਲੜਕੇ ਮੁਕਾਬਲੇ ਵਿੱਚ ਕਰਮਨਪ੍ਰੀਤ ਸਿੰਘ ਨੇ ਕਾਂਸੇ ਦਾ ਤਮਗਾ ਜਿੱਤਿਆ ਹੈ। ਇਸੇ ਤਰ੍ਹਾਂ ਰੈਂਕਰਜ ਇੰਟਰਨੈਸ਼ਨਲ ਸਕੂਲ ਕੋਟ ਧੰਦਲ ਵਿਖੇ ਹੋਏ ਕਿੱਕ ਬਾਕਸਿੰਗ ਜ਼ਿਲ੍ਹਾ ਪੱਧਰੀ



ਮੁਕਾਬਲੇ ਵਿੱਚ ਵੀ ਭੁੰਬਲੀ ਸਕੂਲ ਦੇ ਲੜਕੇ ਅਭੈਦੀਪ ਸਿੰਘ ਨੇ ਸੋਨ ਤਮਗਾ, ਸਨੇਹਾ ਨੇ ਚਾਂਦੀ ਦਾ ਤਮਗਾ ਅਤੇ ਅੰਡਰ -14 ਵਿੱਚ ਕਰਮਨਪ੍ਰੀਤ ਸਿੰਘ ਨੇ ਕਾਂਸੇ ਦਾ ਤਮਗਾ ਜਿੱਤ ਕੇ ਆਪਣੇ ਸਕੂਲ ਅਧਿਆਪਕਾਂ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ। ਸੋਨ ਤਗਮਾ ਜਿੱਤਣ ਵਾਲੇ ਬੱਚਿਆਂ ਦੀ ਰਾਜ ਪੱਧਰੀ ਮੁਕਾਬਲਿਆਂ ਲਈ ਚੋਣ ਹੋਈ ਹੈ। ਤਗਮੇਂ ਜੇਤੂ ਬੱਚਿਆਂ ਦਾ ਸਕੂਲ ਪਹੁੰਚਣ ਤੇ ਪ੍ਰਿੰਸੀਪਲ ਜਤਿੰਦਰ ਕੌਰ ਦੀ ਅਗਵਾਈ ਵਿੱਚ ਸਮੂਹ ਸਟਾਫ ਵਲੋਂ ਹੌਸਲਾ ਅਫਜਾਈ ਕੀਤੀ ਗਈ। ਇਸ ਮੌਕੇ ਡੀਪੀਈ ਕਵਲਪ੍ਰੀਤ ਸਿੰਘ, ਅਧਿਆਪਕਾ ਕਵਲਜੀਤ ਕੌਰ, ਬਲਜੀਤ ਕੌਰ, ਰਾਜਵਿੰਦਰ ਕੌਰ, ਕੁਸ਼ਲਪ੍ਰੀਤ ਕੌਰ, ਜਸਪਾਲ ਕੌਰ, ਕੁਲਵਿੰਦਰ ਕੌਰ, ਕੋਮਲਪ੍ਰੀਤ ਕੌਰ, ਕੁਲਦੀਪ ਕੌਰ, ਅਤੇ ਸੁਰੇਸ਼ ਪਾਲ, ਅਸ਼ੋਕ ਕੁਮਾਰ, ਕੁਲਵਿੰਦਰ ਸਿੰਘ, ਜਤਿੰਦਰ ਸਿੰਘ, ਜਗਰੂਪ ਸਿੰਘ ਅਤੇ ਕੈਂਪਸ ਮੈਨੇਜਰ ਕੁਲਵਿੰਦਰ ਸਿੰਘ ਹਾਜ਼ਰ ਸਨ।

# ਛੀਨਾ ਨੇ ਵੇਟ ਲਿਫਟਰ ਲਾਲਜੀਤ ਸਿੰਘ ਭਲਾ ਪਿੰਡ ਦਾ ਕੀਤਾ ਸਨਮਾਨ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)—ਆਮ ਆਦਮੀ ਪਾਰਟੀ ਦੇ ਯੂਥ ਵਿੰਗ ਜ਼ਿਲ੍ਹਾ ਜਨਰਲ ਸਕੱਤਰ ਗਗਨਦੀਪ ਸਿੰਘ ਛੀਨਾ ਨੇ ਫਿਨਲੈਂਡ ਤੋਂ ਵੇਟਲਿਫਟਿੰਗ ਵਿੱਚ ਮੈਡਲ ਜਿੱਤਣ ਵਾਲੇ ਦਾ ਲਾਲਜੀਤ ਸਿੰਘ ਪੁੱਤਰ ਮਲਕੀਤ ਸਿੰਘ ਭਲਾ ਪਿੰਡ ਦਾ ਸਨਮਾਨ ਕੀਤਾ।

ਲਾਲਜੀਤ ਸਿੰਘ ਨੇ ਦੱਸਿਆ ਕਿ ਇੱਕ ਕੁਇੰਟਲ 51 ਕਿਲੋ ਵੇਟ ਤੇ ਮੈਂ ਫਿਨਲੈਂਡ ਤੋਂ ਬਰੋਂਜ਼ ਮੈਡਲ ਜਿੱਤਿਆ ਹੈ ਅਤੇ ਆਸਟਰੇਲੀਆ ਤੋਂ ਮੈਂ ਗੋਲਡ ਮੈਡਲ ਜਿੱਤਿਆ ਹੈ ਅਤੇ ਹੁਣ ਇਸ ਤੋਂ ਬਾਅਦ ਮੈਂ ਅਮਰੀਕਾ ਜਾ ਰਿਹਾ ਹਾਂ। ਉਸ ਨੇ ਦੱਸਿਆ ਕਿ ਮੈਨੂੰ ਕਾਫੀ ਮਿਹਨਤ ਕਰਨੀ ਪਈ। ਇਸ ਮੁਕਾਮ ਤੱਕ ਪਹੁੰਚਣ ਵਾਸਤੇ ਮੈਂ ਅੱਗੇ ਤੋਂ ਵੀ ਮਿਹਨਤ ਕਰਦਾ ਰਹਾਂਗਾ।

ਬਤੌਰ ਥਾਣੇਦਾਰ ਪੰਜਾਬ ਪੁਲਸ ਵਿੱਚ ਡਿਊਟੀ ਨਿਭਾ ਰਿਹ ਲਾਲਜੀਤ ਸਿੰਘ। ਗਗਨਦੀਪ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖਿਡਾਰੀਆਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਸਦਕਾ ਹੀ ਅੱਜ ਓਲਿੰਪਿਕ ਖੇਡਾਂ ਵਿੱਚ ਖਿਡਾਰੀ ਜਿੱਤਾਂ ਪ੍ਰਾਪਤ ਕਰ ਰਹੇ।ਇਸ ਮੌਕੇ ਗਗਨਦੀਪ ਸਿੰਘ, ਲਾਭ ਸਿੰਘ ਧਾਲੀਵਾਲ, ਮਨਪ੍ਰੀਤ ਸਿੰਘ, ਪ੍ਰਭਜਿੰਦਰ ਸਿੰਘ ਹਾਜ਼ਰ ਸਨ।

19-SEP-PAGE-12.qxd 9/18/2024 10:50 PM Page 1



# ਮਾਪਿਆਂ ਨੂੰ ਉਨ੍ਹਾਂ ਦੇ ਬੱਚਿਆਂ ਲਈ ਗੁਨਾਹਗਾਰ ਨਹੀਂ ਠਹਿਰਾਇਆ ਜਾ ਸਕਦਾ : ਯੂਨੀਅਨ ਆਗੂ




**ਮਹਿਤਪੁਰ (ਰਾਜਾ)**- ਕਿਰਤੀ ਕਿਸਾਨ ਯੂਨੀਅਨ ਅਤੇ ਇਸਤਰੀ ਜਾਗ੍ਰਿਤੀ ਮੰਚ ਪੰਜਾਬ ਦੀ ਅਗਵਾਈ ਹੇਠ ਇੱਕ ਵਫਦ ਨੇ ਐਸ ਐਚ ਓ ਮਹਿਤਪੁਰ ਨੂੰ ਮਿਲ ਕੇ ਮੰਗ ਕੀਤੀ ਬੇਗੁਨਾਹ ਲੋਕਾਂ ਨੂੰ ਗੈਰ ਕਾਨੂੰਨੀ ਹਿਰਾਸਤ ਵਿੱਚ ਰੱਖ ਕੇ ਤੰਗ ਪਰੇਸ਼ਾਨ ਨਾ ਕੀਤਾ ਜਾਵੇ। ਜਿਹੜੇ ਲੋਕ ਕਾਨੂੰਨ ਨੂੰ ਆਪਣੇ ਹੱਥਾਂ ਵਿੱਚ ਲੈਂਦੇ ਹਨ ਉਹਨਾਂ ਦੀ ਜਥੇਬੰਦੀਆਂ ਨੇ ਕਦੀ ਪੁਸ਼ਤ ਪਨਾਹੀ ਨਹੀਂ ਕਰਦੀ। ਪਰ ਬੇਗੁਨਾਹ ਮਾਪਿਆਂ ਨੂੰ ਉਨ੍ਹਾਂ ਦੇ ਬੱਚਿਆਂ ਲਈ ਗੁਨਾਹਗਾਰ ਨਹੀਂ ਠਹਿਰਾਇਆ ਜਾ ਸਕਦਾ ਪਿਛਲੇ ਲੰਬੇ ਸਮੇਂ ਤੋਂ ਮੰਡ ਖੇਤਰ ਵਿੱਚ ਡਰੱਗ ਮਾਫੀਆ, ਲੈਂਡ ਮਾਫੀਆ ਅਤੇ ਸੂਦਖੋਰਾਂ (ਮਾਈਕਰੋ ਫਾਇਨਾਂਸ) ਦੇ ਏਜੰਟ ਸਿਆਸਤਦਾਨਾਂ ਦੀ ਸਰਪ੍ਰਸਤੀ ਹੇਠ ਪੁਲਸ ਵਿੱਚ ਬੈਠੀਆਂ ਕੁਝ ਕਾਲੀਆਂ ਭੇਡਾਂ ਦੀ ਮਦਦ ਨਾਲ ਆਪਣੀਆਂ ਜਾਇਦਾਦਾਂ ਅਤੇ ਤਿਜੋਰੀਆਂ ਵਿੱਚ ਅਥਾਹ ਵਾਧਾ ਕਰ ਰਹੇ ਹਨ। ਇਹੀ ਕਾਰਨ ਹੈ ਕਿ ਇਲਾਕੇ ਵਿੱਚ ਨਸ਼ਾ ਅਮਰ ਵੇਲ ਵਾਂਗ ਵਧਿਆ ਫੈਲਿਆ ਹੈ। ਨਸ਼ੇ ਦੇ ਸੌਦਾਗਰ ਕਰੋੜਾਂ ਦੀ ਜਾਇਦਾਦ ਅਤੇ ਜਮੀਨਾਂ ਦੇ ਮਾਲਕ ਬਣੇ ਗਏ ਹਨ। ਸਿਆਸੀ ਸਰਪ੍ਰਸਤੀ ਹਾਸਲ ਇਹਨਾਂ ਨਸ਼ੇ ਦੇ ਸੌਦਾਗਰਾਂ ਦੀਆਂ ਜ਼ਮੀਨ ਜਾਇਦਾਦਾਂ ਜ਼ਬਤ ਨਹੀਂ ਹੋ ਰਹੀਆਂ ਜਦ ਕਿ ਇਹਨਾਂ ਵਿਰੁੱਧ ਅਣਗਣਿਤ ਨਸ਼ੇ ਦੇ ਕਾਰੋਬਾਰ ਦੇ ਪਰਚੇ ਦਰਜ ਹਨ। ਨਸ਼ਿਆਂ ਕਾਰਨ ਹੀ ਇਲਾਕੇ ਵਿੱਚ ਆਏ ਦਿਨ ਮੌਤਾਂ ਹੋ ਰਹੀਆਂ ਹਨ। ਏਜੰਟਾਂ ਵੱਲੋਂ ਕਰਜ਼ੇ ਦੇ ਮੱਕੜ ਵਿੱਚ ਫਸਾਏ ਕਿਸਾਨਾਂ ਤੇ ਮਜ਼ਦੂਰਾਂ ਦੇ ਘਰਾਂ ਵਿੱਚੋਂ ਉਹਨਾਂ ਦੇ ਕੀਮਤੀ ਸਮਾਨ ਧੱਕੇ ਨਾਲ ਚੁੱਕੇ ਜਾ ਰਹੇ ਹਨ । ਇਸ ਦਾ ਸਭ ਤੋਂ ਵੱਡਾ ਸ਼ਿਕਾਰ ਔਰਤਾਂ ਹਨ। ਪੁਲਸ ਦੇ ਉੱਚ ਅਧਿਕਾਰੀਆਂ ਦੇ ਹੁਕਮਾਂ ਦੇ ਬਾਵਜੂਦ ਪੁਲਸ ਦੇ ਹੇਠਲੇ ਮੁਲਾਜ਼ਮ ਕਾਨੂੰਨ ਅਨੁਸਾਰ ਸੂਦਖੋਰਾਂ ਦੇ ਏਜੰਟਾਂ ਵਿਰੁੱਧ ਕੋਈ ਕਾਰਵਾਈ ਕਰਨ ਦੀ ਥਾਂ ਪੰਚਾਇਤੀ ਢੰਗ ਨਾਲ ਮਸਲਿਆਂ ਨੂੰ ਲਮਕਾਉਣ ਵਿੱਚ ਲੱਗੀ ਹੋਈ ਹੈ। ਇਸ ਨਪਾਕ ਗੱਠਜੋੜ ਵਿਰੁੱਧ ਆਉਣ ਵਾਲੇ ਦਿਨਾਂ ਵਿੱਚ ਕਿਰਤੀ ਕਿਸਾਨ ਯੂਨੀਅਨ ਭਰਾਤਰੀ ਜਥੇਬੰਦੀਆਂ ਨਾਲ ਮਿਲ ਕੇ ਸਾਰੇ ਇਲਾਕੇ ਵਿੱਚ ਮੁਹਿੰਮ ਚਲਾ ਕੇ ਨੌਜਵਾਨਾਂ ਨੂੰ ਅਪੀਲ ਕਰੇਗੀ ਕਿ ਉਹ ਕਾਨੂੰਨ ਨੂੰ ਆਪਣੇ ਹੱਥ ਵਿੱਚ ਨਾ ਲੈਣ।

ਹੋਰਨਾਂ ਤੋਂ ਇਲਾਵਾ ਇਸ ਵਫਦ ਵਿੱਚ ਕਿਰਤੀ ਕਿਸਾਨ ਯੂਨੀਅਨ ਦੇ ਆਗੂ ਰਤਨ ਸਿੰਘ, ਸਾਬਕਾ ਸਰਪੰਚ ਬਚਨ ਸਿੰਘ ਇਸਤਰੀ ਜਾਗਰਤੀ ਮੰਚ ਦੀ ਜ਼ਿਲ੍ਹਾ ਪ੍ਰਧਾਨ ਅਨੀਤਾ ਸੰਧੂ ਆਦਿ ਸ਼ਾਮਲ ਸਨ।

# ਔਰਤ ਨੂੰ ਤੇਜ਼ਧਾਰ ਹਥਿਆਰਾ ਨਾਲ ਕੀਤਾ ਜ਼ਖ਼ਮੀ

**ਅੱਡਾ ਸਰਾਂ (ਜਸਵੀਰ ਕਾਜਲ )**-ਟਾਂਡਾ ਪੁਲਸ ਨੇ ਅੱਡਾ ਸਰਾਂ ਨਜ਼ਦੀਕ ਪੈਂਦੇ ਪਿੰਡ ਮਿਰਜਾਪੁਰ ਵਿੱਚ ਰੰਜਿਸ਼ ਦੇ ਚਲਦਿਆਂ ਮਹਿਲਾ ਉੱਤੇ ਤੇਜ਼ਧਾਰ ਹਥਿਆਰ ਨਾਲ ਹਮਲਾ ਕਰਨ ਵਾਲੇ ਇੱਕ ਹੀ ਪਰਵਾਰ ਦੇ 3 ਦੋਸ਼ੀਆਂ ਖਿਲਾਫ ਮੁਕੱਦਮਾ ਦਰਜ ਕੀਤਾ ਹੈ। ਪੁਲਸ ਨੇ ਦੱਸਿਆ ਕਿ ਮਾਰਕੁੱਟ ਦੀ ਸ਼ਿਕਾਰ ਜਸਵਿੰਦਰ ਕੌਰ ਪਤਨੀ ਅਮਰੀਕ ਸਿੰਘ ਵਾਸੀ ਪਿੰਡ ਮਿਰਜਾਪੁਰ (ਖਡਿਆਲਾ) ਦੇ ਬਿਆਨ ਦੇ ਆਧਾਰ 'ਤੇ ਕਮਲਾ ਪਤਨੀ ਜਿੰਦਰ, ਇੰਦੂ ਪਤਨੀ ਸੰਦੀਪ ਸਿੰਘ ਅਤੇ ਮਨਦੀਪ ਸਿੰਘ ਵਾਸੀ ਮਿਰਜਾਪੁਰ ਦੇ ਖਿਲਾਫ ਕੀਤਾ ਹੈ। ਜਸਵਿੰਦਰ ਕੌਰ ਨੇ ਦੱਸਿਆ ਕਿ 12 ਸਤੰਬਰ ਨੂੰ ਜਦੋਂ ਉਹ ਸਵੇਰੇ ਡਿਸਪੈਂਸਰੀ ਤੋਂ ਦਵਾਈ ਲੈ ਕੇ ਆਪਣੇ ਘਰ ਵਾਪਸ ਆ ਰਹੀ ਸੀ ਤਾਂ ਰਸਤੇ ਵਿੱਚ ਦੋਸ਼ੀਆਂ ਨੇ ਉਸ ਨੂੰ ਘੇਰ ਲਿਆ ਅਤੇ ਤੇਜ਼ ਹਥਿਆਰਾਂ ਨਾਲ ਹਮਲਾ ਕਰ ਦਿੱਤਾ। ਗੰਭੀਰ ਹਾਲਤ ਵਿੱਚ ਉਸ ਦੇ ਪੁੱਤਰ ਗੁਰਲੀਨ ਨੇ ਉਸ ਨੂੰ ਟਾਂਡਾ ਦੇ ਸਰਕਾਰੀ ਹਸਪਤਾਲ ਇਲਾਜ ਲਈ ਭਰਤੀ ਕਰਵਾਇਆ। ਹਾਲਤ ਜ਼ਿਆਦਾ ਨਾਜ਼ੁਕ ਹੋਣ ਕਰਕੇ ਹੁਣ ਉਹ ਜਲੰਧਰ ਦੇ ਹਸਪਤਾਲ ਵਿੱਚ ਭਰਤੀ ਕਰਾਇਆ ਗਿਆ ਹੈ। ਪਰਵਾਰ ਵਾਲਿਆਂ ਨੇ ਦੱਸਿਆ ਕਿ ਦੋਸ਼ੀ ਪਿਛਲੇ ਕੁਝ ਸਮੇਂ ਤੋਂ ਉਹਨਾਂ ਨੂੰ ਕਾਫੀ ਪਰੇਸ਼ਾਨ ਕਰ ਰਹੇ ਸਨ। ਉਹਨਾਂ ਇਸ ਦੀ ਸ਼ਿਕਾਇਤ ਪੁਲਸ ਨੂੰ ਵੀ ਦਿੱਤੀ ਹੈ। ਪੁਲਸ ਨੇ ਹੁਣ ਮੁਕੱਦਮਾ ਦਰਜ ਕਰ ਲਿਆ ਹੈ ਅਤੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ ।

# ਦੇਸ਼ ਭਗਤਾਂ ਦੇ ਮੇਲੇ 'ਤੇ ਆਉਣ ਵਾਲੀ ਸੰਗਤ ਨੂੰ ਕੋਈ ਮੁਸ਼ਕਲ ਨਹੀਂ ਆਵੇਗੀ




**ਜਲੰਧਰ (ਕੇਸਰ)**-ਦੇਸ਼ ਭਗਤ ਯਾਦਗਾਰ ਹਾਲ ਦੀ ਵੱਡੀ ਗਰਾਊਂਡ ਦੇ ਸਾਹਮਣੇ ਜੀ.ਟੀ.ਰੋਡ ਵਾਲੇ ਪਾਸੇ ਤੋਂ ਸਿੱਧਾ ਰਸਤਾ ਅੰਦਰ ਨੂੰ ਨਹੀਂ ਸੀ ਆਉਂਦਾ ਕਿਉਂਕਿ ਅੱਗੇ ਫੁੱਟਪਾਥ ਬਣਿਆ ਹੋਇਆ ਸੀ ਤੇ ਗੱਡੀਆਂ ਏਧਰੋਂ ਓਧਰੋਂ ਘੁੰਮ ਕੇ ਅੰਦਰ ਆਉਂਦੀਆਂ ਸਨ। ਇਹ ਰਸਤਾ ਖੁਲ੍ਹਾਉਣ ਬਾਬਤ ਕਮੇਟੀ ਵੱਲੋਂ ਦੇਸ਼ ਭਗਤ ਯਾਦਗਾਰ ਕਮੇਟੀ ਦੇ ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ ਪਹਿਲਾਂ ਪੰਜਾਬ ਸਰਕਾਰ ਦੇ ਖ਼ਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਨੂੰ ਚੰਡੀਗੜ੍ਹ ਵਿਖੇ ਮਿਲੇ ਤੇ ਫਿਰ ਕੈਬਨਿਟ ਮਨਿਸਟਰ ਲਾਲ ਚੰਦ ਕਟਾਰੂਚੱਕ ਨੂੰ ਉਨ੍ਹਾਂ ਦੇ ਪਿੰਡ ਮਿਲੇ। ਲਾਲ ਚੰਦ ਕਟਾਰੂਚੱਕ ਵੱਲੋਂ ਡਿਪਟੀ ਕਮਿਸ਼ਨਰ ਜਲੰਧਰ ਨੂੰ ਫੋਨ ਕੀਤਾ ਗਿਆ ਤੇ ਅਗਲੇ ਦਿਨ ਜਨਰਲ ਸਕੱਤਰ ਨਾਲ ਕਮੇਟੀ ਮੈਂਬਰ ਰਜਿੰਦਰ ਮੰਡ ਐਡਵੋਕੇਟ ਅਤੇ ਪ੍ਰੈਸ ਕਲੱਬ ਜਲੰਧਰ ਦੇ ਮੀਤ ਪ੍ਰਧਾਨ ਰਾਜੇਸ਼ ਥਾਪਾ ਡੀ ਸੀ ਨੂੰ ਮਿਲੇ। ਉਸ ਨੇ ਆਪਣਾ ਅਫ਼ਸਰ ਭੇਜਿਆ ਅਤੇ ਵੱਡੀ ਗਰਾਊਂਡ ਵਾਲਾ ਰਾਹ ਅਤੇ ਮੇਨ ਗੇਟ ਵਾਲੇ ਰਾਹਾਂ ਲਈ ਫੁੱਟਪਾਥ ਤੋਂ ਰਾਹ ਕੱਢਣ ਲਈ ਲੇਵਰ ਲਾ ਦਿੱਤੀ। ਕੁਝ ਦਿਨਾਂ ਵਿੱਚ ਇਹ ਕੰਮ ਪੂਰਾ ਹੋ ਗਿਆ ਤੇ ਅੱਜ ਦੇਸ਼ ਭਗਤ ਯਾਦਗਾਰ ਕਮੇਟੀ ਦੀ ਸੀਨੀਅਰ ਟਰੱਸਟੀ ਸੁਰਿੰਦਰ ਕੁਮਾਰੀ ਕੋਛੜ ਨੇ ਰਿਬਨ ਕੱਟ ਕੇ ਪਹਿਲੀ ਗੱਡੀ ਰਜਿੰਦਰ ਮੰਡ ਦੀ ਅੰਦਰ ਲੰਘਾਈ। ਇਸ ਮੌਕੇ 'ਤੇ ਕਮੇਟੀ ਦੇ ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਚਰੰਜੀ ਲਾਲ ਕੰਗਣੀਵਾਲ, ਕੁਲਵੰਤ ਸਿੰਘ ਉਰਫ਼ ਕਾਕਾ, ਰਣਜੀਤ ਸਿੰਘ ਔਲਖ, ਪੰਜ ਆਬ ਵਾਲਾ ਕੇਸਰ ਅਤੇ ਦੇਸ਼ ਭਗਤ ਯਾਦਗਾਰ ਕਮੇਟੀ ਦਾ ਸਮੂਹ ਸਟਾਫ਼ ਤੇ ਦੁਕਾਨਦਾਰ ਹਾਜ਼ਰ ਸਨ। ਗ਼ਦਰੀ ਬਾਬਿਆਂ ਦਾ ਮੇਲਾ 7-8-9 ਨਵੰਬਰ 2024 ਨੂੰ ਇਸ ਵਾਰ ਲੱਗ ਰਿਹਾ ਹੈ ਅਤੇ ਇਸ ਵਾਰੀ ਮੇਲੇ 'ਤੇ ਆਉਣ ਵਾਲੀ ਸੰਗਤ ਨੂੰ ਰਾਹਾਂ ਦੇ ਪੱਖ ਤੋਂ ਮੁਸ਼ਕਲ ਨਹੀਂ ਆਵੇਗੀ।

# ਕੈਬਨਿਟ ਮੰਤਰੀ ਸਿੱਧ ਬਾਬਾ ਸੋਢਲ ਮੰਦਰ ਵਿਖੇ ਹੋਏ ਨਤਮਸਤਕ



**ਜਲੰਧਰ,: ( ਸ਼ੈਲੀ ਐਲਬਰਟ)**- ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਬਲਕਾਰ ਸਿੰਘ ਮੰਗਲਵਾਰ ਨੂੰ ਸੋਢਲ ਮੇਲੇ ਦੌਰਾਨ ਸ਼੍ਰੀ ਸਿੱਧ ਬਾਬਾ ਸੋਢਲ ਮੰਦਰ ਵਿਖੇ ਨਤਮਸਤਕ ਹੋਏ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਸ਼ਰਧਾਲੂਆਂ ਨੂੰ ਮੁਬਾਰਕਬਾਦ ਦਿੰਦਿਆਂ ਮੇਲੇ ਦੀ ਵਿਸ਼ਵਵਿਆਪੀ ਮਹੱਤਤਾ 'ਤੇ ਚਾਨਣਾ ਪਾਇਆ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸ਼ਰਧਾਲੂਆਂ ਦੀ ਸਹੂਲਤ ਲਈ ਮੰਦਰ ਵਿਖੇ ਵਿਆਪਕ ਪ੍ਰਬੰਧ ਕੀਤੇ ਗਏ। ਇਸ ਮੌਕੇ ਕੈਬਨਿਟ ਮੰਤਰੀ, ਵਿਧਾਇਕ ਮੋਹਿੰਦਰ ਭਗਤ ਨੇ ਸਵੱਛ ਭਾਰਤ ਮਿਸ਼ਨ ਤਹਿਤ 17 ਸਤੰਬਰ ਤੋਂ 2 ਅਕਤੂਬਰ ਤੱਕ ਚੱਲਣ ਵਾਲੀ 'ਸਵੱਛਤਾ ਹੀ ਸੇਵਾ' ਦੇ ਸੂਬਾ ਪੱਧਰੀ ਉਦਘਾਟਨੀ ਸਮਾਰੋਹ ਦੀ ਸ਼ੁਰੂਆਤ ਕੀਤੀ।ਇਸ ਮੌਕੇ 'ਵੇਸਟ ਟੂ ਵੈਲਥ' ਨੂੰ ਦਰਸਾਉਂਦੀ ਪ੍ਰਦਰਸ਼ਨੀ ਵੀ ਲਗਾਈ ਗਈ। ਮੰਤਰੀ ਨੇ ਇਸ ਮੇਲੇ ਨੂੰ ਪਲਾਸਟਿਕ ਮੁਕਤ ਬਣਾਉਣ ਲਈ ਪਿਛਲੇ 10 ਦਿਨਾਂ ਤੋਂ ਲਗਾਤਾਰ ਉਪਰਾਲੇ ਕਰਨ ਲਈ ਨਗਰ ਨਿਗਮ ਜਲੰਧਰ ਦੀ ਸ਼ਲਾਘਾ ਕੀਤੀ।ਇਸ ਮੇਲੇ ਨੂੰ ਪਲਾਸਟਿਕ ਮੁਕਤ ਬਣਾਉਣ ਲਈ ਸਮੂਹ ਸੈਨੇਟਰੀ ਇੰਸਪੈਕਟਰਾਂ, ਸੀ.ਐਫਜ਼ ਅਤੇ ਮੋਟੀਵੇਟਰਾਂ ਵੱਲੋਂ ਲਗਾਤਾਰ ਮੁਨਾਦੀ ਕਰਵਾਈ ਗਈ।ਕੈਬਨਿਟ ਮੰਤਰੀ ਨੇ ਸਮਾਗਮ ਦੀ ਸਫ਼ਲਤਾ ਵਿੱਚ ਸਹਿਯੋਗ ਦੇਣ ਲਈ ਸਾਰੀਆਂ ਸੰਸਥਾਵਾਂ ਅਤੇ ਸ਼ਰਧਾਲੂਆਂ ਦਾ ਵੀ ਧੰਨਵਾਦ ਪ੍ਰਗਟ ਕੀਤਾ।ਇਸ ਮੌਕੇ ਡਾਇਰੈਕਟਰ ਸਵੱਛ ਭਾਰਤ ਮਿਸ਼ਨ ਪੂਰਨ ਸਿੰਘ, ਕਮਿਸ਼ਨਰ ਨਗਰ ਨਿਗਮ ਜਲੰਧਰ ਗੌਤਮ ਜੈਨ, ਵਧੀਕ ਕਮਿਸ਼ਨਰ ਅਮਰਜੀਤ ਬੈਂਸ, ਸੰਯੁਕਤ ਕਮਿਸ਼ਨਰ ਪੁਨੀਤ ਸ਼ਰਮਾ, ਸਹਾਇਕ ਕਮਿਸ਼ਨਰ ਰਾਜੇਸ਼ ਖੋਖਰ ਤੇ ਸਕੱਤਰ ਅਜੈ ਸ਼ਰਮਾ, ਸਹਾਇਕ ਸਿਹਤ ਅਧਿਕਾਰੀ ਡਾ.ਸ਼੍ਰੀ ਕ੍ਰਿਸ਼ਨ, ਡਾ. ਸੁਮਿਤਾ ਅਬਰੋਲ ਅਤੇ ਏਰੀਆ ਸੈਨੇਟਰੀ ਇੰਸਪੈਕਟਰ ਆਦਿ ਵੀ ਮੌਜੂਦ ਸਨ।

# ਫ਼ਰੰਟ ਵੱਲੋਂ ਪੈਨਸ਼ਨ ਸਕੀਮ ਲਾਗੂ ਨਾ ਕਰਨ ਦੇ ਰੋਸ ਵਜੋਂ ਵਿਧਾਇਕ ਟਾਂਡਾ ਨੂੰ ਨੋਟਿਸ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਪੰਜਾਬ (ਪੀ.ਪੀ.ਪੀ.ਐੱਫ਼.) ਦੇ ਇੱਕ ਵਫ਼ਦ ਜਿਸ ਵਿੱਚ ਜਥੇਬੰਦੀ ਦੇ ਦੋਆਬਾ ਜ਼ੋਨ ਦੇ ਕਨਵੀਨਰ ਇੰਦਰ ਸੁਖਦੀਪ ਸਿੰਘ ਓਢਰਾ, ਸੂਬਾ ਕਮੇਟੀ ਮੈਂਬਰ ਮਨਜੀਤ ਸਿੰਘ ਦਸੂਹਾ, ਰਜਿੰਦਰ ਸਿੰਘ ਹੇਜਮਾਂ, ਬਲਜਿੰਦਰ ਸਹੋਤਾ, ਜਸਮੀਤ ਸਿੰਘ, ਪ੍ਰਦੀਪ ਸ਼ਰਮਾ, ਮਨਜੀਤ ਸਿੰਘ ਸੈਣੀ, ਵਰਿੰਦਰ ਸ਼ਹਿਬਾਜ਼ਪੁਰ, ਨਿਰਮਲ ਸਿੰਘ ਨਿਹਾਲਪੁਰ, ਰਾਜਵਿੰਦਰ ਸਿੰਘ, ਵਰਿੰਦਰ ਸੈਣੀ ਅਤੇ ਮਨਵਿੰਦਰ ਸਿੰਘ ਆਦਿ ਆਗੂ ਸ਼ਾਮਲ ਸਨ, ਨੇ ਵਿਧਾਨ ਸਭਾ ਹਲਕਾ ਉੜਮੁੜ ਦੇ ਵਿਧਾਇਕ ਜਸਵੀਰ ਸਿੰਘ ਰਾਜਾ ਦੇ ਨਾਂ ਨੋਟਿਸ ਦਿੱਤਾ ਜਿਸ ਨੂੰ ਉਨ੍ਹਾਂ ਦੀ ਗ਼ੈਰ ਮੌਜੂਦਗੀ ਵਿੱਚ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਕੇਸ਼ਵ ਸਿੰਘ ਸੈਣੀ ਨੇ ਪ੍ਰਾਪਤ ਕੀਤਾ। ਇਸ ਨੋਟਿਸ ਰਾਹੀਂ ਆਗੂਆਂ ਨੇ ਦੱਸਿਆ ਕਿ ਆਪ ਸਰਕਾਰ ਪੁਰਾਣੀ ਪੈਨਸ਼ਨ ਲਾਗੂ ਕਰਨ ਦੇ ਆਪਣੇ ਚੋਣ ਵਾਅਦੇ 'ਤੇ ਅਮਲ ਕਰਨ ਅਤੇ ਕੇਂਦਰੀ ਭਾਜਪਾ ਹਕੂਮਤ ਵੱਲੋਂ ਪੁਰਾਣੀ ਪੈਨਸ਼ਨ ਪ੍ਰਣਾਲੀ ਖਿਲਾਫ਼ ਵਿੱਢੇ ਹਮਲੇ ਅੱਗੇ ਗੋਡੇ ਟੇਕਦਿਆਂ ਸੂਬਾ ਦੇ ਐੱਨ.ਪੀ.ਐੱਸ ਮੁਲਾਜ਼ਮਾਂ ਦੇ ਹਿੱਤਾਂ ਦੀ ਰਾਖੀ ਕਰਨ ਵਿੱਚ ਮੁਕੰਮਲ ਨਾਕਾਮ ਸਾਬਤ ਹੋਈ ਹੈ। ਉਹਨਾਂ ਦੱਸਿਆ ਕਿ ਆਪ ਸਰਕਾਰ ਦੇ ਢਾਈ ਸਾਲ ਬੀਤਣ ਦੇ ਬਾਵਜੂਦ ਕਿਸੇ ਵੀ ਮੁਲਾਜ਼ਮ ਦਾ ਜੀ.ਪੀ.ਐੱਫ਼. ਖਾਤਾ ਨਹੀਂ ਖੁੱਲ੍ਹਿਆ ਬਲਕਿ ਨਵੀਆਂ ਭਰਤੀਆਂ ਉੱਤੇ ਵੀ ਐੱਨ.ਪੀ.ਐੱਸ. ਸਕੀਮ ਲਾਗੂ ਕੀਤੀ ਜਾ ਰਹੀ ਹੈ। ਆਪ ਸਰਕਾਰ ਵੱਲੋਂ 18 ਨਵੰਬਰ 2022 ਨੂੰ ਜਾਰੀ ਕੀਤਾ ਸੂਬੇ ਅੰਦਰ ਪੁਰਾਣੀ ਪੈਨਸ਼ਨ ਸਕੀਮ ਮੁੜ ਬਹਾਲ ਕਰਨ ਦਾ ਨੋਟੀਫਿਕੇਸ਼ਨ ਵੀ ਇੱਕ ਕਾਗਜ਼ੀ ਜੁਮਲਾ ਸਾਬਿਤ ਹੋਇਆ ਹੈ। ਆਪ ਸਰਕਾਰ ਦੀ ਇਸ ਨਾਕਾਮੀ ਦੇ ਰੋਸ ਵਜੋਂ ਅੱਜ ਪੀ.ਪੀ.ਪੀ.ਐੱਫ਼. ਵਲੋਂ ਹਲਕਾ ਉੜਮੁੜ ਦੇ ਵਿਧਾਇਕ ਅਤੇ ਮੁੱਖ ਮੰਤਰੀ ਪੰਜਾਬ ਦੇ ਨਾਂ ਕਾਰਨ ਦੱਸੋ ਨੋਟਿਸ ਜਾਰੀ ਕੀਤਾ ਗਿਆ ਹੈ। ਇਸ ਨੋਟਿਸ ਦਾ ਕੋਈ ਸਪੱਸ਼ਟੀਕਰਨ 30 ਸਤੰਬਰ ਤੱਕ ਜਾਰੀ ਨਾ ਹੋਣ ਦੀ ਸੂਰਤ ਵਿੱਚ 1 ਤੋਂ 3 ਅਕਤੂਬਰ ਤੱਕ ਮੁੱਖ ਮੰਤਰੀ ਦੇ ਸ਼ਹਿਰ ਸੰਗਰੂਰ ਵਿਖੇ ਪੈਨਸ਼ਨ ਪ੍ਰਾਪਤੀ ਮੋਰਚਾ ਲਗਾਇਆ ਜਾਵੇਗਾ।

ਆਗੂਆਂ ਨੇ ਕਿਹਾ ਕਿ ਮੋਦੀ ਸਰਕਾਰ ਵੱਲੋਂ ਪ੍ਰਸਤਾਵਿਤ ਯੂ.ਪੀ.ਐੱਸ. ਸਕੀਮ ਵਿੱਚ ਪੁਰਾਣੀ ਪੈਨਸ਼ਨ ਦੇ ਲਾਭਕਾਰੀ ਮੱਦਾਂ ਨੂੰ ਸ਼ਾਮਲ ਕੀਤੇ ਜਾਣਾ ਮੁਲਾਜ਼ਮ ਸੰਘਰਸ਼ਾਂ ਦੀ ਅੰਸ਼ਿਕ ਪ੍ਰਾਪਤੀ ਜ਼ਰੂਰ ਹੈ। ਪਰ ਇਹ ਨਵੀਂ ਪੈਨਸ਼ਨ ਯੋਜਨਾ ਓ.ਪੀ.ਐੱਸ. ਦੀ ਅਧੂਰੀ ਨਕਲ ਹੈ ਜਿਸ ਕਾਰਨ ਪੁਰਾਣੀ ਪੈਨਸ਼ਨ ਬਹਾਲੀ ਦੀ ਮੰਗ ਹੋਰ ਵੀ ਭਖਵੇਂ ਰੂਪ ਵਿੱਚ ਉਠਾਉਣਾ ਸਮੇਂ ਦੀ ਲੋੜ ਬਣ ਗਈ ਹੈ।

# ਸਵੱਛਤਾ ਹੀ ਸੇਵਾ ਮੁਹਿੰਮ ਤਹਿਤ ਸਕੂਲ ਵਿਦਿਆਰਥੀਆਂ ਕੀਤੀ ਸ਼ਮੂਲੀਅਤ




**ਬਲਾਚੌਰ,(ਜਸਵਿੰਦਰ ਬੈਂਸ)**-ਨਗਰ ਕੌਂਸਲ ਬਲਾਚੌਰ ਵਲੋਂ ਸਵੱਛਤਾ ਹੀ ਸੇਵਾ ਮੁਹਿੰਮ ਤਹਿਤ ਕਾਰਜ ਸਾਧਕ ਅਫਸਰ ਕੇਵਲ ਕ੍ਰਿਸ਼ਨ ਅਤੇ ਸੈਨੇਟਰੀ ਇੰਸਪੈਕਟਰ ਭਾਰਤ ਭੂਸ਼ਨ ਦੀ ਅਗਵਾਈ ਹੇਠ ਸਕੂਲਾਂ ਵਿਚ ਵੱਖ ਵੱਖ ਐਕਟੀਵਿਟੀਜ਼ ਕਰਵਾਈਆਂ ਜਾ ਰਹੀਆਂ ਹਨ। ਵਿਦਿਆਰਥੀਆਂ ਵਲੋਂ ਸਵੱਛਤਾ ਪਲੈਜ ਲਈ ਗਈ ਜਿਸ ਵਿਚ ਉਨ੍ਹਾਂ ਕੂੜੇ ਦੇ ਠੋਸ ਪ੍ਰਬੰਧਨ ਬਾਰੇ, ਆਲਾ ਦੁਆਲਾ ਸਾਫ਼ ਰੱਖਣ ਲਈ, ਇੱਕ ਬੂਟਾ ਮਾਂ ਦੇ ਨਾਮ ਲਾਉਣ ਲਈ ਅਤੇ ਪਲਾਸਟਿਕ ਤੇ ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ ਨਾ ਕਰਨ ਲਈ ਸਹੁੰ ਚੁੱਕੀ। ਇਸ ਤੋਂ ਇਲਾਵਾ ਵਿਦਿਆਰਥੀਆਂ ਲਈ ਪੁਰਾਣੀਆਂ ਚੀਜ਼ਾਂ ਤੋਂ ਨਵੀਆਂ ਚੀਜ਼ਾਂ ਬਣਾਉਣ ਲਈ, ਡਰਾਇੰਗ ਮੁਕਾਬਲੇ, ਸਪੀਚ ਮੁਕਾਬਲੇ ਆਦਿ ਵੀ ਕਰਵਾਏ ਜਾਣਗੇ।

# ਡਾਇਰੀਆ ਤੇ ਵੈਕਟਰ ਬੋਰਨ ਬਿਮਾਰੀਆਂ ਤੋਂ ਬਚਾਓ ਲਈ ਏ ਡੀ ਸੀ ਵੱਲੋਂ ਮੀਟਿੰਗ

**ਫਗਵਾੜਾ, (ਇੰਦਰਜੀਤ ਸਿੰਘ ਮਠਾੜੂ)**- ਸ਼ਹਿਰ ਅੰਦਰ ਬਰਸਾਤੀ ਮੌਸਮ ਦੇ ਮੱਦੇਨਜ਼ਰ ਡੇਂਗੂ, ਡਾਇਰੀਆ ਤੇ ਵੈਕਟਰ ਬੋਰਨ ਬਿਮਾਰੀਆਂ ਤੋਂ ਬਚਾਓ ਲਈ ਪ੍ਰਬੰਧਾ ਦਾ ਜਾਇਜ਼ਾ ਲੈਂਦੇ ਹੋਏ ਏ.ਡੀ.ਸੀ. ਅਨੁਪਮ ਕਲੇਰ ਨੇ ਐੱਸ.ਐੱਮ.ਓਜ਼. ਸਿਵਲ ਤੇ ਈ.ਐੱਸ.ਆਈ. ਹਸਪਤਾਲ ਫਗਵਾੜਾ ਨਾਲ ਨਗਰ ਨਿਗਮ ਵਿਖੇ ਵਿਸ਼ੇਸ਼ ਮੀਟਿੰਗ ਕੀਤੀ।

ਗੱਲਬਾਤ ਕਰਦੇ ਹੋਏ ਕਲੇਰ ਨੇ ਦੱਸਿਆ ਕਿ ਬਰਸਾਤੀ ਮੌਸਮ ਦੇ ਮੱਦੇਨਜ਼ਰ ਸਿਵਲ ਹਸਪਤਾਲ ਤੇ ਈ.ਐੱਸ.ਆਈ. ਹਸਪਤਾਲ ਫਗਵਾੜਾ ਵੱਲੋਂ ਡੇਂਗੂ, ਡਾਇਰੀਆ ਤੇ ਵੈਕਟਰ ਬੋਰਨ ਬਿਮਾਰੀਆਂ ਤੋਂ ਨਿਜ਼ਾਤ ਪਾਉਣ ਲਈ ਪੁਖਤਾ ਪ੍ਰਬੰਧ ਕੀਤੇ ਗਏ ਹਨ ਤੇ ਦਵਾਈਆਂ ਦੀ ਉਪਲੱਬਤਾ ਵੀ ਕਰਵਾ ਦਿੱਤੀ ਗਈ ਹੈ।ਉਨ੍ਹਾਂ ਕਿਹਾ ਕਿ ਹੁਣ ਤੱਕ ਫਗਵਾੜਾ ਅੰਦਰ ਡੇਂਗੂ ਦਾ ਕੇਵਲ ਇੱਕ ਹੀ ਕੇਸ ਸਾਹਮਣੇ ਆਇਆ ਸੀ।ਸ਼੍ਰੀਮਤੀ ਕਲੇਰ ਨੇ ਕਿਹਾ ਕਿ ਸਬ ਡਵੀਜ਼ਨ ਫਗਵਾੜਾ ਦੇ ਐੱਸ.ਐੱਮ.ਓਜ਼ ਨੂੰ ਹਦਾਇਤਾਂ ਕੀਤੀਆਂ ਗਈਆਂ ਹਨ ਕਿ ਉਹ ਸਮੂਹ ਪ੍ਰਾਈਵੇਟ ਹਸਪਤਾਲ ਦੇ ਡਾਕਟਰ ਸਾਹਿਬਾਨ ਨਾਲ ਵੀ ਆਪਣੇ ਪੱਧਰ 'ਤੇ ਵਿਸ਼ੇਸ਼ ਮੀਟਿੰਗ ਕਰਨ ਤੇ ਇਨ੍ਹਾਂ ਵੈਕਟਰ ਬੋਰਨ ਬਿਮਾਰੀਆਂ ਸੰਬੰਧੀ ਜੇਕਰ ਕੋਈ ਵੀ ਕੇਸ ਸਾਹਮਣੇ ਆਉਂਦਾ ਹੈ ਤਾਂ ਪ੍ਰਸ਼ਾਸਨ ਨਾਲ ਤੁਰੰਤ ਸੰਪਰਕ ਕਰਨ।ਉਨ੍ਹਾਂ ਦੱਸਿਆ ਕਿ ਬਰਸਾਤੀ ਮੌਸਮ ਦੇ ਮੱਦੇਨਜ਼ਰ ਪੈਦਾ ਹੋਣ ਵਾਲੀਆਂ ਬਿਮਾਰੀਆਂ ਨੂੰ ਨਜਿੱਠਣ ਲਈ ਸਿਵਲ ਹਸਪਤਾਲ ਵਿਖੇ ਇੱਕ ਵੱਖਰਾ ਵਾਰਡ ਵੀ ਤਿਆਰ ਕੀਤਾ ਗਿਆ ਹੈ ਤੇ ਡਾਕਟਰਾ ਦੀਆਂ ਡਿਊਟੀਆਂ ਵੀ ਲੱਗਾ ਦਿੱਤੀਆ ਗਈਆਂ ਹਨ। ਇਸ ਤੋਂ ਇਲਾਵਾ ਨਿਗਮ ਪ੍ਰਸ਼ਾਸ਼ਨ ਤੇ ਹੈਲਥ ਵਿਭਾਗ ਦੀਆਂ ਟੀਮਾਂ ਵੱਲੋਂ ਲਗਾਤਾਰ ਸ਼ਹਿਰ ਅੰਦਰ ਚੈਕਿੰਗ ਵੀ ਕੀਤੀਆਂ ਜਾ ਰਹੀਆਂ ਹਨ ਤੇ ਜਿੱਥੇ ਕਿਤੇ ਵੀ ਲਾਰਵਾ ਪਾਇਆ ਜਾਂਦਾ ਹੈ ਤਾਂ ਉੱਥੇ ਕੀਟਨਾਸ਼ਕ ਦਵਾਈਆਂ ਦਾ ਛਿੜਕਾਓ ਤੇ ਉਲੰਘਣਾ ਕਰਨ ਵਾਲਿਆਂ ਵਿਰੁੱਧ ਚਲਾਨ ਵੀ ਕੱਟੇ ਜਾ ਰਹੇ ਹਨ।ਕਮਿਸ਼ਨਰ ਨੇ ਕਿਹਾ ਕਿ ਸ਼ਹਿਰ ਅੰਦਰ ਆਉਣ ਵਾਲੇ ਕੁਝ ਹੀ ਦਿਨਾਂ 'ਚ 1500 ਨਵੀਆਂ ਐੱਲ.ਈ.ਡੀ. ਲਾਈਟਾਂ ਲਗਾਈਆਂ ਜਾ ਰਹੀਆਂ ਹਨ ਤੇ ਸ਼ਹਿਰ ਦੇ ਵੱਖ ਵੱਖ ਖੇਤਰਾਂ 'ਚ ਪਾਣੀ ਦੀ ਸਪਲਾਈ ਲਈ 4 ਨਵੇਂ ਟਿਊਬਵੈੱਲ ਵੀ ਲਗਾਏ ਗਏ ਹਨ।ਇਸ ਮੌਕੇ ਨਗਰ ਨਿਗਮ ਦੇ ਜੁਆਇੰਟ ਕਮਿਸ਼ਨਰ ਕੁਲਪ੍ਰੀਤ ਸਿੰਘ, ਨਿਗਰਾਨ ਇੰਜੀਨੀਅਰ ਰਜਿੰਦਰ ਚੋਪੜਾ, ਚੀਫ਼ ਸੈਨੇਟਰੀ ਇੰਸਪੈਕਟਰ ਅਜੈ ਕੁਮਾਰ ਤੇ ਸਿਵਲ ਹਸਪਤਾਲ ਦੇ ਐੱਸ.ਐੱਮ.ਓ. ਡਾ. ਲੈਂਬਰ ਰਾਮ, ਐੱਸ.ਐੱਮ.ਓ. ਡਾ. ਮਨਦੀਪ ਕੌਰ ਤੇ ਹੈਲਥ ਵਿਭਾਗ ਦੇ ਇੰਸਪੈਕਟਰ ਹਾਜ਼ਰ ਸਨ।

# ਆਧੀ 'ਚ ਬਾਬਾ ਮੱਟ ਸਾਹਿਬ ਦੇ ਅਸਥਾਨ 'ਤੇ ਸਾਲਾਨਾ ਮੇਲਾ ਸਮਾਪਤ



**ਕਾਲਾ ਸੰਘਿਆਂ (ਮਨਜੀਤ ਮਾਨ)** ਤਹਿਸੀਲ ਨਕੋਦਰ ਅਧੀਨ ਪੈਂਦੇ ਪਿੰਡ ਆਧੀ ਜ਼ਿਲ੍ਹਾ ਜਲੰਧਰ ਵਿਖੇ ਬਾਬਾ ਮੱਟ ਸਾਹਿਬ ਦੇ ਅਸਥਾਨ 'ਤੇ ਸਾਲਾਨਾ 14ਵਾਂ ਮੇਲਾ ਬਾਬਾ ਮੱਟ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਬੰਧਕ ਜਰਨੈਲ ਸਿੰਘ ਸ਼ਾਹਪੁਰ, ਹਰਨੇਕ ਸਿੰਘ ਨੇਕਾ, ਡਾਕਟਰ ਕੁਲਵੰਤ ਸਿੰਘ, ਸੁਖਦੇਵ ਸਿੰਘ ਸੋਨਾ, ਬਲਵੰਤ ਸਿੰਘ, ਜਸਵਿੰਦਰ ਸੰਧੂ, ਬਲਦੇਵ ਰਾਜ ਗੁੱਗੂ, ਲਖਵਿੰਦਰ ਸਿੰਘ ਆਧੀ ਯੂ ਕੇ, ਤੇ ਲਖਵੀਰ ਸਿੰਘ ਲੱਖੀ ਦੀ ਰਹਿਨੁਮਾਈ ਹੇਠ ਪਿੰਡ ਇਲਾਕਾ ਤੇ ਸਮੂਹ ਗ੍ਰਾਮ ਪੰਚਾਇਤ ਤੇ ਪ੍ਰਵਾਸੀ ਭਾਰਤੀਆਂ ਤੇ ਪਿੰਡ ਆਧੀ, ਸ਼ਾਹਪੁਰ ਤੇ ਪੰਡੋਰੀ ਦੀਆ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਮੌਕੇ ਅਸਥਾਨ 'ਤੇ ਝੰਡੇ ਦੀ ਰਸਮ ਕੀਤੀ ਗਈ ਇਸ ਮੇਲੇ ਚ ਪ੍ਰਸਿੱਧ ਗਾਇਕ ਰੰਧਾਵਾ ਬ੍ਰਦਰਜ਼ ਰੰਮੀ ਰੰਧਾਵਾ ਤੇ ਪ੍ਰਿੰਸ ਰੰਧਾਵਾ ਨੇ ਆਪਣੇ ਸੁਪਰਹਿਟ ਗੀਤ ਜੱਜਾਂ ਨੂੰ ਵੀ ਕਰਨੇ ਵਕੀਲ ਕਰਨੇ, ਆਪਣੇ ਸੁਪਰਹਿਟ ਗੀਤਾਂ ਰਾਹੀ ਮੇਲੇ ਚ ਖੂਬ ਰੰਗ ਬੰਨ੍ਹਿਆ। ਇਸ ਮੌਕੇ ਜਸਵੀਰ ਸ਼ੀਰਾ ਆਧੀ ਤੋਂ ਇਲਾਵਾ ਹੋਰ ਕਲਾਕਾਰਾਂ ਨੇ ਵੀ ਅਸਥਾਨ ਤੇ ਆਪਣੀ ਹਾਜ਼ਰੀ ਭਰੀ ਮੰਚ ਸੰਚਾਲਕ ਦੀ ਜ਼ਿੰਮੇਵਾਰੀ ਪ੍ਰਸਿੱਧ ਮੰਚ ਸੰਚਾਲਕ ਰਾਜੂ ਫਤਹਿਪੁਰੀ, ਮੰਗਾ ਕਰਤਾਰਪੁਰੀ ਨੇ ਆਪਣੇ ਪ੍ਰਭਾਵਸ਼ਾਲੀ ਟੋਟਕਿਆਂ ਨਾਲ ਮੇਲੇ 'ਚ ਖੂਬ ਰੰਗ ਬੰਨ੍ਹਿਆ ਇਸ ਮੌਕੇ ਭਾਈ ਕਨ੍ਹਈਆ ਜੀ ਦੇ ਜਲ ਦੀ ਸੇਵਾ ਬਾਬਾ ਅਮਰੀਕ ਸਿੰਘ ਸਿੱਧਵਾਂ ਦੋਨਾਂ ਵਾਲਿਆ ਨੇ ਆਪਣੇ ਵੱਖਰੇ ਅੰਦਾਜ਼ ਵਿੱਚ ਨਿਭਾਈ। ਇਸ ਮੌਕੇ ਜਰਨੈਲ ਸਿੰਘ ਚੌਧਰੀ, ਹਰਨੇਕ ਸਿੰਘ ਪੰਚ, ਲਖਵਿੰਦਰ ਸਿੰਘ ਆਧੀ ਯੂਕੇ, ਡਾਕਟਰ ਕੁਲਵੰਤ ਸਿੰਘ, ਅਵਤਾਰ ਸਿੰਘ ਸੁਖਦੇਵ ਪੰਚ, ਬਲਦੇਵ ਕੁਮਾਰ, ਜਸਵਿੰਦਰ ਸਿੰਘ, ਬਲਵੰਤ ਸਿੰਘ, ਮਲਕੀਤ ਸਿੰਘ, ਨਿਰਮਲ ਸਿੰਘ, ਸੰਤੋਖ ਕੌਰ, ਪਰਮਜੀਤ ਕੌਰ ਵੱਲੋਂ ਜਰਨਲਿਸਟ ਪ੍ਰੈੱਸ ਕਲੱਬ ਰਜਿ ਪੰਜਾਬ ਦੇ ਸੂਬਾ ਪ੍ਰਧਾਨ ਮਨਜੀਤ ਮਾਨ, ਪੱਤਰਕਾਰ ਸੁਰਜੀਤ ਟੁੱਟ ਪ੍ਰਧਾਨ ਪ੍ਰੈੱਸ ਕਲੱਬ ਮੱਲ੍ਹੀਆਂ ਕਲਾਂ, ਪੱਤਰਕਾਰ ਅਵਤਾਰ ਰਾਣਾ ਜਨਰਲ ਸਕੱਤਰ ਪ੍ਰੈੱਸ ਕਲੱਬ ਮੱਲ੍ਹੀਆਂ ਕਲਾਂ, ਸੰਦੀਪ ਮਾਨ, ਜਸਵਿੰਦਰ ਜੱਸ ਆਧੀ ਸਾਬਕਾ ਮੈਂਬਰ ਪੰਚਾਇਤ, ਬਾਊਸਰ ਜਸਪਿੰਦਰ ਸਿੰਘ ਚੀਮਾ, ਬਾਊਸਰ ਪਰਮ ਹਮੀਰਾ, ਕਾਮਰੇਡ ਬਲਵਿੰਦਰ ਉੱਗੀ ਤੋਂ ਇਲਾਵਾ ਪਿੰਡ ਤੇ ਇਲਾਕੇ ਦੀਆਂ ਨਾਮਵਰ ਸ਼ਖ਼ਸੀਅਤਾਂ ਦਾ ਵਿਸ਼ੇਸ਼ ਤੌਰ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।

# ਡੀ ਏ ਵੀ ਸਕੂਲ ਦੀ ਅੰਡਰ-19 ਕੁੜੀਆਂ ਨੇ ਕਬੱਡੀ ਟੂਰਨਾਮੈਂਟ 'ਚ ਮਾਰੀ ਬਾਜ਼ੀ



**ਫਿਲੌਰ (ਬੀ ਐਸ ਕੈਨੇਡੀ)** ਸਥਾਨਕ ਡੀ ਆਰ ਵੀ ਡੀ ਏ ਵੀ ਸੈਂਟੇਨਰੀ ਪਬਲਿਕ ਸਕੂਲ, ਫਿਲੌਰ ਦੀ ਅੰਡਰ-19 ਕੁੜੀਆਂ ਦੀ ਟੀਮ ਨੇ ਸੀ ਬੀ ਐਸ ਈ ਕਲਸਟਰ ਕਬੱਡੀ ਟੂਰਨਾਮੈਂਟ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਪਹਿਲਾ ਸਥਾਨ ਪ੍ਰਾਪਤ ਕੀਤਾ।ਇਹ ਮੁਕਾਬਲਾ 11 ਤੋਂ 13 ਸਤੰਬਰ ਤੱਕ ਸ਼੍ਰੀ ਗੁਰੂ ਤੇਗ ਬਹਾਦਰ ਸਕੂਲ ਜਲੰਧਰ ਵਿਖੇ ਹੋਇਆ।ਟੂਰਨਾਮੈਂਟ ਵਿੱਚ ਅੰਮ੍ਰਿਤਸਰ, ਲੁਧਿਆਣਾ, ਜਲੰਧਰ, ਬਟਾਲਾ ਅਤੇ ਨਵਾਂਸ਼ਹਿਰ ਸਮੇਤ ਵੱਖ-ਵੱਖ ਸ਼ਹਿਰਾਂ ਦੀਆਂ ਟੀਮਾਂ ਨੇ ਭਾਗ ਲਿਆ।ਕੋਚ ਰਣਜੀਤ ਸਿੰਘ ਦੇ ਸੁਚਾਰੂ ਮਾਰਗਦਰਸ਼ਨ ਵਿੱਚ ਟੀਮ ਨੇ ਬਾ-ਕਮਾਲ ਕਬੱਡੀ ਖੇਡਦਿਆਂ ਆਪਣਾ ਦਮਖਮ ਦਿਖਾਇਆ।ਇਸ ਜਿੱਤ ਨਾਲ ਸਿਰਫ ਸਕੂਲ ਦਾ ਹੀ ਨਹੀਂ, ਸਗੋਂ ਸਮੂਹ ਇਲਾਕੇ ਦਾ ਵੀ ਸਿਰ ਉੱਚਾ ਹੋਇਆ ਹੈ।ਟੀਮ ਨੂੰ ਸ੍ਰੀਮਤੀ ਬਲਜਿੰਦਰ ਕੌਰ ਨੇ ਪੂਰਾ ਸਹਿਯੋਗ ਦਿੱਤਾ।ਪ੍ਰਿੰਸੀਪਲ ਸਾਹਿਬ ਡਾ. ਯੋਗੇਸ਼ ਗੰਭੀਰ ਨੇ ਟੀਮ ਨੂੰ ਮੁਬਾਰਕਬਾਦ ਦਿੱਤੀ। ਉਨ੍ਹਾਂ ਕਿਹਾ ਕਿ ਇਸ ਜਿੱਤ ਨਾਲ ਹੋਰ ਵਿਦਿਆਰਥੀਆਂ ਨੂੰ ਵੀ ਵਿਦਿਅਕ ਅਤੇ ਖੇਡਾਂ ਵਿੱਚ ਉੱਚੀ ਉਡਾਣ ਭਰਨ ਲਈ ਪ੍ਰੇਰਣਾ ਮਿਲੇਗੀ।

# ਆਰ ਬੀ ਯੂ 'ਚ ਉੱਭਰ ਰਹੇ ਇਨੋਵੇਸ਼ਨਾਂ ਤੇ ਭਵਿੱਖ ਦੇ ਰੁਝਾਨਾਂ 'ਤੇ ਪ੍ਰੋਗਰਾਮ

**ਕੁਰਾਲੀ (ਮੋਹਨ ਅੱਗਰਵਾਲ)**-ਰਿਆਤ ਬਾਹਰਾ ਯੂਨੀਵਰਸਿਟੀ ਦੇ ਸਕੂਲ ਆਫ਼ ਫਿਜ਼ੀਓਥੈਰੇਪੀ ਅਤੇ ਰੇਡੀਓਲੋਜੀ ਅਤੇ ਇਮੇਜਿੰਗ ਟੈਕਨਾਲੋਜੀ ਵਿਭਾਗ ਨੇ ਮਲਟੀ-ਡਿਟੈਕਟਰ ਕੰਪਿਊਟਿਡ ਟੋਮੋਗ੍ਰਾਫੀ ਵਿੱਚ ਉੱਭਰਦੇ ਹੋਏ ਇਨੋਵੇਸ਼ਨ ਅਤੇ ਭਵਿੱਖ ਦੇ ਰੁਝਾਨ ਦੇ ਥੀਮ 'ਤੇ ਤੀਜੇ ਕੰਟੀਨਿਊਇੰਗ ਮੈਡੀਕਲ ਐਜੂਕੇਸ਼ਨ (ਸੀ ਐਮ ਈ) ਪ੍ਰੋਗਰਾਮ ਦਾ ਆਯੋਜਨ ਕੀਤਾ।ਆਰ ਬੀ ਯੂ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਅਤੇ ਵਾਈਸ-ਚਾਂਸਲਰ ਡਾ. ਪਰਵਿੰਦਰ ਸਿੰਘ ਨੇ ਸੀ.ਐਮ.ਈ. ਦੇ ਆਯੋਜਨ ਵਿੱਚ ਰੇਡੀਓਲੋਜੀ ਵਿਭਾਗ ਦੇ ਉੱਦਮ ਦੀ ਸ਼ਲਾਘਾ ਕੀਤੀ।ਪ੍ਰੋਫੈਸਰ ਮੋਹਨ ਭਾਗਵਤ ਮੈਡੀਕਲ ਸੁਪਰਡੈਂਟ ਅਤੇ ਮੁਖੀ ਹਸਪਤਾਲ ਪ੍ਰਸ਼ਾਸਨ ਅਤੇ ਬਾਇਓਸਟੈਟਿਕਸ ਪੀ ਜੀ ਆਈ, ਚੰਡੀਗੜ੍ਹ ਅਤੇ ਇੰਡੀਅਨ ਸੋਸਾਇਟੀ ਆਫ਼ ਰੇਡੀਓਗ੍ਰਾਫਰਜ਼ ਐਂਡ ਟੈਕਨੋਲੋਜਿਸਟ (ਆਈ ਐਸ ਆਰ ਟੀ) ਦੇ ਪ੍ਰਧਾਨ ਮਹਿਮਾਨਾਂ ਵਿੱਚ ਸ਼ਾਮਲ ਸਨ। ਇਸ ਪ੍ਰੋਗਰਾਮ ਦੀ ਮੇਜ਼ਬਾਨੀ ਇੰਡੀਅਨ ਸੋਸਾਇਟੀ ਆਫ ਰੇਡੀਓਗ੍ਰਾਫਰ ਐਂਡ ਟੈਕਨੋਲੋਜਿਸਟਸ ਚੰਡੀਗੜ੍ਹ ਚੈਪਟਰ, ਅਤੇ ਐਸੋਸੀਏਸ਼ਨ ਆਫ ਮੈਡੀਕਲ ਰੇਡੀਓਲੋਜੀ ਐਂਡ ਇਮੇਜਿੰਗ ਟੈਕਨਾਲੋਜੀ ਪੀ ਜੀ ਆਈ ਚੰਡੀਗੜ੍ਹ ਦੇ ਸਹਿਯੋਗ ਨਾਲ ਕੀਤੀ ਗਈ ਸੀ। ਸੀ.ਐਮ.ਈ. ਦਾ ਮੁੱਖ ਉਦੇਸ਼ ਹੁਨਰ ਵਿਕਾਸ ਨੂੰ




ਉਤਸ਼ਾਹਿਤ ਕਰਨਾ ਅਤੇ ਰੇਡੀਓਲੌਜੀਕਲ ਟੈਕਨੋਲੋਜਿਸਟ ਅਤੇ ਵਿਦਿਆਰਥੀਆਂ ਲਈ ਇੱਕ ਰਿਫਰੈਸ਼ਰ ਕੋਰਸ ਪ੍ਰਦਾਨ ਕਰਨਾ ਸੀ, ਜਿਸ ਨਾਲ ਉਹਨਾਂ ਨੂੰ ਖੇਤਰ ਵਿੱਚ ਨਵੀਨਤਮ ਤਰੱਕੀ ਦੇ ਨਾਲ-ਨਾਲ ਰਹਿਣ ਦੇ ਯੋਗ ਬਣਾਇਆ ਜਾ ਸਕੇ। ਇਸ ਸਮਾਗਮ ਵਿੱਚ ਲਗਭਗ 250 ਡੈਲੀਗੇਟਾਂ ਨੇ ਭਾਗ ਲਿਆ।ਡਾ. ਲਲਿਤ ਕੁਮਾਰ ਗੁਪਤਾ, ਪ੍ਰੋ. ਕਮ ਡੀਨ ਯੂ ਐਸ ਪੀ ਆਰ , ਇਸ ਸਮਾਗਮ ਦੇ ਚੇਅਰਪਰਸਨ ਸਨ, ਜਦਕਿ ਪੀ.ਜੀ.ਆਈ.ਐਮ.ਈ.ਆਰ. ਚੰਡੀਗੜ੍ਹ ਤੋਂ ਆਦਿਤਿਆ ਨਾਗਰਥ ਆਰਗੇਨਾਈਜ਼ਿੰਗ ਚੇਅਰਪਰਸਨ ਸਨ। ਸਮਾਪਤੀ ਸਮਾਰੋਹ ਦੌਰਾਨ, ਵਿਸ਼ੇਸ਼ ਯੋਗਦਾਨ ਪਾਉਣ ਵਾਲੇ ਵਿਦਿਆਰਥੀਆਂ ਅਤੇ ਨੂੰ ਪੁਰਸਕਾਰ ਅਤੇ ਭਾਗੀਦਾਰੀ ਦੇ ਸਰਟੀਫਿਕੇਟ ਪ੍ਰਦਾਨ ਕੀਤੇ ਗਏ।ਚਿਤਕਾਰਾ ਯੂਨੀਵਰਸਿਟੀ, ਅਰੋਗਯਮ ਇੰਸਟੀਚਿਊਟ ਆਫ ਪੈਰਾਮੈਡੀਕਲ ਐਂਡ ਅਲਾਈਡ ਸਾਇੰਸਜ਼, ਸੀਟੀ ਯੂਨੀਵਰਸਿਟੀ, ਤੀਰਥੰਕਰ ਮਹਾਵੀਰ ਯੂਨੀਵਰਸਿਟੀ, ਕੋਰ (ਸੀ ਓ ਈ ਆਰ) ਯੂਨੀਵਰਸਿਟੀ, ਐਸ ਜੀ ਟੀ ਯੂਨੀਵਰਸਿਟੀ, ਅਤੇ ਪੀ ਜੀ ਆਈ ਐਮ ਈ ਆਰ ਚੰਡੀਗੜ੍ਹ ਆਪਣੀ ਸਰਗਰਮ ਸ਼ਮੂਲੀਅਤ ਲਈ ਪ੍ਰਸ਼ੰਸਾ ਪੱਤਰ ਦਿੱਤੇ ਗਏ ।

ਆਈ ਐਸ ਆਰ ਟੀ ਅਤੇ ਅੰਮ੍ਰਿਤ ਨੂੰ ਮੈਡੀਕਲ ਇਮੇਜਿੰਗ ਅਭਿਆਸਾਂ ਨੂੰ ਅੱਗੇ ਵਧਾਉਣ ਦੇ ਉਨ੍ਹਾਂ ਦੇ ਯਤਨਾਂ ਦੀ ਸ਼ਲਾਘਾ ਵਿੱਚ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।ਡਾ. ਐੱਸ.ਕੇ. ਬਾਂਸਲ, ਡੀਨ ਅਕਾਦਮਿਕ, ਅਤੇ ਪ੍ਰੋ. (ਡਾ.) ਵੀ.ਕੇ. ਬੰਗਾ, ਡਾਇਰੈਕਟਰ ਕੁਆਲਿਟੀ ਕੰਟਰੋਲ ਆਫ਼ ਐਜੂਕੇਸ਼ਨ, ਨੇ ਸਮਾਗਮ ਦੀ ਸਫ਼ਲਤਾ ਵਿੱਚ ਅਹਿਮ ਭੂਮਿਕਾ ਨਿਭਾਈ।ਇਸ ਸਮਾਗਮ ਵਿੱਚ ਸਹਾਇਕ ਪ੍ਰੋਫੈਸਰ ਮਮਤਾ ਪਾਂਡਾ ਨੇ ਆਰਗੇਨਾਈਜ਼ਿੰਗ ਸਕੱਤਰ ਦੀ ਭੂਮਿਕਾ ਨਿਭਾਈ, ਜਦਕਿ ਵਰਸ਼ਦੀਪ ਕੌਰ ਨੇ ਸਹਿ-ਸੰਗਠਨ ਸਕੱਤਰ ਵਜੋਂ ਸੇਵਾ ਨਿਭਾਈ।

# ਆਈ ਟੀ ਆਈ ਨੰਗਲ 'ਚ ਲੱਗਿਆ ਅਪ੍ਰੈਂਟਿਸਸ਼ਿਪ ਮੇਲਾ



**ਭਲਾਣ (ਹਰਭਜਨ ਢਿੱਲੋਂ)**-ਹਰਜੋਤ ਸਿੰਘ ਬੈਂਸ ਤਕਨੀਕੀ ਸਿੱਖਿਆਂ ਅਤੇ ਉਦਯੋਗਿਕ ਸਿਖਲਾਈ ਵਿਭਾਗ ਮੰਤਰੀ ਦੇ ਦਿਸ਼ਾ ਨਿਰਦੇਸ਼ਾ ਅਤੇ ਡਾਇਰੈਕਟਰ ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ ਦੇ ਹੁਕਮਾਂ ਅਨੁਸਾਰ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਨੰਗਲ ਵਿਖੇ ਅਪ੍ਰੈਂਟਿਸਸ਼ਿਪ ਮੇਲਾ ਲਗਾਇਆ ਗਿਆ, ਜਿਸ ਵਿੱਚ ਵੱਖ ਵੱਖ ਨਾਮੀ ਕੰਪਨੀਆਂ ਵਲੋਂ ਸ਼ਿਰਕਤ ਕੀਤੀ।ਪ੍ਰਿੰ.ਗੁਰਨਾਮ ਸਿੰਘ ਭੱਲੜੀ ਨੇ ਦੱਸਿਆ ਕਿ ਇਸ ਅਪ੍ਰੈਂਟਿਸਸ਼ਿਪ ਮੇਲੇ ਵਿੱਚ 200 ਤੋਂ ਵੱਧ ਉਮੀਦਵਾਰਾਂ ਵਲੋਂ ਭਾਗ ਲਿਆ ਗਿਆ। ਵੱਖ ਵੱਖ ਕੰਪਨੀਆਂ ਨੇ 92 ਉਮੀਦਵਾਰਾ ਦੀ ਚੋਣ ਕੀਤੀ। ਉਨ੍ਹਾਂ ਦੱਸਿਆ ਕਿ ਜ਼ਿਲਾ ਨੋਡਲ ਸੰਸਥਾ ਆਈ ਟੀ ਆਈ ਰੂਪਨਗਰ ਦੀ ਅਗਵਾਈ ਹੇਠ ਲਗਾਏ ਗਏ ਇਸ ਅਪ੍ਰੈਂਟਿਸਸ਼ਿਪ ਮੇਲੇ ਵਿੱਚ ਐੱਸ ਐਸ ਐੱਲ ਲਿਮਟਿਡ ਐਸਰੋਨ ਸ਼ਹੀਦ ਭਗਤ ਸਿੰਘ ਨਗਰ, ਗੋਦਰੇਜ ਐਂਡ ਬੁਆਇਸੀ ਐਮ ਐਫ ਜੀ ਕੰਪਨੀ ਲਿਮਿਟਡ ਮੋਹਾਲੀ, ਨੈਕਟਰ ਲਾਈਫ ਸਾਇੰਸ ਡੇਰਾਬੱਸੀ, ਆਈ ਐੱਨ ਡੀ ਸਵਿਫਟ ਲਿਮਟਡ ਡੇਰਾ ਬਸੀ ਤੋਂ ਇਲਾਵਾ ਵੱਖ ਵੱਖ ਕੰਪਨੀਆਂ ਵਲੋਂ ਭਾਗ ਲਿਆ ਗਿਆ। ਉਨ੍ਹਾਂ ਦੱਸਿਆਂ ਕਿ ਟ੍ਰੇਨਿੰਗ ਦੌਰਾਨ ਵਿਦਿਆਰਥੀਆਂ ਨੂੰ ਪਹਿਲੇ ਸਾਲ 7000, ਦੂਜੇ ਸਾਲ 7700 ਅਤੇ ਤੀਜੇ ਸਾਲ 8050 ਰੁਪਏ ਪ੍ਰਤੀ ਮਹੀਨਾ ਵਜ਼ੀਫਾ ਦਿੱਤਾ ਜਾਵੇਗਾ। ਪ੍ਰਿੰ.ਗੁਰਨਾਮ ਸਿੰਘ ਭੱਲੜੀ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਨੌਜਵਾਨਾ ਨੂੰ ਰੋਜ਼ਗਾਰ ਦੇਣ ਲਈ ਅਹਿਮ ਉਪਰਾਲੇ ਕੀਤੇ ਜਾ ਰਹੇ ਹਨ। ਇਸ ਮੌਕੇਨੋਡਲ ਸੰਸਥਾ ਆਈ ਟੀ ਆਈ ਰੂਪਨਗਰ ਤੋਂ ਵਿਸ਼ੇਸ਼ ਰੂਪ 'ਚ ਪਹੁੰਚੇ ਅਪ੍ਰੈਂਟਿਸਸ਼ਿਪ ਵਿਭਾਗ ਦੇ ਅਧਿਕਾਰੀ ਰਾਮਦਾਸ ਨੇ ਅਪ੍ਰੈਂਟਿਸਸ਼ਿਪ ਸਕੀਮ ਸਬੰਧੀ ਵਿਸਥਾਰ ਪੂਰਬਕ ਜਾਣਕਾਰੀ ਦਿੱਤੀ।

# ਲੁਕ ਮਿਕਸਚਰ ਪਲਾਂਟ ਨਾ ਲਗਾਉਣ ਸੰਬੰਧੀ ਵਫਦ ਐੱਸ ਡੀ ਐੱਮ ਨੂੰ ਮਿਲਿਆ

**ਫਿਲੌਰ (ਨਿਰਮਲ)**- ਫਿਲੌਰ ਦੇ ਨਜ਼ਦੀਕੀ ਪਿੰਡ ਅੱਟੀ ਨੇੜੇ ਖੇਤਾਂ ਵਿੱਚ ਲੁਕ ਮਿਕਸਚਰ ਪਲਾਂਟ ਲਗਾਇਆ ਜਾ ਰਿਹਾ ਹੈ ਜਿਸ ਦਾ ਵਿਰੋਧ ਇਲਾਕੇ ਦੇ ਪਿੰਡਾਂ ਦੇ ਲੋਕ, ਗ੍ਰਾਮ ਪੰਚਾਇਤਾਂ ਅਤੇ ਕਿਸਾਨ ਕਰ ਰਹੇ ਹਨ। ਇਸ ਸਬੰਧ ਦੇ ਵਿੱਚ ਪੰਚਾਂ, ਸਰਪੰਚਾਂ, ਲੰਬੜਦਾਰਾਂ, ਕਿਸਾਨਾਂ ਅਤੇ ਪਿੰਡ ਦੇ ਵਾਸੀਆਂ ਦਾ ਇੱਕ ਵਫਦ ਐਸ.ਡੀ.ਐਮ ਫਿਲੌਰ ਅਮਨ ਪਾਲ ਸਿੰਘ ਨੂੰ ਮਿਲਿਆ ਅਤੇ ਮੰਗ ਪੱਤਰ ਦਿੱਤਾ ਜਿਸ ਵਿੱਚ ਮੰਗ ਕੀਤੀ ਗਈ ਹੈ ਕਿ ਪਿੰਡ ਅੱਟੀ, ਮਨਸੂਰਪੁਰ ਨੇੜੇ ਲਗਾਇਆ ਜਾ ਰਿਹਾ ਪਲਾਂਟ ਨਾ ਲੱਗਣ ਦਿੱਤਾ ਜਾਵੇ ਕਿਉਂਕਿ ਇਸ ਵਿੱਚੋਂ ਨਿਕਲਣ ਵਾਲੇ ਧੂਏ ਨਾਲ ਪਿੰਡ ਦੇ ਵਾਸੀਆਂ ਨੇੜੇ ਲੱਗਦੇ ਤਿੰਨ ਚਾਰ ਸਕੂਲਾਂ ਦੇ ਬੱਚਿਆਂ ਉੱਤੇ ਮਾੜਾ ਅਸਰ ਪਵੇਗਾ,,ਕਿਸਾਨਾਂ ਦੀਆਂ ਫਸਲਾਂ ਦੀ ਖਰਾਬੀ ਹੋਵੇਗੀ। ਐਸ.ਡੀ.ਐਮ ਸਾਹਿਬ ਨੇ ਮੰਗ ਪੱਤਰ ਲੈ ਕੇ ਵਫਦ ਨੂੰ ਭਰੋਸਾ ਦਿੱਤਾ ਕਿ ਉਹ ਪੰਜਾਬ ਸਰਕਾਰ ਤੇ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਭੇਜ ਦੇਣਗੇ। ਇਸ ਮੌਕੇ ਸਰਪੰਚ ਸੋਹਨ ਲਾਲ ਅੱਟੀ, ਪੰਚ ਪਰਮਜੀਤ ਕੌਰ, ਪੰਚ ਜਗਰੂਪ ਕੌਰ, ਪੰਚ ਅਮਰਜੀਤ ਕੌਰ, ਹੈਡ ਟੀਚਰ ਐਲੀਮੈਂਟਰੀ ਸਕੂਲ ਅੱਟੀ, ਪ੍ਰਿੰਸੀਪਲ ਹਰਜੀਤ ਸਿੰਘ ਅਤੇ ਕਿਸਾਨ ਇਲਾਕੇ ਦੇ ਮੁਹਤਬਰ ਹਾਜ਼ਰ ਸਨ।



# ਗੰਨਾ ਮਿੱਲ ਵੱਲ ਬਕਾਇਆ ਦੀ ਮੰਗ ਲੈ ਕੇ ਕਿਸਾਨਾਂ ਵੱਲੋਂ ਤੋਂ ਸੰਘਰਸ਼ ਅੱਜ ਤੋਂ

**ਫਗਵਾੜਾ, (ਇੰਦਰਜੀਤ ਸਿੰਘ ਮਠਾੜੂ)**-ਗੰਨਾ ਮਿੱਲ ਵੱਲ ਬਕਾਇਆ ਰਾਸ਼ੀ ਦੀ ਮੰਗ ਲੈ ਕੇ ਕਿਸਾਨਾਂ ਵਲੋਂ 19 ਸਤੰਬਰ ਤੋਂ ਫਗਵਾੜਾ ਵਿਖੇ ਵੱਡੀ ਪੱਧਰ 'ਤੇ ਸੰਘਰਸ਼ ਕੀਤਾ ਜਾਵੇਗਾ। ਇਹ ਫ਼ੈਸਲਾ ਅੱਜ ਭਾਰਤੀ ਕਿਸਾਨ ਯੂਨੀਅਨ ਦੋਆਬਾ ਵਲੋਂ ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ ਵਿਖੇ ਪ੍ਰਧਾਨ ਮਨਜੀਤ ਸਿੰਘ ਰਾਏ ਤੇ ਜਨਰਲ ਸਕੱਤਰ ਸਤਨਾਮ ਸਿੰਘ ਸਾਹਨੀ ਦੀ ਅਗਵਾਈ 'ਚ ਹੋਈ ਮੀਟਿੰਗ ਦੌਰਾਨ ਕੀਤਾ ਗਿਆ।ਗੱਲਬਾਤ ਕਰਦਿਆਂ ਉਨ੍ਹਾਂ ਦੱਸਿਆ ਕਿ ਫਗਵਾੜਾ ਦੀ ਸ਼ੂਗਰ ਮਿੱਲ ਵੱਲ ਕਿਸਾਨਾਂ ਦਾ ਕਰੀਬ 4-5 ਸਾਲ ਦਾ ਬਕਾਇਆ ਹੈ ਤੇ ਇਸ ਸਬੰਧ 'ਚ ਪਹਿਲਾਂ ਵੀ ਪ੍ਰਸ਼ਾਸਨ ਨੂੰ ਵੀ ਕਈ ਵਾਰ ਮੰਗ ਪੱਤਰ ਦੇ ਚੁੱਕੇ ਹਨ ਤੇ ਸਰਕਾਰ ਨੇ ਅਪਰੈਲ ਤੱਕ ਇਸ ਦਾ ਹੱਲ ਕਰਵਾਉਣ ਦਾ ਭਰੋਸਾ ਦਿੱਤਾ ਸੀ। ਪਰ ਅਜੇ ਤੱਕ ਕੁਝ ਨਾ ਹੋਣ ਦੇ ਰੋਸ ਵਜੋਂ ਹੁਣ ਕਿਸਾਨਾਂ ਵਲੋਂ ਆਪਣਾ ਸੰਘਰਸ਼ 19 ਸਤੰਬਰ ਤੋਂ ਸ਼ੁਰੂ ਕਰਨ ਦਾ ਫ਼ੈਸਲਾ ਕੀਤਾ ਹੈ। ਉਨ੍ਹਾਂ ਕਿਸਾਨਾਂ ਨੂੰ ਸਵੇਰੇ 9 ਵਜੇ ਦਾਣਾ ਮੰਡੀ ਵਿਖੇ ਇਕੱਠੇ ਹੋਣ ਦੀ ਅਪੀਲ ਕੀਤੀ ਹੈ ਤੇ ਉੱਥੋਂ ਕਾਫ਼ਲੇ ਦੇ ਰੂਪ 'ਚ ਚੱਲ ਕੇ ਕਿਸਾਨ ਆਪਣਾ ਧਰਨਾ ਦੇਣਗੇ। ਮੀਟਿੰਗ ਦੌਰਾਨ ਫ਼ੈਸਲਾ ਕੀਤਾ ਕਿ ਹਰਿਆਣਾ ਚੋਣਾਂ ਨੂੰ ਲੈ ਕੇ ਪਿੱਪਲੀ ਵਿਖੇ ਹੋਣ ਵਾਲੇ ਇਕੱਠ 'ਚ ਵੀ ਸ਼ਮੂਲੀਅਤ ਕਰਨ ਲਈ ਕਿਸਾਨ 22 ਸਤੰਬਰ ਨੂੰ ਸਵੇਰੇ 7 ਵਜੇ ਲਾਡੋਵਾਲ ਟੋਲ ਪਲਾਜ਼ਾ ਤੋਂ ਰਵਾਨਾ ਹੋਣਗੇ।

# ਪੰਚਾਇਤੀ ਚੋਣਾਂ 17 ਅਕਤੂਬਰ ਤੋਂ ਬਾਅਦ 'ਚ ਕਰਾਈਆਂ ਜਾਣ : ਤਰਲੋਕ ਵੇਡਲ

**ਕਾਲਾ ਸੰਘਿਆਂ (ਮਨਜੀਤ ਮਾਨ)**- ਡਾਕਟਰ ਅੰਬੇਡਕਰ ਸੰਘਰਸ਼ ਮੋਰਚਾ ਪੰਜਾਬ ਦੇ ਸੂਬਾ ਪ੍ਰਧਾਨ ਤਰਲੋਕ ਵੇਡਲ ਨੇ ਪ੍ਰੈੱਸ ਦੇ ਨਾਂਅ ਇਕ ਲਿਖਤੀ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਚਾਇਤੀ ਚੋਣਾਂ ਪੰਜਾਬ ਸਰਕਾਰ 17 ਅਕਤੂਬਰ ਨੂੰ ਭਗਵਾਨ ਵਾਲਮੀਕਿ ਮਹਾਰਾਜ ਜੀ ਦੇ ਪ੍ਰਗਟ ਉਤਸਵ ਨੂੰ ਧਿਆਨ ਵਿੱਚ ਰੱਖਦਿਆਂ ਬਾਅਦ ਵਿੱਚ ਕਰਵਾਈਆਂ ਜਾਣ ਕਿਉਂਕਿ ਜੋ ਪੰਜਾਬ ਸਰਕਾਰ 15 ਅਕਤੂਬਰ ਦਾ ਐਲਾਨ ਕਰ ਰਹੀ ਹੈ ਉਸ ਨਾਲ ਵਾਲਮੀਕਿ ਮਜ਼੍ਹਬੀ ਸਿੱਖ ਸਮਾਜ ਆਪਣੀ ਦਿਲਚਸਪੀ ਨਹੀਂ ਦਿਖਾ ਸਕੇਗਾ, ਕਿਉਂਕਿ ਚੋਣਾਂ ਤੋਂ ਵਧ ਕੇ ਉਹਨਾਂ ਦਾ ਧਿਆਨ ਆਪਣੇ ਰਹਿਬਰ ਸ੍ਰਿਸ਼ਟੀ ਕਰਤਾ ਭਗਵਾਨ ਵਾਲਮੀਕਿ ਮਹਾਰਾਜ ਦੇ ਪ੍ਰਗਟ ਉਤਸਵ ਮਨਾਉਣ ਵੱਲ ਹੋਵੇਗਾ, ਇਸ ਤਰ੍ਹਾਂ ਪੰਚਾਇਤੀ ਚੋਣਾਂ ਦੇ ਨਤੀਜੇ ਪੰਜਾਬ ਸਰਕਾਰ ਨੂੰ ਪ੍ਰਭਾਵਿਤ ਕਰਨਗੇ ਤੇ ਵਾਲਮੀਕਿ ਮਜ਼੍ਹਬੀ ਸਿੱਖ ਸਮਾਜ ਪੰਚਾਇਤੀ ਚੋਣਾਂ ਦਾ ਬਾਈਕਾਟ ਵੀ ਕਰ ਸਕਦਾ ਹੈ ।

# ਹਰੀਪੁਰ ਰੋਡ ਦਾ ਕੰਮ ਸ਼ੁਰੂ ਨਾ ਕੀਤਾ ਤਾਂ ਲੱਗੇਗਾ ਪੱਕਾ ਧਰਨਾ : ਕੋਟਲੀ



**ਆਦਮਪੁਰ (ਪਰਮਜੀਤ ਸਿੰਘ)**-ਕਰੀਬ 85 ਲੱਖ ਦੀ ਲਾਗਤ ਨਾਲ ਤਿਆਰ ਹੋਣ ਵਾਲਾ ਹਰੀਪੁਰ ਰੋਡ ਦਾ ਕੰਮ ਜੇਕਰ 19 ਸਤੰਬਰ ਤੱਕ ਨਾ ਸ਼ੁਰੂ ਕੀਤਾ ਤਾ ਪੱਕਾ ਧਰਨਾ ਲਗਾਇਆ ਜਾਵੇਗਾ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਸੁਖਵਿੰਦਰ ਸਿੰਘ ਕੋਟਲੀ ਵਲੋਂ ਨਗਰ ਕੌਂਸਲ ਆਦਮਪੁਰ ਵਿਖੇ ਇਕ ਵਿਸੇਸ਼ ਮੀਟਿੰਗ ਦੌਰਾਨ ਕੀਤਾ ਗਿਆ। ਉਨ੍ਹਾਂ ਕਿਹਾ ਕਿ ਨਗਰ ਕੌਂਸਲ ਆਦਮਪੁਰ ਦੇ ਪ੍ਰਧਾਨ ਦਰਸ਼ਨ ਸਿੰਘ ਕਰਵਲ ਸਮੇਤ ਕੌਂਸਲਰਾਂ ਦੀ ਹਾਜ਼ਰੀ ਵਿੱਚ 85 ਲੱਖ ਦੀ ਲਾਗਤ ਨਾਲ ਬਣਨ ਵਾਲੇ ਹਰੀਪੁਰ ਰੋਡ ਦਾ ਉਦਘਾਟਨ ਕੀਤਾ ਗਿਆ ਸੀ ਪਰ ਅੱਜ ਤੱਕ ਅਧਿਕਾਰੀਆਂ ਨੇ ਕੰਮ ਸ਼ੁਰੂ ਨਹੀਂ ਕੀਤਾ। ਵਿਧਾਇਕ ਨੇ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ 19 ਸਤੰਬਰ ਦੁਪਹਿਰ 12 ਵਜੇ ਤਕ ਇਹ ਕੰਮ ਸ਼ੁਰੂ ਨਾ ਕੀਤਾ ਗਿਆ ਤਾਂ ਫਿਰ ਨਗਰ ਕੌਂਸਲ ਦਫਤਰ ਦੇ ਸਾਹਮਣੇ ਪੱਕਾ ਧਰਨਾ ਲਗਾਇਆ ਜਾਵੇਗਾ। ਇਸ ਮੌਕੇ ਜਤਿੰਦਰ ਸਿੰਘ ਆਵਲ,ਦਸਵਿੰਦਰ ਕੁਮਾਰ ਚੰਦ ਸ਼ਹਿਰੀ ਪ੍ਰਧਾਨ, ਭੁਪਿੰਦਰ ਸਿੰਘ ਭਿੰਦਾ ਕੌਂਸਲਰ,ਵਰੁਣ ਚੱਡਾ, ਰਾਜੇਸ਼ ਕੁਮਾਰ ਰਾਜੂ, ਜਸਵੰਤ ਕੌਰ ਮਹਿਲਾ ਕਾਂਗਰਸ ਪ੍ਰਧਾਨ, ਗਿਆਨ ਚੰਦ, ਕੈਪਟਨ ਗੁਰਮੀਤ ਸਿੰਘ, ਪਰਮਜੀਤ ਸਿੰਘ ਸੋਢੀ,ਸੁਸ਼ਮਾ ਕੁਮਾਰੀ ਕੌਂਸਲਰ, ਸੁਖਵਿੰਦਰ ਕੌਰ, ਵੀਨਾ ਚੱਡਾ ਕੌਂਸਲਰ, ਰਜਿੰਦਰ ਕੌਰ ਕੌਂਸਲਰ, ਗੁਰਦੀਪ ਸਿੰਘ ਦਿਓਲ, ਅਮਰੀਕ ਸਿੰਘ ਗਾਜੀਪੁਰ, ਆਜੀ ਸ਼ਿੰਗਾਰੀ, ਪਰਮਿੰਦਰ ਸਿੰਘ ਸੋਢੀ, ਬਲਜੀਤ ਸਿੰਘ ਦਿਓਲ, ਜਸਵਿੰਦਰ ਸਿੰਘ ਸਰਪੰਚ ਹਰੀਪੁਰ ਹਾਜ਼ਰ ਹੋਏ।

# 450 ਸਾਲਾ ਗੁਰਗੱਦੀ ਦਿਵਸ ਸ਼ਰਧਾ ਭਾਵਨਾ ਨਾਲ ਮਨਾਇਆ

**ਮੋਹਾਲੀ -(ਗੁਰਜੀਤ ਬਿੱਲਾ)** ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਚੌਥੇ ਪਾਤਿਸ਼ਾਹ ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਦਾ 450 ਸਾਲਾ ਗੁਰਗੱਦੀ ਦਿਵਸ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਖੁਸ਼ੀ ਵਿੱਚ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿੱਚ ਭਾਈ ਗੁਰਵਿੰਦਰ ਸਿੰਘ ਸ੍ਰੀ ਫਤਿਹਗੜ੍ਹ ਸਾਹਿਬ ਵਾਲਿਆਂ ਦੇ ਇੰਟਰਨੈਸ਼ਨਲ ਢਾਡੀ ਜੱਥੇ ਨੇ ਚੌਥੇ ਪਾਤਿਸ਼ਾਹ ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਨੂੰ ਸੰਨ 1574 'ਚ ਧੰਨ ਧੰਨ ਸ੍ਰੀ ਗੁਰੂ ਅਮਰਦਾਸ ਜੀ ਮਹਾਰਾਜ ਵਲੋਂ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਗੁਰਗੱਦੀ ਦੇਣ ਬਾਰੇ ਸੰਗਤਾਂ ਨੂੰ ਵਿਸਥਾਰ ਸਹਿਤ ਜਾਣੂ ਕਰਵਾਇਆ। ਬੀਬੀ ਜਸਪ੍ਰੀਤ ਕੌਰ ਜੀ ਪਟਿਆਲੇ ਵਾਲਿਆਂ ਦੇ ਰਾਗੀ ਜੱਥੇ ਨੇ ਆਪਣੇ ਰਸ ਭਿੰਨੇ ਕੀਰਤਨ ਨਾਲ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਸਾਰੇ ਜਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।

ਜਨਮ ਦਿਨ ਮੁਬਾਰਕ



ਲਵਦੀਪ ਮੱਲ (ਜਲੰਧਰ)

ਵਰ੍ਹੇਗੰਢ ਮੁਬਾਰਕ



ਯਸ਼ਪਾਲ ਤੇ ਰੁਪਿੰਦਰ ਕੌਰ ਵਾਸੀ ਚੱਕਰੀ ਮੁਹੱਲਾ ਕਲਾਨੌਰ ਨੇ ਆਪਣੇ ਵਿਆਹ ਦੀ 42ਵੀਂ ਵਰ੍ਹੇਗੰਢ ਮਨਾਈ।

# ਮਾਡਲ ਟਾਊਨ ਇਲਾਕੇ 'ਚ ਸਵੱਛਤਾ ਰੈਲੀ ਕੱਢੀ

**ਫਗਵਾੜਾ, (ਇੰਦਰਜੀਤ ਸਿੰਘ ਮਠਾੜੂ)**- ਸਵੱਛ ਭਾਰਤ ਮਿਸ਼ਨ ਤਹਿਤ ਅੱਜ ਤੋਂ ਸ਼ੁਰੂ ਕੀਤੇ ਗਏ ਸਵੱਛਤਾ ਹੀ ਸੇਵਾ ਪੰਦਰਵਾੜਾ ਪ੍ਰੋਗਰਾਮ 'ਚ ਸਹਿਯੋਗ ਦਿੰਦੇ ਹੋਏ ਸਰਬ ਨੌਜਵਾਨ ਸਭਾ (ਰਜਿ.) ਵਲੋਂ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਅਗਵਾਈ ਤੇ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦੇ ਸਹਿਯੋਗ ਨਾਲ ਮਾਡਲ ਟਾਊਨ ਇਲਾਕੇ 'ਚ ਸਵੱਛਤਾ ਰੈਲੀ ਕੱਢੀ ਗਈ।ਰੈਲੀ ਨੂੰ ਨਗਰ ਨਿਗਮ ਫਗਵਾੜਾ ਜੁਆਇੰਟ ਕਮਿਸ਼ਨਰ ਕੁਲਪ੍ਰੀਤ ਸਿੰਘ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਸਕੂਲੀ ਵਿਦਿਆਰਥੀਆਂ ਨੇ ਹੱਥਾਂ 'ਚ ਵੱਖ-ਵੱਖ ਸਲੋਗਨਾਂ ਵਾਲੀਆਂ ਤਖ਼ਤੀਆਂ ਫੜ ਕੇ ਸ਼ਹਿਰ ਵਾਸੀਆਂ ਨੂੰ ਗਿੱਲਾ ਤੇ ਸੁੱਕਾ ਕੂੜਾ ਵੱਖ-ਵੱਖ ਇਕੱਠਾ ਕਰਨ, ਗਲੀਆਂ, ਨਾਲੀਆਂ, ਸੜਕਾਂ ਜਾਂ ਜਨਤਕ ਥਾਵਾਂ 'ਤੇ ਕਿਸੇ ਵੀ ਕਿਸਮ ਦਾ ਕੂੜਾ ਨਾ ਸੁੱਟਣ ਅਤੇ ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ ਤੋਂ ਪਰਹੇਜ਼, ਕਚਰੇ ਨੂੰ ਨਾ ਸਾੜਨ ਪ੍ਰਤੀ ਜਾਗਰੂਕ ਕੀਤਾ।ਜੁਆਇੰਟ ਕਮਿਸ਼ਨਰ ਕੁਲਪ੍ਰੀਤ ਸਿੰਘ ਨੇ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪੱਧਰ 'ਤੇ ਦੋ ਡਸਟਬਿਨ ਆਪਣੇ ਘਰਾਂ ਦੇ ਅੰਦਰ ਰੱਖਣ। ਉਨ੍ਹਾਂ ਦੱਸਿਆ ਕਿ ਨਗਰ ਨਿਗਮ ਵੱਲੋਂ ਇਹ ਜਾਗਰੂਕਤਾ ਪ੍ਰੋਗਰਾਮ 2 ਅਕਤੂਬਰ ਗਾਂਧੀ ਜੈਯੰਤੀ ਤੱਕ ਜਾਰੀ ਰਹੇਗਾ। ਜਿਸ ਤਹਿਤ ਸਕੂਲਾਂ ਅਤੇ ਕਾਲਜਾਂ ਵਿੱਚ ਵਿਦਿਆਰਥੀਆਂ ਨੂੰ ਸਫਾਈ ਪ੍ਰਤੀ ਜਾਗਰੂਕ ਕੀਤਾ ਜਾਵੇਗਾ।ਉਨ੍ਹਾਂ ਭਰੋਸਾ ਦਿਵਾਇਆ ਕਿ ਉਨ੍ਹਾਂ ਦੀ ਸਭਾ ਆਪਣੇ ਪੱਧਰ 'ਤੇ ਲੋਕਾਂ ਨੂੰ ਸਫ਼ਾਈ ਪ੍ਰਤੀ ਜਾਗਰੂਕ ਕਰਨ ਦਾ ਸੰਭਵ ਯਤਨ ਕਰੇਗੀ। ਇਸ ਮੌਕੇ ਅਜੈ ਕੁਮਾਰ ਸੀ.ਐਸ.ਆਈ., ਹਿਤੇਸ਼ ਸ਼ਰਮਾ ਐਸ.ਆਈ., ਜਤਿੰਦਰ ਵਿੱਜ, ਨਾਮਦੇਵ, ਐਮ.ਆਈ.ਐਸ. ਮਾਹਰ ਸੰਨੀ ਗੁਪਤਾ, ਆਈ.ਈ.ਸੀ. ਤੇ ਸੀ.ਬੀ. ਮਾਹਿਰ ਪੂਜਾ, ਕਮਿਊਨਿਟੀ ਫੈਸੀਲੀਟੇਟਰ ਸੁਨੀਤਾ ਅਤੇ ਆਸ਼ਾ ਤੋਂ ਇਲਾਵਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਸੀਮਾ ਸ਼ਰਮਾ, ਸਰਬ ਨੌਜਵਾਨ ਸਭਾ ਦੇ ਜਨਰਲ ਸਕੱਤਰ ਡਾ. ਵਿਜੇ ਕੁਮਾਰ ਅਤੇ ਮੈਂਬਰ ਨਰਿੰਦਰ ਸਿੰਘ ਸੈਣੀ ਆਦਿ ਹਾਜ਼ਰ ਸਨ।

# ਭੁਲਾਣਾ 'ਚ ਮਾਂ ਭਗਵਤੀ ਜਾਗਰਣ 28 ਨੂੰ

**ਕਾਲਾ ਸੰਘਿਆਂ (ਮਨਜੀਤ ਮਾਨ)**- ਮਾਂ ਚਿੰਤਪੁਰਨੀ ਨੌਜਵਾਨ ਸਭਾ ਜਾਗਰਣ ਕਮੇਟੀ ਲੋਧੀ ਭੁਲਾਣਾ ਜ਼ਿਲ੍ਹਾ ਕਪੂਰਥਲਾ ਵਿਖੇ ਮਾਂ ਭਗਵਤੀ ਦਾ ਸਲਾਨਾ 11 ਵਾਂ ਜਾਗਰਣ ਪਿੰਡ ਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ 28 ਸਤੰਬਰ ਨੂੰ ਬਹੁਤ ਹੀ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ ਜਿਸ ਵਿੱਚ ਪੰਜਾਬ ਦੇ ਨਾਮਵਰ ਗਾਇਕ ਸੰਨੀ ਮਿੱਤਲ ਲੱਕੀ ਭਗਤ ਧਾਰੀਵਾਲ ਮਾਂ ਭਗਵਤੀ ਦੀ ਮਹਿਮਾ ਦਾ ਗੁਣਗਾਨ ਕਰਨਗੇ। ਪ੍ਰੈਸ ਨੂੰ ਇਹ ਜਾਣਕਾਰੀ ਕਮੇਟੀ ਮੈਂਬਰ ਮਨੀ ਗਿੱਲ, ਅਭੀ ਥਾਪਰ, ਹਿੰਮਤ ਸ਼ਰਮਾ, ਵਿਸ਼ਾਲ ਸਹੋਤਾ, ਹਰਪ੍ਰੀਤ, ਰਾਕੇਸ਼ ਨਾਹਰ, ਮੰਗਾ, ਪ੍ਰਿੰਸ, ਜਗਦੀਸ਼, ਮਨਦੀਪ ਥਾਪਰ ਵੱਲੋਂ ਸਾਂਝੇ ਤੌਰ 'ਤੇ ਦਿੱਤੀ ਗਈ।

# ਡੇਂਗੂ ਪ੍ਰਤੀ ਚੌਕਸ ਤੇ ਸਾਵਧਾਨ ਰਹਿਣ ਦੀ ਲੋੜ : ਬੀ ਈ ਈ

**ਨਵਾਂਸ਼ਹਿਰ,( ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਡਾ. ਰਾਕੇਸ਼ ਪਾਲ ਨਿਰਦੇਸ਼ਾਂ ਅਨੁਸਾਰ ਮੁਢਲਾ ਸਿਹਤ ਕੇਂਦਰ, ਮੁਜ਼ੱਫਰਪੁਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਗੀਤਾਂਜਲੀ ਸਿੰਘ ਦੀ ਯੋਗ ਰਹਿਨੁਮਾਈ ਹੇਠ ਸਿਹਤ ਬਲਾਕ ਮੁਜ਼ੱਫਰਪੁਰ ਦੀਆਂ ਡੇਂਗੂ ਵਿਰੋਧੀ ਟੀਮਾਂ ਨੇ ਅੱਜ ਸਰਾਫ਼ਾਂ ਮੁਹੱਲਾ, ਖੋਸਲਾ ਮੁਹੱਲਾ, ਸਤਿਗੁਰੂ ਨਗਰ, ਅਰਬਨ ਰਾਹੋਂ, ਨਹਿਰ ਕਾਲੋਨੀ ਘੱਕੇਵਾਲ, ਸਹਿਬਾਜ਼ਪੁਰ ਵਿਖੇ ਡੇਂਗੂ ਵਿਰੋਧੀ ਮੁਹਿੰਮ ਤਹਿਤ ਘਰ-ਘਰ ਜਾ ਕੇ ਡੇਂਗੂ ਸਰਵੇ ਕੀਤਾ ਅਤੇ 17 ਘਰਾਂ ਵਿੱਚ ਪਾਇਆ ਗਿਆ ਲਾਰਵਾ ਨਸ਼ਟ ਕੀਤਾ। ਇਸ ਦੇ ਨਾਲ ਹੀ ਜਿਨ੍ਹਾਂ 17 ਘਰਾਂ ਵਿੱਚੋਂ ਲਾਰਵਾ ਮਿਲਿਆ, ਉਨ੍ਹਾਂ ਨੂੰ ਚੇਤਾਵਨੀ ਨੋਟਿਸ ਜਾਰੀ ਕੀਤੇ ਗਏ। ਇਸ ਮੌਕੇ ਬਲਾਕ ਐਕਸਟੈਂਸ਼ਨ ਐਜੂਕੇਟਰ ਮਨਿੰਦਰ ਸਿੰਘ (ਬੀ.ਈ.ਈ.) ਤੇ ਸਿਹਤ ਕਰਮਚਾਰੀ ਮਨਦੀਪ ਸਿੰਘ ਵੱਲੋਂ ਮੱਛਰਾਂ ਦੇ ਲਾਰਵੇ ਦੇ ਹੌਟਸਪੌਟਸ ਦਾ ਨਿਰੀਖਣ ਕੀਤਾ, ਜਿਨ੍ਹਾਂ ਵਿੱਚ ਕੂਲਰ, ਫੁੱਲਾਂ ਦੇ ਗਮਲਿਆਂ ਹੇਠ ਰੱਖੀਆਂ ਟਰੇਆਂ, ਪੰਛੀਆਂ ਲਈ ਪਾਣੀ ਨਾਲ ਭਰੇ ਭਾਂਡੇ ਅਤੇ ਖੁੱਲ੍ਹੇ ਵਿੱਚ ਪਏ ਬਰਤਨ, ਫਰਿੱਜਾਂ ਦੀਆਂ ਟਰੇਆਂ ਤੇ ਕਬਾੜ ਸਮਾਨ ਸ਼ਾਮਲ ਸਨ। ਉਨ੍ਹਾਂ ਨੇ ਆਮ ਲੋਕਾਂ ਨੂੰ ਡੇਂਗੂ, ਮਲੇਰੀਆ ਤੇ ਚਿਕਨਗੁਣੀਆ ਦੇ ਲੱਛਣਾਂ ਤੇ ਬਚਾਅ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਲੋਕਾਂ ਨੂੰ ਡੇਂਗੂ ਪ੍ਰਤੀ ਚੌਕਸ ਅਤੇ ਸਾਵਧਾਨ ਰਹਿਣ ਦੀ ਲੋੜ ਹੈ।ਉਨ੍ਹਾਂ ਦੱਸਿਆ ਕਿ ਸਾਨੂੰ ਆਪਣੇ ਆਲੇ-ਦੁਆਲੇ ਦੀ ਸਾਫ਼-ਸਫ਼ਾਈ ਦਾ ਖਾਸ ਖਿਆਲ ਰੱਖਣਾ ਚਾਹੀਦਾ ਹੈ। ਗਮਲਿਆਂ, ਫਰਿਜਾਂ ਦੀਆਂ ਟਰੇਆਂ, ਕੂਲਰਾਂ, ਪੁਰਾਣੇ ਟਾਇਰਾਂ, ਛੱਤਾਂ 'ਤੇ ਪਏ ਕਬਾੜ ਸਮਾਨ ਆਦਿ 'ਚ ਪਾਣੀ ਨਾ ਜਮ੍ਹਾਂ ਹੋਣ ਦਿੱਤਾ ਜਾਵੇ, ਹਫ਼ਤੇ 'ਚ ਇਕ ਦਿਨ ਹਰੇਕ ਹਰ ਸ਼ੁੱਕਰਵਾਰ-ਡੇਂਗੂ 'ਤੇ ਵਾਰ ਡਰਾਈ ਡੇ ਵਜੋਂ ਮਨਾਉਣਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਡੇਂਗੂ ਬੁਖਾਰ ਮਾਦਾ ਏਡੀਜ਼ ਏਜਿਪਟੀ ਮੱਛਰ ਦੇ ਕੱਟਣ ਨਾਲ ਫੈਲਦਾ ਹੈ।

ਇਸ ਤੋਂ ਬਚਾਅ ਲਈ ਅਪਣੇ ਸਰੀਰ ਨੂੰ ਚੰਗੀ ਤਰ੍ਹਾਂ ਢੱਕ ਕੇ ਰੱਖਣਾ ਚਾਹੀਦਾ ਹੈ, ਰਾਤ ਨੂੰ ਸੌਣ ਸਮੇਂ ਮੱਛਰਦਾਨੀ ਤੇ ਮੱਛਰ ਭਜਾਉਣ ਵਾਲੀਆਂ ਕਰੀਮਾ ਦੀ ਵਰਤੋਂ ਕਰਨੀ ਚਾਹੀਦੀ ਹੈ। ਉਨ੍ਹਾਂ ਡੇਂਗੂ ਬੁਖਾਰ ਦਾ ਟੈਸਟ ਅਤੇ ਇਲਾਜ ਰਾਜ ਦੇ ਸਾਰੇ ਸਰਕਾਰੀ ਹਸਪਤਾਲਾਂ 'ਚ ਮੁਫਤ ਕੀਤਾ ਜਾਂਦਾ ਹੈ। ਡੇਂਗੂ ਦੇ ਆਮ ਲੱਛਣ ਤੇਜ਼ ਬੁਖ਼ਾਰ, ਸਰੀਰ ਵਿਚ ਦਰਦ, ਪੇਟ ਦਰਦ, ਮਸੂੜਿਆਂ 'ਚੋਂ ਖੂਨ ਆਉਣਾ, ਉਲਟੀਆਂ ਆਉਣਾ ਆਦਿ ਹੋ ਸਕਦੇ ਹਨ। ਜੇਕਰ ਕਿਸੇ ਵਿਅਕਤੀ ਨੂੰ ਇਹ ਲੱਛਣ ਦਿਖਾਈ ਦੇਣ ਤਾਂ ਤੁਰੰਤ ਨੇੜਲੇ ਸਿਹਤ ਕੇਂਦਰ ਨਾਲ ਸੰਪਰਕ ਕੀਤਾ ਜਾਵੇ।



*ਫਿਲੌਰ ਵਿਖੇ ਬਾਬਾ ਲਾਲ ਦਿਆਲ ਮੰਦਰ ਵਿਖੇ ਗਣੇਸ਼ ਮਹਾਂਉਤਸਵ ਮੌਕੇ ਮਹਿੰਦਰਪਾਲ ਢੁੰਬਰ ਪ੍ਰਧਾਨ ਨਗਰ ਕੌਂਸਲ ਫਿਲੌਰ, ਰਾਕੇਸ਼ ਰੋਕਸੀ ਕੌਂਸਲਰ, ਹਰਭਜਨ ਸਿੰਘ ਲੱਕੀ ਸਮਾਜ ਸੇਵਕ, ਕਾਲਾ ਹੰਸ ਸਾਬਕਾ ਕੌਂਸਲਰ, ਲਖਵਿੰਦਰ ਸਿੰਘ ਲੱਖੀ, ਵਰੁਣ ਕੁਮਾਰ ਦਾ ਮੰਦਰ ਆਉਣ 'ਤੇ ਸਵਾਗਤ ਕਰਦੇ ਹੋਏ ਪੰਡਤ ਰਾਕੇਸ਼ ਵਿਸ਼ਿਸ਼ਟ, ਵਿਕਾਸ ਸ਼ਰਮਾ, ਪ੍ਰਧਾਨ ਸੁਸ਼ੀਲ ਕੁਮਾਰ ਸ਼ਰਮਾ, ਮੰਦਰ ਕਮੇਟੀ ਦੇ ਮੈਂਬਰ। (ਫੋਟੋ ਤੇ ਵੇਰਵਾ : ਬੀ ਐੱਸ ਕੈਨੈਡੀ, ਫਿਲੌਰ)*